ਵੀਰਵਾਰ, 29 ਫਰਵਰੀ, 2024

17 ਫੱਗਣ { ਨਾਨਕਸ਼ਾਹੀ 555 / ਬਿਕਰਮੀ 2080

ਜਿਲਦ/VOL. : 72

ਅੰਕ/NO. : 270

# ਨਵਾਂ ਜ਼ਮਾਨਾ

DAILY NAWAN ZAMANA • THURSDAY, 29 FEBRUARY, 2024

ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12


## ਮਿਆਦ ਪੁੱਗੀਆਂ ਪੰਚਾਇਤਾਂ ਭੰਗ

**ਚੰਡੀਗੜ੍ਹ** : ਪੰਜਾਬ 'ਚ ਪੰਜ ਸਾਲ ਦਾ ਕਾਰਜਕਾਲ ਪੂਰਾ ਕਰਨ ਵਾਲੀਆਂ ਸਾਰੀਆਂ ਪੰਚਾਇਤਾਂ ਨੂੰ ਭੰਗ ਕਰ ਦਿੱਤਾ ਗਿਆ ਹੈ। ਇਸ ਨਾਲ ਸੂਬੇ 'ਚ ਪੰਚਾਇਤੀ ਚੋਣਾਂ ਕਰਵਾਉਣ ਦਾ ਰਾਹ ਪੱਧਰਾ ਹੋ ਗਿਆ ਹੈ। ਇਨ੍ਹਾਂ ਦੀਆਂ ਚੋਣਾਂ ਲੋਕ ਸਭਾ ਚੋਣਾਂ ਤੋਂ ਬਾਅਦ ਹੋਣਗੀਆਂ।

## ਸਰਾ ਦੇ ਕਾਰਜਕਾਲ 'ਚ ਵਾਧਾ



**ਪਟਿਆਲਾ** : ਪਾਵਰਕਾਮ ਦੇ ਸੀ ਐੱਮ ਡੀ ਇੰਜੀਨੀਅਰ ਬਲਦੇਵ ਸਿੰਘ ਸਰਾ ਦੇ ਕਾਰਜਕਾਲ 'ਚ ਪੰਜਾਬ ਸਰਕਾਰ ਨੇ ਮੁੜ ਵਾਧਾ ਕੀਤਾ ਹੈ। ਨਵੇਂ ਆਦੇਸ਼ਾਂ ਅਨੁਸਾਰ ਹੁਣ ਉਨ੍ਹਾ ਦਾ ਕਾਰਜਕਾਲ 6 ਫਰਵਰੀ 2025 ਤੱਕ ਹੋਵੇਗਾ।

## ਅਹੁਦਾ ਸੰਭਾਲਿਆ

**ਚੰਡੀਗੜ੍ਹ** : ਆਮ ਆਦਮੀ ਪਾਰਟੀ ਦੇ ਕੁਲਦੀਪ ਕੁਮਾਰ ਨੇ ਬੁੱਧਵਾਰ ਚੰਡੀਗੜ੍ਹ ਦੇ ਮੇਅਰ ਦਾ ਅਹੁਦਾ ਸੰਭਾਲ ਲਿਆ। ਉਨ੍ਹਾ ਕਿਹਾ—ਜੋ ਵਾਅਦੇ ਅਸੀਂ ਸ਼ਹਿਰ ਵਾਸੀਆਂ ਨਾਲ ਕੀਤੇ ਹਨ, ਉਨ੍ਹਾਂ ਨੂੰ ਛੇਤੀ ਹੀ ਨਗਰ ਨਿਗਮ ਦੀ ਮੀਟਿੰਗ 'ਚ ਪਾਸ ਕਰਵਾਇਆ ਜਾਵੇਗਾ।

## ਅਖਿਲੇਸ਼ ਤਲਬ

**ਨਵੀਂ ਦਿੱਲੀ** : ਸੀ ਬੀ ਆਈ ਨੇ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਤੇ ਯੂ ਪੀ ਦੇ ਸਾਬਕਾ ਮੁੱਖ ਮੰਤਰੀ ਅਖਿਲੇਸ਼ ਯਾਦਵ ਨੂੰ ਕੇਸ ਦਰਜ ਕਰਨ ਦੇ ਪੰਜ ਸਾਲ ਬਾਅਦ ਸ਼ੁੱਕਰਵਾਰ ਨੂੰ ਗੈਰ-ਕਾਨੂੰਨੀ ਮਾਈਨਿੰਗ ਮਾਮਲਿਆਂ 'ਚ ਪੁੱਛ-ਪੜਤਾਲ ਲਈ ਗਵਾਹ ਵਜੋਂ ਤਲਬ ਕੀਤਾ ਹੈ। ਇਹ ਮਾਮਲਾ ਈ-ਟੈਂਡਰਿੰਗ ਪ੍ਰਕਿਰਿਆ ਦੀ ਕਥਿਤ ਉਲੰਘਣਾ ਕਰਕੇ ਮਾਇਨਿੰਗ ਲੀਜ਼ ਜਾਰੀ ਕਰਨ ਨਾਲ ਸੰਬੰਧਤ ਹੈ।

## ਹਲਵਾਰਾ ਹਵਾਈ ਅੱਡੇ ਦਾ ਨਿਰਮਾਣ ਮਹੀਨੇ ਤੱਕ ਪੂਰਾ ਹੋ ਜਾਵੇਗਾ

**ਗੁਰੂਸਰ ਸੁਧਾਰ** : ਲੁਧਿਆਣਾ ਦੀ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਕੌਮਾਂਤਰੀ ਹਵਾਈ ਅੱਡਾ ਹਲਵਾਰਾ ਦੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਲੈਣ ਬਾਅਦ ਕਿਹਾ ਕਿ ਨਿਰਮਾਣ 31 ਮਾਰਚ ਤੱਕ ਹਰ ਹੀਲੇ ਪੂਰਾ ਕਰ ਲਿਆ ਜਾਵੇਗਾ। ਉਡਾਣਾਂ ਬਾਰੇ ਉਨ੍ਹਾ ਕਿਹਾ ਕਿ ਕੁਝ ਛੋਟੇ-ਮੋਟੇ ਤਕਨੀਕੀ ਅੜਿੱਕੇ ਦੂਰ ਕਰਨ ਬਾਅਦ ਉਡਾਣਾਂ ਵੀ ਸ਼ੁਰੂ ਕਰ ਦਿੱਤੀਆਂ ਜਾਣਗੀਆਂ।

## ਤਾਪਸੀ ਪਨੂੰ ਦਾ ਵਿਆਹ ਅਗਲੇ ਮਹੀਨੇ



**ਮੁੰਬਈ** : ਅਦਾਕਾਰਾ ਤਾਪਸੀ ਪਨੂੰ ਆਪਣੇ ਲੰਮੇ ਸਮੇਂ ਦੇ ਦੋਸਤ ਮੈਥਿਅਸ ਬੋਏ ਨਾਲ ਮਾਰਚ 'ਚ ਉਦੈਪੁਰ 'ਚ ਵਿਆਹ ਕਰਵਾਏਗੀ। ਡੈਨਮਾਰਕ ਦਾ ਮੈਥਿਅਸ ਬੈਡਮਿੰਟਨ ਖਿਡਾਰੀ ਤੋਂ ਕੋਚ ਬਣਿਆ ਹੈ। ਉਹ ਡਬਲਜ਼ 'ਚ ਵਿਸ਼ਵ ਨੰਬਰ 1 'ਤੇ ਪਹੁੰਚਿਆ ਤੇ ਵਰਤਮਾਨ 'ਚ ਡਬਲਜ਼ 'ਚ ਭਾਰਤੀ ਟੀਮ ਦਾ ਕੋਚ ਹੈ। ਉਸ ਨੇ ਲੰਡਨ 'ਚ 2012 ਉਲੰਪਿਕ 'ਚ ਪੁਰਸ਼ ਡਬਲਜ਼ 'ਚ ਚਾਂਦੀ ਅਤੇ 2013 ਵਿਸ਼ਵ ਚੈਂਪੀਅਨਸ਼ਿਪ 'ਚ ਵੀ ਚਾਂਦੀ ਦਾ ਤਮਗਾ ਜਿੱਤਿਆ ਸੀ।

## ਰਾਜੀਵ ਦੀ ਹੱਤਿਆ 'ਚ ਸ਼ਾਮਲ ਰਹੇ ਸੰਤਨ ਦੀ ਮੌਤ

**ਚੇਨਈ** : ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਦੇ ਕਤਲ ਦੇ ਦੋਸ਼ੀ ਸੰਤਨ ਦੀ ਬੁੱਧਵਾਰ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਸੰਤਨ ਉਰਫ ਟੀ. ਸੁਤੇਂਦਰਰਾਜਾ (55) ਸ੍ਰੀਲੰਕਾ ਦਾ ਨਾਗਰਿਕ ਸੀ ਅਤੇ 20 ਸਾਲ ਤੋਂ ਵੱਧ ਦੀ ਸਜ਼ਾ ਕੱਟਣ ਤੋਂ ਬਾਅਦ 2022 'ਚ ਸੁਪਰੀਮ ਕੋਰਟ ਵੱਲੋਂ ਰਿਹਾਅ ਕੀਤੇ 7 ਦੋਸ਼ੀਆਂ ਵਿੱਚੋਂ ਇੱਕ ਸੀ। ਸੰਤਨ ਦਾ ਜਿਗਰ ਫੇਲ੍ਹ ਹੋ ਗਿਆ ਸੀ ਅਤੇ ਉਸ ਦਾ ਰਾਜੀਵ ਗਾਂਧੀ ਸਰਕਾਰੀ ਜਨਰਲ ਹਸਪਤਾਲ 'ਚ ਇਲਾਜ ਕੀਤਾ ਜਾ ਰਿਹਾ ਸੀ।

# ਕਾਂਗਰਸ ਹਿਮਾਚਲ 'ਚ ਡਰੈਵਰ ਬਦਲੇਗੀ

### ਵੀਰਭੱਦਰ ਦੇ ਬੇਟੇ ਵੱਲੋਂ ਅਸਤੀਫੇ ਤੋਂ ਬਾਅਦ ਸੁੱਖੂ ਦੇ ਖਿਲਾਫ ਮਾਹੌਲ ਗਰਮਾਇਆ, ਅਗਨੀਹੋਤਰੀ ਦਾ ਦਾਅ ਲੱਗਣ ਦੇ ਆਸਾਰ

**ਸ਼ਿਮਲਾ** : ਰਾਜ ਸਭਾ ਚੋਣ ਵਿਚ ਹੋਈ ਨਮੋਸ਼ੀ ਦੇ ਮੱਦੇਨਜ਼ਰ ਕਾਂਗਰਸ ਹਾਈਕਮਾਨ ਹਿਮਾਚਲ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਦੀ ਥਾਂ ਨਵਾਂ ਮੁੱਖ ਮੰਤਰੀ ਬਣਾ ਸਕਦੀ ਹੈ। ਛੇ ਪਾਰਟੀ ਵਿਧਾਇਕਾਂ ਤੇ ਤਿੰਨ ਹਮਾਇਤੀ ਆਜ਼ਾਦ ਵਿਧਾਇਕਾਂ ਵੱਲੋਂ ਸੋਮਵਾਰ ਭਾਜਪਾ ਉਮੀਦਵਾਰ ਹਰਸ਼ ਮਹਾਜਨ ਦੇ ਹੱਕ ਵਿਚ ਵੋਟਿੰਗ ਕਰਨ ਤੋਂ ਬਾਅਦ ਸੁੱਖੂ ਖਿਲਾਫ ਮਾਹੌਲ ਬਣਦਾ ਜਾ ਰਿਹਾ ਹੈ। ਸਾਬਕਾ ਮੁੱਖ ਮੰਤਰੀ ਮਰਹੂਮ ਵੀਰਭੱਦਰ ਸਿੰਘ ਦੇ ਬੇਟੇ ਵਿਕਰਮਾਦਿੱਤਿਆ ਸਿੰਘ ਨੇ ਬੁੱਧਵਾਰ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇ ਕੇ ਸੁੱਖੂ ਦੀਆਂ ਮੁਸ਼ਕਲਾਂ ਹੋਰ ਵਧਾ ਦਿੱਤੀਆਂ। ਵਿਕਰਮਾਦਿੱਤਿਆ ਨੇ ਪ੍ਰੈੱਸ ਕਾਨਫਰੰਸ ਕਰਕੇ ਕਿਹਾ—ਹਿਮਾਚਲ ਸਰਕਾਰ ਵਿਚ ਵਿਧਾਇਕਾਂ ਦੀ ਆਵਾਜ਼ ਦਬਾਈ ਜਾ ਰਹੀ ਹੈ। ਮੈਂ ਲੀਡਰਸ਼ਿਪ ਤੇ ਮੁੱਖ ਮੰਤਰੀ ਦਾ ਹਮੇਸ਼ਾ ਸਤਿਕਾਰ ਕੀਤਾ ਤੇ ਜ਼ਾਬਤੇ ਵਿਚ ਰਹਿ ਕੇ ਸਰਕਾਰ ਚਲਾਉਣ ਵਿਚ ਯੋਗਦਾਨ ਦਿੱਤਾ, ਪਰ ਕੁਝ ਹਲਕਿਆਂ



ਸੁਖਵਿੰਦਰ ਸੁੱਖੂ ਵਿਕਰਮਾਦਿੱਤਿਆ

ਨੇ ਮੈਨੂੰ ਜ਼ਲੀਲ ਕੀਤਾ। ਮੈਂ ਮੁੱਖ ਮੰਤਰੀ ਦਾ ਆਦਰ ਕਰਦਾ ਹਾਂ, ਪਰ ਮੰਤਰੀਆਂ ਵਿਚਾਲੇ ਤਾਲਮੇਲ ਹੋਣਾ ਚਾਹੀਦਾ ਹੈ। ਅਜਿਹਾ ਨਾ ਹੋਣ ਕਰਕੇ ਅਸੀਂ ਉਸ ਸਥਿਤੀ 'ਚ ਪੁੱਜ ਗਏ, ਜਿੱਥੇ ਅੱਜ ਹਾਂ।

ਵਿਕਰਮਾਦਿੱਤਿਆ, ਜਿਸ ਨੇ ਹਾਈਕਮਾਨ ਦੀ ਅਧਿਕਾਰਤ ਲਾਈਨ ਦੀ ਪਰਵਾਹ ਨਾ ਕਰਦਿਆਂ ਜਨਵਰੀ ਵਿਚ ਅਯੁੱਧਿਆ ਵਿਚ ਰਾਮਲੱਲਾ ਦੇ ਪ੍ਰਾਣ ਪ੍ਰਤਿਸ਼ਠਾ ਸਮਾਗਮ ਵਿਚ ਹਿੱਸਾ ਲਿਆ ਸੀ, ਨੇ ਜਜ਼ਬਾਤੀ ਹੋ ਕੇ ਕਿਹਾ—ਜਿਹੜੇ ਛੇ ਵਾਰ ਮੁੱਖ ਮੰਤਰੀ ਰਹੇ ਤੇ ਜਿਨ੍ਹਾਂ ਸਦਕਾ ਇਹ ਸਰਕਾਰ ਬਣੀ, ਉਨ੍ਹਾ ਦੇ ਬੁੱਤ ਲਈ ਮਾਲ ਰੋਡ 'ਤੇ ਨਿੱਕੀ ਜਿਹੀ ਥਾਂ ਨਹੀਂ ਮਿਲੀ। ਇਹ ਸਤਿਕਾਰ ਮੇਰੇ ਮਰਹੂਮ ਪਿਤਾ ਦਾ ਇਸ ਸਰਕਾਰ ਨੇ ਕੀਤਾ। ਅਸੀਂ ਜਜ਼ਬਾਤੀ ਲੋਕ ਹਾਂ, ਸਾਨੂੰ ਅਹੁਦਿਆਂ ਨਾਲ ਮੋਹ ਨਹੀਂ, ਪਰ ਬੁੱਤ ਲਈ ਥਾਂ ਨਾ ਦੇਣਾ ਬਹੁਤ ਹੀ ਮੰਦਭਾਗਾ ਹੈ। ਮੈਂ ਬਹੁਤ ਦੁਖੀ ਹਾਂ, ਸਿਆਸੀ ਤੌਰ 'ਤੇ ਨਹੀਂ, ਸਗੋਂ ਜਜ਼ਬਾਤੀ ਤੌਰ 'ਤੇ।

ਭਾਜਪਾ ਦਾ ਸਾਥ ਦੇਣ ਵਾਲੇ ਕਾਂਗਰਸੀ ਵਿਧਾਇਕਾਂ ਨੇ ਵੀ ਕਿਹਾ ਹੈ ਕਿ ਉਨ੍ਹਾਂ ਦੀ ਨਰਾਜ਼ਗੀ ਹਾਈਕਮਾਨ ਨਾਲ ਨਹੀਂ, ਸਗੋਂ ਸੁੱਖੂ ਨਾਲ ਹੈ। ਚਰਚਾ ਹੈ ਕਿ ਹਾਈਕਮਾਨ ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੂੰ ਨਵਾਂ ਮੁੱਖ ਮੰਤਰੀ ਬਣਾ ਸਕਦੀ ਹੈ। ਉਹ ਵੀਰਭੱਦਰ ਪਰਵਾਰ ਦੇ ਕਰੀਬੀ ਹਨ। ਸ਼ੁਰੂ ਵਿਚ ਵੀ ਉਨ੍ਹਾ ਨੂੰ ਮੁੱਖ ਮੰਤਰੀ ਬਣਾਉਣ ਦੀ ਚਰਚਾ ਸੀ, ਪਰ ਬ੍ਰਾਹਮਣ ਹੁੰਦਿਆਂ ਸੂਬੇ ਫ ਵ ਚ

● ਬਾਕੀ ਸਫ਼ਾ 2 'ਤੇ

# ਠਾਣੇਦਾਰਾਂ ਨੂੰ ਮਿਲੇ 410 ਨਵੇਂ ਹਾਈ-ਟੈੱਕ ਵਾਹਨ



**ਫਿਲੌਰ (ਨਿਰਮਲ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਕਿਹਾ ਕਿ ਪੰਜਾਬ ਵਾਸੀਆਂ ਨੂੰ ਕਾਰਗਰ, ਜਵਾਬਦੇਹ ਅਤੇ ਪ੍ਰਭਾਵਸ਼ਾਲੀ ਪੁਲਸ ਸੇਵਾ ਪ੍ਰਦਾਨ ਕਰਨ ਲਈ ਸੂਬਾ ਸਰਕਾਰ ਨੇ ਪੰਜਾਬ ਪੁਲਸ ਨੂੰ ਆਧੁਨਿਕ ਲੀਹਾਂ 'ਤੇ ਪਾਇਆ ਹੈ।

ਇੱਥੇ 410 ਨਵੇਂ ਹਾਈ-ਟੈੱਕ ਵਾਹਨਾਂ ਨੂੰ ਹਰੀ ਝੰਡੀ ਦਿਖਾਉਣ ਤੋਂ ਪਹਿਲਾਂ ਇੱਥੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਹਿਲੀ ਵਾਰ ਐੱਸ ਐੱਚ ਓਜ਼ (ਥਾਣਾ ਮੁਖੀਆਂ) ਨੂੰ ਨਵੇਂ ਵਾਹਨ ਦਿੱਤੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਇਹ ਪਹਿਲਕਦਮੀ ਪੁਰਾਣੀ ਵਿਵਸਥਾ ਦੇ ਉਲਟ ਕੀਤੀ ਗਈ ਹੈ, ਕਿਉਂਕਿ ਇਸ ਤੋਂ ਪਹਿਲਾਂ ਜ਼ਮੀਨੀ ਪੱਧਰ 'ਤੇ ਨਵੇਂ ਵਾਹਨ ਸਿਰਫ ਉੱਚ ਅਧਿਕਾਰੀਆਂ ਨੂੰ ਦਿੱਤੇ ਜਾਂਦੇ ਸਨ। ਉਹਨਾ ਕਿਹਾ ਕਿ

● ਬਾਕੀ ਸਫ਼ਾ 2 'ਤੇ

## ਇੰਸਟੀਚਿਊਟ ਆਫ਼ ਲਿਵਰ ਐਂਡ ਬਿਲੀਅਰੀ ਸਾਇੰਸਜ਼ ਦਾ ਉਦਘਾਟਨ ਅੱਜ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਸੂਬੇ ਵਿੱਚ ਵਿਸ਼ਵ ਪੱਧਰੀ ਸਿਹਤ ਸਹੂਲਤਾਂ ਯਕੀਨੀ ਬਣਾਉਣ ਸੰਬੰਧੀ ਵਚਨਬੱਧਤਾ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੀਰਵਾਰ ਨੂੰ ਪੰਜਾਬ ਦਾ ਪਹਿਲਾ ਇੰਸਟੀਚਿਊਟ ਆਫ ਲਿਵਰ ਐਂਡ ਬਿਲੀਅਰੀ ਸਾਇੰਸਜ਼, ਐੱਸ ਏ ਐੱਸ ਨਗਰ ਲੋਕਾਂ ਨੂੰ ਸਮਰਪਿਤ ਕਰਨਗੇ।

ਜ਼ਿਕਰਯੋਗ ਹੈ ਕਿ ਸਰਕਾਰ ਨੇ ਬਜਟ ਸੈਸ਼ਨ 2022 ਵਿੱਚ ਇਸ ਸੰਬੰਧੀ ਐਲਾਨ ਕੀਤਾ ਸੀ।

# ਸਿੱਧੂ ਵੱਲੋਂ ਕਾਂਗਰਸ 'ਚ ਛਾਂਗ ਛੰਗਾਈ ਦਾ ਸੱਦਾ



**ਚੰਡੀਗੜ੍ਹ** : ਨਵਜੋਤ ਸਿੰਘ ਸਿੱਧੂ ਨੇ ਹਿਮਾਚਲ ਵਿਚ ਰਾਜ ਸਭਾ ਚੋਣ ਦੌਰਾਨ ਭਾਜਪਾ ਦਾ ਸਾਥ ਦੇਣ ਵਾਲੇ ਛੇ ਕਾਂਗਰਸੀ ਵਿਧਾਇਕਾਂ 'ਤੇ ਤਿੱਖਾ ਹਮਲਾ ਬੋਲਦਿਆਂ ਪਾਰਟੀ ਨੂੰ ਇਹ ਪਤਾ ਲਾਉਣ ਲਈ ਕਿਹਾ ਹੈ ਕਿ ਕਿਹੜੇ ਆਗੂ ਕੰਮ ਦੇ ਹਨ ਤੇ ਕਿਹੜੇ ਬੋਝ। ਉਨ੍ਹਾ ਕਿਹਾ ਕਿ ਅਭਿਸ਼ੇਕ ਮਨੂੰ ਸਿੰਘਵੀ ਦੀ ਹਾਰ ਸਿਰਫ ਹਾਰ ਹੀ ਨਹੀਂ, ਸਗੋਂ ਇਸ ਤੋਂ ਕਿਤੇ ਵੱਧ ਗੰਭੀਰ ਮਾਮਲਾ ਹੈ। ਸੀ ਬੀ ਆਈ, ਈ ਡੀ ਤੇ ਆਈ ਟੀ ਵਰਗੀਆਂ ਏਜੰਸੀਆਂ ਦੀਆਂ ਧੁੰਨਾਂ 'ਤੇ ਨੱਚਣ ਵਾਲੇ ਦੰਭੀਆਂ ਨੇ ਪਹਿਲਾਂ ਵੀ ਪਾਰਟੀ ਦਾ ਕਈ ਵਾਰ ਨੁਕਸਾਨ ਕੀਤਾ ਹੈ। ਪਾਰਟੀ ਨੂੰ ਉਨ੍ਹਾਂ ਆਗੂਆਂ ਦਾ ਛਾਂਗਾ ਲਾਉਣਾ ਚਾਹੀਦਾ ਹੈ, ਜਿਹੜੇ ਆਪਣੇ ਨਿੱਜੀ ਹਿੱਤਾਂ ਨੂੰ ਤਰਜੀਹ ਦਿੰਦੇ ਹਨ, ਕਿਉਂਕਿ ਉਨ੍ਹਾਂ ਦੀਆਂ ਹਰਕਤਾਂ ਪਾਰਟੀ ਨੂੰ ਡੂੰਘੇ ਜ਼ਖਮ ਦੇ ਰਹੀਆਂ ਹਨ। ਜ਼ਖਮ ਤਾਂ ਭਰ ਜਾਣਗੇ, ਪਰ ਮਾਨਸਕ ਫੱਟ ਕਾਇਮ ਰਹਿਣੇ ਹਨ। ਅਜਿਹੇ ਲੋਕਾਂ ਦਾ ਫਾਇਦਾ ਕਾਂਗਰਸ ਵਰਕਰਾਂ ਨੂੰ ਬਹੁਤ ਦੁੱਖ ਦਿੰਦਾ ਹੈ। ਵਫਾਦਾਰੀ ਸਭ ਕੁਝ ਨਹੀਂ, ਇਹ ਇਕ ਗੁਣ ਹੀ ਹੈ।

# ਗੁਜਰਾਤ ਨੇੜੇ 3300 ਕਿੱਲੋ ਨਸ਼ੀਲੇ ਪਦਾਰਥ ਫੜੇ



**ਨਵੀਂ ਦਿੱਲੀ** : ਭਾਰਤੀ ਜਲ ਸੈਨਾ ਅਤੇ ਨਾਰਕੋਟਿਕਸ ਕੰਟਰੋਲ ਬਿਊਰੋ ਨੇ ਸਾਂਝੇ ਅਪਰੇਸ਼ਨ 'ਚ ਗੁਜਰਾਤ ਤੱਟ ਤੋਂ ਈਰਾਨੀ ਕਿਸ਼ਤੀ ਵਿੱਚੋਂ ਪੰਜ ਵਿਦੇਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਕੋਲੋਂ 3,300 ਕਿਲੋ ਨਸ਼ੀਲੇ ਪਦਾਰਥ ਬਰਾਮਦ ਕੀਤੇ ਹਨ। ਜ਼ਬਤ ਕੀਤੇ ਪਦਾਰਥਾਂ 'ਚ 3,089 ਕਿੱਲੋ ਚਰਸ, 158 ਕਿੱਲੋ ਮੈਥਾਮਫੇਟਾਮਾਈਨ ਅਤੇ 25 ਕਿੱਲੋ ਮਾਰਫਿਨ ਸ਼ਾਮਲ ਹੈ।

# ਵੱਡੇ ਸਿਆਸਤਦਾਨਾਂ ਦੇ ਕਾਰਨਾਮੇ ਬੇਪਰਦ ਕਰਾਂਗੇ : ਮਾਨ

**ਨਕੋਦਰ (ਰੀਨਾ ਸ਼ਰਮਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਕਈ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਕੇ ਜਲੰਧਰ ਵਾਸੀਆਂ ਨੂੰ 283 ਕਰੋੜ ਰੁਪਏ ਦਾ ਤੋਹਫਾ ਦਿੱਤਾ।

ਇੱਥੇ 283 ਕਰੋੜ ਰੁਪਏ ਦੇ ਪ੍ਰਾਜੈਕਟਾਂ ਵਿੱਚੋਂ ਕੁਝ ਦਾ ਨੀਂਹ ਪੱਥਰ ਰੱਖਣ ਅਤੇ ਕੁਝ ਪ੍ਰਾਜੈਕਟ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਸਾਲ ਜਲੰਧਰ ਤੋਂ ਚੁਣੇ ਗਏ ਲੋਕ ਸਭਾ ਮੈਂਬਰ ਨੇ ਲੋਕਾਂ ਦੀ ਭਲਾਈ ਅਤੇ ਜ਼ਿਲ੍ਹੇ ਦੇ ਵਿਕਾਸ ਲਈ ਅਣਥੱਕ ਮਿਹਨਤ ਕੀਤੀ ਹੈ। ਪਿਛਲੀਆਂ ਸਰਕਾਰਾਂ ਦੌਰਾਨ ਖੁਸ਼ੀਆਂ ਦੇ ਸਮਾਗਮ ਹੋਣੋਂ ਬੰਦ ਹੋ ਗਏ ਸਨ। ਸੂਬੇ 'ਚ 'ਆਪ' ਸਰਕਾਰ ਦੇ ਕਾਰਜਭਾਰ ਸੰਭਾਲਣ ਤੋਂ ਬਾਅਦ ਪੰਜਾਬ ਦੀ ਆਬੋ-ਹਵਾ ਬਦਲ ਗਈ ਹੈ, ਜਿੱਥੇ ਹੁਣ ਸੁਖਾਵਾਂ ਮਾਹੌਲ ਪੈਦਾ ਹੋਇਆ ਹੈ।

ਉਹਨਾ ਕਿਹਾ ਕਿ ਆਉਣ ਵਾਲੇ ਦੋ-ਤਿੰਨ ਦਿਨਾਂ ਵਿੱਚ ਉਹ ਸੂਬੇ ਦੇ ਉਨ੍ਹਾਂ ਵੱਡੇ ਲੀਡਰਾਂ ਦਾ ਪਰਦਾ ਫਾਸ਼

### ਮੋਦੀ ਲੱਛੇਦਾਰ ਭਾਸ਼ਣਾਂ ਦਾ ਉਸਤਾਦ

ਕਰਨਗੇ, ਜਿਨ੍ਹਾਂ ਆਪਣੀਆਂ ਨਿੱਜੀ ਖਾਹਿਸ਼ਾਂ ਪੂਰੀਆਂ ਕਰਨ ਲਈ ਸਰਕਾਰੀ ਖਜ਼ਾਨੇ ਦੀਆਂ ਧੱਜੀਆਂ ਉਡਾ ਦਿੱਤੀਆਂ। ਇਨ੍ਹਾਂ ਆਗੂਆਂ ਨੇ ਪੰਜਾਬ ਦੀ ਦੌਲਤ ਨੂੰ ਬੇਰਹਿਮੀ ਨਾਲ ਲੁੱਟਿਆ, ਜਿਸ ਲਈ ਇਨ੍ਹਾਂ ਨੂੰ ਬਣਦੀ ਸਜ਼ਾ ਦਿੱਤੀ ਜਾਵੇਗੀ। ਮਾਨ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇਨ੍ਹਾਂ ਆਗੂਆਂ ਦੇ ਅਸਲ ਕਿਰਦਾਰ ਆਮ ਲੋਕਾਂ ਸਾਹਮਣੇ ਬੇਪਰਦ ਕੀਤੇ ਜਾਣਗੇ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਇਕ ਦੇਸ਼, ਇਕ ਚੋਣ' ਦੇ ਏਜੰਡੇ 'ਤੇ ਵਿਅੰਗ ਕੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮੋਦੀ 'ਇਕ ਦੇਸ਼, ਇਕ ਸਿੱਖਿਆ' ਦੇ ਏਜੰਡੇ 'ਤੇ ਕਿਉਂ ਨਹੀਂ ਚੱਲ ਰਹੇ। ਕਾਨਵੈਂਟ ਅਤੇ ਸਰਕਾਰੀ ਸਕੂਲਾਂ ਵਿੱਚ ਦਿੱਤੀ ਜਾ ਰਹੀ ਸਿੱਖਿਆ ਵਿੱਚ ਬਹੁਤ ਜ਼ਿਆਦਾ ਫਰਕ ਹੈ, ਪਰ ਬਦਕਿਸਮਤੀ ਨਾਲ ਕਿਸੇ ਨੇ ਵੀ ਇਸ ਵੱਲ ਕੋਈ ਧਿਆਨ ਨਹੀਂ

● ਬਾਕੀ ਸਫ਼ਾ 2 'ਤੇ

# ਮਨੀਪੁਰ 'ਚ ਕਮਾਂਡੋਜ਼ ਨੇ ਹਥਿਆਰ ਛੱਡੇ

**ਗੁਹਾਟੀ** : ਮੰਗਲਵਾਰ ਰਾਤ ਰਿਹਾਇਸ਼ 'ਤੇ ਹਮਲਾ ਕਰਕੇ ਐਡੀਸ਼ਨਲ ਐੱਸ ਪੀ ਨੂੰ ਅਗਵਾ ਕਰਨ ਖਿਲਾਫ ਗੁੱਸੇ ਵਿਚ ਮਨੀਪੁਰ ਦੇ ਪੁਲਸ ਕਮਾਂਡੋਜ਼ ਨੇ ਵੱਖ-ਵੱਖ ਜ਼ਿਲ੍ਹਿਆਂ 'ਚ ਆਪਣੇ ਹਥਿਆਰ ਭੁੰਜੇ ਰੱਖ ਦਿੱਤੇ। ਮੈਤੇਈ ਗਰੁੱਪ ਅਰਾਮਬਾਈ ਤੇਂਗਗੋਲ ਦੇ ਕਰੀਬ 200 ਹਥਿਆਰਬੰਦ ਮੈਂਬਰਾਂ ਨੇ ਮਨੀਪੁਰ ਪੁਲਸ ਦੇ ਅਪ੍ਰੇਸ਼ਨ ਵਿੰਗ ਵਿਚ ਤਾਇਨਾਤ ਇੰਫਾਲ ਪੱਛਮੀ ਦੇ ਏ ਐੱਸ ਪੀ ਮੋਈਰੰਗਥੇਮ ਅਮਿਤ ਦੀ ਰਿਹਾਇਸ਼ 'ਤੇ ਫਾਇਰਿੰਗ ਕਰਕੇ ਉਨ੍ਹਾ ਤੇ ਉਨ੍ਹਾ ਦੇ ਇਕ ਬਾਡੀਗਾਰਡ ਨੂੰ ਅਗਵਾ ਕਰ ਲਿਆ ਸੀ। ਦੇਰ ਰਾਤ ਉਨ੍ਹਾਂ ਨੂੰ ਛੁਡਾ ਕੇ ਇਲਾਜ ਲਈ ਨਿੱਜੀ ਹਸਪਤਾਲ ਦਾਖਲ ਕਰਾਇਆ ਗਿਆ।



ਅਧਿਕਾਰੀਆਂ ਨੇ ਕਿਹਾ ਹੈ ਕਿ ਉਪਰੋਕਤ ਅਧਿਕਾਰੀ ਨੇ ਗੱਡੀਆਂ ਚੋਰੀ ਕਰਨ ਵਾਲੇ ਗਰੋਹ ਦੇ ਛੇ ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਸੀ। ਗ੍ਰਿਫਤਾਰੀ ਦੇ ਬਾਅਦ ਮੈਤੇਈ ਦੇ ਮਹਿਲਾ ਵਿੰਗ ਮੀਰਾ ਪੈਬਿਸ ਨੇ ਪ੍ਰੋਟੈਸਟ ਕਰਕੇ ਸੜਕ ਜਾਮ ਕਰ ਦਿੱਤੀ। ਸ਼ਾਮ ਨੂੰ ਅਰਾਮਬਾਈ ਤੇਂਗਗੋਲ ਦੇ ਹਥਿਆਰਬੰਦ ਮੈਂਬਰਾਂ ਨੇ ਅਧਿਕਾਰੀ ਦੀ ਰਿਹਾਇਸ਼ 'ਤੇ ਫਾਇਰਿੰਗ ਕਰਕੇ ਚਾਰ ਵਾਹਨਾਂ ਨੂੰ ਨੁਕਸਾਨ ਪਹੁੰਚਾਇਆ। ਪੁਲਸ ਅਧਿਕਾਰੀ ਦੇ ਪਿਤਾ ਐੱਮ ਕੁੱਲਾ ਨੇ ਦੱਸਿਆ—ਅਸੀਂ ਹਥਿਆਰਬੰਦਾਂ ਦੇ ਰਿਹਾਇਸ਼ ਵਿਚ ਵੜਨ 'ਤੇ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ, ਪਰ ਉਨ੍ਹਾਂ ਅਚਾਨਕ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਅਸੀਂ ਅੰਦਰ ਵੜ ਕੇ ਕੁੰਡੇ ਲਾ ਲਏ ਤੇ ਬੇਟੇ ਨੂੰ ਫੋਨ ਕੀਤਾ। ਉਹ ਟੀਮ ਨਾਲ ਪੁੱਜਾ ਤਾਂ ਉਸ ਨੂੰ ਅਗਵਾ ਕਰ ਲਿਆ ਗਿਆ, ਕਿ ਕ ਉਂ ਕਿ

● ਬਾਕੀ ਸਫ਼ਾ 2 'ਤੇ

## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸ੍ਰੀ ਚੋਲਾ ਸਾਹਿਬ ਦੇ ਸਾਲਾਨਾ ਜੋੜ ਮੇਲੇ 'ਤੇ **ਡੇਰਾ ਬਾਬਾ ਨਾਨਕ** 2 ਸਫਿਆਂ ਦਾ ਵਿਸ਼ੇਸ਼ ਸਪਲੀਮੈਂਟ 3 ਮਾਰਚ ਦਿਨ ਐਤਵਾਰ ਨੂੰ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਰਮੇਸ਼ ਸ਼ਰਮਾ** ਨਾਲ ਮੋਬਾਇਲ ਨੰਬਰ 98146-30794 'ਤੇ ਸੰਪਰਕ ਕੀਤਾ ਜਾ ਸਕਦਾ ਹੈ।

*-ਜਨਰਲ ਮੈਨੇਜਰ*

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

*-ਮੈਨੇਜਰ*

## ਬੀਬੀ ਜਗਜੀਤ ਕੌਰ ਵੱਲੋਂ ਸਨੇਹ ਭਰੀ ਸਹਾਇਤਾ

ਰੋਡਵੇਜ਼ ਮੁਲਾਜ਼ਮਾਂ ਦੀ ਯੂਨੀਅਨ ਦੇ ਸੰਸਥਾਪਕ ਕਾਮਰੇਡ ਜਸਵੰਤ ਸਿੰਘ ਸਮਰਾ ਦਾ ਜਨਮ ਦਿਨ ਹਰ ਸਾਲ 27 ਫ਼ਰਵਰੀ ਨੂੰ ਮਾਸਟਰ ਹਰੀ ਸਿੰਘ ਧੂਤ ਯਾਦਗਾਰੀ ਟਰੱਸਟ 'ਚ ਉਨ੍ਹਾ ਨਮਿਤ ਬਣੇ ਯਾਦਗਾਰੀ ਹਾਲ ਵਿੱਚ ਹਰ ਸਾਲ ਮਨਾਇਆ ਜਾਂਦਾ ਹੈ। ਹਰ ਸਾਲ ਉਨ੍ਹਾ ਦੀ ਬੇਟੀ ਜਗਜੀਤ ਕੌਰ ਅਮਰੀਕਾ ਤੋਂ ਆ ਕੇ ਸਮਾਗਮ ਵਿੱਚ ਸ਼ਾਮਲ ਹੁੰਦੇ ਹਨ। ਇਸ ਮੌਕੇ ਉਹ 'ਨਵਾਂ ਜ਼ਮਾਨਾ' ਦੇ ਦਫ਼ਤਰ ਆਉਣਾ ਵੀ ਨਹੀਂ ਭੁੱਲਦੇ। ਇਸ ਵਾਰ ਵੀ ਉਹ ਆ ਕੇ ਮਿਲੇ ਤੇ 'ਨਵਾਂ ਜ਼ਮਾਨਾ' ਨਾਲ ਆਪਣੀਆਂ ਪੁਰਾਣੀਆਂ ਯਾਦਾਂ ਸਾਂਝੀਆਂ ਕੀਤੀਆਂ। ਉਨ੍ਹਾ ਦੱਸਿਆ ਕਿ ਜਦੋਂ ਉਹ ਜਲੰਧਰ ਨੌਕਰੀ ਕਰਦੇ ਸਨ ਤਾਂ ਨਿਤਨੇਮ ਨਾਲ 'ਨਵਾਂ ਜ਼ਮਾਨਾ' ਜ਼ਰੂਰ ਆਉਂਦੇ ਸਨ। ਇਸ ਮੌਕੇ ਉਨ੍ਹਾ ਸੁਰਜਨ ਜ਼ੀਰਵੀ ਤੇ ਅੰਮ੍ਰਿਤਾ ਜ਼ੀਰਵੀ ਨਾਲ 'ਨਵਾਂ ਜ਼ਮਾਨਾ' ਦਫ਼ਤਰ ਵਿੱਚ ਬਿਤਾਏ ਪਲਾਂ ਨੂੰ ਵੀ ਯਾਦ ਕੀਤਾ। ਹਰ ਸਾਲ ਦੀ ਤਰ੍ਹਾਂ ਉਨ੍ਹਾ 'ਨਵਾਂ ਜ਼ਮਾਨਾ' ਲਈ 10 ਹਜ਼ਾਰ ਰੁਪਏ ਸਹਾਇਤਾ ਰਾਸ਼ੀ ਵੀ ਭੇਟ ਕੀਤੀ।

ਸੱਚ ਇਹ ਹੈ ਕਿ ਜੇਕਰ 'ਨਵਾਂ ਜ਼ਮਾਨਾ' ਆਪਣੇ ਰਾਹ ਵਿੱਚ ਆਈ ਹਰ ਔਕੜ ਨੂੰ ਪਾਰ ਕਰ ਸਕਿਆ ਹੈ ਤਾਂ ਉਹ ਬੀਬੀ ਜਗਜੀਤ ਕੌਰ ਵਰਗੇ ਸਨੇਹੀਆਂ ਦੇ ਪਿਆਰ ਕਾਰਨ ਹੀ ਹੈ। ਅਸੀਂ ਬੇਟੀ ਜਗਜੀਤ ਕੌਰ ਦੀ ਲੰਮੀ ਉਮਰ ਦੀ ਕਾਮਨਾ ਕਰਦੇ ਹਾਂ।

*-ਸੰਪਾਦਕ*

## ਅੱਜ-ਨਾਮਾ

ਰਾਜ ਸਭਾ ਦੀ ਚੋਣ ਆ ਜੜ੍ਹੀਂ ਬਹਿ ਗਈ,
ਕਾਂਗਰਸ ਪਾਰਟੀ ਨਾਲ ਬੁਰੀ ਹੋਈ ਬੇਲੀ।
ਭਾਜਪਾ ਨਾਲ ਭੁਗਤੇ ਲੀਡਰ ਕਾਂਗਰਸੀਏ,
ਜਿੱਤ ਰਹੀ ਪਾਰਟੀ ਆਖਰ ਡੁਬੋਈ ਬੇਲੀ।
ਖੇਡੀ ਖੇਡ ਕੁਝ ਕੇਂਦਰ ਤੋਂ ਭਾਜਪਾਈਆਂ,
ਹੁੰਦਾ ਹੇਠ ਉਹੀ, ਚਾਹੁਣ ਜੋ ਸੋਈ ਬੇਲੀ।
ਦਲਬਦਲੀ ਦੇ ਜਿੱਦਾਂ ਪਏ ਸ਼ੇਅਰ ਚੜ੍ਹਦੇ,
ਸ਼ਰਮ ਦੀ ਜਾਪਦੀ ਲੱਥੀ ਆ ਲੋਈ ਬੇਲੀ।
ਕਰਦਾ ਸੁਣਿਆ ਵਿਕਾਸ ਆ ਲੋਕਤੰਤਰ,
ਦੁਨੀਆ ਵਿੰਹਦੀ ਤੇ ਹੁੰਦੀ ਹੈਰਾਨ ਬੇਲੀ।
ਸੋਚਦੀ ਚੱਲਦਾ ਦੇਸ਼ ਇਹ ਪਿਆ ਕਿੱਦਾਂ,
ਸੌਂਦੇ ਈ ਭੁੱਖੇ ਤੇ ਉੱਤੇ ਅਸਮਾਨ ਬੇਲੀ।

*-ਤੀਸ ਮਾਰ ਖਾਂ*

# ਸਾਢੇ 37 ਕਿੱਲੋ ਦਾ ਪਰੌਂਠਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਨਰਿੰਦਰਜੀਤ ਸਿੰਘ)**

ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਵਿਭਾਗ ਵੱਲੋਂ ਅੰਮ੍ਰਿਤਸਰ ਵਿੱਚ ਕਰਵਾਏ ਜਾ ਰਹੇ ਪਹਿਲੇ ਰੰਗਲਾ ਪੰਜਾਬ ਮੇਲੇ ਮੌਕੇ ਬੁੱਧਵਾਰ ਦੁਨੀਆ ਦਾ ਸਭ ਤੋਂ ਵੱਡਾ ਪਰੌਂਠਾ ਤਿਆਰ ਕਰਵਾਇਆ ਗਿਆ, ਜੋ ਕਿ ਗਿੰਨੀਜ਼ ਬੁੱਕ ਆਫ ਵਰਲਡ ਰਿਕਾਰਡ ਦੇ ਵਿੱਚ ਦਰਜ ਹੋ ਗਿਆ ਹੈ। ਵਿਭਾਗ ਦੇ ਐਕਸੀਐਨ ਬੀ.ਐੱਸ. ਚਾਨਾ ਨੇ ਦੱਸਿਆ ਕਿ 37.5 ਕਿੱਲੋ ਦਾ ਇਹ ਪਰੌਂਠਾ ਤਾਜ ਹੋਟਲ ਦੇ ਰਸੋਈਏ ਵੱਲੋਂ ਤਿਆਰ ਕੀਤਾ ਗਿਆ ਅਤੇ ਉਸ ਨੂੰ ਰੰਗਲਾ ਪੰਜਾਬ ਵੇਖਣ ਆਏ ਸਰੋਤਿਆਂ ਵਿੱਚ ਵੰਡ ਕੇ ਖਾਧਾ ਗਿਆ। ਇਸ ਮੌਕੇ ਗਿੰਨੀਜ਼ ਬੁੱਕ ਆਫ ਵਰਲਡ ਰਿਕਾਰਡ ਵੱਲੋਂ ਪਹੁੰਚੀ ਟੀਮ ਵੱਲੋਂ ਰੰਗਲਾ ਪੰਜਾਬ ਨੂੰ ਕਰਵਾਉਣ ਲਈ ਬਣਾਈ ਗਈ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ-ਕਮ-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਘਨਸ਼ਾਮ ਥੋਰੀ, ਡਾਇਰੈਕਟਰ ਸੈਰ ਸਪਾਟਾ ਵਿਭਾਗ ਨੀਰੂ ਕਤਿਆਲ ਗੁਪਤਾ ਅਤੇ ਵਿਭਾਗ ਦੇ ਨਿਗਰਾਨ ਇੰਜੀਨੀਅਰ ਭੁਪਿੰਦਰ ਸਿੰਘ ਚਾਨਾ ਵੱਲੋਂ ਗਿੰਨੀਜ਼ ਬੁੱਕ ਦੇ ਪ੍ਰਬੰਧਕਾਂ ਕੋਲੋਂ ਸਰਟੀਫਿਕੇਟ ਪ੍ਰਾਪਤ ਕੀਤਾ ਗਿਆ।

ਉਨ੍ਹਾ ਦੱਸਿਆ ਕਿ ਇਸ ਰਿਕਾਰਡ ਨੂੰ ਹਾਸਲ ਕਰਨ ਲਈ ਸੱਤ ਕੁਇੰਟਲ ਤੋਂ ਵੱਧ ਆਟਾ ਇਸਤੇਮਾਲ ਕੀਤਾ ਗਿਆ। ਉਨ੍ਹਾ ਦੱਸਿਆ ਕਿ ਖਾਸ ਇਹ ਵੀ ਹੈ ਕਿ ਇਸ ਪਰੌਂਠੇ ਨੂੰ ਤਿਆਰ ਕਰਨ ਲਈ ਤਿੰਨ-ਤਿੰਨ ਕੁਇੰਟਲ ਦੇ ਦੋ ਤਵੇ ਜੋ ਕਿ 510 ਫੁੱਟ ਦੇ ਸਨ, ਨੂੰ ਵਿਸ਼ੇਸ਼ ਤੌਰ 'ਤੇ ਦਿੱਲੀ ਤੋਂ ਤਿਆਰ ਕਰਵਾਇਆ ਗਿਆ ਸੀ, ਜਦ ਕਿ ਤਵੇ ਨੂੰ ਪਕਾਉਣ ਲਈ 20 ਬਰਨਰਾਂ ਵਾਲੇ ਗੈਸ ਚੁੱਲ੍ਹੇ ਦਾ ਇਸਤੇਮਾਲ ਕੀਤਾ ਗਿਆ, ਜਦ ਕਿ ਤਾਜ ਦੇ ਅੱਠ ਰਸੋਈਏ ਵੱਲੋਂ ਪਰੌਂਠਾ ਤਿਆਰ ਕੀਤਾ ਗਿਆ। ਇੱਥੇ ਹੀ ਬਸ ਨਹੀਂ, ਇਸ ਪਰੌਂਠੇ ਨੂੰ ਤਿਆਰ ਕਰਨ ਲਈ ਇੱਥੇ ਵੇਲਣ ਦੇ ਲਈ 22-22 ਕਿਲੋ ਦੇ ਦੋ ਵੇਲਣੇ ਵੀ ਵਿਸ਼ੇਸ਼ ਤੌਰ 'ਤੇ ਤਿਆਰ ਕਰਵਾਏ ਗਏ ਸਨ।




29-Fab-PAGE-3.qxd 2/28/2024 10:53 PM Page 1



# ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਦਿੱਤਾ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)- ਸੰਯੁਕਤ ਕਿਸਾਨ ਮੋਰਚਾ ਗੁਰਦਾਸਪੁਰ ਵੱਲੋਂ ਡੀ ਸੀ ਰਾਹੀਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਮੰਗ ਪੱਤਰ ਭੇਜਿਆ ਗਿਆ।ਜਿਸ ਵਿੱਚ ਮੰਗ ਕੀਤੀ ਗਈ ਕਿ ਦਿਲੀ ਜਾ ਰਹੇ ਕਿਸਾਨਾਂ ਨੂੰ ਰੋਕਾਂ ਲਾ ਕੇ ਹਰਿਆਨਾ ਪੰਜਾਬ ਦੇ ਬਾਡਰਾਂ ਤੇ ਰੋਕ ਕੇ ਉਨ੍ਹਾਂ ਉਪਰ ਅੱਥਰੂ ਗੈਸ ਸੁੱਟਣ, ਗੋਲੀ ਚਲਾਉਣ ਦੇ ਹੁਕਮ ਦੇਣ ਵਾਲੇ ਹਰਿਆਨਾ ਦੇ ਅਧਿਕਾਰੀਆਂ ਉਪਰ ਐਫ ਆਈ ਆਰ ਦਰਜ ਕਰਕੇ ਕਨੂੰਨੀ ਕਾਰਵਾਈ ਕੀਤੀ ਜਾਵੇ। ਹਰਿਆਨਾ ਦੇ ਮੁੱਖ ਮੰਤਰੀ ਖੱਟੜ, ਅਨਿਲ ਵਿਜ ਅਤੇ ਅਮਿਤ ਸ਼ਾਹ ਉਪਰ 302 ਦੀ ਧਾਰਾ ਲਾ ਕੇ ਪਰਚਾ ਦਰਜ਼ ਕੀਤਾ ਜਾਵੇ। ਹਰਿਆਨਾ ਪੰਜਾਬ ਬਾਰਡਰ ਉੱਤੇ ਕਿਸਾਨ ਸ਼ੁੱਭਕਰਨ ਸਿੰਘ ਨੂੰ ਗੋਲੀ ਮਾਰ ਕੇ ਸ਼ਹੀਦ ਕਰ ਦਿੱਤਾ ਗਿਆ ਅਤੇ ਬਹੁਤ ਸਾਰੇ ਫੱਟੜ ਕਰ ਦਿੱਤੇ ਗਏ ਸਨ।ਉਨ੍ਹਾਂ ਨੂੰ ਮੁਆਵਜ਼ਾ ਅਤੇ ਇੱਕ ਜੀਅ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ। ਟਰੈਕਟਰਾਂ ਅਤੇ ਹੋਰ ਗਡੀਆਂ ਜੋ ਨੁਕਸਾਨ ਹੋਇਆ ਦਾ ਮੁਆਵਜ਼ਾ ਦਿੱਤਾ ਜਾਵੇ।ਮੰਗ ਪੱਤਰ ਦੇਣ ਵਾਲ਼ਿਆਂ ਵਿੱਚ ਰਾਜਗੁਰਵਿੰਦਰ ਸਿੰਘ ਲਾਡੀ ਘੁਮਾਣ, ਗੁਰਮੀਤ ਸਿੰਘ ਢਡਿਆਲਾ, ਬਲਰਾਜ ਸਿੰਘ ਬਟਾਲਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਕਿਰਤੀ ਕਿਸਾਨ ਯੂਨੀਅਨ ਸਤਬੀਰ ਸਿੰਘ ਸੂਬਾ ਮੀਤ ਪ੍ਰਧਾਨ, ਤਰਲੋਕ ਸਿੰਘ ਜ਼ਿਲ੍ਹਾ ਪ੍ਰਧਾਨ, ਜਮਹੂਰੀ ਕਿਸਾਨ ਸਭਾ ਮੱਖਣ ਸਿੰਘ ਕੁਹਾੜ, ਗੁਰਮੀਤ ਸਿੰਘ ਠਾਣੇਵਾਲ,ਕਪੂਰ ਸਿੰਘ ਘੁੰਮਣ, ਮਾਝਾ ਕਿਸਾਨ ਸੰਘਰਸ਼ ਕਮੇਟੀ ਦਲੀਪ ਸਿੰਘ ਨੰਬਰਦਾਰ ਮੁੱਖ ਬੁਲਾਰਾ ਪੰਜਾਬ, ਸਤਨਾਮ ਸਿੰਘ, ਸੁਖਜਿੰਦਰ ਸਿੰਘ , ਪੰਜਾਬ ਕਿਸਾਨ ਯੂਨੀਅਨ ਸੁਖਦੇਵ ਸਿੰਘ ਭਾਗੋਕਾਵਾਂ, ਅਸ਼ਵਨੀ ਕੁਮਾਰ ਲੱਖਣ ਕਲਾਂ, ਬਚਨ ਸਿੰਘ, ਲਖਵਿੰਦਰ ਸਿੰਘ ,ਰਾਮ ਸਿੰਘ, ਹਰਪ੍ਰੀਤ ਸਿੰਘ , ਦਲਬਾਗ ਸਿੰਘ, ਰਛਪਾਲ ਸਿੰਘ, ਲਖਵਿੰਦਰ ਸਿੰਘ, ਰਵਿੰਦਰ ਸਿੰਘ, ਬਲਬੀਰ ਸਿੰਘ ਪਲਵਿੰਦਰ ਸਿੰਘ,, ਅਮਰਜੀਤ ਸਿੰਘ, ਹਰਵਿੰਦਰ ਸਿੰਘ ਆਦਿ ਹਾਜ਼ਰ ਸਨ ।

# ਕਿਸਾਨਾਂ ਦਾ ਵੱਡਾ ਕਾਫਲਾ ਬਿਆਸ ਦਰਿਆ ਤੋਂ ਸ਼ੰਭੂ ਬਾਰਡਰ ਨੂੰ ਰਵਾਨਾ



ਤਰਨ ਤਾਰਨ, ਖਡੂਰ ਸਾਹਿਬ (ਪ੍ਰਿਤਪਾਲ ਸਿੰਘ, ਸਰਬਜੋਤ ਸਿੰਘ ਸੰਧਾ) ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜਿਲ੍ਹਾ ਤਰਨ ਤਾਰਨ ਵੱਲੋਂ ਸੂਬਾ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਹਰਪ੍ਰੀਤ ਸਿੰਘ ਸਿੱਧਵਾਂ ਦੀ ਅਗਵਾਹੀ ਵਿੱਚ ਦੂਸਰਾ ਵੱਡਾ ਕਾਫਲਾ ਬਿਆਸ ਦਰਿਆ ਤੋਂ ਸ਼ੰਭੂ ਬਾਡਰ ਵੱਲ ਰਵਾਨਾ ਹੋਇਆ, ਜਿਸ ਵਿੱਚ ਮਾਈ ਭਾਗੋਂ ਦੀਆਂ ਵਾਰਿਸਾਂ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਕਾਫਲੇ ਵਿੱਚ ਸ਼ਾਮਿਲ ਹੋਏ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਜਿਲ੍ਹਾਂ ਆਗੂ, ਜਰਨੈਲ ਸਿੰਘ ਨੂਰਦੀ, ਫਤਿਹ ਸਿੰਘ ਪਿੱਦੀ ਦਿਆਲ ਸਿੰਘ ਮੀਆਂਵਿੰਡ ਨੇ ਕਿਹਾ ਕਿ ਕਿਸਾਨਾਂ ਮਜ਼ਦੂਰਾਂ ਦੀ ਆਵਾਜ਼ ਨੂੰ ਦਬਾਉਣ ਲਈ ਮੋਦੀ ਸਰਕਾਰ ਦਾ ਟਿੱਲੇ ਦਾ ਜ਼ੋਰ ਲੱਗਿਆ ਹੋਇਆ ਹੈ।ਸਰਕਾਰ ਦੀ ਕਰੂੜ ਨੀਤੀ ਜਗ ਜਾਹਿਰ ਹੋ ਚੁੱਕੀ ਹੈ

।ਨਿਹੱਥੇ ਬੈਠੇ ਕਿਸਾਨਾਂ ਦੀ ਆਵਾਜ਼ ਦੱਬਣ ਲਈ ਗੋਲੀਆਂ ਪਟਾਸ ਗੋਲੇ ਆਸੂ ਗੈਸ ਵਰਗੇ ਘਾਤਕ ਵਿਸਫੋਟਾਂ ਦਾ ਇਸਤੇਮਾਲ ਕੀਤਾ ਜਾ ਰਿਹਾ ਹੈ।ਜਿਸ ਨਾਲ ਸੈਂਕੜੇ ਕਿਸਾਨਾਂ ਮਜ਼ਦੂਰਾਂ ਬੀਬੀਆਂ ਨੌਜਵਾਨ ਜ਼ਖਮੀ ਹੋ ਚੁੱਕੇ ਹਨ ।ਇਸ ਮੌਕੇ ਕਿਸਾਨ ਆਗੂਆਂ ਨੇ ਕਿਹਾ ਕੇਂਦਰ ਸਰਕਾਰ ਐਮ ਐਸ ਪੀ ਦੇ ਗਰੰਟੀ ਕਾਨੂੰਨ ਨੂੰ ਤੁਰੰਤ ਪਾਰਲੀਮੈਂਟ ਸੈਸ਼ਨ ਸੱਦ ਕੇ ਅਮਲੀ ਰੂਪ ਵਿੱਚ ਲਿਆਂਦਾ ਜਾਵੇ, ਕਿਸਾਨਾਂ ਮਜ਼ਦੂਰਾਂ ਦਾ ਕਰਜ਼ਾ ਕਾਰਪੋਰੇਟ ਘਰਾਣਿਆਂ ਦੇ ਪੈਟਰਨ ਉੱਤੇ ਖਤਮ ਕੀਤਾ ਜਾਵੇ, ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕੀਤੀ ਜਾਵੇ।

# ਕਿਸਾਨਾਂ ਦੇ ਹੱਕ 'ਚ ਕਾਂਗਰਸ ਨੇ ਝਬਾਲ ਵਿਖੇ ਕੱਢੀ ਟਰੈਕਟਰ ਰੈਲੀ



ਸਰਾਏ ਅਮਾਨਤ ਖਾਂ (ਮੱਖਣ ਮਨੋਜ )-ਕਾਗਰਸ ਪਾਰਟੀ ਵੱਲੋਂ ਕਿਸਾਨਾਂ ਦੇ ਹੱਕ 'ਚ ਸ਼ੁਰੂ ਕੀਤੀ ਮੁਹਿਮ ਕਿਸਾਨਾਂ ਦੇ ਪੁੱਤ ਹਾਂ, ਕਿਸਾਨਾਂ ਨਾਲ ਖੜਾਂਗੇ ਤਹਿਤ ਵਿਧਾਨ ਸਭਾ ਹਲਕਾ ਤਰਨ ਤਾਰਨ ਦੇ ਕਸਬਾ ਝਬਾਲ ਤੋਂ ਸੀਨੀਅਰ ਆਗੂ ਕਰਨਬੀਰ ਸਿੰਘ ਬੁਰਜ ਅਤੇ ਮਨਿੰਦਰਪਾਲ ਸਿੰਘ ਪਲਾਸੌਰ ਦੀ ਅਗਵਾਈ ਵਿੱਚ ਟਰੈਕਟਰ ਰੈਲੀ ਕੱਢੀ ਗਈ। ਜਿਸ ਵਿੱਚ ਕਾਂਗਰਸ ਪਾਰਟੀ ਦੇ ਜਿਲ੍ਹਾ ਆਬਜ਼ਰਵਰ ਵੈਦ ਪ੍ਰਕਾਸ਼ ਅਤੇ ਚੌਹਾਨ ਸਾਹਿਬ ਵਿਸ਼ੇਸ਼ ਤੌਰ 'ਤੇ ਪਹੁੰਚੇ। ਰੈਲੀ ਦੇ ਰਵਾਨਾ ਹੋਣ ਤੋਂ ਪਹਿਲਾਂ ਇਕੱਤਰ ਵੱਡੀ ਗਿਣਤੀ 'ਚ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਜਿਲ੍ਹਾ ਅਬਜ਼ਰਬਰ ਵੈਦ ਪ੍ਰਕਾਸ਼ ਨੇ ਕਿਹਾ ਕਿ ਕਾਂਗਰਸ ਪਾਰਟੀ ਕਿਸਾਨਾਂ ਤੇ ਹੋ ਰਹੇ ਜੁਲਮਾਂ ਖਿਲਾਫ ਕਿਸਾਨਾਂ ਨਾਲ ਚਟਾਨ ਵਾਂਗ ਖੜੀ ਹੈ। ਇਹ ਟਰੈਕਟਰ ਰੈਲੀ ਸਰਕਾਰ ਦੇ ਬੋਲੇ ਕੰਨਾਂ ਨੂੰ ਸੁਣਾਉਣ ਲਈ ਕਿਸਾਨਾਂ ਦੀ ਹਮਾਇਤ ਵਿੱਚ ਕੀਤੀ ਜਾ ਰਹੀ ਹੈ। ਇਸ ਸਮੇਂ ਸੀਨੀਅਰ ਕਾਂਗਰਸੀ ਕਾਂਗਰਸੀ ਆਗੂ ਮਨਿੰਦਰ ਪਾਲ ਸਿੰਘ ਪਾਲਾਸੌਰ ਅਤੇ ਕਰਨਬੀਰ ਸਿੰਘ ਬੁਰਜ ਨੇ ਕਿਹਾ ਕਿ ਮੋਦੀ ਸਰਕਾਰ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਤੁਰੰਤ ਮੰਨੇ। ਇਸ ਸਮੇਂ ਟਰੈਕਟਰ ਰੈਲੀ ਵਿੱਚ ਸਗਨ ਪਲਾਸੌਰ, ਬਲਾਕ ਪ੍ਰਧਾਨ ਗੁਰਪਾਲ ਸਿੰਘ ਜਗਤਪੁਰਾ, ਬਲਾਕ ਪ੍ਰਧਾਨ ਸੋਨੂੰ ਦੋਦੇ, ਚੇਅਰਮੈਨ ਰਮਨ ਕੁਮਾਰ, ਝਬਾਲ ਬਲਾਕ ਸੰਮਤੀ ਮੈਂਬਰ ਵਿੱਕੀ ਝਬਾਲ ਖੁਰਦ, ਸਰਪੰਚ ਪ੍ਰਗਟ ਸਿੰਘ ਬਾਬਾ ਲਗਾਹ, ਸਰਪੰਚ ਮੰਗਲ ਸਿੰਘ ਖੈਰਦੀ, ਦਿਲਬਾਗ ਸਿੰਘ ਠੱਠਗੜ, ਸਾਬਕਾ ਸਰਪੰਚ ਸੁੱਚਾ ਸਿੰਘ ਖੈਰਦੀ ਤੋਂ ਇਲਾਵਾ ਵੱਡੀ ਗਿਣਤੀ 'ਚ ਕਾਂਗਰਸੀ ਵਰਕਰ ਹਾਜ਼ਰ ਸਨ।

# 90,000 ਰਿਸ਼ਵਤ ਮੰਗਣ ਵਾਲਾ ਖੁਰਾਕ ਤੇ ਸਿਵਲ ਸਪਲਾਈ ਇੰਸਪੈਕਟਰ ਗ੍ਰਿਫ਼ਤਾਰ

ਚੰਡੀਗੜ੍ਹ, (ਕ੍ਰਿਸ਼ਨ ਗਰਗ ) ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲ ਰਹੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਪੰਜਾਬ ਦਾ ਇੰਸਪੈਕਟਰ ਅਮਨਦੀਪ ਗੁਪਤਾ 90,000 ਰੁਪਏ ਰਿਸ਼ਵਤ ਦੀ ਮੰਗਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਜਰਨੈਲ ਸਿੰਘ ਵਾਸੀ ਡਾਇਮੰਡ ਟਾਵਰ, ਖਰੜ, ਜ਼ਿਲ੍ਹਾ ਐਸ ਏ ਐਸ ਨਗਰ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ 'ਚ ਦੋਸ਼ ਲਾਇਆ ਹੈ ਕਿ ਉਸ ਵੱਲੋਂ ਖਰੀਦੇ ਇੱਟਾਂ ਦੇ ਭੱਠੇ ਦੀ ਮਲਕੀਅਤ 'ਚ ਤਬਦੀਲੀ ਕਰਨ ਅਤੇ ਲਾਈਸੈਂਸ ਦੇ ਨਵੀਨੀਕਰਨ ਬਦਲੇ ਉਕਤ ਮੁਲਜਮ ਨੇ ਉਸ ਕੋਲੋਂ 90,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ। ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਇਸ ਤੋਂ ਪਹਿਲਾਂ ਖੁਰਾਕ ਤੇ ਸਿਵਲ ਸਪਲਾਈ, ਰੂਪਨਗਰ ਵਿਖੇ ਤਾਇਨਾਤ ਰਿਹਾ ਤੱਤਕਾਲੀ ਇੰਸਪੈਕਟਰ ਚਮਨ ਗੁਪਤਾ ਉਸ ਕੋਲੋਂ ਅਤੇ ਉਸ ਦੇ ਭਰਾ ਹਰਜੀਤ ਸਿੰਘ ਕੋਲੋਂ ਇਸੇ ਕੰਮ ਬਦਲੇ 30000 ਰੁਪਏ ਰਿਸ਼ਵਤ ਲੈ ਚੁੱਕਾ ਹੈ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰਕੇ ਮੁਲਜਮ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

# ਸਕੋਡਾ ਆਟੋ ਨੇ ਭਾਰਤ ਲਈ ਨਵੀਂ ਐੱਸ ਯੂ ਵੀ ਦਾ ਕੀਤਾ ਐਲਾਨ

ਅੰਮ੍ਰਿਤਸਰ : ਸਕੋਡਾ ਆਟੋ ਇੰਡੀਆ ਨੇ ਇੱਕ ਆਲ-ਨਿਊ ਕੰਪੈਕਟ ਐਸ ਯੂ ਵੀ ਲਈ ਆਪਣੀਆਂ ਨਵੀਆਂ ਯੋਜਨਾਵਾਂ ਦਾ ਐਲਾਨ ਕੀਤਾ ਹੈ। ਇਸ ਐਸ ਯੂ ਵੀ ਨੂੰ ਭਾਰਤ 'ਚ 2025 ਦੇ ਪਹਿਲੇ ਅੱਧ 'ਚ ਲਾਂਚ ਕੀਤਾ ਜਾਵੇਗਾ।ਇਹ ਕੰਪਨੀ ਦਾ ਭਾਰਤ ਲਈ ਬਣਿਆ ਤੀਜਾ ਉਤਪਾਦ ਹੋਵੇਗਾ। 2021 ਤੋਂ ਬਾਅਦ, ਕੰਪਨੀ ਨੇ ਭਾਰਤ ਵਿੱਚ ਆਪਣੀਆਂ ਕਾਰਾਂ ਦੀ ਵਿਕਰੀ ਦੁੱਗਣੀ ਕਰ ਦਿੱਤੀ ਹੈ।ਹੁਣ ਅਸੀਂ ਭਾਰਤ ਸਮੇਤ ਦੁਨੀਆ ਭਰ ਦੇ ਹੋਰ ਦੇਸ਼ਾਂ ਵਿੱਚ ਆਪਣੇ ਖਪਤਕਾਰਾਂ ਲਈ ਡਿਜ਼ਾਈਨ ਕੀਤੇ ਮਾਡਲਾਂ ਦਾ ਵਿਸਤਾਰ ਕਰਕੇ ਅਗਲਾ ਕਦਮ ਚੁੱਕ ਰਹੇ ਹਾਂ। 2025 ਵਿੱਚ ਲਾਂਚ ਹੋਣ ਵਾਲੀ ਸਭ-ਨਵੀਂ ਐਸ ਯੂ ਵੀ ਉਪਭੋਗਤਾਵਾਂ ਲਈ ਇੱਕ ਮਹੱਤਵਪੂਰਨ ਹਿੱਸੇ ਨੂੰ ਜੋੜ ਦੇਵੇਗੀ। ਮੈਨੂੰ ਭਰੋਸਾ ਹੈ ਕਿ ਸਕੋਡਾ ਦੇ ਪੋਰਟਫੋਲੀਓ ਦਾ ਵਿਸਤਾਰ ਭਾਰਤ ਵਿੱਚ ਕੰਪਨੀ ਦੇ ਵਿਕਾਸ ਟੀਚਿਆਂ ਨੂੰ ਪ੍ਰਾਪਤ ਕਰਨ ਵਿੱਚ ਯੋਗਦਾਨ ਪਾਵੇਗਾ।ਇਨ੍ਹਾਂ ਕਾਰਾਂ ਦੇ ਲਾਂਚ ਦੇ ਨਾਲ, ਕੰਪਨੀ 2030 ਤੱਕ ਵੋਕਸਵੈਗਨ ਬ੍ਰਾਂਡ ਦੀਆਂ ਕਾਰਾਂ ਦੀ ਵਿਕਰੀ ਵਿੱਚ ਲਗਭਗ ਪੰਜ ਪ੍ਰਤੀਸ਼ਤ ਮਾਰਕੀਟ ਹਿੱਸੇਦਾਰੀ ਪ੍ਰਾਪਤ ਕਰਨ ਦੇ ਆਪਣੇ ਰਾਹ 'ਤੇ ਅੱਗੇ ਵਧੇਗੀ।

# ਮੁਲਾਜ਼ਮ ਏਕਤਾ ਮੰਚ ਵੱਲੋਂ ਸਰਕਲ ਪੱਧਰ 'ਤੇ ਰੋਸ ਮੁਜ਼ਾਹਰਾ




ਅਜਨਾਲਾ (ਸੁਖਜਿੰਦਰ ਸਿੰਘ ਰਾਜੂ) ਮੁਲਾਜ਼ਮ ਏਕਤਾ ਮੰਚ ਅਤੇ ਜੁਆਇੰਟ ਫੋਰਮ ਦੇ ਸੱਦੇ 'ਤੇ ਮੰਡਲ ਅਜਨਾਲਾ ਵਿਖੇ ਰੋਸ ਮੁਜ਼ਾਰਾ ਕੀਤਾ ਗਿਆ। ਇਸ ਰੋਸ ਮੁਜਾਰੇ ਦੀ ਅਗਵਾਈ ਯੂਨੀਅਨ ਦੇ ਪ੍ਰਧਾਨ ਰਣਜੀਤ ਸਿੰਘ ਨੇ ਕੀਤੀ ਇਸ ਮੌਕੇ ਯੂਨੀਅਨ ਦੇ ਮੀਤ ਪ੍ਰਧਾਨ ਹਰਜਿੰਦਰ ਸਿੰਘ ਨਿੱਕੂ ਸਰਾਂ ਨੇ ਆਪਣੀ ਹੱਕੀ ਮੰਗਾਂ ਲਈ ਜਿਵੇਂ ਕਿ 23 ਸਾਲਾਂ ਦਾ ਸਕੇਲ ਸਾਰੀਆਂ ਕੈਟਾਗਰੀ ਨੂੰ ਦੇਣਾ ਬੋਰਡ ਵਿੱਚ ਵਾਧੇ ਹੋਏ ਕੰਮ ਅਨੁਸਾਰ ਪੋਸਟਾਂ ਦੀ ਰਚਨਾ ਕਰਨੀ ਬੋਰਡ ਵਿੱਚ ਰੈਗੂਲਰ ਭਰਤੀ ਕਰਨੀ ਕਰਮਚਾਰੀਆਂ ਨੂੰ ਪੂਰੀ ਤਨਖਾਹ ਦੇਣੀ ਵੱਖ-ਵੱਖ ਆਗੂਆਂ ਨੇ ਇਸ ਮੌਕੇ ਸੰਬੋਧਨ ਕੀਤਾ। ਇਸ ਮੌਕੇ ਸਰਬਜੀਤ ਸਿੰਘ, ਹਰਪ੍ਰੀਤ ਸਿੰਘ, ਰਕੇਸ਼ ਕੁਮਾਰ, ਦਵਿੰਦਰ ਕੌਰ, ਮੁਸਕਾਨ ਅਰੋੜਾ, ਰਾਜਵੰਤ ਕੌਰ, ਪ੍ਰਦੇਸ਼ ਸਿੰਘ, ਰੁਪਿੰਦਰ ਮਸੀਹ ਆਦਿ ਨੇ ਸੰਬੋਧਨ ਕੀਤਾ।

# ਗੁਰਦਾਸਪੁਰ ਜ਼ਿਲ੍ਹੇ 'ਚ ਪਲਸ ਪੋਲੀਓ ਮੁਹਿੰਮ 3 ਤੋਂ

ਗੁਰਦਾਸਪੁਰ, ( ਦਿਨੇਸ਼ ਕੁਮਾਰ) ਵਧੀਕ ਡਿਪਟੀ ਕਮਿਸ਼ਨਰ ਗੁਰਦਾਸਪੁਰ ਸੁਭਾਸ਼ ਚੰਦਰ ਦੀ ਪ੍ਰਧਾਨਗੀ ਹੇਠ ਸਥਾਨਕ ਪੰਚਾਇਤ ਭਵਨ ਵਿਖੇ ਜ਼ਿਲ੍ਹਾ ਟਾਸਕ ਫੋਰਸ ਫ਼ਾਰ ਇਮੂਨਾਈਜੇਸ਼ਨ ਕਮੇਟੀ ਨਾਲ ਮੀਟਿੰਗ ਹੋਈ। ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ 3 ਮਾਰਚ ਤੋਂ ਸ਼ੁਰੂ ਹੋ ਰਹੀ ਪਲਸ ਪੋਲੀਓ ਮੁਹਿੰਮ ਦੇ ਪ੍ਰਬੰਧਾਂ ਬਾਰੇ ਚਰਚਾ ਕੀਤੀ ਗਈ। ਇਸ ਤਹਿਤ ਸਿਹਤ ਵਿਭਾਗ ਵੱਲੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾਣਗੀਆਂ।ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 03 ਮਾਰਚ ਤੋਂ 05 ਮਾਰਚ ਤੱਕ ਪਲਸ ਪੋਲੀਓ ਮੁਹਿੰਮ ਚਲਾਈ ਜਾ ਰਹੀ ਹੈ।ਇਸ ਮੁਹਿੰਮ ਨੂੰ ਸਫ਼ਲਤਾ ਨਾਲ ਨੇਪਰੇ ਚਾੜ੍ਹਨ ਲਈ 48 ਟਰਾਂਜ਼ਿਟ ਬੂਥ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਘਰ-ਘਰ ਜਾ ਕੇ ਬੱਚਿਆਂ ਨੂੰ ਪਲਸ ਪੋਲੀਓ ਦੀ ਬੂੰਦਾਂ ਪਿਲਾਉਣ ਲਈ 1912 ਟੀਮਾਂ ਬਣਾਈਆਂ ਗਈਆਂ ਹਨ। ਇਸ ਤੋਂ ਇਲਾਵਾ 24 ਮੋਬਾਈਲ ਟੀਮਾਂ ਦਾ ਗਠਨ ਵੀ ਕੀਤਾ ਗਿਆ ਹੈ।ਇਸ ਮੌਕੇ ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ ਨੇ ਦੱਸਿਆ ਕਿ ਵੱਖ-ਵੱਖ ਵਿਭਾਗਾਂ ਅਤੇ ਸਵੈ-ਸੇਵੀ ਸੰਸਥਾਵਾਂ ਨੂੰ ਇਸ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਕਿਹਾ ਗਿਆ ਹੈ। ਇਸ ਮੌਕੇ ਡੀ ਆਈ ਓ ਡਾ. ਅਰਵਿੰਦ ਮੰਚਨਦਾ, ਡੀ ਐੱਚ ਓ ਡਾ. ਸਵਿਤਾ, ਡੀ ਡੀ ਐੱਚ ਓ ਡਾ. ਲੋਕੇਸ਼, ਸਿਹਤ ਵਿਭਾਗ ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।




# ਬਲਵਿੰਦਰ ਸਿੰਘ ਸੰਧੂ ਨਮਿਤ ਸ਼ਰਧਾਂਜਲੀ ਸਮਾਗਮ ਅੱਜ



ਪਟਿਆਲਾ : ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਪੰਜਾਬ ਦੀ ਮੀਟਿੰਗ ਸਾਥੀ ਜਰਨੈਲ ਸਿੰਘ ਦੀ ਪ੍ਰਧਾਨਗੀ ਹੇਠ ਲੁਧਿਆਣਾ ਵਿਖੇ ਹੋਈ। ਇਸ ਮੀਟਿੰਗ ਵਿੱਚ ਸਾਥੀ ਬਲਵਿੰਦਰ ਸਿੰਘ ਸੰਧੂ ਦੀ ਬੇਵਕਤੀ ਮੌਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ। ਸਾਥੀ ਬਲਵਿੰਦਰ ਸਿੰਘ ਸੰਧੂ ਕਿਸੇ ਜਾਣ ਪਛਾਣ ਦੇ ਮੁਹਤਾਜ ਨਹੀਂ ਸਨ। ਉਹ ਬਿਜਲੀ ਮੁਲਾਜਮਾਂ ਦੇ ਹਰਮਨ ਪਿਆਰੇ ਆਗੂ ਹੋਣ ਦੇ ਨਾਲ-ਨਾਲ ਮਿਹਨਤਕਸ਼ ਲੋਕਾਂ, ਮਜ਼ਦੂਰਾਂ ਅਤੇ ਕਿਸਾਨਾਂ ਦੇ ਵੀਂ ਆਗੂ ਸਨ। ਬਿਜਲੀ ਬੋਰਡ ਦੀ ਡਿਊਟੀ ਜੁਆਇਨ ਕਰਨ ਸਮੇਂ ਹੀ ਉਹਨਾਂ ਨੇ ਬਿਜਲੀ ਮੁਲਾਜਮਾਂ ਦੀ ਜੱਥੇਬੰਦੀ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਨੂੰ ਚੁਣ ਕੇ ਕੰਮ ਕਰਨਾ ਸ਼ੁਰੂ ਕਰਾਏ। ਵੱਖ-ਵੱਖ ਅਹੁਦਿਆਂ 'ਤੇ ਕੰਮ ਕਰਦਿਆਂ ਅਪਣੀ ਇਮਾਨਦਾਰੀ ਅਤੇ ਮਿਹਨਤ ਨਾਲ ਸਾਥੀ ਜੀ ਸਾਲ 2018 'ਚ ਸਰਬਸੰਮਤੀ ਨਾਲ ਪੰਜਾਬ ਪ੍ਰਧਾਨ ਚੁਣੇ ਗਏ। ਅਨੇਕਾਂ ਹੀ ਸਫਲ ਘੋਲ ਲੜ ਕੇ ਬਿਜਲੀ ਕਾਰਪੋਰੇਸ਼ਨਾਂ ਦੀਆ ਮੈਨੇਜਮੈਂਟਾਂ ਨਾਲ਼ ਇਤਿਹਾਸਕ ਸਮਝੌਤੇ ਕੀਤੇ। ਸਾਥੀ ਜੀ ਨੂੰ ਜੱਥੇਬੰਦੀ ਪ੍ਰਤੀ ਨਿਭਾਈਆਂ ਗਈਆਂ ਵੱਡਮੁੱਲੀਆਂ ਸੇਵਾਵਾਂ ਸਦਕਾ ਜੱਥੇਬੰਦੀ ਸ਼ਰਧਾ ਦੇ ਫੁੱਲ ਭੇਟ ਕਰਦੀ ਹੈ। ਸਾਥੀ ਜੀ ਦਾ ਸ਼ਰਧਾਂਜਲੀ ਸਮਾਗਮ 29 ਫਰਵਰੀ ਦਿਨ ਵੀਰਵਾਰ ਨੂੰ ਦੇਵੀਗੜ੍ਹ, ਰੋਹੜ ਜੰਗੀਰ ਨੇੜੇ ਪੈਂਦੇ ਪਿੰਡ ਘੜਾਮ ਦੇ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਹੋਵੇਗਾ।

# ਕੈਪਟਨ ਗੁਰਪ੍ਰੀਤ ਸਿੰਘ ਚੀਮਾ ਦੀ ਚੌਥੀ ਬਰਸੀ 'ਤੇ ਸ਼ਰਧਾਂਜਲੀ ਸਮਾਗਮ



ਧਾਰੀਵਾਲ (ਮਨਦੀਪ ਸਿੰਘ ਵਿੱਕੀ) - ਸ਼ਹੀਦ ਗਰੁੱਪ ਕੈਪਟਨ ਗੁਰਪ੍ਰੀਤ ਸਿੰਘ ਚੀਮਾ ਦੀ ਚੌਥੀ ਬਰਸੀ 'ਤੇ ਸ਼ਰਧਾਂਜਲੀ ਸਮਾਗਮ ਸ਼ਹੀਦ ਸੈਨਿਕ ਪਰਵਾਰ ਸੁੱਰਖਿਆ ਪ੍ਰੀਸ਼ਦ ਦੇ ਜਨਰਲ ਸਕੱਤਰ ਕੁੰਵਰ ਰਵਿੰਦਰ ਸਿੰਘ ਵਿੱਕੀ ਦੀ ਪ੍ਰਧਾਨਗੀ ਹੇਠ ਬਲਾਕ ਧਾਰੀਵਾਲ ਦੇ ਪਿੰਡ ਆਲੋਵਾਲ ਦੇ ਗੁਰਦੁਆਰਾ ਸਾਹਿਬ ਵਿਖੇ ਕਰਵਾਇਆ ਗਿਆ। ਸ਼ਰਧਾਂਜਲੀ ਸਮਾਗਮ ਵਿੱਚ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਮੁੱਖ ਮਹਿਮਾਨ ਵਜੋਂ ਸਿਰਕਤ ਕੀਤੀ। ਇਨ੍ਹਾਂ ਤੋਂ ਇਲਾਵਾ ਸ਼ਹੀਦ ਦੀ ਮਾਤਾ ਸਰਵਜੀਤ ਕੌਰ, ਪਤਨੀ ਨਵਨੀਤ ਕੌਰ, ਪੁੱਤਰੀ ਫਲਾਇੰਗ ਲੈਫਟੀਨੈਂਟ ਕੁੰਜਦੀਪ ਕੌਰ, ਭਰਾ ਗੁਰਜੀਤ ਸਿੰਘ ਚੀਮਾ ਤੇ ਗੁਰਦੀਪ ਸਿੰਘ ਚੀਮਾ, ਸਾਬਕਾ ਵਾਈਸ ਚੇਅਰਮੈਨ ਵਜੀਰ ਸਿੰਘ ਲਾਲੀ, ਪੱਗੜੀ ਸੰਭਾਲ ਜੱਟਾ ਲਹਿਰ ਦੇ ਕਨਵੀਨਰ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਯੂਥ ਆਗੂ ਕੰਵਲਪ੍ਰੀਤ ਸਿੰਘ ਕਾਕੀ, ਸ਼ਹੀਦ ਸਿਪਾਹੀ ਮੱਖਣ ਸਿੰਘ ਦੇ ਪਿਤਾ ਹੰਸ ਰਾਜ, ਸ਼ਹੀਦ ਸਿਪਾਹੀ ਜਤਿੰਦਰ ਕੁਮਾਰ ਦੇ ਪਿਤਾ ਰਾਜੇਸ਼ ਕੁਮਾਰ, ਸ਼ਹੀਦ ਕਾਂਸਟੇਬਲ ਮਨਿੰਦਰ ਸਿੰਘ ਦੇ ਪਿਤਾ ਸਤਪਾਲ ਅੱਤਰੀ, ਸ਼ਹੀਦ ਹੌਲਦਾਰ ਗੁਰਵਿੰਦਰ ਸਿੰਘ ਦੇ ਪਿਤਾ ਸਤਵਿੰਦਰ ਸਿੰਘ, ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਖੁੰਡਾ, ਸਮਾਜ ਸੇਵੀ ਇੰਦਰਜੀਤ ਸਿੰਘ ਬਾਜਵਾ, ਨੰਬਰਦਾਰ ਦਿਲਬਾਗ ਸਿੰਘ ਲਾਲੀ ਚੀਮਾ ਆਦਿ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋ ਕੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪਾਇਲਟ ਜੀ ਐਸ ਚੀਮਾ ਵਰਗੇ ਬਹਾਦਰ ਜਵਾਨਾਂ ਦੀਆਂ ਕੁਰਬਾਨੀਆਂ ਸਦਕਾ ਹੀ ਦੇਸ ਰਾਤ ਨੂੰ ਚੈਨ ਦੀ ਨੀਂਦ ਸੌਂਦਾ ਹੈ, ਜਦੋਂ ਤੱਕ ਅਜਿਹੇ ਬਹਾਦਰ ਜਵਾਨ ਸਾਡੀਆਂ ਸਰਹੱਦਾਂ 'ਤੇ ਪਹਿਰਾ ਦਿੰਦੇ ਰਹਿਣਗੇ, ਕੋਈ ਦੁਸ਼ਮਣ ਇਸ ਦੇਸ ਦੀ ਏਕਤਾ ਅਤੇ ਅਖੰਡਤਾ ਨੂੰ ਭੰਗ ਕਰਨ ਦੀ ਹਿੰਮਤ ਨਹੀਂ ਕਰ ਸਕਦੇ।

ਬੇਟੀ ਨੇ ਫਲਾਇੰਗ ਲੈਫਟੀਨੈਂਟ ਬਣ ਭੇਟ ਕੀਤੀ ਸ਼ਹੀਦ ਪਿਤਾ ਨੂੰ ਸ਼ਰਧਾਂਜਲੀ: ਕੁੰਵਰ ਵਿੱਕੀ ਸ਼ਹੀਦ ਸੈਨਿਕ ਪਰਿਵਾਰ ਸੁੱਰਖਿਆ ਪ੍ਰੀਸਦ ਜਨਰਲ ਸਕੱਤਰ ਕੁੰਵਰ ਰਵਿੰਦਰ ਸਿੰਘ ਵਿੱਕੀ ਨੇ ਕਿਹਾ ਕਿ ਬਹਾਦਰੀ, ਤਿਆਗ ਅਤੇ ਕੁਰਬਾਨੀ ਦਾ ਦੂਜਾ ਨਾਂ ਦੇਸ ਦਾ ਬਹਾਦਰ ਸੈਨਿਕ ਹੈ, ਜੋ ਆਪਣੇ ਪਰਿਵਾਰਕ ਰਿਸ਼ਤਿਆਂ ਨੂੰ ਤਿਆਗ ਕੇ ਦੇਸ ਦੀ ਸੁਰੱਖਿਆ ਲਈ ਆਪਣੀ ਜਾਨ ਦੀ ਕੁਰਬਾਨੀ ਦੇ ਕੇ ਫੌਜੀ ਫਰਜ ਨਿਭਾਉਂਦਾ ਹੈ। ਉਨ੍ਹਾਂ ਕਿਹਾ ਕਿ ਗਰੁੱਪ ਕੈਪਟਨ ਜੀ.ਐਸ.ਚੀਮਾ ਦਾ ਇੱਕ ਹੀ ਸੁਪਨਾ ਸੀ ਕਿ ਉਨ੍ਹਾਂ ਦੀ ਬੇਟੀ ਕੁੰਜਪ੍ਰੀਤ ਕੌਰ ਵੀ ਏਅਰਫੋਰਸ ਵਿੱਚ ਅਫਸਰ ਬਣ ਕੇ ਉਨ੍ਹਾਂ ਵਾਂਗ ਦੇਸ ਦੀ ਸੇਵਾ ਕਰੇ।

ਪਿੰਡ ਵਾਸੀਆਂ ਵੱਲੋਂ ਸ਼ਹੀਦ ਦਾ ਯਾਦਗਿਰੀ ਗੇਟ ਬਣਾਉਣ ਦੇ ਕੀਤੇ ਐਲਾਨ ਦਾ ਸਮਰਥਨ ਕਰਦਿਆਂ ਕੰਵਲਪ੍ਰੀਤ ਸਿੰਘ ਕਾਕੀ ਨੇ ਆਪਣੇ ਵੱਲੋਂ ਕਮੇਟੀ ਨੂੰ 21 ਹਜਾਰ ਰੁਪਏ ਦੀ ਨਗਦ ਰਾਸ਼ੀ ਭੇਟ ਕੀਤੀ, ਜਦਕਿ ਵਜੀਰ ਸਿੰਘ ਲਾਲੀ ਨੇ ਵੀ ਆਪਣੇ ਵੱਲੋਂ 21 ਹਜਾਰ ਰੁਪਏ ਦੀ ਰਾਸ਼ੀ ਭੇਟ ਕਰਨ ਦਾ ਐਲਾਨ ਕੀਤਾ। ਇਸ ਮੌਕੇ ਬਾਬਾ ਹਰਪਿੰਦਰ ਸਿੰਘ, ਬਲਦੇਵ ਸਿੰਘ ਨਿਮਾਣਾ, ਲਖਵਿੰਦਰ ਸਿੰਘ ਭਿੰਡਰ, ਗੁਰਸਾਹਿਬ ਸਿੰਘ, ਮਨਜੀਤ ਸਿੰਘ ਕੰਗ, ਗੁਰਪ੍ਰੀਤ ਸਿੰਘ ਰਿਆੜ, ਸਾਬਕਾ ਸਰਪੰਚ ਦਲੇਰ ਸਿੰਘ, ਰਮਨ ਵਾਹਲਾ, ਰਾਜੇਸ ਕੁਮਾਰ, ਸਰਪੰਚ ਹਰਪਾਲ ਸਿੰਘ, ਰਾਜਵਿੰਦਰ ਸਿੰਘ, ਰਵਿੰਦਰ ਭੱਟੀ, ਹਰਜੋਤ ਸਿੰਘ, ਜਗਰੂਪ ਸਿੰਘ ਰਿਆੜ ਆਦਿ ਹਾਜਰ ਸਨ।

# ਰਾਸ਼ਟਰੀ ਵਿਗਿਆਨ ਦਿਹਾੜਾ ਮਨਾਇਆ



ਕਾਦੀਆ (ਯਾਦਵਿੰਦਰ ਸਿੰਘ ਮਲਹੋਤਰਾ) ਸਿੱਖ ਨੈਸ਼ਨਲ ਕਾਲਜ ਕਾਦੀਆਂ ਦੀ ਸਾਇੰਸ ਸੁਸਾਇਟੀ ਵੱਲੋਂ ਰਾਸਟਰੀ ਸਾਇੰਸ ਦਿਹਾੜਾ ਮਨਾਇਆ ਗਿਆ। ਇਸ ਮੌਕੇ ਕਰਵਾਏ ਸਮਾਗਮ ਦੀ ਅਗਵਾਈ ਕਾਲਜ ਪ੍ਰਿੰਸੀਪਲ ਡਾਕਟਰ ਹਰਪ੍ਰੀਤ ਸਿੰਘ ਹੁੰਦਲ ਤੇ ਭੋਤਵ ਵਿਗਿਆਨ ਦੇ ਮੁਖੀ ਪ੍ਰੋਫੈਸਰ ਕੁਲਵਿੰਦਰ ਸਿੰਘ ਵੱਲੋਂ ਕੀਤੀ ਗਈ। ਇਸ ਮੌਕੇ ਸਾਇੰਸ ਸੋਸਾਇਟੀ ਨਾਲ ਜੁੜੇ ਸਮੂਹ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ। ਪ੍ਰਿੰਸੀਪਲ ਡਾਕਟਰ ਹਰਪ੍ਰੀਤ ਸਿੰਘ ਹੁੰਦਲ ਨੇ ਸਮੂਹ ਵਿਦਿਆਰਥੀਆਂ ਅਤੇ ਸਮਾਗਮ ਚ ਸ਼ਾਮਲ ਅਧਿਆਪਕਾਂ ਨੂੰ ਮੁਬਾਰਕ ਭੇਟ ਕਰਦਿਆਂ ਕਿਹਾ ਕਿ ਅਜਿਹੇ ਦਿਹਾੜੇ ਮਨਾਉਣ ਨਾਲ ਅਸੀਂ ਆਪਣੇ ਮਹਾਨ ਖੋਜੀਆਂ ਤੇ ਵਿਸ਼ੇਸ਼ ਦੀ ਪੜਚੋਲ ਕਰਕੇ ਨਵੀਆਂ ਦਿਸ਼ਾ ਪ੍ਰਾਪਤ ਕਰਦੇ ਹਾਂ ਵਿਦਿਆਰਥੀ ਵਰਗ ਨੂੰ ਪ੍ਰੇਰਨਾ ਸਰੋਤ ਪ੍ਰਾਪਤ ਹੁੰਦੇ ਹਨ। ਭੌਤਿਕ ਵਿਗਿਆਨ ਵਿਭਾਗ ਦੇ ਮੁਖੀ ਪ੍ਰੋਫੈਸਰ ਕੁਲਵਿੰਦਰ ਸਿੰਘ ਨੇ ਕਿਹਾ ਕਿ ਸਾਇੰਸ ਦਿਹਾੜੇ ਮੌਕੇ ਨੋਬਲ ਪੁਰਸਕਾਰ ਸਾਇੰਸਦਾਨ ਡਾਕਟਰ ਸੀ ਵੀ ਰਮਨ ਨੂੰ ਯਾਦ ਕਰਦੇ ਹੋਏ ਜਿਨਾਂ ਦੀਆਂ ਭੌਤਿਕ ਵਿਗਿਆਨ ਵਿੱਚ ਕੀਤੀਆਂ ਖੋਜਾਂ ਅੱਜ ਵੀ ਨਵੇਂ ਵਿਗਿਆਨੀਆਂ ਲਈ ਲਾਹੇਵੰਦ ਹਨ ਗਣਿਤ ਵਿਭਾਗ ਦੇ ਪ੍ਰੋਫੈਸਰ ਰਾਕੇਸ ਕੁਮਾਰ ਵੱਲੋਂ ਸਾਇੰਸ ਦਿਹਾੜੇ ਨਾਲ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ ਸਾਇੰਸ ਕਲਾਸਾਂ ਦੇ ਵਿਦਿਆਰਥੀਆਂ ਵੱਲੋਂ ਚਾਰਟ ਤੇ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਉਤਸਾਹ ਨਾਲ ਹਿੱਸਾ ਲਿਆ ਗਿਆ। ਇਸ ਮੌਕੇ ਪ੍ਰੋਫੈਸਰ ਕੁਲਵਿੰਦਰ ਸਿੰਘ, ਪ੍ਰੋਫੈਸਰ ਰਕੇਸ਼ ਕੁਮਾਰ, ਪ੍ਰੋਫੈਸਰ ਰਾਜਦੀਪ ਸਿੰਘ, ਸਾਇੰਸ ਲੈਬ ਬਲਰਾਜ ਸਿੰਘ, ਅਮਨਦੀਪ ਸਿੰਘ ਸਮੇਤ ਸਟਾਫ ਮੈਂਬਰ ਹਾਜ਼ਰ ਸਨ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੋਹਾਲੀ ਹਲਕੇ ਤੋਂ 6ਵੀਂ ਬੱਸ ਰਵਾਨਾ



ਮੋਹਾਲੀ (ਗੁਰਜੀਤ ਬਿੱਲਾ) ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ- ਤਹਿਤ ਸ਼ਰਧਾਲੂਆਂ ਦੇ ਜੱਥੇ ਵਾਲੀ ਛੇਵੀਂ ਬੱਸ-ਮਾਤਾ ਚਿੰਤਪੁਰਨੀ, ਮਾਤਾ ਜਵਾਲਾ ਜੀ ਅਤੇ ਸ਼੍ਰੀ ਅਨੰਦਪੁਰ ਸਾਹਿਬ ਦੇ ਦਰਸ਼ਨਾਂ ਲਈ ਅੱਜ ਗੁਰਦੁਆਰਾ ਸਿੰਘ ਸਭਾ, ਫੇਜ਼- 11 ਤੋਂ ਰਵਾਨਾ ਕੀਤੀ ਗਈ, ਵੱਖ-ਵੱਖ ਤੀਰਥ ਸਥਾਨਾਂ ਦੀ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਸਫਰ ਦੇ ਲਈ ਲੋੜੀਂਦੇ ਸਾਮਾਨ ਦੀ ਕਿੱਟ ਆਮ ਆਦਮੀ ਪਾਰਟੀ ਦੇ ਯੂਥ ਨੇਤਾ ਅਤੇ ਕੌਂਸਲਰ ਸਰਬਜੀਤ ਸਿੰਘ ਸਮਾਣਾ ਨੇ ਸ਼ਰਧਾਲੂਆਂ ਦੇ ਸਪੁਰਦ ਕੀਤੀ, ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੌਂਸਲਰ ਸਰਬਜੀਤ ਸਿੰਘ ਸਮਾਣਾ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਦੀਆਂ ਭਾਵਨਾਵਾਂ ਨੂੰ ਸਮਝਦੇ ਹੋਏ ਅਤੇ ਵਿਸ਼ੇਸ਼ ਕਰਕੇ ਸੀਨੀਅਰ ਸਿਟੀਜਨ ਦੀ ਸੁਵਿਧਾ ਅਤੇ ਤੀਰਥ ਯਾਤਰਾ ਤੇ ਜਾਣ ਦੀ ਇੱਛਾ ਦੇ ਚਲਦਿਆਂ ਇਹ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਅਤੇ ਜਿਹੜੇ ਸ਼ਰਧਾਲੂ ਸੰਗਤ ਦੇ ਨਾਲ ਹੀ ਤੀਰਥ ਯਾਤਰਾ ਤੇ ਜਾਣਾ ਚਾਹੁੰਦੇ ਸਨ ਅਤੇ ਕਿਸੇ ਕਾਰਨ ਕਰਕੇ ਉਹ ਤੀਰਥ ਯਾਤਰਾ ਤੇ ਨਹੀਂ ਜਾ ਸਕੇ ਸਨ, ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ ਤੀਰਥ ਯਾਤਰਾ ਯੋਜਨਾ ਦੇ ਲਈ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਦੇ ਸ਼ੁਕਰਗੁਜ਼ਾਰ ਹਨ। ਇਸ ਮੌਕੇ ਸ਼ਰਧਾਲੂ ਮੀਨਾਕਸ਼ੀ ਨੇ ਕਿਹਾ ਕਿ ਮੁੱਖ ਮੰਤਰੀ ਸੂਬੇ ਦੇ ਪੁੱਤਰ ਵਾਂਗ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ।ਇਸ ਮੌਕੇ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ ਫੇਜ਼- 11 ਦੇ ਪ੍ਰਧਾਨ -ਹਰਜੀਤ ਸਿੰਘ, ਕੈਪਟਨ ਕਰਨੈਲ ਸਿੰਘ, ਆਰ.ਐਸ ਢਿੱਲੋਂ, ਡਾਕਟਰ ਰਵਿੰਦਰ ਕੰਬਾਲਾ, ਸਾਬਕਾ ਕੌਂਸਲਰ- ਹਰਪਾਲ ਸਿੰਘ ਚੰਨਾ, ਨੰਬਰਦਾਰ ਹਰਸੰਗਤ ਸਿੰਘ ਸੁਹਾਣਾ, ਅੰਜਲੀ ਸ਼ਰਮਾ, ਗੱਜਣ ਸਿੰਘ, ਉਪਿੰਦਰਜੀਤ ਕੌਰ, ਹਰਵਿੰਦਰ ਕੌਰ -ਬਲਾਕ ਪ੍ਰਧਾਨ- ਆਮ ਆਦਮੀ ਪਾਰਟੀ, ਤਰੁਣਜੀਤ ਸਿੰਘ ਸਵਰਨ ਲਤਾ, ਅਮਰਜੀਤ ਸਿੰਘ,ਗੁਰਦੇਵ ਸਿੰਘ,ਗੋਬਿੰਦਰ ਮਾਵੀ, ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਰਹੇ।

# ਸ.ਫਾਈ ਕਰਮਚਾਰੀ ਹੜਤਾਲ 'ਤੇ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ) ਆਮ ਆਦਮੀ ਪਾਰਟੀ ਦੇ ਕੱਲ ਕਾਦੀਆਂ ਵਿੱਚ ਸਫ਼ਾਈ ਵਹੀਕਲ ਸ਼ਹਿਰ ਨੂੰ ਸਮਰਪਿਤ ਕਰਨ ਦੇ ਲਈ ਰੱਖੇ ਗਏ ਸਮਾਰੋਹ ਨੂੰ ਪ੍ਰਧਾਨ ਨਗਰ ਕੌਂਸਲ ਕਾਦੀਆਂ ਨੇ ਆਪਣੇ ਕਾਂਗਰਸੀ ਕੌਂਸਲਰਾਂ ਦੇ ਸਹਿਯੋਗ ਨਾਲ ਫੇਲ੍ਹ ਕਰਦਿਆਂ ਆਪੇ ਹੀ ਇਨ੍ਹਾਂ ਵਹੀਕਲਾਂ ਨੂੰ ਹਰੀ ਵਿਖਾ ਕੇ ਮੈਦਾਨ ਵਿੱਚ ਉਤਾਰ ਦਿੱਤਾ ਸੀ। ਉਸ ਸੰਬੰਧ ਵਿੱਚ ਈ ਓ ਅਰੁਣ ਕੁਮਾਰ ਨੇ ਵਹੀਕਲਾਂ ਨੂੰ ਚਲਾਉਣ ਵਾਲੇ ਤਿੰਨ ਕੱਚੇ ਮੁਲਾਜ਼ਮਾਂ ਨੂੰ ਫ਼ਾਰਗ਼ ਕਰ ਦਿੱਤਾ।ਜਿਸ 'ਤੇ ਸਫ਼ਾਈ ਸੇਵਕ ਭੜਕ ਗਏ।ਸਫ਼ਾਈ ਸੇਵਕਾਂ ਨੂੰ ਸ਼ਹਿਰ ਵਿੱਚ ਹੜਤਾਲ ਕਰ ਦਿੱਤੀ ਹੈ ਅਤੇ ਮੰਗ ਕਰ ਰਹੇ ਹਨ ਕਿ ਕੱਚੇ ਮੁਲਾਜ਼ਮਾਂ ਨੂੰ ਫ਼ਾਰਗ਼ ਕਰਨ ਦਾ ਕੋਈ ਮਤਲਬ ਨਹੀਂ ਹੈ ਇਨ੍ਹਾਂ ਮੁਲਾਜ਼ਮਾਂ ਨੂੰ ਨਗਰ ਕੌਂਸਲ ਦੇ ਅਧਿਕਾਰੀ ਤੋਂ ਹੀ ਗੱਡੀ ਚਲਾਉਣ ਲਈ ਵਾਹਨਾਂ ਦੀ ਚਾਬੀ ਦਿੱਤੀ ਗਈ।ਮੁਲਾਜ਼ਮਾਂ ਦਾ ਕਹਿਣਾ ਹੈ ਕਿ ਕਾਰਵਾਈ ਜੇ ਕਰਨੀ ਹੈ ਤਾਂ ਉਨ੍ਹਾਂ ਮੁਲਾਜ਼ਮਾਂ ਜਾਂ ਅਧਿਕਾਰੀਆਂ ਵਿਰੁੱਧ ਕੀਤੀ ਜਾਣੀ ਚਾਹੀਦੀ ਹੈ ਜਿਨ੍ਹਾਂ ਨੇ ਵਹੀਕਲਾਂ ਦੀ ਚਾਬੀ ਸਫ਼ਾਈ ਕਰਮਚਾਰੀਆਂ ਨੂੰ ਦਿੱਤੀਆਂ।ਇਸ ਵਿੱਚ ਸਫ਼ਾਈ ਕਰਮਚਾਰੀਆਂ ਦਾ ਕੋਈ ਕਸੂਰ ਨਹੀਂ ਹੈ।

ਸਫ਼ਾਈ ਸੇਵਕਾਂ ਦਾ ਕਹਿਣਾ ਹੈ ਕਿ ਨਗਰ ਕੌਂਸਲ ਦੇ ਈ ਓ ਅਰੁਣ ਕੁਮਾਰ ਨੂੰ ਗੱਲਬਾਤ ਕਰਨ ਲਈ ਪੂਰਾ ਦਿਨ ਨਗਰ ਕੌਂਸਲ ਦੇ ਦਫ਼ਤਰ ਦੇ ਬਾਹਰ ਉਡੀਕਦੇ ਰਹੇ।ਪਰ ਉਹ ਦਫ਼ਤਰ ਆਏ ਹੀ ਨਹੀ ਕਸਬੇ ਅੰਦਰ ਹੋਈ ਇਸ ਸਫਾਈ ਮੁਲਾਜ਼ਮਾ ਦੀ ਹੜਤਾਲ ਜੋ ਕਿ ਦੂਸਰੇ ਦਿਨ ਵਿੱਚ ਜਾਣ ਕਰਕੇ ਸ਼ਹਿਰ ਵਿੱਚ ਅਤੇ ਬਾਜ਼ਾਰਾਂ ਵਿੱਚ ਗੰਦਗੀ ਦੇ ਢੇਰ ਲੱਗਣੀ ਸ਼ੁਰੂ ਹੋ ਗਏ ਹਨ, ਜਿਸ ਕਰਕੇ ਆਮ ਰਾਹਗੀਰ ਅਤੇ ਸ਼ਹਿਰ ਵਾਸੀ ਡਾਢੇ ਪਰੇਸ਼ਾਨ ਹੋ ਰਹੇ ਹਨ ਗੰਦਗੀ ਦੇ ਲੱਗੇ ਇਨਾ ਢੇਰਾਂ ਦੀ ਬਦਬੂ ਕਰਕੇ ਭਿਆਨਕ ਬਿਮਾਰੀਆਂ ਵੀ ਲੱਗ ਸਕਦੀਆਂ ਹਨ ਦੂਜੇ ਪਾਸੇ ਜਦੋਂ ਈ ਓ ਅਰੁਣ ਕੁਮਾਰ ਨੂੰ ਫ਼ੋਨ ਤੇ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਫ਼ੋਨ ਅਟੈਂਡ ਹੀ ਨਹੀਂ ਕੀਤਾ। ਸਫ਼ਾਈ ਸੇਵਕਾਂ ਦੇ ਹੜਤਾਲ 'ਤੇ ਚਲੇ ਜਾਣ ਤੇ ਸ਼ਹਿਰ ਵਿੱਚ ਸਫ਼ਾਈ ਵਿਵਸਥਾ ਚਰਮਰਾ ਗਈ ਹੈ।

# 'ਪੰਜਾਬ ਸਰਕਾਰ ਲੋਕਾਂ ਦੇ ਦੁਆਰ' ਪ੍ਰੋਗਰਾਮ ਤਹਿਤ ਮੁੱਛਲ 'ਚ ਕੈਂਪ ਲਗਾਇਆ



ਟਾਂਗਰਾ: (ਲਾਡੀ ਮੱਲੀ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਹਰ ਪਿੰਡ ਵਿਚ ਘਰਾਂ ਦੇ ਨਜ਼ਦੀਕ ਕੈਂਪ ਲਗਾ ਕੇ ਸਰਕਾਰੀ ਸਹੂਲਤਾਂ ਦੇਣ ਲਈ ਆਪ ਦੀ ਸਰਕਾਰ ਆਪ ਦੇ ਦੁਆਰ ਮੁਹਿੰਮ ਚਾਲੂ ਕੀਤੀ ਗਈ ਹੈ। ਸਵਿੰਦਰ ਸਿੰਘ ਮੁੱਛਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਮੁੱਛਲ ਵਿਚ ਲਗਾਏ ਗਏ ਕੈਂਪ ਵਿਚ ਸਾਰੇ ਹੀ ਵਿਭਾਗਾਂ ਦੇ ਕਰਮਚਾਰੀ/ਅਧਿਕਾਰੀ ਪਹੁੰਚੇ ਹੋਏ ਸਨ।ਹੁਣ ਲੋਕਾਂ ਨੂੰ ਕਿਸੇ ਵੀ ਕੰਮ ਲਈ ਦਫਤਰਾਂ ਵਿਚ ਚੱਕਰ ਨਹੀਂ ਮਾਰਨੇ ਪੈਂਦੇ ਘਰਾਂ ਵਿਚ ਬੈਠਿਆਂ ਸਾਰੀਆਂ ਮੁਸ਼ਕਿਲਾ ਦਾ ਹੱਲ ਹੋ ਰਿਹਾ ਹੈ।

ਇਸ ਸਮੇਂ ਕੈਂਪ ਦਾ ਨਿਰੀਖਣ ਕਰਨ ਲਈ ਮੈਡਮ ਸੁਹਿੰਦਰ ਕੌਰ ਪਤਨੀ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਵੀ ਪਹੁੰਚੇ ਹੋਏ ਸਨ।ਜਿਹੜੇ ਅਨਪੜ ਜਾਂ ਬਜ਼ੁਰਗ ਦਿਹਾੜੀਦਾਰ ਮਜਦੂਰ ਆਪਣੇ ਕੰਮਕਾਰ ਛੱਡਕੇ ਦਫਤਰਾਂ ਤੱਕ ਨਹੀਂ ਪਹੁੰਚ ਸਕਦੇ ਅੱਜ ਉਹਨਾਂ ਨੂੰ 43 ਤਰਾਂ ਦੀਆਂ ਸੇਵਾਵਾਂ ਇੰਨਾਂ ਕੈਂਪਾਂ ਵਿਚ ਮੌਕੇ ਤੇ ਹੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਇਸ ਸਮੇਂ ਪ੍ਰਮੁਖ ਆਗੂ ਸਵਿੰਦਰ ਸਿੰਘ ਮੁੱਛਲ, ਰਣਜੀਤ ਸਿੰਘ ਰਾਣਾ, ਕਸ਼ਮੀਰ ਸਿੰਘ, ਮੇਜਰ ਸਿੰਘ ਫੌਜੀ, ਦਰਸ਼ਨ ਸਿੰਘ, ਕੁਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਆਤਮ ਪਬਲਿਕ ਸਕੂਲ ਵਿਖੇ ਹੋਇਆ ਸਾਲਾਨਾ ਇਨਾਮ ਵੰਡ ਸਮਾਰੋਹ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਵਿੱਦਿਆ ਦੇ ਖੇਤਰ ਵਿਚ ਮੋਹਰੀ ਰੋਲ ਅਦਾ ਕਰਨ ਵਾਲਾ ਸਥਾਨਕ ਆਤਮ ਪਬਲਿਕ ਸਕੂਲ ਇਸਲਾਮਾਬਾਦ ਵਿਖੇ ਅਜ ਸਕੂਲ ਦਾ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਜਿਸ ਦੀ ਪ੍ਰਧਾਨਗੀ ਪੰਜਾਬੀ ਅਤੇ ਹਿੰਦੀ ਫਿਲਮਾਂ ਦੇ ਨਾਮਵਰ ਚਿਹਰੇ ਸਵਿੰਦਰ ਮਾਹਲ, ਹਰਦੀਪ ਗਿੱਲ, ਅਨੀਤਾ ਦੇਵਗਨ, ਅਰਵਿੰਦਰ ਸਿੰਘ ਭੱਟੀ, ਸੁਰਿੰਦਰ ਫਰਿਸ਼ਤਾ ਅਤੇ ਦੀਪ ਦੇਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਕੀਤੀ, ਜਦਕਿ ਹਲਕਾ ਅੰਮ੍ਰਿਤਸਰ ਉੱਤਰੀ ਦੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ, ਹਲਕਾ ਪੱਛਮੀ ਦੇ ਵਿਧਾਇਕ ਜਸਬੀਰ ਸਿੰਘ ਸੰਧੂ, ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਅਸ਼ੋਕ ਤਲਵਾੜ, ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਦੇ ਧਰਮ ਪਤਨੀ ਸਰਦਾਰਨੀ ਸੁਰਿੰਦਰ ਕੌਰ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ।

ਸਕੂਲ ਦੇ ਡਾਇਰੈਕਟਰ ਪ੍ਰਤੀਕ ਸਹਿਦੇਵ ਦੇ ਸਵਾਗਤੀ ਸ਼ਬਦਾਂ ਨਾਲ ਸ਼ੁਰੂ ਹੋਏ ਇਸ ਸਮਾਗਮ ਵਿੱਚ ਪ੍ਰਿੰ ਅੰਕਿਤ ਸਹਿਦੇਵ ਨੇ ਸਕੂਲ ਦੀ ਸਾਲਾਨਾ ਰੀਪੋਰਟ ਪੇਸ਼ ਕੀਤੀ। ਫਿਲਮੀ ਅਦਾਕਾਰ ਸਵਿੰਦਰ ਮਾਹਲ ਨੇ ਅੰਮ੍ਰਿਤਸਰ ਨਾਲ ਜੁੜੀਆਂ ਯਾਦਾਂ ਸਾਂਝੀਆਂ ਕਰਦਿਆਂ ਕਿਹਾ ਕਿ ਉਹਨਾਂ ਆਪਣੇ ਕੈਰੀਅਰ ਦੀ ਸ਼ੁਰੂਆਤ ਗੁਰੂ ਨਗਰੀ ਤੋਂ ਉਹਨਾਂ ਦੀ ਬਹੁ ਚਰਚਿਤ ਫਿਲਮ ਪਟਵਾਰੀ ਨਾਲ ਹੀ ਕੀਤੀ ਸੀ। ਹਰਦੀਪ ਗਿੱਲ ਅਤੇ ਅਨੀਤਾ ਦੇਵਗਨ ਨੇ ਵਧਾਈ ਦਿੰਦਿਆ ਕਿਹਾ ਕਿ ਇਹ ਸਕੂਲ ਉਹਨਾਂ ਦੇ ਥੀਏਟਰ ਗਰੁੱਪ ਦੀ ਕਰਮ ਭੂਮੀ ਰਿਹਾ ਹੈ। ਵਿਧਾਇਕ ਕੁੰਵਰ ਵਿਜੇ ਪਰਤਾਪ ਸਿੰਘ, ਵਿਧਾਇਕ ਜਸਬੀਰ ਸਿੰਘ ਸੰਧੂ ਅਤੇ ਸੁਰਿੰਦਰ ਕੌਰ ਨੇ ਵੀ ਸਕੂਲ ਸਟਾਫ ਦੀ ਸਰਾਹਨਾ ਕੀਤੀ।

ਇਸ ਮੌਕੇ ਸੁਮੀਤ ਸਿੰਘ, ਨਾਵਲਕਾਰ ਵਜੀਰ ਸਿੰਘ ਰੰਧਾਵਾ,ਚੰਦਰ ਪ੍ਰਕਾਸ਼, ਸੁਭਾਸ਼ ਪਰਿੰਦਾ, ਨਵਦੀਪ ਕੁਮਾਰ, ਪਰਮਜੀਤ ਕੌਰ, ਤ੍ਰਿਪਤਾ ਮੈਮ, ਪੂਨਮ ਸ਼ਰਮਾ, ਸ਼ਮੀ ਮਹਾਜਨ, ਮੀਨਾਕਸ਼ੀ ਮਿਸ਼ਰਾ, ਨੀਤੂ ਪਰਿੰਦਾ, ਕਮਲਜੋਤ, ਰਿੰਪੀ, ਸ਼ਿਖਾ ਭਲਾ,ਰਵਨੀਤ, ਹਰਜੀਤ ਕੌਰ, ਮੀਨਾਕਸ਼ੀ ਟਾਂਗਰੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਧਿਆਪਕ,ਮਾਪੇ ਅਤੇ ਵਿਦਿਆਰਥੀ ਹਾਜ਼ਰ ਸਨ।

# ਸਰਕਾਰ ਆਂਗਣਵਾੜੀ ਯੂਨੀਅਨ ਨੇ ਚੇਅਰਮੈਨ ਮਿਆਦੀਆਂ ਨੂੰ ਦਿੱਤਾ ਮੰਗ ਪੱਤਰ



ਅਜਨਾਲਾ (ਸੁੱਖਜਿੰਦਰ ਸਿੰਘ ਰਾਜੂ) ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਪੰਜਾਬ ਦੀ ਪ੍ਰਧਾਨ ਮੈਡਮ ਬਰਿੰਦਰਜੀਤ ਕੌਰ ਦੀ ਅਗਵਾਈ ਹੇਠ ਆਂਗਣਵਾੜੀ ਵਰਕਰਾਂ ਦਾ ਇੱਕ ਵਫਦ ਪਨਗਰੇਨ ਦੇ ਚੇਅਰਮੈਨ ਬਲਦੇਵ ਸਿੰਘ ਮਿਆਦੀਆਂ ਅਤੇ ਇਸਤਰੀ ਵਿੰਗ ਪੰਜਾਬ ਦੀ ਵਾਈਸ ਪ੍ਰਧਾਨ ਮੈਡਮ ਸੀਮਾ ਸੋਡੀ ਨੂੰ ਮਿਲਿਆ ਅਤੇ ਆਪਣੀਆਂ ਹੱਕੀ ਮੰਗਾਂ ਪ੍ਰਤੀ ਸਰਕਾਰ ਨੂੰ ਜਾਣੂ ਕਰਵਾਇਆ। ਮੰਗ ਪੱਤਰ ਵਿੱਚ ਮੰਗ ਕੀਤੀ ਗਈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਤੋਂ ਪਹਿਲਾਂ ਆਂਗਣਵਾੜੀ ਵਰਕਰਾਂ ਨਾਲ ਵਾਅਦਾ ਕੀਤਾ ਗਿਆ ਸੀ ਕਿ ਆਂਗਣਵਾੜੀ ਵਰਕਰਾਂ ਦੀ ਤਨਖਾਹ ਵਧਾਈ ਜਾਵੇਗੀ ਪਰ ਸਰਕਾਰ ਨੇ ਦੋ ਸਾਲ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਵੀ ਵਰਕਰਾਂ ਅਤੇ ਹੈਲਪਰਾਂ ਦੀ ਤਨਖਾਹ ਵਿੱਚ ਵਾਧਾ ਨਹੀਂ ਕੀਤਾ ਬਲਦੇਵ ਸਿੰਘ ਮਿਆਧੀਆਂ ਕੋਲੋਂ ਮੰਗ ਕਰਦੇ ਆਂ ਮੈਡਮ ਬਰਿੰਦਰਜੀਤ ਕੌਰ ਨੇ ਕਿਹਾ ਕਿ ਆਉਣ ਵਾਲਾ ਵਿਧਾਨ ਸਭਾ ਸੈਸ਼ਨ ਵਿੱਚ ਆਂਗਣਵਾੜੀ ਵਰਕਰਾਂ ਹੈਲਬਰਾਂ ਦਈਏ ਮੰਗਾਂ ਪ੍ਰਤੀ ਮੁੱਦਾ ਚੁੱਕਿਆ ਜਾਵੇ ਅਤੇ ਪੰਜਾਬ ਸਰਕਾਰ ਕੋਲੋਂ ਇਹਨਾਂ ਦੀਆਂ ਬਣਦੀਆਂ ਹੱਕੀ ਮੰਗਾਂ ਪ੍ਰਵਾਨ ਕਰਵਾਈਆਂ ਜਾਣ। ਇਸ ਮੌਕੇ ਬਲਾਕ 'ਚ ਚੁਗਾਵਾਂ ਦੀ ਪ੍ਰਧਾਨ ਕੁਲਵੀਰ ਕੌਰ, ਗਾਗਰ ਮੱਲ, ਸੂਬਾ ਵਿੱਤ ਸਕੱਤਰ ਹਰਪ੍ਰੀਤ ਕੌਰ, ਮਨਜੀਤ ਕੌਰ, ਬਲਵਿੰਦਰ ਕੌਰ, ਅਮਨਦੀਪ ਕੌਰ ਤੇ ਮੈਡਮ ਅੰਜੂ ਹਾਜ਼ਰ ਸਨ।

# ਗੁਰਦਾਸਪੁਰ ਸ਼ਹਿਰ ਅੰਦਰ ਲੱਗੇ ਗੰਦਗੀ ਦੇ ਢੇਰਾਂ ਤੋਂ ਬਿਮਾਰੀਆਂ ਫੈਲਣ ਦਾ ਖ਼ਦਸ਼ਾ



ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ ਸ਼ਹਿਰ ਅਤੇ ਆਸ-ਪਾਸੇ ਲੱਗੇ ਗੰਦਗੀ ਦੇ ਢੇਰਾਂ ਕਾਰਨ ਜਿੱਥੇ ਭਿਆਨਕ ਬਿਮਾਰੀਆਂ ਫੈਲਣ ਦਾ ਖ਼ਦਸ਼ਾ ਪਾਇਆ ਜਾ ਰਿਹਾ ਹੈ ਉੱਥੇ ਹੀ ਇਹ ਕੂੜੇ ਦੇ ਢੇਰ ਸ਼ਹਿਰ ਅੰਦਰ ਆਉਣ ਜਾਣ ਵਾਲਿਆਂ ਦਾ ਵੀ ਮੂੰਹ ਚਿੜਾ ਰਹੇ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਸ਼ਹਿਰ ਅੰਦਰ ਕੰਮ ਕਰਨ ਵਾਲੇ ਰੇਹੜੀ ਫੜੀ ਅਤੇ ਦੁਕਾਨਦਾਰਾਂ ਵੱਲੋਂ ਗਿੱਲੇ ਲਿਫ਼ਾਫ਼ਿਆਂ ਤੋਂ ਇਲਾਵਾ ਹੋਰ ਕੂੜਾ ਕਰਕਟ ਸੜਕਾਂ ਕਿਨਾਰੇ ਸੁੱਟ ਦਿੱਤਾ ਜਾਂਦਾ ਹੈ ਅਤੇ ਬਾਅਦ ਵਿਚ ਇਸ ਗਿੱਲੇ ਕੂੜੇ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ। ਅੱਗ ਲੱਗਣ ਤੋਂ ਬਾਅਦ ਗਿੱਲੇ ਕੂੜੇ ਤੋਂ ਉੱਠਦੇ ਧੂੰਏਂ ਕਾਰਨ ਲੋਕਾਂ ਦਾ ਸਾਹ ਲੈਣਾ ਵੀ ਮੁਸ਼ਕਲ ਹੋ ਜਾਂਦਾ ਹੈ। ਗੁਰਦਾਸਪੁਰ ਸ਼ਹਿਰ ਤੋਂ ਪਿੰਡਾਂ ਨੂੰ ਜਾਣ ਵਾਲੀਆਂ ਸੜਕਾਂ 'ਤੇ ਇਹ ਕੂੜੇ ਦੇ ਢੇਰ ਆਮ ਦੇਖੇ ਜਾ ਸਕਦੇ ਹਨ ਜਿਸ ਕਾਰਨ ਇਥੋਂ ਗੁਜ਼ਰਨਾ ਰਾਹੀਗਰ ਲਈ ਬੇਹੱਦ ਔਖਾ ਹੋ ਜਾਂਦਾ ਹੈ। ਗੰਦਗੀ ਦੇ ਢੇਰਾਂ ਕਾਰਨ ਭਿਆਨਕ ਬਿਮਾਰੀ ਫੈਲਣ ਦਾ ਖ਼ਤਰਾ ਬਣਿਆ ਹੋਇਆ ਹੈ। ਲੋਕਾਂ ਦਾ ਕਹਿਣਾ ਹੈ ਕਿ ਸਫ਼ਾਈ ਨੂੰ ਲੈ ਕੇ ਮਾੜੀ ਕਾਰਗੁਜ਼ਾਰੀ ਕਰਕੇ ਸ਼ਹਿਰ ਵਿਚੋਂ ਲੰਘਣਾ ਮੁਸ਼ਕਲ ਹੋਇਆ ਪਿਆ ਹੈ। ਲੋਕਾਂ ਨੇ ਦੱਸਿਆ ਕਿ ਗਲੀਆਂ-ਸੜੀਆਂ ਸਬਜ਼ੀਆਂ ਦੇ ਢੇਰਾਂ 'ਤੇ ਆਵਾਰਾ ਪਸ਼ੂ ਘੁੰਮਦੇ ਰਹਿੰਦੇ ਹਨ ਜੋ ਕਿ ਆਉਣ-ਜਾਣ ਵਾਲੇ ਰਾਹਗੀਰਾਂ ਨੂੰ ਵੀ ਜ਼ਖਮੀ ਕਰਦੇ ਹਨ। ਲੋਕਾਂ ਨੇ ਮੰਗ ਕੀਤੀ ਸ਼ਹਿਰ ਅੰਦਰ ਥਾਂ-ਥਾਂ 'ਤੇ ਲੱਗੇ ਗੰਦਗੀ ਦੇ ਢੇਰਾਂ ਨੂੰ ਚੁੱਕਣ ਤੋਂ ਇਲਾਵਾ ਦੁਕਾਨਦਾਰਾਂ ਨੂੰ ਵੀ ਗਲੇ-ਸੜੇ ਕੂੜੇ ਨੂੰ ਸੁੱਟਣ ਤੋਂ ਸਖ਼ਤੀ ਨਾਲ ਰੋਕਿਆ ਜਾਵੇ ਤਾਂ ਜੋ ਸ਼ਹਿਰ ਗੁਰਦਾਸਪੁਰ ਪੂਰੀ ਤਰ੍ਹਾਂ ਸਾਫ਼-ਸੁਥਰਾ ਰਹਿ ਸਕੇ।

29-feb-PAGE-4.qxd 2/28/2024 10:56 PM Page 1

ਨਵਾਂ ਜ਼ਮਾਨਾ
ਵੀਰਵਾਰ, 29 ਫਰਵਰੀ 2024

# ਅਸਲ ਮੁੱਦੇ

ਮਿਰਜ਼ਾ ਗਾਲਿਬ ਨੇ ਕਿਹਾ ਸੀ—ਮੈਂ ਭੀ ਮੂੰਹ ਮੇਂ ਜ਼ੁਬਾਨ ਰੱਖਤਾ ਹੂੰ, ਕਾਸ਼ ਪੂਛੋ ਕਿ ਮੁੱਦਾ ਕਯਾ ਹੈ।

ਜਮਹੂਰੀਅਤ ਪੁੱਛ ਰਹੀ ਹੈ ਕਿ ਕੁਝ ਹਫਤਿਆਂ ਬਾਅਦ ਹੋ ਰਹੀਆਂ ਲੋਕ ਸਭਾ ਚੋਣਾਂ ਵਿਚ ਮੁੱਦੇ ਕੀ ਹਨ? ਗਾਲਿਬ ਵਾਂਗ ਆਮ ਵੋਟਰਾਂ ਨੂੰ ਵੀ ਖੁਦ ਤੋਂ ਪੁੱਛਣਾ ਚਾਹੀਦਾ ਹੈ ਕਿ ਮੁੱਦੇ ਕਿਹੜੇ ਹਨ? ਇਨ੍ਹਾਂ ਮੁੱਦਿਆਂ ਨੂੰ ਵੋਟਰ ਕਿਸੇ ਵੀ ਕ੍ਰਮ ਵਿਚ ਰੱਖ ਸਕਦੇ ਹਨ—ਜਮਹੂਰੀ ਕਦਰਾਂ-ਕੀਮਤਾਂ ਦੀ ਰਾਖੀ, ਸਮਾਜੀ ਨਿਆਂ, ਆਰਥਕ ਨਿਆਂ, ਸਿਆਸੀ ਨਿਆਂ ਯਕੀਨੀ ਬਣਾਉਣਾ। ਸੰਵਿਧਾਨਕ ਇਮਾਨਦਾਰੀ ਨਾਲ ਜਾਤੀ ਗਣਨਾ ਤੇ ਆਰਥਕ ਸਰਵੇਖਣ ਕਰਵਾਉਣਾ। ਅੰਦੋਲਨਕਾਰੀਆਂ ਨਾਲ ਸੰਵਿਧਾਨਕ ਤਰੀਕੇ ਨਾਲ ਪੇਸ਼ ਆਉਣਾ। ਸ਼ਹਿਰੀਕਰਨ ਦੇ ਨਾਲ-ਨਾਲ ਪਿੰਡਾਂ ਵਿਚ ਸਭਿਆ ਤੇ ਬਿਹਤਰ ਜੀਵਨ ਯਕੀਨੀ ਬਣਾਉਣਾ ਅਤੇ ਪੇਂਡੂਆਂ ਤੇ ਕਿਸਾਨਾਂ ਦੀਆਂ ਦਿੱਕਤਾਂ ਦੂਰ ਕਰਨਾ। ਨਾਗਰਿਕਤਾ ਤੇ ਕੌਮੀਅਤ ਦੇ ਮੁੱਦਿਆਂ ਨੂੰ ਉਛਾਲਣਾ। ਮਹਿਲਾਵਾਂ ਤੇ ਯੌਨ ਸੁਰੱਖਿਆ ਲਈ ਸਾਰੇ ਕਾਨੂੰਨੀ ਉਪਾਵਾਂ ਨੂੰ ਬਿਨਾਂ ਵਿਤਕਰੇ ਦੇ ਲਾਗੂ ਕਰਨਾ। ਖੁਦਮੁਖਤਿਆਰ ਸੰਵਿਧਾਨਕ ਢਾਂਚਿਆਂ ਨੂੰ ਸਿਆਸੀ ਦਖਲਅੰਦਾਜ਼ੀ ਤੋਂ ਬਚਾਉਣਾ। ਨੌਕਰਸ਼ਾਹੀ ਨੂੰ ਪਾਰਟੀ ਸਿਆਸਤ ਤੋਂ ਦੂਰ ਰੱਖਣਾ। ਕਿਸੇ ਵੀ ਤਰ੍ਹਾਂ ਦੀ ਉਗਰਾਹੀ ਲਈ ਉਦਯੋਗਪਤੀਆਂ ਜਾਂ ਕਾਰੋਬਾਰੀਆਂ 'ਤੇ ਸਰਕਾਰੀ ਦਬਾਅ ਨਾ ਬਣਾਉਣਾ। ਵੰਡਪਾਊ ਤੇ ਨਫਰਤੀ ਬਿਆਨਾਂ 'ਤੇ ਪੂਰੀ ਤਰ੍ਹਾਂ ਰੋਕ ਲਾਉਣਾ ਤੇ ਅਜਿਹੇ ਬੁਲਾਰਿਆਂ ਵਿਰੁੱਧ ਸਖਤ ਕਾਰਵਾਈ ਕਰਨਾ। ਬੁਲਡੋਜ਼ਰ ਇਨਸਾਫ ਦੀ ਪ੍ਰਵਿਰਤੀ 'ਤੇ ਤੁਰੰਤ ਰੋਕ ਲਾਉਣਾ। ਰੁਜ਼ਗਾਰ ਲਈ ਢੁਕਵੇਂ ਪ੍ਰਬੰਧ ਕਰਨਾ। ਗਵਾਂਢੀ ਮੁਲਕਾਂ ਨਾਲ ਦੋਸਤਾਨਾ ਰਿਸ਼ਤੇ ਕਾਇਮ ਕਰਨਾ। ਪੈਸੇ ਤੇ ਧਮਕੀ ਨਾਲ ਵਿਧਾਇਕਾਂ ਤੇ ਸਾਂਸਦਾਂ ਦੀ ਖਰੀਦੋ-ਫਰੋਖਤ ਕਰਕੇ ਲੋਕਾਂ ਦੇ ਫਤਵੇ ਨਾਲ ਖਿਲਵਾੜ ਨਾ ਕਰਨਾ।

ਕੁਝ ਕੁ ਮੌਕਾਪ੍ਰਸਤ ਪਾਰਟੀਆਂ ਨੂੰ ਛੱਡ ਕੇ ਲੋਕ ਸਭਾ ਚੋਣਾਂ ਲਈ ਲਕੀਰ ਖਿੱਚੀ ਗਈ ਹੈ। ਇਕ ਪਾਸੇ ਆਰ ਐੱਸ ਐੱਸ ਦੀ ਔਲਾਦ ਭਾਜਪਾ ਤੇ ਉਸ ਦੀਆਂ ਸਹਿਯੋਗੀ ਪਾਰਟੀਆਂ ਹਨ, ਦੂਜੇ ਪਾਸੇ ਖੱਬੀਆਂ ਤੇ ਜਮਹੂਰੀ ਪਾਰਟੀਆਂ ਦਾ ਗਠਜੋੜ 'ਇੰਡੀਆ' ਹੈ। ਭਾਜਪਾ ਨੇ ਬੇਰੁਜ਼ਗਾਰੀ ਤੇ ਮਹਿੰਗਾਈ ਦੇ ਮੁੱਦਿਆਂ ਤੋਂ ਧਿਆਨ ਭਟਕਾਉਣ ਲਈ ਰਾਮ ਮੰਦਰ ਨੂੰ ਮੁੱਖ ਮੁੱਦਾ ਬਣਾਇਆ ਹੋਇਆ ਹੈ, ਜਦਕਿ 'ਇੰਡੀਆ' ਵਿਚ ਸ਼ਾਮਲ ਪਾਰਟੀਆਂ ਮਹਿੰਗਾਈ ਤੇ ਬੇਰੁਜ਼ਗਾਰੀ ਨੂੰ ਮੁੱਖ ਮੁੱਦਾ ਬਣਾ ਕੇ ਚੱਲ ਰਹੀਆਂ ਹਨ। ਜਿਸ ਤਰ੍ਹਾਂ ਮੋਦੀ ਦੇ 10 ਸਾਲਾ ਰਾਜ ਵਿਚ ਆਪਣੇ ਹੱਕਾਂ ਲਈ ਅੰਦੋਲਨ ਕਰਨ ਵਾਲਿਆਂ ਨੂੰ ਦਬਾਇਆ ਗਿਆ ਹੈ, ਅੰਦੋਲਨਕਾਰੀ ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕਣ ਲਈ ਰਾਹ ਵਿਚ ਕਿੱਲ ਗੱਡੇ ਗਏ ਹਨ, ਜੇ ਭਾਜਪਾ ਦੀ ਲਗਾਤਾਰ ਤੀਜੀ ਵਾਰ ਸਰਕਾਰ ਬਣ ਗਈ ਤਾਂ ਸੋਚਿਆ ਜਾ ਸਕਦਾ ਹੈ ਕਿ ਹਾਲਾਤ ਕਿਹੋ ਜਿਹੇ ਬਣ ਜਾਣਗੇ।

# ਟੁੱਟੇ ਵਾਅਦਿਆਂ ਦੀ ਦਾਸਤਾਨ ਵਿਸ਼ਵ ਭਰ ਦਾ ਕਿਸਾਨ ਅੰਦੋਲਨ



ਗੁਰਮੀਤ ਸਿੰਘ ਪਲਾਹੀ

ਪਿਛਲੇ ਕੁਝ ਦਿਨਾਂ 'ਚ ਫਰਾਂਸ, ਇਟਲੀ, ਰੋਮਾਨੀਆ, ਪੋਲੈਂਡ, ਗਰੀਸ, ਜਰਮਨੀ, ਪੁਰਤਗਾਲ, ਨੀਦਰਲੈਂਡ ਅਤੇ ਅਮਰੀਕਾ ਦੇ ਕਿਸਾਨ ਸੜਕਾਂ ਉੱਤੇ ਵਿਰੋਧ ਪ੍ਰਦਰਸ਼ਨ ਕਰਦੇ ਵੇਖੇ ਗਏ। ਫਰਾਂਸ ਵਿੱਚ ਤਾਂ ਸੜਕਾਂ ਠੱਪ ਕਰਨ ਤੋਂ ਬਾਅਦ ਯੂਕਰੇਨ ਦੂਤਾਵਾਸ ਉਤੇ ਮਸ਼ੀਨਾਂ ਨਾਲ ਗੋਹੇ ਦੀ ਬੁਛਾੜ ਕਿਸਾਨਾਂ ਨੇ ਕੀਤੀ। ਭਾਰਤ ਵਿੱਚ ਵੀ ਕਿਸਾਨਾਂ ਦਾ ਅੰਦੋਲਨ ਭਖਿਆ ਪਿਆ ਹੈ। ਕਿਸਾਨਾਂ ਨੂੰ ਰਾਜਧਾਨੀ ਦਿੱਲੀ ਜਾਣੋਂ ਰੋਕਣ ਲਈ ਹਰਿਆਣਾ ਦੀ ਸਰਹੱਦ ਉਤੇ ਵੱਡੀਆਂ ਰੋਕਾਂ ਅਤੇ ਸੁਰੱਖਿਆ ਬਲ ਲਗਾਏ ਹੋਏ ਹਨ। ਅੱਥਰੂ ਗੈਸ ਦੇ ਗੋਲੇ ਛੱਡੇ ਜਾ ਰਹੇ ਹਨ।

ਤਤਕਾਲੀ ਮੰਗਾਂ ਤਾਂ ਭਾਵੇਂ ਵੱਖੋ-ਵੱਖਰੇ ਦੇਸ਼ ਦੇ ਕਿਸਾਨਾਂ ਦੀਆਂ ਕੁਝ ਵੀ ਹੋਣ, ਪਰ ਕਿਸਾਨਾਂ ਦੇ ਹੱਕਾਂ ਦੀ ਲੜਾਈ ਸਿਰਫ਼ ਉਨ੍ਹਾਂ ਦੀ ਰੋਟੀ ਕਮਾਉਣ ਦੀ ਰੱਖਿਆ ਦੀ ਹੀ ਨਹੀਂ ਹੈ, ਉਹ ਸਾਡੇ ਸਮੂਹਿਕ ਖਾਧ ਭਵਿੱਖ ਦੀ ਸਮੱਸਿਆ ਲਈ ਵੀ ਹੈ। ਉਨ੍ਹਾਂ ਦੀਆਂ ਮੰਗਾਂ ਸਿਰਫ਼ ਆਰਥਿਕ ਸੁਰੱਖਿਆ ਲਈ ਹੀ ਨਹੀਂ ਹਨ, ਉਹ ਇੱਕ ਨਿਆਂਪੂਰਨ ਅਤੇ ਟਿਕਾਊ ਖਾਧ ਪ੍ਰਣਾਲੀ ਦਾ ਪ੍ਰਤੀਨਿਧਤ ਕਰਦੀਆਂ ਹਨ, ਜੋ ਕਿਸਾਨਾਂ ਦੀ ਜ਼ਮੀਨ ਦੇ ਪ੍ਰਬੰਧਕ ਦੇ ਰੂਪ ਵਿੱਚ ਮਹੱਤਵਪੂਰਨ ਹਨ। ਦੁਨੀਆ ਦਾ ਪੇਟ ਪਾਲਣ ਵਿੱਚ ਕਿਸਾਨਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਦਰਕਿਨਾਰ ਨਹੀਂ ਕੀਤਾ ਜਾ ਸਕਦਾ।

ਅੱਜ ਦੁਨੀਆ ਭਰ ਵਿੱਚ ਕਿਸਾਨਾਂ ਨੂੰ ਵੱਡੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾ ਦੀ ਰੋਜ਼ੀ-ਰੋਟੀ ਖਤਰੇ ਵਿੱਚ ਹੈ, ਉਨ੍ਹਾਂ ਦੇ ਹੱਕਾਂ ਨੂੰ ਕੁਚਲਿਆ ਜਾ ਰਿਹਾ ਹੈ। ਭਾਰਤ ਵਿੱਚ ਅੱਜ ਵੀ ਦੇਸ਼ ਦੇ ਲੱਖਾਂ ਕਿਸਾਨ ਦਿੱਲੀ ਦੀਆਂ ਸਰਹੱਦਾਂ ਨੂੰ ਘੇਰਨ ਲਈ ਘਰੋਂ ਨਿਕਲ ਚੁੱਕੇ ਹਨ। ਸੱਤਾ ਦੇ ਗਲਿਆਰਿਆਂ ਵਿੱਚ ਉਨ੍ਹਾਂ ਦੀ ਅਵਾਜ਼ ਗੂੰਜਦੀ ਹੈ। ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਦੀ ਮੰਗ ਵੀ ਉਠ ਰਹੀ ਹੈ। ਕਿਸਾਨਾਂ ਦੇ ਹੱਕਾਂ ਦੀ ਲੜਾਈ ਲਈ ਭਾਰਤ ਦੇ ਮੈਦਾਨਾਂ ਤੋਂ ਲੈ ਕੇ ਯੂਰਪ ਦੀਆਂ ਉਪਜਾਊ ਘਾਟੀਆਂ ਤੱਕ ਕਿਸਾਨ ਇਕੱਜੁੱਟ ਹੋ ਰਹੇ ਹਨ।

ਭਾਰਤ ਵਿੱਚ ਕਿਸਾਨ, ਸਾਰੀਆਂ ਫਸਲਾਂ (23) ਦੇ ਲਈ ਘੱਟੋ-ਘੱਟ ਸਮਰੱਥਨ ਮੁੱਲ (ਐੱਮ.ਐੱਸ.ਪੀ.) ਦੀ ਗਰੰਟੀ ਲਈ ਸੜਕਾਂ 'ਤੇ ਮੁੜ ਆਏ ਹਨ। ਤਿੰਨ ਸਾਲ ਪਹਿਲਾਂ ਉਨ੍ਹਾਂ ਕੇਂਦਰ ਸਰਕਾਰ ਵੱਲੋਂ ਬਣਾਏ ਕਾਲੇ ਖੇਤੀ ਕਾਨੂੰਨਾਂ ਦੇ ਵਿਰੋਧ ਵਿੱਚ ਇੱਕ ਵੱਡੀ ਲੜਾਈ ਜਿੱਤੀ ਸੀ। ਸਮਰਥਨ ਮੁੱਲ ਦੀ ਮੰਗ ਉਸ ਵੇਲੇ ਤੋਂ ਹੀ ਲਟਕਦੀ ਆ ਰਹੀ ਹੈ। ਜਿਸ ਸੰਬੰਧੀ ਕੇਂਦਰ ਸਰਕਾਰ ਨੇ ਟਾਲ-ਮਟੋਲ ਦੀ ਨੀਤੀ ਅਪਨਾਈ ਰੱਖੀ, ਵਾਅਦੇ ਕੀਤੇ, ਜੋ ਕਦੇ ਵੀ ਵਫ਼ਾ ਨਾ ਹੋਏ। ਯੂਰਪ ਵਿੱਚ ਡੱਚ ਡੇਅਰੀ ਕਿਸਾਨਾਂ ਨੇ ਆਪਣਾ 'ਦੁੱਧ ਵਿਰੋਧ ਪ੍ਰਦਰਸ਼ਨ' ਕਰਦੇ ਹੋਏ ਰਾਜਮਾਰਗਾਂ ਅਤੇ ਸੁਪਰ ਬਜ਼ਾਰਾਂ ਵਿਚ ਵਿਰੋਧ ਪ੍ਰਗਟ ਕੀਤਾ ਅਤੇ ਦੁੱਧ ਕੀਮਤਾਂ ਨੂੰ ਨਕਾਰਿਆ ਅਤੇ ਆਪਣੇ ਵਾਜਿਬ ਮਿਹਨਤਾਨੇ ਲਈ ਮੁਆਵਜੇ ਦੀ ਮੰਗ ਕੀਤੀ। ਭਾਰਤ ਵਾਂਗ ਫਰਾਂਸ ਵਿੱਚ ਵੀ ਲੱਖਾਂ ਕਿਸਾਨ ਆਪਣੀਆਂ ਮੰਗਾਂ ਨੂੰ ਲੈ ਕੇ ਸਰਕਾਰ ਦੇ ਵਿਰੋਧ 'ਚ ਆਏ। ਹਵਾਈ ਅੱਡਿਆਂ ਤੱਕ ਦੀ ਘੇਰਾਬੰਦੀ ਕਰਦਿਆਂ ਉਨ੍ਹਾਂ ਉਥੋਂ ਦੀ ਰਾਜਧਾਨੀ ਪੈਰਿਸ ਨੂੰ ਵੀ ਘੇਰ ਲਿਆ।

ਐਟਲਾਂਟਿਕ ਦੇ ਪਾਰ, ਬ੍ਰਾਜ਼ੀਲ ਵਿੱਚ ਸਵਦੇਸ਼ੀ ਸਮੁਦਾਏ ਅਤੇ ਛੋਟੇ ਕਿਸਾਨ, ਪੂੰਜੀਵਾਦੀ ਕਾਰਪੋਰੇਟ ਧੁਰੰਤਰਾਂ ਦੇ ਖਿਲਾਫ ਇੱਕਜੁੱਟ ਹਨ, ਉਨ੍ਹਾਂ ਦਾ ਸੰਘਰਸ਼ ਆਪਣੀਆਂ ਜ਼ਮੀਨਾਂ ਕਾਰਪੋਰੇਟਾਂ ਹੱਥ ਜਾਣ ਤੋਂ ਬਚਾਉਣਾ ਹੈ। ਜੰਗਲਾਂ ਦੀ ਕਟਾਈ ਅਤੇ ਕਾਰਪੋਰੇਟਾਂ ਵੱਲੋਂ ਜ਼ਮੀਨ ਹਥਿਆਉਣ ਲਈ ਕੀਤੇ ਘਿਨੌਣੇ ਯਤਨਾਂ ਦਾ ਵਿਰੋਧ ਕਿਸਾਨਾਂ ਦੇ ਸੰਘਰਸ਼ਾਂ ਦੀ ਕਹਾਣੀ ਵਿੱਚ ਇੱਕ ਨਵੀਂ ਪਰਤ ਜੋੜ ਰਿਹਾ ਹੈ, ਜੋ ਵਾਤਾਵਰਨ ਸੁਰੱਖਿਆ ਅਤੇ ਸਮਾਜਿਕ ਨਿਆਂ ਦੀ ਇੱਕ ਕਹਾਣੀ ਬੁਣਦਾ ਹੈ।

ਦੁਨੀਆ ਭਰ ਵਿੱਚ ਕਿਸਾਨਾਂ ਨੂੰ ਪ੍ਰੇਸ਼ਾਨ ਕਰਨ ਵਾਲੇ ਮੁੱਦਿਆਂ ਵਿੱਚ ਲਗਭਗ ਸਮਾਨਤਾ ਹੈ। ਉਨ੍ਹਾਂ ਦੇ ਸੰਘਰਸ਼ ਦਾ ਤਾਣਾ-ਬਾਣਾ ਲੁੱਟ-ਖਸੁੱਟ, ਹਾਸ਼ੀਏ 'ਤੇ ਜਾਣ ਅਤੇ ਟੁੱਟੇ ਵਾਅਦਿਆਂ ਦੇ ਧਾਗਿਆਂ ਨਾਲ ਬੁਣਿਆ ਗਿਆ ਹੈ। ਜਦੋਂ ਅਸਥਿਰ ਬਜ਼ਾਰ ਉਨ੍ਹਾਂ ਕੀਮਤਾਂ ਵਿੱਚ ਉਤਾਰ-ਚੜ੍ਹਾਅ ਪ੍ਰਤੀ ਸੰਵੇਦਨਸ਼ੀਲਤਾ ਬਣਾ ਦਿੰਦੇ ਹਨ ਤਾਂ ਇਹੋ ਜਿਹੇ 'ਚ ਉਨ੍ਹਾਂ ਦੀ ਪੈਦਾਵਾਰ ਲਈ ਬਹੁਤ ਘੱਟ ਮੁੱਲ ਮਿਲਦਾ ਹੈ। ਲੁੱਟ-ਖਸੁੱਟ ਵਾਲਾ ਬਜ਼ਾਰ ਕਿਸਾਨਾਂ ਨੂੰ ਇਹੋ ਜਿਹੀ ਸਥਿਤੀ 'ਚ ਨਿਚੋੜਦਾ ਹੈ, ਜਿਸ ਵਿੱਚ ਉਨ੍ਹਾਂ ਦੀ ਫਸਲ ਦੀ ਲਾਗਤ ਕੀਮਤ ਵੀ ਕਈ ਹਾਲਤਾਂ 'ਚ ਨਹੀਂ ਮਿਲਦੀ। ਇਸ ਸਬੰਧੀ ਆਕਸਫੈਮ ਨੇ ਇੱਕ ਰਿਪੋਰਟ ਛਾਇਆ ਕੀਤੀ ਹੈ, ਜਿਸ ਮੁਤਾਬਕ ਕਿਸਾਨਾਂ ਨੂੰ ਭੋਜਨ ਦੇ ਅੰਤਮ ਖੁਦਰਾ ਮੁੱਲ ਦਾ ਕੇਵਲ ਇੱਕ ਤੋਂ ਅੱਠ ਫੀਸਦੀ ਮਿਲਦਾ ਹੈ।

ਅੱਜ ਕਿਸਾਨਾਂ ਦੀ ਸਥਿਤੀ ਇਹ ਹੈ ਕਿ ਉਹ ਕਰਜ਼ੇ ਨਾਲ ਮੜ੍ਹੇ ਪਏ ਹਨ। ਵਾਤਾਵਰਨ 'ਚ ਬਦਲਾਅ ਨੇ ਉਨ੍ਹਾਂ ਦੀ ਫਸਲ 'ਚ ਅਨਿਸਚਿਤਤਾ ਵਧਾ ਦਿੱਤੀ ਹੋਈ ਹੈ। ਭਾਰਤ ਵਿੱਚ ਕਿਸਾਨਾਂ ਦੇ ਮੰਦੇ ਹਾਲਾਤ ਇਥੋਂ ਤੱਕ ਹਨ ਕਿ ਉਹ ਖੁਦਕੁਸ਼ੀਆਂ ਕਰ ਰਹੇ ਹਨ। ਉੱਚੀ ਲਾਗਤ ਅਤੇ ਬਜ਼ਾਰੀ ਕੀਮਤਾਂ ਕਾਰਨ ਅਕਸਰ ਕਿਸਾਨ ਕਰਜ਼ੇ ਹੇਠ ਦੱਬੇ ਜਾ ਰਹੇ ਹਨ। ਵਿਸ਼ਵ ਬੈਂਕ ਦੀ ਇੱਕ ਰਿਪੋਰਟ ਕਹਿੰਦੀ ਹੈ ਕਿ ਵਿਸ਼ਵ ਪੱਧਰ 'ਤੇ ਪੰਜ ਕਰੋੜ ਛੋਟੇ ਕਿਸਾਨ ਕਰਜ਼ੇ ਦੇ ਚੱਕਰ 'ਚ ਫਸੇ ਹੋਏ ਹਨ।

ਵਿਸ਼ਵ ਭਰ 'ਚ ਉਦਯੋਗੀਕਰਨ ਵਧ ਰਿਹਾ ਹੈ ਅਤੇ ਹਰ ਦੇਸ਼ 'ਚ ਬੁਨਿਆਦੀ ਢਾਂਚੇ ਦਾ ਵਿਕਾਸ ਕੀਤਾ ਜਾ ਰਿਹਾ ਹੈ। ਇਸ ਨਾਲ ਕਿਸਾਨਾਂ ਦੀ ਜ਼ਮੀਨ ਤੋਂ ਬੇਦਖਲੀ ਹੋ ਰਹੀ ਹੈ, ਜੋ ਇਹਨਾਂ ਅੰਨ ਦਾਤਿਆਂ ਲਈ ਵੱਡੀ ਸਮੱਸਿਆ ਬਣੀ ਹੋਈ ਹੈ। ਦੇਸ਼ ਦੀਆਂ ਸਥਾਨਕ ਸਰਕਾਰਾਂ ਕਾਰਪੋਰੇਸ਼ਨਾਂ ਅਤੇ ਸਰਕਾਰਾਂ ਵੱਲੋਂ ਜ਼ਮੀਨ ਪ੍ਰਾਪਤ ਕਰਨ ਲਈ ਹਰ ਦਿਨ ਬਿਨਾਂ ਕਿਸੇ ਪੁਨਰਵਾਸ ਦੇ ਕਿਸਾਨਾਂ ਨੂੰ ਉਜਾੜਿਆ ਜਾ ਰਿਹਾ ਹੈ, ਇਹ ਉਸ ਲਈ ਰੋਜ਼ੀ-ਰੋਟੀ ਦਾ ਮਸਲਾ ਪੈਦਾ ਕਰ ਰਿਹਾ ਹੈ। 'ਲੈਂਡ ਮੈਟਰਿਕਸ ਐਨੀਸ਼ੀਏਟਿਵ' ਦੇ ਅਨੁਸਾਰ 2016 ਤੋਂ 2020 ਦੇ ਵਿਚਕਾਰ ਵਿਸ਼ਵ ਪੱਧਰ 'ਤੇ ਕਿਸਾਨਾਂ ਦੀ 10 ਲੱਖ ਹੈਕਟੇਅਰ ਜ਼ਮੀਨ ਹੜਪ ਲਈ ਗਈ।

ਔੜ, ਹੜ੍ਹ ਅਤੇ ਅਨਿਯਮਤ ਮੌਸਮ ਕਿਸਾਨਾਂ ਦੀ ਫਸਲ ਉਜਾੜ ਦਿੰਦਾ ਹੈ। ਇਹ ਵਿਸ਼ਵ-ਵਿਆਪੀ ਵਰਤਾਰਾ ਹੈ। ਇਹ ਸਥਿਤੀਆਂ ਜਿਥੇ ਖੁਰਾਕ ਸੁਰੱਖਿਆ ਨੂੰ ਖ਼ਤਰੇ 'ਚ ਪਾਉਂਦੀਆਂ ਹਨ, ਉਥੇ ਕਿਸਾਨਾਂ ਨੂੰ ਗਰੀਬੀ ਵੱਲ ਧਕੇਲਦੀਆਂ ਹਨ। ਵਿਸ਼ਵ ਬੈਂਕ ਦਾ ਅੰਦਾਜ਼ਾ ਹੈ ਕਿ ਮੌਸਮੀ ਬਦਲੀ 2030 ਤੱਕ 2.6 ਕਰੋੜ ਹੋਰ ਲੋਕਾਂ ਨੂੰ ਗਰੀਬੀ ਵੱਲ ਧੱਕ ਦੇਵੇਗੀ, ਖ਼ਾਸ ਤੌਰ 'ਤੇ ਪੇਂਡੂ ਖੇਤਰਾਂ ਵਿੱਚ। ਛੋਟੇ ਕਿਸਾਨਾਂ ਕੋਲ ਪਾਣੀ, ਕਰਜ਼ਾ ਅਤੇ ਸੂਚਨਾ ਜਿਹੇ ਜ਼ਰੂਰੀ ਸਾਧਨਾਂ ਤੱਕ ਪਹੁੰਚ ਦੀ ਘਾਟ ਉਨ੍ਹਾਂ ਦੀਆਂ ਫਸਲਾਂ ਦੇ ਪੈਦਾਵਾਰ ਅਤੇ ਲਚੀਲੇਪਨ ਵਿੱਚ ਪੁੱਠਾ ਅਸਰ ਪਾਉਂਦੇ ਹਨ।

ਸਰਕਾਰਾਂ ਨੂੰ ਕਿਸਾਨਾਂ ਦੇ ਵਿਸ਼ਵ ਵਿਦਰੋਹ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ, ਨਾ ਹੀ ਦਬਾਉਣਾ ਚਾਹੀਦਾ ਹੈ, ਜਿਵੇਂ ਕਿ ਭਾਰਤ ਵਿੱਚ ਦਬਾਇਆ ਜਾ ਰਿਹਾ ਹੈ। ਭਾਰਤ ਵਿੱਚ ਕਿਸਾਨਾਂ ਦੀ ਗਿਣਤੀ ਕਿਉਂਕਿ ਵੱਧ ਹੈ, ਉਨ੍ਹਾਂ ਦੀ ਜਦੋਂ ਸੁਣਵਾਈ ਨਹੀਂ ਹੁੰਦੀ, ਉਨ੍ਹਾਂ ਦੇ ਅੰਦੋਲਨ ਨੂੰ ਕੁਚਲਿਆ ਜਾਂਦਾ ਹੈ, ਤਾਂ ਉਨ੍ਹਾਂ 'ਚ ਗੁੱਸਾ ਹੋਰ ਜ਼ਿਆਦਾ ਭੜਕਦਾ ਹੈ। ਉਹ ਰੋਕਾਂ ਤੋੜਦੇ ਹਨ, ਆਪਣੀ ਗੱਲ ਵਿਸ਼ਵ ਪੱਧਰ 'ਤੇ ਪਹੁੰਚਾਉਣ ਲਈ ਯਤਨ ਕਰਦੇ ਹਨ।

ਇਤਿਹਾਸ ਗਵਾਹ ਹੈ ਕਿ ਜਦੋਂ-ਜਦੋਂ ਕਿਸਾਨਾਂ-ਮਜ਼ਦੂਰਾਂ ਨੇ ਲੁੱਟ-ਖਸੁੱਟ ਦੇ ਵਿਰੁੱਧ ਇਕੱਠੇ ਹੋ ਕੇ ਸੱਤਾ ਦੇ ਵਿਰੁੱਧ ਹੁੰਕਾਰ ਭਰੀ ਹੈ, ਉਨ੍ਹ ਸੱਤਾ ਪਲਟਾਉਣ ਦਾ ਕੰਮ ਕੀਤਾ ਹੈ।

ਸਾਲ 1917 'ਚ ਰੂਸ 'ਚ ਇਨਕਲਾਬ ਆਇਆ, ਮਾਓ ਜੇ ਤੁੰਗ ਦੀ ਅਗਵਾਈ ਵਿੱਚ ਚੀਨ 'ਚ ਕ੍ਰਾਂਤੀ ਆਈ ਜਾਂ ਭਾਰਤ ਵਿੱਚ ਕਿਸਾਨ ਅੰਦੋਲਨ, ਤਿੰਨ ਮੁੱਦਿਆਂ ਗਰੀਬੀ, ਜ਼ਮੀਨ ਹਥਿਆਉਣ ਦੇ ਮੁੱਦਿਆਂ ਅਤੇ ਗੁਲਾਮੀ ਨੂੰ ਲੈ ਕੇ ਕਿਸਾਨਾਂ ਦਾ ਵਿਰੋਧ ਵੱਡਾ ਰਿਹਾ। ਇਹ ਪੇਂਡੂ ਖਿੱਤਿਆਂ 'ਚ ਮੁੱਖ ਤੌਰ 'ਤੇ ਵੇਖਣ ਨੂੰ ਮਿਲਿਆ। ਇਹ ਤਿੰਨੇ ਅੰਦੋਲਨ ਸੱਤਾਧਾਰੀਆਂ ਦੇ ਵਿਰੋਧ 'ਚ ਪੈਦਾ ਹੋਏ।

ਹਰੇਕ ਅੰਦੋਲਨ ਨੇ ਤਬਦੀਲੀ ਦੀ ਵਕਾਲਤ ਕਰਨ ਵਾਲੀ ਵਿਚਾਰਧਾਰਾ ਤੋਂ ਪ੍ਰੇਰਨਾ ਲਈ। ਰੂਸ ਵਿੱਚ ਬਾਲਸ਼ਵਿਕਾਂ ਨੇ ਜ਼ਮੀਨ ਦੀ ਵੰਡ ਬਰਾਬਰੀ ਦਾ ਵਾਅਦਾ ਕਰਦਿਆਂ ਸਮਾਜਵਾਦ ਨੂੰ ਅਪਣਾਇਆ। ਮਾਓ ਜੇ ਤੁੰਗ ਦੀ ਕ੍ਰਾਂਤੀ ਮਾਓਵਾਦ ਤੋਂ ਪ੍ਰੇਰਿਤ ਸੀ, ਜੋ ਮਾਰਕਸਵਾਦ ਅਤੇ ਖੇਤੀ ਸਮਾਜਵਾਦ ਦਾ ਮਿਸ਼ਰਣ ਸੀ, ਜਦ ਕਿ ਹੁਣ ਵਾਲਾ ਭਾਰਤੀ ਅੰਦੋਲਨ ਵੀ ਸਮਾਜਿਕ ਨਿਆਂ ਅਤੇ ਉਚਿਤ ਵਤੀਰੇ ਦੇ ਵਿਚਾਰਾਂ ਨੂੰ ਪ੍ਰਗਟਾਉਂਦਾ ਹੈ। ਕਿਸਾਨ ਦੇਸ਼ ਦੇ ਸੰਵਿਧਾਨ ਨੂੰ ਬਚਾਉਣ ਦੀ ਗੱਲ ਵੀ ਕਰਦੇ ਹਨ, ਉਹ ਆਪਣੇ ਮਨੁੱਖੀ ਹੱਕਾਂ ਦੀ ਗੱਲ ਕਰਦੇ ਹਨ ਅਤੇ ਆਪਣੀਆਂ ਮੰਗਾਂ ਦੇ ਹੱਕ 'ਚ ਦ੍ਰਿੜ੍ਹਤਾ ਨਾਲ ਖੜ੍ਹੇ ਹਨ। ਉਹ ਦੇਸ਼ 'ਚ ਨਿੱਜੀਕਰਨ ਦੇ ਵਾਧੇ ਦਾ ਵਿਰੋਧ ਵੀ ਕਰਦੇ ਹਨ। ਆਪਣੀ ਜ਼ਮੀਨ ਦੀ ਰੱਖਿਆ ਤਾਂ ਉਨ੍ਹਾਂ ਦਾ ਮੁੱਖ ਮੰਤਵ ਹੈ। ਉਨ੍ਹਾਂ ਦੀ ਪ੍ਰੇਸ਼ਾਨੀ ਵੀ ਵਿਸ਼ਵ ਦੇ ਕਿਸਾਨਾਂ ਦੀ ਪ੍ਰੇਸ਼ਾਨੀ ਵਰਗੀ ਹੈ। ਸਰਕਾਰ ਦੀਆਂ ਨੀਤੀਆਂ ਕਾਰਨ ਉਨ੍ਹਾਂ ਸਿਰ ਕਰਜ਼ਾ ਵਧ ਰਿਹਾ ਹੈ।

ਜਿੰਨੇ ਵੀ ਵਿਸ਼ਵ ਭਰ ਵਿੱਚ ਇਨਕਲਾਬ ਹੋਏ ਹਨ, ਉਹਨਾ ਸਾਰਿਆਂ 'ਚ ਕਿਸਾਨਾਂ, ਮਜ਼ਦੂਰਾਂ, ਲੇਖਕਾਂ, ਬੁੱਧੀਜੀਵੀਆਂ ਅਤੇ ਸਮਾਜ ਦੇ ਹਰ ਵਰਗ ਦੇ ਲੋਕਾਂ ਨੇ ਹਿੰਮਤ ਨਾਲ ਭੂਮਿਕਾ ਨਿਭਾਈ। ਕਿਸਾਨਾਂ, ਮਜ਼ਦੂਰਾਂ ਦਾ ਅੰਦੋਲਨ ਸਿਰਫ਼ ਵਿਰੋਧ ਪ੍ਰਦਰਸ਼ਨ, ਹੜਤਾਲਾਂ ਤੱਕ ਹੀ ਸੀਮਤ ਨਹੀਂ ਹੈ। ਜੇਕਰ ਸਮਾਂ ਰਹਿੰਦਿਆਂ ਕਿਸਾਨਾਂ ਦੀਆਂ ਸਮੱਸਿਆਵਾਂ ਜੋ ਬਹੁਤ ਵੱਡੀਆਂ ਹਨ, ਦਾ ਹੱਲ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ 'ਚ ਇਸ ਦੇ ਗੰਭਿਰ ਸਿੱਟੇ ਨਿਕਲਣਗੇ। ਭਾਰਤ ਵਿੱਚ ਹੁਣ ਦੇ ਅੰਦੋਲਨ ਨਾਲ ਸਖ਼ਤੀ ਜਾਂ ਕੁਝ ਕੁ ਰਿਆਇਤਾਂ ਦੇਣ ਦੇ ਬਿਆਨ ਜਾਂ ਕਿਸਾਨਾਂ ਨੂੰ ਤੁਛ ਜਿਹੀ ਰਾਸ਼ੀ ਸਬਸਿਡੀ ਦੇਣ ਨਾਲ ਇਹ ਅੰਦੋਲਨ ਮੱਠਾ ਪੈਣ ਵਾਲਾ ਨਹੀਂ ਜਾਪਦਾ।

ਹੁਣ ਸਮਾਂ ਆ ਗਿਆ ਹੈ ਕਿ ਵਿਸ਼ਵ ਪੱਧਰ ਤੇ ਕਿਸਾਨਾਂ ਦੇ ਮਸਲਿਆਂ ਸੰਬੰਧੀ ਗੱਲਬਾਤ ਹੋਵੇ ਅਤੇ ਇੱਕ ਇਹੋ ਜਿਹਾ ਭਵਿੱਖ ਬਣਾਉਣ ਲਈ ਮਿਲ ਕੇ ਕੰਮ ਕੀਤਾ ਜਾਵੇ। ਜਿੱਥੇ ਕਿਸਾਨ ਵਧਣ-ਫੁੱਲਣ, ਇਹਨਾ ਨੂੰ ਸਹੀ ਸਹੂਲਤਾਂ ਮਿਲਣ ਅਤੇ ਕਿਸਾਨ ਧਰਤੀ ਦੀ ਦੇਖਭਾਲ ਕਰ ਸਕਣ।

ਸਰਕਾਰਾਂ ਲਈ ਅੱਜ ਇਹ ਸਮਾਂ ਹੈ ਕਿ ਜਿਹੜੇ ਸ਼ਕਤੀਸ਼ਾਲੀ ਸਵਾਰਥੀ ਧੰਨ ਕੁਬੇਰ ਨਿਆਂ ਦੇ ਰਸਤਿਆਂ ਵਿੱਚ ਖੜ੍ਹੇ ਹਨ, ਉਹਨਾ ਨੂੰ ਨਜ਼ਰਅੰਦਾਜ਼ ਕੀਤਾ ਜਾਵੇ। ਮਜ਼ਬੂਤ ਕਿਸਾਨੀ ਨੀਤੀਆਂ ਅਤੇ ਪ੍ਰਣਾਲੀਆਂ ਵਿਕਸਤ ਕੀਤੀਆਂ ਜਾਣ। ਇਹੋ ਜਿਹੇ ਨਿਆਂਸੰਗਤ ਸਮਾਜ ਦੀ ਕਲਪਨਾ, ਕਿਸਾਨ ਦੇ ਆਤਮ ਸਨਮਾਨ ਅਤੇ ਉਹਨਾ ਦੇ ਬਿਹਤਰ ਜੀਵਨ ਲਈ ਚੰਗੇਰੀ ਹੋਏਗੀ।

# ਸੰਪਰਕ : 98158-02070

# ਕਾਲੇ ਧਨ ਤੇ ਭ੍ਰਿਸ਼ਟਾਚਾਰ ਦਾ ਸੰਕਲਪ ਅਤੇ ਭਾਜਪਾ

ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ

ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਆਖੇ ਜਾਂਦੇ ਸਾਡੇ ਮੁਲਕ ਭਾਰਤ ਅੰਦਰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿਚ ਬੀਤੇ ਦਸ ਵਰ੍ਹਿਆਂ ਤੋਂ ਚੱਲ ਰਹੀ ਭਾਰਤੀ ਜਨਤਾ ਪਾਰਟੀ ਅਤੇ ਉਸ ਦੀਆਂ ਸਹਿਯੋਗੀ ਪਾਰਟੀਆਂ ਦੀ ਸਰਕਾਰ ਦਾ 'ਕਾਲੇ ਧਨ' ਪ੍ਰਤੀ ਰਵੱਈਆ ਬੇਹੱਦ 'ਸਖ਼ਤ' ਹੈ। ਪ੍ਰਧਾਨ ਮੰਤਰੀ ਨੇ 'ਨਾ ਖਾਵਾਂਗਾ ਤੇ ਨਾ ਖਾਣ ਦਿਆਂਗਾ' ਦੇ ਸੰਕਲਪ ਦੇ ਕੇ ਭ੍ਰਿਸ਼ਟਾਚਾਰ ਪ੍ਰਤੀ ਆਪਣੀ 'ਸਾਫ਼ ਤੇ ਸਪੱਸ਼ਟ' ਨੀਤੀ ਨੂੰ ਸਾਰਥਕ ਕੀਤਾ ਹੈ। ਜਿਉਂ-ਜਿਉਂ ਸਾਲ 2024 ਦੀਆਂ ਲੋਕ ਸਭਾ ਚੋਣਾਂ ਨੇੜੇ ਆ ਰਹੀਆਂ ਹਨ, 'ਭ੍ਰਿਸ਼ਟਾਚਾਰ' ਖ਼ਿਲਾਫ਼ ਉਨ੍ਹਾ ਦੀ ਲੜਾਈ ਹੁਣ 'ਨਿਰਣਾਇਕ ਦੌਰ' ਵੱਲ ਵਧਦੀ ਨਜ਼ਰ ਆ ਰਹੀ ਹੈ।

ਮਾਣਯੋਗ ਪ੍ਰਧਾਨ ਮੰਤਰੀ ਨੇ ਦੇਸ਼ 'ਚੋਂ 'ਕਾਲਾ ਧਨ' ਖ਼ਤਮ ਕਰਨ ਲਈ ਸਭ ਤੋਂ ਪਹਿਲਾਂ 'ਨੋਟਬੰਦੀ' ਦਾ ਹਥੌੜਾ ਚਾਣਚੱਕ ਹੀ ਲਿਆ ਕੇ ਆਮ ਜਨਤਾ ਦੇ ਸਿਰ 'ਤੇ ਦੇ ਮਾਰਿਆ ਸੀ। ਲੋਕ ਵਿਚਾਰੇ ਰੋਟੀ-ਪਾਣੀ ਤੇ ਠੰਢ-ਗਰਮੀ ਆਦਿ ਸਭ ਕੁਝ ਭੁਲਾ ਕੇ ਬੈਂਕਾਂ ਮੂਹਰੇ ਕਤਾਰਾਂ ਲਗਾ ਕੇ ਖਲੋ ਗਏ ਤੇ ਦੇਸ਼ ਦੇ ਸੈਂਕੜੇ ਨਾਗਰਿਕ ਆਪਣੀਆਂ ਜਾਨਾਂ ਤੱਕ ਗੁਆ ਬੈਠੇ, ਪਰ 'ਹੱਠ' ਦੇ ਪੱਕੇ ਮੋਦੀ ਸਾਹਿਬ ਦੇ ਮੱਥੇ 'ਤੇ ਸ਼ਿਕਨ ਤੱਕ ਨਹੀਂ ਆਈ ਸੀ। ਵੱਡੇ ਧਨਾਢਾਂ ਅਤੇ ਸਿਆਸਤਦਾਨਾਂ ਦਾ ਸਾਰਾ ਪੈਸਾ ਬੈਂਕਾਂ ਰਾਹੀਂ ਨਵੀਂ ਕਰੰਸੀ 'ਚ ਤਬਦੀਲ ਹੋ ਗਿਆ, ਪਰ ਸਰਕਾਰ ਨੇ ਇਸ ਵਿਸ਼ਾਲ ਕਸਰਤ ਉਪਰੰਤ ਕਿੰਨਾ 'ਕਾਲਾ ਧਨ' ਸਾਹਮਣੇ ਲਿਆਂਦਾ ਤੇ ਕਾਲਾ ਧਨ ਜੋੜਨ ਵਾਲੇ ਕਿੰਨੇ ਅਪਰਾਧੀਆਂ ਨੂੰ ਜੇਲ੍ਹਾਂ 'ਚ ਡੱਕਿਆ, ਇਹ ਸੱਚ ਮੋਦੀ ਸਾਹਿਬ ਜਾਂ ਭਾਜਪਾ ਦਾ ਕੋਈ ਬੁਲਾਰਾ ਅੱਜ ਤੱਕ ਨਹੀਂ ਦੱਸ ਪਾਇਆ ਹੈ। ਉਲਟਾ ਨਵੀਂ ਕਰੰਸੀ ਛਾਪਣ 'ਚ ਤੇ ਉਸ ਨੂੰ ਏ.ਟੀ.ਐੱਮ. 'ਚ ਅਡਜਸਟ ਕਰਨ ਲਈ ਕਰੋੜਾਂ ਰੁਪਏ ਦਾ ਖ਼ਰਚਾ ਆ ਗਿਆ ਸੀ, ਪਰ ਸਰਕਾਰ ਅੱਜ ਤੱਕ ਇਹ ਵੀ ਜਵਾਬ ਦੇ ਨਹੀਂ ਪਾਈ ਹੈ ਕਿ ਜੇਕਰ ਕਾਲਾ ਧਨ ਖ਼ਤਮ ਕਰਨ ਲਈ 'ਇਕ ਹਜ਼ਾਰ' ਰੁਪਏ ਦੀ ਕੀਮਤ ਵਾਲਾ ਨੋਟ ਬੰਦ ਕਰ ਦਿੱਤਾ ਗਿਆ ਸੀ ਤਾਂ ਫਿਰ ਉਸ ਤੋਂ ਵੀ ਦੁੱਗਣਾ ਭਾਵ ਦੋ ਹਜ਼ਾਰ ਵਾਲਾ ਨੋਟ ਸ਼ੁਰੂ ਕਰਕੇ ਸਰਕਾਰ ਕਾਲੇ ਧਨ ਦੀ ਆਵਾਜਾਈ ਨੂੰ ਕਿਵੇਂ ਰੋਕ ਸਕਦੀ ਸੀ? ਸਾਲ 2018 ਵਿਚ ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਇਕ ਰਿਪੋਰਟ ਵਿਚ ਇਹ ਖੁਲਾਸਾ ਕੀਤਾ ਗਿਆ ਸੀ ਕਿ ਨੋਟਬੰਦੀ ਸਮੇਂ ਬੰਦ ਕੀਤੇ ਗਏ 15.41 ਲੱਖ ਕਰੋੜ ਨੋਟਾਂ ਵਿੱਚੋਂ 15.30 ਲੱਖ ਕਰੋੜ ਨੋਟ ਭਾਵ 99.30 ਫ਼ੀਸਦੀ ਨੋਟ ਬੈਂਕਾਂ ਕੋਲ ਵਾਪਸ ਆ ਗਏ ਸਨ। ਵਿਸ਼ਲੇਸ਼ਣਕਾਰਾਂ ਦਾ ਮੰਨਣਾ ਸੀ ਕਿ ਉਕਤ ਨੋਟਬੰਦੀ ਕਾਲਾ ਧਨ ਉਜਾਗਰ ਜਾਂ ਬਰਾਮਦ ਕਰਨ ਵਿਚ ਪੂਰੀ ਤਰ੍ਹਾਂ ਅਸਫ਼ਲ ਰਹੀ ਸੀ।

ਸਾਲ 2018 ਵਿਚ ਗੁਜਰਾਤ ਨਾਲ ਸੰਬੰਧਤ ਵਪਾਰੀ ਨੀਰਵ ਮੋਦੀ ਪੰਜਾਬ ਨੈਸ਼ਨਲ ਬੈਂਕ ਨਾਲ 28000 ਕਰੋੜ ਰੁਪਏ ਦੀ ਧੋਖਾਧੜੀ ਕਰਕੇ ਦੇਸ਼ 'ਚੋਂ ਬਾਹਰ ਫ਼ਰਾਰ ਹੋ ਗਿਆ। ਬੰਗਾਲੀ ਵਪਾਰੀ ਵਿਜੇ ਮਾਲਿਆ ਜੋ ਕਿ ਰਾਜ ਸਭਾ ਮੈਂਬਰ ਵੀ ਰਿਹਾ ਸੀ, ਵੱਖ-ਵੱਖ ਭਾਰਤੀ ਬੈਂਕਾਂ ਦੇ 9000 ਕਰੋੜ ਰੁਪਏ ਡਕਾਰ ਕੇ ਦੇਸ਼ 'ਚੋਂ ਫ਼ਰਾਰ ਹੋ ਗਿਆ। ਨੀਰਵ ਮੋਦੀ ਦਾ ਹੀ ਨਜ਼ਦੀਕੀ ਰਿਸ਼ਤੇਦਾਰ ਮੇਹੁਲ ਚੌਕਸੀ ਵੀ ਭਾਰਤੀ ਬੈਂਕਾਂ ਨਾਲ ਕਰੋੜਾਂ ਰੁਪਏ ਦੀ ਠੱਗੀ ਮਾਰ ਕੇ ਰੂਪੋਸ਼ ਹੋ ਗਿਆ ਤੇ 'ਕਾਲਾ ਧਨ' ਖ਼ਤਮ ਕਰਨ ਦੇ ਦਮਗਜੇ ਮਾਰਨ ਵਾਲੀ ਭਾਜਪਾ ਦੇ ਸਾਰੇ ਦਾਅਵਿਆਂ ਦੀ ਫ਼ੂਕ ਨਿਕਲ ਗਈ ਸੀ। ਮੋਦੀ ਸਰਕਾਰ ਆਪਣੇ ਦਸ ਸਾਲਾ ਕਾਰਜਕਾਲ ਪੂਰਾ ਹੋਣ ਤੱਕ ਵੀ ਇਨ੍ਹਾਂ ਵੱਡੇ ਆਰਥਿਕ ਅਪਰਾਧੀਆਂ ਨੂੰ ਗ੍ਰਿਫ਼ਤਾਰ ਕਰਵਾ ਕੇ ਦੇਸ਼ ਅੰਦਰ ਲਿਆਉਣ ਅਤੇ ਬਣਦੀਆਂ ਸਜ਼ਾਵਾਂ ਦੁਆਉਣ ਵਿੱਚ ਨਾਕਾਮਯਾਬ ਰਹੀ ਹੈ। ਭਾਜਪਾ ਦੀ ਇਹ ਆਰਥਿਕ ਮੁਹਾਜ਼ 'ਤੇ ਇਕ ਵੱਡੀ ਹਾਰ ਹੈ। ਇਸੇ ਤਰ੍ਹਾਂ ਸਾਲ 2014 ਤੋਂ ਲੈ ਕੇ ਸਾਲ 2023 ਤੱਕ ਦੇ ਨੌਂ ਸਾਲਾਂ ਵਿਚ ਇਸ ਕੇਂਦਰ ਦੀ ਸੱਤਾ 'ਤੇ ਕਾਬਜ਼ ਭਾਜਪਾ ਸਰਕਾਰ ਨੇ ਭਾਰਤੀ ਵਪਾਰੀਆਂ ਤੇ ਉਦਯੋਗਪਤੀਆਂ ਵੱਲੋਂ ਲਿਆ ਗਿਆ 14.56 ਲੱਖ ਕਰੋੜ ਦਾ ਕਰਜ਼ਾ ਮੁਆਫ਼ ਕਰ ਦਿੱਤਾ ਤੇ ਕਿਸਾਨਾਂ ਨੂੰ 'ਕਰਜ਼ਾ ਮੁਆਫ਼ੀ' ਦਾ ਲਾਰਾ ਲਾਉਣ ਦੇ ਬਾਵਜੂਦ ਉਨ੍ਹਾ ਦਾ ਕਰਜ਼ਾ ਮੁਆਫ਼ ਕਰਨ ਦੀ ਥਾਂ ਉਨ੍ਹਾ ਨੂੰ ਸੜਕਾਂ 'ਤੇ ਲਿਆ ਕੇ ਕੁੱਟਿਆ ਤੇ ਸੈਂਕੜਿਆਂ ਨੂੰ ਸ਼ਹੀਦ ਕਰ ਦਿੱਤਾ, ਪਰ ਅਫ਼ਸੋਸ ਦਾ ਇਕ ਲਫ਼ਜ਼ ਵੀ ਨਾ ਬੋਲਿਆ ਗਿਆ। ਹੁਣ ਇਹ ਗੱਲ ਸਾਹਮਣੇ ਆ ਰਹੀ ਹੈ ਕਿ ਜਿਨ੍ਹਾਂ ਵਪਾਰੀਆਂ ਅਤੇ ਉਦਯੋਗਪਤੀਆਂ ਦਾ ਕਰਜ਼ਾ ਮੁਆਫ਼ ਕੀਤਾ ਗਿਆ ਸੀ, ਉਨ੍ਹਾ 'ਚੋਂ ਬਹੁਤਿਆਂ ਨੇ ਭਾਜਪਾ ਨੂੰ ਵੱਡੀਆਂ ਰਾਸ਼ੀਆਂ ਦਾਨ ਕੀਤੀਆਂ ਸਨ ਤੇ ਭਾਜਪਾ ਨੇ ਪਾਰਟੀ ਨੂੰ ਵੱਡੇ ਚੰਦੇ ਪ੍ਰਦਾਨ ਕਰਨ ਵਾਲੇ 'ਦਾਨੀਆ' ਦੇ ਨਾਂਅ ਦੱਸਣ ਤੋਂ ਇਨਕਾਰ ਕਰਕੇ ਕਾਲੇ ਧਨ ਸੰਬੰਧੀ 'ਪਾਰਦਰਸ਼ਤਾ' ਦੀਆਂ ਸ਼ਰੇਆਮ ਧੱਜੀਆਂ ਉਡਾਈਆਂ ਹਨ।

ਕਾਲੇ ਧਨ ਅਤੇ ਭ੍ਰਿਸ਼ਟਾਚਾਰ ਨੂੰ ਦੇਸ਼ ਵਿੱਚ ਜੜ੍ਹ ਤੋਂ ਖ਼ਤਮ ਕਰ ਦੇਣ ਦੀਆਂ ਕਸਮਾਂ ਖਾਣ ਵਾਲੀ ਮੋਦੀ ਸਰਕਾਰ ਨੇ 'ਹੇਮੰਤ ਬਿਸਵਾ ਸ਼ਰਮਾ, ਛਗਨ ਭੁਜਬਲ, ਨਾਰਾਇਣ ਰਾਣੇ ਅਤੇ ਅਜੀਤ ਪਵਾਰ' ਆਦਿ ਸਣੇ ਕਈ ਹੋਰ ਸਿਆਸੀ ਆਗੂਆਂ 'ਤੇ ਕਰੋੜਾਂ ਰੁਪਏ ਦਾ ਕਾਲਾ ਧਨ ਇਕੱਠਾ ਕਰਨ ਦੇ ਇਲਜ਼ਾਮ ਜਨਤਕ ਸਮਾਗਮਾਂ ਦੌਰਾਨ ਬੜੀ ਉੱਚੀ ਅਵਾਜ਼ ਵਿੱਚ ਲਲਕਾਰੇ ਮਾਰਦਿਆਂ ਲਗਾਏ ਸਨ, ਪਰ ਇਨ੍ਹਾਂ ਆਗੂਆਂ ਵੱਲੋਂ ਵਿਰੋਧੀ ਧਿਰ ਦਾ ਸਾਥ ਛੱਡ ਕੇ ਭਾਜਪਾ ਸਰਕਾਰ ਦੇ ਮੋਢੇ ਨਾਲ ਆ ਮੋਢਾ ਜੋੜ ਦੇਣ ਉਪਰੰਤ ਉਹ ਸਾਰੇ ਆਗੂ ਭਾਜਪਾ ਲਈ 'ਪਾਕ-ਸਾਫ਼' ਹੋ ਗਏ ਤੇ ਇਨ੍ਹਾਂ ਦੇ ਮਗਰ ਲੱਗੀ 'ਈ.ਡੀ.' ਵੀ ਮੂੰਹ ਮੋੜ ਕੇ ਘਰ ਨੂੰ ਚਲੀ ਗਈ। ਭਾਜਪਾ ਅਤੇ ਮੋਦੀ ਸਾਹਿਬ ਹੁਣ ਇਨ੍ਹਾਂ ਆਗੂਆਂ ਵੱਲੋਂ ਕੀਤੇ ਭ੍ਰਿਸ਼ਟਾਚਾਰ ਬਾਰੇ ਬੋਲਣ ਲਈ ਦੰਦ ਤੋਂ ਦੰਦ ਤੱਕ ਵੀ ਨਹੀਂ ਚੁੱਕਦੇ ਹਨ ਤੇ ਇਨ੍ਹਾਂ ਦੀ ਇਹ ਕਰਨੀ ਇਹ ਸਾਬਿਤ ਕਰਦੀ ਹੈ ਕਿ ਇਨ੍ਹਾਂ ਦੀ 'ਕਥਨੀ ਤੇ ਕਰਨੀ' ਵਿਚ ਜ਼ਮੀਨ-ਆਸਮਾਨ ਦਾ ਫ਼ਰਕ ਹੈ। ਇਨ੍ਹਾ ਕੋਲ ਹੁਣ ਭਾਜਪਾ ਨੂੰ ਕੋਈ 'ਕਾਲਾ ਧਨ' ਨਜ਼ਰ ਨਹੀਂ ਆਉਂਦਾ ਹੈ। ਦੇਸ਼ ਦੀ ਆਰਥਿਕ ਹਾਲਤ ਅੱਜ ਇਹ ਹੋ ਗਈ ਹੈ ਕਿ ਭਾਰਤ ਦੀ ਅਰਥ ਵਿਵਸਥਾ ਨੂੰ ਪੰਜ ਟ੍ਰਿਲਿਅਨ ਦੀ ਅਰਥ ਵਿਵਸਥਾ ਬਣਾਉਣ ਦਾ ਦਾਅਵਾ ਕਰਨ ਵਾਲੀ ਮੋਦੀ ਸਰਕਾਰ ਨੇ ਹਰੇਕ ਭਾਰਤੀ ਦੇ ਸਿਰ 'ਤੇ 1 ਲੱਖ 40 ਹਜ਼ਾਰ ਰੁਪਏ ਦਾ ਕਰਜ਼ਾ ਚਾੜ੍ਹ ਦਿੱਤਾ ਹੈ। ਕੌਮਾਂਤਰੀ ਮੁਦਰਾ ਕੋਸ਼ ਨੇ ਚੇਤਾਵਨੀ ਦਿੱਤੀ ਹੈ ਕਿ ਭਾਰਤ ਦਾ ਕੁੱਲ ਕਰਜ਼ਾ ਇਸ ਦੇ ਜੀ.ਡੀ.ਪੀ. ਦੇ ਸੌ ਫ਼ੀਸਦੀ ਦੇ ਬਰਾਬਰ ਜਾ ਪੁੱਜਾ ਹੈ, ਜੋ ਆਉਣ ਵਾਲੇ ਸਮੇਂ ਅੰਦਰ ਇਸ ਮੁਲਕ ਦੀ ਆਰਥਿਕਤਾ ਨੂੰ ਤਬਾਹ ਕਰ ਸਕਦਾ ਹੈ। ਦੇਸ਼ ਦੀ ਆਰਥਿਕਤਾ ਨੂੰ ਤਹਿਸ-ਨਹਿਸ ਕਰਕੇ ਅਜੇ ਵੀ ਭਾਜਪਾ ਸਰਕਾਰ ਤੀਜੀ ਵਾਰ ਸੱਤਾ ਸੰਭਾਲਣ ਲਈ ਸਾਮ, ਦਾਮ, ਦੰਡ, ਭੇਦ-ਭਾਵ ਹਰੇਕ ਹਰਬਾ ਵਰਤ ਰਹੀ ਹੈ।

ਕੁੱਲ ਮਿਲਾ ਕੇ ਇਹ ਕਿਹਾ ਜਾ ਸਕਦਾ ਹੈ ਕਿ ਕਾਲੇ ਧਨ ਪ੍ਰਤੀ ਭਾਜਪਾ ਦੀ ਸੋਚ ਅਤੇ ਕਰਨੀ ਵਿੱਚ ਵੱਡਾ ਪਾੜਾ ਹੈ ਤੇ ਦੇਸ਼ ਦੇ ਬਾਹਰ ਤੇ ਅੰਦਰ ਪਏ ਕਾਲੇ ਧਨ ਨੂੰ ਬਰਾਮਦ ਕਰਨ ਅਤੇ ਦੇਸ਼ 'ਚੋਂ ਭ੍ਰਿਸ਼ਟਾਚਾਰ ਖ਼ਤਮ ਕਰਨ ਵਿੱਚ ਭਾਜਪਾ ਸਰਕਾਰ ਅਸਫ਼ਲ ਰਹੀ ਹੈ। ਚੰਡੀਗੜ੍ਹ ਵਿਖੇ ਹੋਈ ਮੇਅਰ ਦੀ ਚੋਣ ਵਿੱਚ ਧਾਂਦਲੀ ਤੇ ਭ੍ਰਿਸ਼ਟਾਚਾਰ ਤੋਂ ਲੈ ਕੇ ਗੋਆ, ਮਹਾਂਰਾਸ਼ਟਰ ਅਤੇ ਹੋਰ ਰਾਜਾਂ ਵਿਚ ਵਿਰੋਧੀ ਦਲਾਂ ਦੇ ਵਿਧਾਇਕਾਂ ਨੂੰ 'ਆਪ੍ਰੇਸ਼ਨ ਲੋਟਸ' ਰਾਹੀਂ ਖ਼ਰੀਦ ਕੇ ਆਪਣੀਆਂ ਸਰਕਾਰਾਂ ਬਣਾ ਲੈਣ ਦੇ ਦੋਸ਼ਾਂ ਨੂੰ ਭਾਜਪਾ ਕਦੇ ਵੀ ਪੂਰੀ ਤਰ੍ਹਾਂ ਝੁਠਲਾ ਨਹੀਂ ਪਾਈ ਹੈ। ਗੁਜਰਾਤ ਦੇ ਮੋਰਬੀ ਵਿਖੇ ਟੁੱਟੇ ਪੁਲ ਅਤੇ ਉਸ ਹਾਦਸੇ ਵਿਚ ਲੋਕਾਂ ਦੀਆਂ ਜਾਨਾਂ ਚਲੇ ਜਾਣ ਦੇ ਬਾਵਜੂਦ ਅਜੇ ਤੱਕ ਕਿਸੇ ਦੇ ਵੀ ਖ਼ਿਲਾਫ਼ ਕਾਰਵਾਈ ਨਹੀਂ ਹੋਈ ਹੈ। ਕਿਸਾਨਾਂ ਨੂੰ ਸ਼ਰੇਆਮ ਆਪਣੀ ਗੱਡੀ ਹੇਠ ਕੁਚਲ ਕੇ ਮਾਰ ਦੇਣ ਵਾਲੇ ਭਾਜਪਾ ਦੇ ਕੇਂਦਰੀ ਮੰਤਰੀ ਦੇ ਬੇਟੇ ਦਾ ਅਜੇ ਤੱਕ ਕੋਈ 'ਵਾਲ ਵੀ ਵਿੰਗਾ' ਨਹੀਂ ਕਰ ਸਕਿਆ ਹੈ। ਇਸੇ ਤਰ੍ਹਾਂ ਮਹਿਲਾ ਪਹਿਲਵਾਨਾਂ ਦੀ ਬੇਪੱਤੀ ਕਰ ਦੇ ਦੋਸ਼ਾਂ ਦਾ ਸਾਹਮਣਾ ਕਰਬ ਰਹੇ ਬ੍ਰਿਜਭੂਸ਼ਣ ਸ਼ਰਨ ਸਿੰਘ ਨੂੰ ਭਾਜਪਾ ਨੇ 'ਪੂਰੀ ਸ਼ਰਨ' ਦਿੱਤੀ ਹੋਈ ਹੈ। ਇਸ ਤਰ੍ਹਾਂ ਦੀਆਂ ਅਨੇਕਾਂ ਹੀ ਹੋਰ ਵਾਰਦਾਤਾਂ ਵਿੱਚ ਸ਼ਾਮਲ ਵੱਡੇ ਭਾਜਪਾਈ ਆਗੂਆਂ ਨੂੰ ਬਚਾਉਂਦਿਆਂ ਹੋਇਆਂ ਮੋਦੀ ਸਾਹਿਬ ਅਤੇ ਭਾਜਪਾ ਸਰਕਾਰ ਅਜੇ ਵੀ 'ਪੂਰਾ ਇਨਸਾਫ਼ ਕਰਨ' ਅਤੇ 'ਭ੍ਰਿਸ਼ਟਾਚਾਰ ਖ਼ਤਮ ਕਰਨ' ਦੀਆਂ ਡੀਂਗਾਂ ਮਾਰੀ ਜਾ ਰਹੇ ਹਨ ਤੇ ਇਹ ਸਮਝ ਰਹੇ ਹਨ ਕਿ ਭਾਰਤ ਦੇ ਨਾਗਰਿਕ ਤਾਂ ਗਾਂਧੀ ਜੀ ਦੇ ਤਿੰਨ ਬਾਂਦਰ ਹਨ, ਜੋ ਨਾ ਕੁਝ ਵੇਖ਼ਦੇ ਹਨ, ਨਾ ਕੁਝ ਸੁਣਦੇ ਹਨ ਤੇ ਨਾ ਹੀ ਕੁਝ ਬੋਲਦੇ ਹਨ।

# ਸੰਪਰਕ : 97816-46008

# ਸਰਕਾਰ ਕਿਸਾਨਾਂ ਦੀ ਬਾਂਹ ਫੜੇ



ਨਰਿੰਦਰ ਸਿੰਘ

ਵਿਸ਼ਵ ਵਿੱਚ ਆਰਥਿਕ ਸੰਕਟ ਛਾਇਆ ਹੋਇਆ ਹੈ। ਇਹ ਸੰਕਟ ਸਿਰਫ ਸਨਅਤੀ ਅਤੇ ਸੇਵਾਵਾਂ ਦੇ ਖੇਤਰ ਦਾ ਹੀ ਨਹੀਂ, ਸਗੋਂ ਇਸ ਤੋਂ ਵੀ ਵੱਧ ਤੇਜ਼ੀ ਨਾਲ ਖੇਤੀ ਅਤੇ ਸਹਾਇਕ ਧੰਦਿਆਂ ਵਿਚ ਵੀ ਫੈਲ ਰਿਹਾ ਹੈ। ਦੁਨੀਆ ਭਰ ਵਿਚ ਲੋਕ ਪੈਨਸ਼ਨਾਂ ਅਤੇ ਉਮਰ ਵਧਾਈ ਸਹੂਲਤਾਂ ਵਿਚ ਕਟੌਤੀ ਆਦਿ ਨੂੰ ਲੈ ਕੇ ਵੱਡੀਆਂ-ਵੱਡੀਆਂ ਹੜਤਾਲਾਂ ਕਰ ਰਹੇ ਹਨ। ਰੂਸ-ਯੂਕਰੇਨ ਜੰਗ, ਇਜ਼ਰਾਇਲ-ਫਲਸਤੀਨ ਜੰਗ ਦੇ ਸਿੱਟੇ ਵਜੋਂ ਵਿਸ਼ਵ ਪੱਧਰ 'ਤੇ ਮਹਿੰਗਾਈ ਵਧਣ ਦੇ ਨਾਲ ਹੀ ਤਕਰੀਬਨ ਸਾਰੀਆਂ ਵੱਡੀਆਂ ਕੰਪਨੀਆਂ ਨੇ ਮਜ਼ਦੂਰਾਂ, ਮੁਲਾਜ਼ਮਾਂ ਦੀ ਛਾਂਟੀ ਤੇਜ਼ ਕਰ ਦਿੱਤੀ ਹੈ। ਅੰਕੜੇ ਦੱਸਦੇ ਹਨ ਕਿ ਵਿਕਸਤ ਦੇਸ਼ ਵੀ ਆਰਥਿਕ ਮੰਦੀ 'ਚੋਂ ਗੁਜ਼ਰ ਰਹੇ ਹਨ। ਜਿਵੇਂ ਫਿਨਲੈਂਡ, ਜਰਮਨੀ, ਅਸਟ੍ਰੇਲੀਆ ਅਤੇ ਅਮਰੀਕਾ ਵਰਗੇ ਦੇਸ਼ਾਂ ਵਿਚ ਵੀ ਵੱਡੀ ਗਿਣਤੀ ਵਿਚ ਕਿਸਾਨਾਂ ਵੱਲੋਂ ਖੁਦਕੁਸ਼ੀਆਂ ਦਾ ਸਿਲਸਿਲਾ ਜਾਰੀ ਹੈ, ਜਿਸ ਦਾ ਹਾਲੇ ਤੱਕ ਹੱਲ ਨਜ਼ਰ ਨਹੀਂ ਆਉਂਦਾ।

ਦੁਨੀਆ ਭਰ ਵਿਚ ਕਿਸਾਨਾਂ ਸਮੇਤ ਇਕ ਲੱਖ ਵਿਅਕਤੀਆਂ ਮਗਰ ਫਿਨਲੈਂਡ, ਜਰਮਨੀ, ਆਸਟ੍ਰੇਲੀਆ, ਅਮਰੀਕਾ, ਬਰਤਾਨੀਆ, ਭਾਰਤ, ਪੰਜਾਬ ਵਿਚ ਕ੍ਰਮਵਾਰ 22.5, 13.5, 12.5, 10.8, 7.5,10.7 ਤੇ 10.6 ਵਿਅਕਤੀ ਖੁਦਕੁਸ਼ੀ ਕਰਦੇ ਹਨ। ਕਿਸਾਨ ਖੁਦਕੁਸ਼ੀਆਂ ਕੌਮਾਂਤਰੀ ਵਰਤਾਰਾ ਹੈ। ਅਮਰੀਕਾ ਵਿਚ ਪਿਛਲੇ ਇਕ ਦਹਾਕੇ ਅੰਦਰ ਹੀ ਦੋ ਲੱਖ ਤੋਂ ਵੱਧ ਕਿਸਾਨ ਖੇਤੀ ਵਿੱਚੋਂ ਬਾਹਰ ਨਿਕਲ ਚੁੱਕੇ ਹਨ। ਅਮਰੀਕਾ ਅੰਦਰ 1993 ਤੋਂ 1997 ਦੌਰਾਨ 74440 ਦਰਮਿਆਨੇ ਕਿਸਾਨਾਂ ਨੇ ਖੇਤੀਬਾੜੀ ਨੂੰ ਅਲਵਿਦਾ ਕਹਿ ਦਿੱਤਾ ਸੀ। 1978 ਤੋਂ ਬਾਅਦ ਫਰਾਂਸ ਅਤੇ ਜਰਮਨੀ ਅੰਦਰ 50 ਫੀਸਦੀ ਕਿਸਾਨ ਖੇਤੀਬਾੜੀ ਛੱਡਣ ਲਈ ਮਜ਼ਬੂਰ ਹੋ ਗਏ। ਬਰਤਾਨੀਆ ਅੰਦਰ ਪਿਛਲੇ ਸਾਲ ਹੀ ਵੀਹ ਹਜ਼ਾਰ ਕਿਸਾਨਾਂ ਨੂੰ ਜ਼ਮੀਨ ਤੋਂ ਹੱਥ ਧੋਣੇ ਪਏ। ਇਕ ਸਰਵੇਖਣ ਮੁਤਾਬਿਕ 2008 ਤੋਂ 2018 ਦਰਮਿਆਨ ਪੰਜਾਬ ਛੇ ਜ਼ਿਲ੍ਹਿਆਂ ਅੰਦਰ 9291 ਕਿਸਾਨਾਂ ਨੇ ਖੁਦਕੁਸ਼ੀ ਕੀਤੀ। ਪਿਛਲੇ ਇੱਕ ਦਹਾਕੇ ਵਿੱਚ ਲੱਖਾਂ ਕਿਸਾਨ ਭਾਰਤ ਵਿੱਚ ਖੁਦਕੁਸ਼ੀ ਕਰ ਚੁੱਕੇ ਹਨ। ਭਾਰਤ 'ਚ ਖੁਦਕੁਸ਼ੀਆਂ ਕਰਨ ਵਾਲਿਆਂ 'ਚ ਹਰੇਕ ਚੌਥਾ ਵਿਅਕਤੀ ਦਿਹਾੜੀਦਾਰ ਮਜ਼ਦੂਰ ਵੀ ਹੈ।

ਅੰਕੜਿਆਂ ਮੁਤਾਬਕ ਦੇਸ਼ ਭਰ ਦਾ ਛੋਟਾ ਤੇ ਵਧੇਰੇ ਛੋਟਾ ਕਿਸਾਨ ਇਸ ਦੀ ਗ੍ਰਿਫਤ ਵਿਚ ਆਇਆ ਹੋਇਆ ਹੈ। ਭਾਵੇਂ ਅੱਜ ਦੇਸ਼ ਅੰਨ ਦੇ ਖੇਤਰ ਵਿਚ ਵੱਡੀ ਹੱਦ ਤੱਕ ਆਤਮ ਨਿਰਭਰ ਵੀ ਬਣ ਚੁੱਕਾ ਹੈ, ਪਰ ਕਿਸਾਨੀ ਅੱਜ ਵੀ ਅਨੇਕਾਂ ਤਰ੍ਹਾਂ ਦੇ ਸੰਕਟਾਂ ਨਾਲ ਜੂਝ ਰਹੀ ਹੈ। ਚਾਰੇ ਪਾਸੇ ਕਿਸਾਨਾਂ 'ਚ ਅਸ਼ਾਂਤੀ ਦੇਖੀ ਜਾ ਰਹੀ ਹੈ। ਕਿਸਾਨਾਂ ਵੱਲੋਂ ਧਰਨੇ ਤੇ ਰੈਲੀਆਂ ਲਗਾਤਾਰ ਕੀਤੀਆਂ ਜਾ ਰਹੀਆਂ ਹਨ। ਭਾਵੇਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋ ਪੰਜ ਏਕੜ ਤੱਕ ਦੇ ਕਿਸਾਨਾਂ ਨੂੰ ਛੇ ਹਜ਼ਾਰ ਰੁਪਏ ਸਾਲਾਨਾ ਉਨ੍ਹਾਂ ਦੇ ਖਾਤਿਆਂ 'ਚ ਜਮ੍ਹਾਂ ਕਰਕੇ ਇਮਦਾਦ ਦੇਣੀ ਖੇਤੀਬਾੜੀ ਦੀ ਮਹੱਤਤਾ ਦੀ ਤਸਦੀਕ ਹੈ। ਖੇਤੀਬਾੜੀ ਦਾ ਮਹੱਤਵ ਰੁਜ਼ਗਾਰ ਦੇਣ ਦੇ ਸਾਧਨ ਵਜੋਂ ਵੀ ਬੜਾ ਅਹਿਮ ਹੈ। ਖੇਤੀਬਾੜੀ 48 ਫੀਸਦੀ ਆਬਾਦੀ ਨੂੰ ਰੁਜ਼ਗਾਰ ਮੁਹੱਈਆ ਕਰਦੀ ਹੈ ਅਤੇ 68 ਫੀਸਦੀ ਆਬਾਦੀ ਸਿੱਧੇ ਜਾਂ ਅਸਿੱਧੇ ਤੌਰ 'ਤੇ ਇਸ 'ਤੇ ਆਧਾਰਤ ਹੈ। ਖੇਤੀ ਸੰਕਟ ਦਾ ਮੁੱਖ ਕਾਰਨ ਖੇਤੀ ਜਿਣਸਾਂ ਦੀ ਕੀਮਤ ਦਾ ਦੂਜੇ ਪਦਾਰਥਾਂ ਦੇ ਬਰਾਬਰ ਨਾ ਵਧਣਾ ਹੈ।

ਵਾਤਾਵਰਣ ਵਿਚ ਆ ਰਹੀ ਤਬਦੀਲੀ ਵੀ ਇੱਕ ਵੱਡੀ ਰੁਕਾਵਟ ਬਣਦੀ ਜਾ ਰਹੀ ਹੈ। ਖੇਤੀ ਖੇਤਰ ਮਜ਼ਦੂਰਾਂ ਦੀ ਮਜ਼ਦੂਰੀ ਵੀ ਅਨਾਜ ਦੀਆਂ ਕੀਮਤਾਂ ਦੇ ਮੁਕਾਬਲੇ ਜ਼ਿਆਦਾ ਵਧੀ ਹੈ। ਖਾਦ, ਕੀਟਨਾਸ਼ਕ ਤੇ ਹੋਰ ਖੇਤੀ ਸਮੱਗਰੀ ਵੀ ਮੁਕਾਬਲਤਨ ਮਹਿੰਗੇ ਹੋਏ ਹਨ। ਇਸ ਦੇ ਨਾਲ ਮੌਸਮ ਦੀ ਤਬਦੀਲੀ, ਭਾਰੀ ਬਰਸਾਤ, ਤੇਜ਼ ਹਵਾਵਾਂ ਅਤੇ ਗੜ੍ਹੇਮਾਰੀ ਕਾਰਨ ਕਈ ਵਾਰ ਕਿਸਾਨਾਂ ਦੀ ਪਾਲੀ ਹੋਈ ਫਸਲ ਤਬਾਹ ਹੋ ਜਾਂਦੀ ਹੈ, ਪਰ ਅਫਸੋਸ ਕਿ ਆਜ਼ਾਦੀ ਦੇ ੭੭ ਵਰ੍ਹੇ ਬੀਤ ਜਾਣ ਤੋਂ ਬਾਅਦ ਵੀ ਕਿਸਾਨਾਂ ਦੀ ਫਸਲ ਦੇ ਨੁਕਸਾਨ ਦੀ ਭਰਪਾਈ ਲਈ ਬੀਮੇ ਜਾਂ ਮੁਆਵਜ਼ੇ ਦੀ ਕੋਈ ਠੋਸ ਯੋਜਨਾ ਅਮਲ ਵਿੱਚ ਅੱਜ ਤੱਕ ਨਹੀਂ ਲਿਆਂਦੀ ਜਾ ਸਕੀ। ਹੁਕਮਰਾਨਾਂ ਵੱਲੋਂ ਗਿਰਦਾਵਰੀਆਂ ਦੇ ਹੁਕਮ ਜਾਰੀ ਕੀਤੇ ਜਾਂਦੇ ਹਨ। ਨੁਕਸਾਨ ਤੋਂ ਕਿਤੇ ਘੱਟ ਮੁਆਵਜ਼ੇ ਦੇ ਬਿਆਨ ਦੇ ਕੇ ਕਿਸਾਨਾਂ ਦੇ ਜ਼ਖਮਾਂ 'ਤੇ ਲੂਣ ਛਿੜਕਣ ਵਾਲੀਆਂ ਗੱਲਾਂ ਕੀਤੀਆਂ ਜਾਂਦੀਆਂ ਹਨ। ਕਿਸਾਨਾਂ ਦੀ ਫਸਲ ਦੇ ਨੁਕਸਾਨ ਦੀ ਭਰਪਾਈ ਦਾ ਸਮੁੱਚਾ ਆਲਮ ਸਰਕਾਰਾਂ ਦੀ ਮਰਜ਼ੀ ਤੇ ਰਹਿਮੋ-ਕਰਮ 'ਤੇ ਨਿਰਭਰ ਹੈ। ਕਿਸਾਨਾਂ ਦੀ ਫਸਲ ਦੀ ਤਬਾਹੀ ਦੀ ਭਰਪਾਈ ਸਰਕਾਰਾਂ ਅਤੇ ਰਾਜਸੀ ਪਾਰਟੀਆਂ ਲਈ ਮੁੱਦੇ ਤੋਂ ਵੱਧ ਕੁਝ ਨਹੀਂ।

ਪੰਜਾਬ ਦੇ ਕਿਸਾਨ ਵੀ ਖੇਤੀ ਸੰਕਟ ਕਾਰਨ ਖੁਦਕੁਸ਼ੀਆਂ ਕਰ ਰਹੇ ਹਨ, ਪਰ ਬਿਹਾਰੀ ਮਜ਼ਦੂਰ ਇੱਥੇ ਲੱਖਾਂ ਦੀ ਗਿਣਤੀ ਵਿਚ ਆ ਕੇ ਰੋਜ਼ੀ-ਰੋਟੀ ਹਾਸਲ ਕਰ ਰਹੇ ਹਨ। ਇਸ ਤੋਂ ਅੱਗੇ ਅਮਰੀਕਾ, ਕੈਨੇਡਾ, ਆਸਟ੍ਰੇਲੀਆ ਵਿਚ ਕਿਸਾਨ ਖੁਦਕੁਸ਼ੀਆਂ ਕਰਨ ਨੂੰ ਮਜਬੂਰ ਹਨ, ਪਰ ਸਾਡੇ ਪੰਜਾਬੀ ਗੱਭਰੂ ਹਵਾਈ ਜਹਾਜ਼ ਦੇ ਟਾਇਰਾਂ ਨਾਲ ਚਿੰਬੜ ਕੇ ਵੀ ਉੱਥੇ ਪਹੁੰਚਣ ਲਈ ਰੱਸੇ ਤੜਵਾ ਰਹੇ ਹਨ। ਅੱਜ ਦਸ ਖੇਤਾਂ ਦਾ ਮਾਲਕ ਵੀ ਪੰਜਾਬ ਵਿਚ ਕੰਗਾਲ ਹੈ। ਖੇਤੀ ਆਧਾਰਤ ਸੂਬੇ 'ਚ ਕਿਸਾਨਾਂ ਦੀ ਗਿਣਤੀ ਅਤੇ ਖੇਤਾਂ ਦੀ ਗਿਣਤੀ ਦਿਨ-ਬ-ਦਿਨ ਘਟ ਰਹੀ ਹੈ। ਰਾਸ਼ਟਰੀ, ਸੂਬਾ ਹਾਈਵੇ ਵਾਹੀਯੋਗ ਜ਼ਮੀਨ ਨੱਪ ਰਹੇ ਹਨ। ਭਾਵੇਂ ਪੰਜਾਬ 'ਚ ਕਿਸਾਨ ਮੁਫ਼ਤ ਬਿਜਲੀ ਲੈ ਰਿਹਾ ਹੈ, ਖਾਦਾਂ, ਬੀਜਾਂ ਆਦਿ 'ਤੇ ਸਬਸਿਡੀ ਹੈ, ਪਰ ਫਿਰ ਵੀ ਸੂਬੇ ਦੇ 90 ਫੀਸਦੀ ਛੋਟੇ ਕਿਸਾਨ ਕਰਜ਼ਾਈ ਹਨ। ਸੂਬੇ ਵਿਚ 10.54 ਲੱਖ ਕਿਸਾਨ ਹਨ, ਜਿਹਨਾਂ ਵਿੱਚੋਂ ਬਹੁਤੇ ਛੋਟੇ ਕਿਸਾਨ ਹਨ। ਪਿਛਲੇ ਕੁਝ ਸਮੇਂ 'ਚ ਕਿਸਾਨ ਜ਼ਮੀਨਾਂ ਵੇਚ ਕੇ ਮਜ਼ਦੂਰੀ ਕਰਨ ਦੇ ਰਾਹ ਪਏ ਹਨ, ਕਿਉਂਕਿ ਖੇਤੀ ਉਹਨਾਂ ਨੂੰ ਰੋਟੀ ਨਹੀਂ ਦੇ ਸਕੀ। ਪੂਰੇ ਦੇਸ਼ ਦਾ ਅੰਨ ਭੰਡਾਰ ਭਰਨ ਵਾਲੇ ਪੰਜਾਬ ਦੀ 50 ਫੀਸਦੀ ਆਬਾਦੀ ਮੁਫ਼ਤ ਰਾਸ਼ਨ ਲੈਣ ਲਈ ਮਜਬੂਰ ਹੈ, ਜਦਕਿ ਪੰਜਾਬ ਦੀ ਆਰਥਿਕਤਾ ਦੀ ਰੂਹ ਖੇਤੀ ਹੈ।

ਕਿਸਾਨ-ਮਜ਼ਦੂਰ ਕਰਜ਼ਾਈ ਹਨ। ਕਿਸੇ ਨੇ ਆੜ੍ਹਤੀਆਂ ਤੋਂ, ਕਿਸੇ ਨੇ ਬੈਂਕਾਂ ਤੋਂ ਲਿਮਟ ਬਣਾ ਕੇ ਕਰਜ਼ਾ ਲਿਆ ਹੋਇਆ ਹੈ ਅਤੇ ਕਰਜ਼ਾ ਲੈ ਕੇ ਖੇਤੀ ਕਰਨ ਲਈ ਕਿਸਾਨ ਮਜਬੂਰ ਹਨ। ਉਧਰ ਨਰੇਗਾ ਕਾਮਿਆਂ ਨੂੰ ਵੀ ਸਾਲ ਵਿਚ ਮਸਾਂ ੧੦੦ ਦਿਨ ਦਾ ਹੀ ਰੁਜ਼ਗਾਰ ਮਿਲਦਾ ਹੈ। ਖੇਤੀ ਮਜ਼ਦੂਰ ਲੰਮਾ ਸਮਾਂ ਕਿਸਾਨਾਂ ਦੇ ਨਾਲ ਵਿਹਲੇ ਰਹਿੰਦੇ ਹਨ ਅਤੇ ਕਰਜ਼ਦਾਰ ਹਨ। ਕੇਂਦਰ ਸਰਕਾਰ ਹਰ ਸਾਲ ਪੋਟਿਆਂ ਉੱਤੇ ਗਿਣੇ ਜਾਣ ਵਾਲੇ ਕਾਰਪੋਰੇਟ ਘਰਾਣਿਆਂ ਦਾ ਲੱਖਾਂ-ਕਰੋੜਾਂ ਰੁਪਏ ਦਾ ਕਰਜ਼ਾ ਐੱਨ.ਪੀ.ਏ. ਕਹਿ ਕੇ ਮੁਆਫ ਕਰਦੀ ਹੈ। ਅੱਜ ਦੇਸ਼ ਦੀ ਆਬਾਦੀ ਦਾ ਢਿੱਡ ਭਰਨ ਵਾਲਾ ਕਿਸਾਨ ਆਰਥਿਕ ਸੰਕਟ ਵਿਚ ਹੈ, ਪਰ ਸਰਕਾਰ ਕਿਸਾਨਾਂ ਦੀ ਬਾਂਹ ਨਹੀਂ ਫੜ ਰਹੀ। ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੀ ਹਰ ਤਰ੍ਹਾਂ ਦੀ ਸਹਿਕਾਰੀ, ਸਰਕਾਰੀ ਅਤੇ ਪ੍ਰਾਈਵੇਟ ਬੈਂਕਾਂ ਦੇ ਕਰਜ਼ੇ ਦੀ ਵਸੂਲੀ ਬਿਨਾਂ ਵਿਆਜ ਘੱਟੋ-ਘੱਟ ਚਾਰ ਸਾਲਾਂ ਲਈ ਅੱਗੇ ਪਾਉਣ ਦੀ ਲੋੜ ਹੈ। ਖਰਾਬ ਫਸਲ ਦਾ ਮੁਆਵਜ਼ਾ ਦੇਣਾ ਚਾਹੀਦਾ ਹੈ। ਦੇਸ਼ ਦੀ ਦੋ-ਤਿਹਾਈ ਆਬਾਦੀ ਖੇਤੀ ਵਿਚੋਂ ਉਪ ਜੀਵਕਾ ਕਮਾਉਂਦੀ ਹੈ।

ਭਾਰਤ ਖੇਤੀ ਪ੍ਰਧਾਨ ਦੇਸ਼ ਹੈ। ਕਿਸਾਨਾਂ ਦੀ ਮਾਯੂਸੀ ਦੂਰ ਕਰਨ ਲਈ ਸਰਕਾਰ ਨੂੰ ਕਿਸਾਨ ਹਿੱਤ ਵਾਲੀਆਂ ਸਕੀਮਾਂ ਬਣਾਉਣ ਦੀ ਲੋੜ ਹੈ। ਫਸਲਾਂ ਦੇ ਸਮੱਰਥਨ ਮੁੱਲ ਲਈ ਕੋਈ ਸਥਾਈ ਨੀਤੀ ਬਣਾਏ ਜਾਣ ਦੀ ਲੋੜ ਹੈ। ਹੁਣ ਤੱਕ ਕੇਂਦਰ ਅਤੇ ਰਾਜ ਸਰਕਾਰਾਂ ਫਸਲਾਂ ਦੇ ਸਮਰਥਨ ਮੁੱਲ ਨੂੰ ਲੈ ਕੇ ਹਮੇਸ਼ਾ ਕਿਸਾਨਾਂ ਨਾਲ ਲਾਰਿਆਂ ਤੇ ਭਰੋਸੇ ਦੀ ਖੇਡ ਖੇਡਦੀਆਂ ਆਈਆਂ ਹਨ, ਜਿਸ ਕਾਰਨ ਕਿਸਾਨ ਸੰਘਰਸ਼ ਕਰਨ ਲਈ ਵੀ ਮਜਬੂਰ ਹਨ। ਸਰਕਾਰ ਪਿੰਡਾਂ 'ਚ ਸਿੱਖਿਆ ਤੇ ਸਿਹਤ ਸੰਬੰਧੀ ਲਾਗਤ ਵਧਾ ਕੇ ਖੇਤੀ ਨਾਲ ਸੰਬੰਧਤ ਮਿਆਰੀ ਸੇਵਾਵਾਂ ਉਪਲੱਬਧ ਕਰਵਾਏ। ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਸਮਝਦੇ ਹੋਏ ਗੰਭੀਰਤਾ ਨਾਲ ਹੱਲ ਕਰਨ ਦੇ ਯਤਨ ਸਰਕਾਰਾਂ ਨੂੰ ਕਰਨੇ ਚਾਹੀਦੇ ਹਨ।

ਦੇਸ਼ ਭਾਵੇਂ ਹੁਣ ਸਨਅੱਤੀ ਉਤਪਾਦਨ ਅਤੇ ਸੇਵਾਵਾਂ ਦੇ ਖੇਤਰ ਵਿਚ ਕਾਫੀ ਵਿਕਾਸ ਕਰ ਰਿਹਾ ਹੈ, ਪਰ ਦੇਸ਼ ਦੀ ਅਨਾਜ ਸੁਰੱਖਿਆ ਅੱਜ ਵੀ ਖੇਤੀ 'ਤੇ ਨਿਰਭਰ ਹੈ। ਅੱਜ ਵੀ 60 ਫੀਸਦੀ ਤੋਂ ਵੱਧ ਆਬਾਦੀ ਸਿੱਧੇ-ਅਸਿੱਧੇ ਢੰਗ ਨਾਲ ਖੇਤੀਬਾੜੀ 'ਤੇ ਨਿਰਭਰ ਹੈ। ਸਰਕਾਰਾਂ ਨੂੰ ਖੇਤੀ ਅਤੇ ਕਿਸਾਨਾਂ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਕਿਸਾਨਾਂ ਦੇ ਸਮੇਂ-ਸਮੇਂ 'ਤੇ ਹੁੰਦੇ ਨੁਕਸਾਨਾਂ ਦੀ ਪੂਰਤੀ ਲਈ ਪ੍ਰਭਾਵਸ਼ਾਲੀ ਬੀਮਾ ਯੋਜਨਾਵਾਂ ਅਤੇ ਹੋਰ ਪੱਖਾਂ ਤੋਂ ਵੀ ਠੋਸ ਯੋਜਨਾਬੰਦੀ ਕੀਤੀ ਜਾਣੀ ਚਾਹੀਦੀ ਹੈ, ਤਾਂ ਜੋ ਕਿਸਾਨ ਸਭ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਦੇ ਹੋਏ ਦੇਸ਼ ਦੀ ਖੁਰਾਕ ਸੁਰੱਖਿਆ ਨੂੰ ਬਣਾਈ ਰੱਖਣ ਦੇ ਸਮਰੱਥ ਹੋ ਸਕਣ। ਕਿਸਾਨਾਂ ਦੀਆਂ ਸਮੱਸਿਆਵਾਂ ਦੀ ਹਰ ਪੱਖ ਤੋਂ ਗੰਭੀਰਤਾ ਨਾਲ ਜਾਂਚ ਕਰਨ ਉਪਰੰਤ ਉਨ੍ਹਾਂ ਦਾ ਹੱਲ ਲੱਭਿਆ ਜਾਣਾ ਅੱਜ ਦੀ ਵੱਡੀ ਜ਼ਰੂਰਤ ਹੈ। ਇਸ ਤੋਂ ਪਹਿਲਾਂ ਕਿ ਸਮੱਸਿਆਵਾਂ ਵਿਕਰਾਲ ਰੂਪ ਧਾਰਨ ਕਰ ਜਾਣ, ਇਨ੍ਹਾਂ ਨੂੰ ਪਛਾਣ ਲੈਣਾ ਹੀ ਇਕ ਚੰਗਾ ਨੇਤਾ ਦਾ ਗੁਣ ਹੈ। ਸਮੱਸਿਆਵਾਂ ਤੋਂ ਅੱਖਾਂ ਫੇਰ ਲੈਣ ਨਾਲ ਸਮੱਸਿਆਵਾਂ ਘਟਣ ਦੀ ਬਜਾਏ ਵਧ ਜਾਂਦੀਆਂ ਹਨ। ਕਿਸਾਨਾਂ ਦਾ ਕਲਿਆਣ ਰਾਸ਼ਟਰ ਦੀ ਹੋਂਦ ਬਣਾਈ ਰੱਖਣ ਲਈ ਅਹਿਮ ਹੈ। ਲੋਕਾਂ ਦਾ ਖਿਆਲ ਰੱਖਣਾ ਅਤੇ ਉਨ੍ਹਾਂ ਦੀ ਚਿੰਤਾ ਕਰਨੀ ਇਕ ਚੰਗੀ ਸਰਕਾਰ ਦਾ ਮੁੱਢਲਾ ਸਿਧਾਂਤ ਹੈ। ਸਰਕਾਰ ਦਾ ਕਰਤੱਵ ਹੁੰਦਾ ਹੈ ਕਿ ਉਹ ਲੋਕਾਂ ਦੇ ਆਤਮ-ਵਿਸ਼ਵਾਸ ਨੂੰ ਮਜ਼ਬੂਤ ਕਰੇ।

# ਸੰਪਰਕ : 98146-62260

# ਕਾਂਗਰਸ ਪਾਰਟੀ ਵੱਲੋਂ ਕੀਤਾ ਗਿਆ ਟਰੈਕਟਰ ਮਾਰਚ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ, ਕੁੱਲਭੁਸਨ ਚਾਵਲਾ)

ਸ੍ਰੀ ਮੁਕਤਸਰ ਸਾਹਿਬ ਦੇ ਪਿੰਡਾਂ ਵਿੱਚ ਅੱਜ ਕਾਂਗਰਸ ਪਾਰਟੀ ਦੇ ਵੱਲੋਂ ਟਰੈਕਟਰ ਮਾਰਚ ਕੀਤਾ ਗਿਆ ਇਹ ਟਰੈਕਟਰ ਮਾਰਚ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਅਗਵਾਈ ਚ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਅੰਦੋਲਨ ਵਿੱਚ ਕਰ ਰਹੇ ਕਿਸਾਨਾਂ ਦੇ ਨਾਲ ਯੋਗਦਾਨ ਪਾਉਣ ਲਈ ਇਹ ਟਰੈਕਟਰ ਮਾਰਚ ਕੀਤਾ ਗਿਆ ਇਹ ਟਰੈਕਟਰ ਮਾਰਚ ਝਬੇਲਵਾਲੀ ਦਾਣਾ ਮੰਡੀ ਤੋਂ ਸ਼ੁਰੂ ਹੋ ਕੇ ਸਹਿਰ ਦੇ ਬਜਾਰਾਂ ਵਿੱਚ ਹੁੰਦਾ ਹੋਇਆ। ਕੋਟਕਪੂਰਾ ਰੋਡ ਨੇੜੇ ਡੀ ਏ ਵੀ ਸਕੂਲ ਕੋਲ ਸਮਾਪਤ ਕੀਤਾ ਗਿਆ ਇਸ ਮੌਕੇ ਕਾਂਗਰਸ ਦੇ ਲੀਡਰਾਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਜੋ ਕਿਸਾਨ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਦਿੱਲੀ ਵੱਲ ਕੂਚ ਕੀਤਾ ਸੀ ਤੇ ਉਨਾਂ ਨੂੰ ਪੰਜਾਬ ਹਰਿਆਣਾ ਬਾਰਡਰ ਤੇ ਰੋਕ ਲਿੱਤਾ ਗਿਆ ਤੇ ਕਿਸਾਨਾਂ ਉੱਤੇ ਤਸ਼ੱਦਦ ਕੀਤਾ ਗਿਆ ਕਾਂਗਰਸੀ ਆਗੂਆਂ ਨੇ ਕਿਹਾ ਕਿ ਅੱਜ ਤੱਕ ਅਜਿਹਾ ਦੇਖਣ ਨੂੰ ਨਹੀਂ ਮਿਲਿਆ ਕਿ ਕੋਈ ਆਪਣੇ ਹੱਕ ਮੰਗਣ ਦੇ ਲਈ ਜਾ ਰਿਹਾ ਹੋਵੇ ਤੇ ਉਹਨਾਂ ਤੇ ਇਨਾ ਤਸ਼ਦਦ ਕੀਤਾ ਜਾਵੇ ਅੱਗ ਉਹਨੇ ਕਿਹਾ ਕਿ ਕਿਸਾਨ ਪੰਜਾਬ ਹਰਿਆਣਾ ਬਾਰਡਰ ਤੇ ਸੰਘਰਸ਼ ਕਰ ਰਹੇ ਹਨ ਜਿੰਨਾਂ ਵਿੱਚੋਂ ਕਈ ਕਿਸਾਨ ਸ਼ਹੀਦ ਹੋ ਚੁੱਕੇ ਹਨ ਜਿਵੇਂ ਕਿ ਪਿਛਲੇ ਦਿਨੀ ਇੱਕ ਨੌਜਵਾਨ ਕਿਸਾਨ ਸ਼ੁਭ ਕਰਨ ਦੀ ਗੋਲੀ ਲੱਗਣ ਦੇ ਕਾਰਨ ਮੌਤ ਹੋ ਗਈ। ਆਗੂਆਂ ਨੇ ਕਿਹਾ ਕਿ ਬੀਜੇਪੀ ਦੀ ਗੂੰਗੀ ਬੋਲੀ ਸਰਕਾਰ ਨੂੰ ਜਗਾਉਣ ਦੇ ਲਈ ਇਹ ਕਾਂਗਰਸ ਪਾਰਟੀ ਦੇ ਵੱਲੋਂ ਹਰ ਹਲਕੇ ਦੇ ਵਿੱਚ ਟਰੈਕਟਰ ਮਾਰਚ ਕੀਤਾ ਜਾ ਰਿਹਾ ਹੈ ਜਿਸ ਨੂੰ ਲੈ ਕੇ ਸ਼੍ਰੀ ਮੁਕਤਸਰ ਸਾਹਿਬ ਦੇ ਵਿੱਚ ਵੀ ਅੱਜ ਟਰੈਕਟਰ ਮਾਰਚ ਕੀਤਾ ਗਿਆ ਹੈ।ਇਸ ਮੌਕੇ ਸ਼ਰਨਜੀਤ ਸਿੰਘ ਸੰਧੂ ਬਲਾਕ ਪ੍ਰਧਾਨ, ਸਿਮਰਜੀਤ ਸਿੰਘ ਭਿੰਨਾ ਬਰਾੜ ਜ਼ਿਲ੍ਹਾ ਪਰੀਸ਼ਦ ਮੈਂਬਰ, ਗੁਰਵੀਰ ਸਿੰਘ ਬਰਾੜ ਕਾਕੂ ਸੀਰਵਾਲੀ, ਨਵਦੀਪ ਕੌਰ ਸੰਧੂ ਕਾਨਿਆਵਾਲੀ ਜ਼ਿਲ੍ਹਾ ਪ੍ਰਧਾਨ ਮਹਿਲਾ ਕਾਂਗਰਸ,ਭਿੰਦਰ ਸ਼ਰਮਾ ਕੋਆਰਡੀਨੇਟਰ ਬੱਲੂਆਣਾ, ਲਾਡੀ ਸਰਪੰਚ ਮਾਂਗਟਕੇਰ, ਬਲਿੰਦਰ ਸਿੰਘ ਸੀਰਵਾਲੀ, ਕੁਲਵਿੰਦਰ ਸਿੰਘ ਕੋਟਲੀ ਸੰਘਰ, ਜਸਪਾਲ ਸਿੰਘ ਤਖ਼ਤ ਮਲਾਣਾ, ਗੁਰਅਰਪਨ, ਜਸਕਰਨ ਸਿੰਘ, ਬਲਜੀਤ ਸਿੰਘ ਸੀਰਵਾਲੀ, ਬਲਕਰਨ ਸਿੰਘ ਮੋਤਲੇਵਾਲਾ, ਮਨਿੰਦਰ ਚੋਪੜਾ, ਖੁਸ਼ੀ ਜੱਸੇਆਣਾ, ਰਿੰਕੂ ਝਬੇਲਵਾਲੀ ਬਲਾਕ ਸੰਮਤੀ ਮੈਂਬਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ-ਵੱਖ ਪਿੰਡਾਂ ਦੇ ਕਾਂਗਰਸੀ ਵਰਕਰ ਵੀ ਹਾਜ਼ਰ ਸਨ॥

## 24 ਬੋਤਲਾਂ ਚੰਡੀਗੜ੍ਹ ਮਾਰਕਾ ਸ਼ਰਾਬ ਸਮੇਤ 2 ਕਾਬੂ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਚੰਡੀਗੜ੍ਹ ਦੀ 24 ਬੋਤਲਾਂ ਸ਼ਰਾਬ ਸਣੇ 2 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਸਹਾਇਕ ਥਾਣੇਦਾਰ ਬਲਕਾਰ ਸਿੰਘ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਥਾਣਾ ਸਿਟੀ ਏਰੀਏ ਵਿਚ ਮੌਜੂਦ ਸੀ ਤਾਂ ਪੁਲਸ ਪਾਰਟੀ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਬਲਵਿੰਦਰ ਸਿੰਘ ਤੇ ਰੋਹਿਤ ਜੋ ਚੰਡੀਗੜ੍ਹ ਦੀ ਸ਼ਰਾਬ ਠੇਕਾ ਲਿਆ ਕੇ ਸਸਤੇ ਭਾਅ ਵਿੱਚ ਜਲਾਲਾਬਾਦ ਵਿਚ ਵੇਚਦੇ ਹਨ, ਜਿਸ 'ਤੇ ਪੁਲਸ ਪਾਰਟੀ ਨੇ ਕਾਰਵਾਈ ਕਰਦੇ ਹੋਏ 12 ਬੋਤਲਾਂ ਰੋਇਲ ਚੈਲੇਂਜਰ ਅਤੇ 12 ਬੋਤਲਾਂ ਆਲ ਸੇਨੇਚਰ (ਕੁੱਲ 24 ਬੋਤਲਾਂ) ਸ਼ਰਾਬ ਸਮੇਤ ਦੋਵਾਂ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਥਾਣਾ ਸਿਟੀ ਵਿਖੇ ਬਲਵਿੰਦਰ ਸਿੰਘ ਪੁੱਤਰ ਗੁਲਜ਼ਾਰ ਸਿੰਘ ਵਾਸੀ ਨੌ ਬਹਿਰਾਮ ਸ਼ੇਰ ਸਿੰਘ ਵਾਲਾ ਤੇ ਰੋਹਿਤ ਪੁੱਤਰ ਸੁਭਾਸ਼ ਚੰਦਰ ਵਾਸੀ ਗੋਬਿੰਦ ਨਗਰੀ ਜਲਾਲਾਬਾਦ ਦੇ ਖਿਲਾਫ਼ ਧਾਰਾ 61-1-14 ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

## 150 ਲੀਟਰ ਲਾਹਣ ਸਣੇ ਔਰਤ ਕਾਬੂ, ਪਰਚਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਪਿੰਡ ਚੱਕ ਬਲੋਚਾ ਵਾਲਾ (ਮਹਾਲਮ) ਵਿਚ ਛਾਪੇਮਾਰੀ ਕਰਕੇ 150 ਲੀਟਰ ਲਾਹਣ ਬਰਾਮਦ ਕੀਤੀ ਗਈ ਹੈ। ਸਹਾਇਕ ਥਾਣੇਦਾਰ ਸਤਪਾਲ ਪੁਲਸ ਪਾਰਟੀ ਦੇ ਨਾਲ ਗਸ਼ਤ ਦੌਰਾਨ ਪਿੰਡ ਚੱਕ ਮਹਾਲਮ ਵਿਖੇ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਪੁਲਸ ਨੂੰ ਇਤਲਾਹ ਦਿੱਤੀ ਕਿ ਪਰਮਜੀਤ ਕੌਰ ਆਪਣੇ ਘਰ ਵਿਚ ਨਾਜਾਇਜ ਸ਼ਰਾਬ ਕਸੀਦ ਕਰਕੇ ਵੇਚਣ ਦੀ ਆਦੀ ਹੈ, ਜੇਕਰ ਉਸਦੇ ਘਰ ਹੁਣੇ ਰੇਡ ਕੀਤਾ ਜਾਵੇ ਤਾਂ ਰੰਗੇ ਹੱਥੀ ਕਾਬੂ ਆ ਸਕਦੀ ਹੈ ਅਤੇ ਭਾਰੀ ਮਾਤਰਾ ਵਿਚ ਨਜਾਇਜ ਸ਼ਰਾਬ ਜਾਂ ਲਾਹਣ ਬਰਾਮਦ ਹੋ ਸਕਦੀ ਹੈ, ਜਿਸ 'ਤੇ ਇਤਲਾਹ ਮੋਹਤਬਾਰ ਪਾਸੋਂ ਠੋਸ ਹੋਣ ਕਾਰਨ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ 150 ਲੀਟਰ ਲਾਹਣ ਬਰਾਮਦ ਕੀਤੀ ਗਈ ਹੈ, ਜਿਸ 'ਤੇ ਪੁਲਸ ਨੇ ਪਰਮਜੀਤ ਕੌਰ ਪਤਨੀ ਜਸਵਿੰਦਰ ਸਿੰਘ ਵਾਸੀ ਚੱਕ ਬਲੋਚਾ ਦੇ ਖਿਲਾਫ ਧਾਰਾ 61-1-14 ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਬਜਟ 'ਚ ਢੁਕਵੀਂ ਹਿੱਸੇਦਾਰੀ ਲੈਣ ਲਈ ਸਾਂਝੇ ਮਜ਼ਦੂਰ ਮੋਰਚੇ ਵੱਲੋਂ ਪ੍ਰਦਰਸ਼ਨ 2 ਨੂੰ



ਮਾਨਸਾ (ਆਤਮਾ ਸਿੰਘ ਪਮਾਰ)

'ਆਪ' ਸਰਕਾਰ ਵੱਲੋਂ 5 ਮਾਰਚ ਨੂੰ ਪੇਸ਼ ਕੀਤੇ ਜਾਣ ਵਾਲੇ ਬੱਜਟ 'ਚੋਂ ਮਜ਼ਦੂਰ ਵਰਗ ਲਈ ਢੁਕਵੇਂ ਪ੍ਰਬੰਧ ਯਕੀਨੀ ਬਣਾਉਣ ਲਈ 2 ਮਾਰਚ ਨੂੰ ਪੰਜਾਬ ਭਰ 'ਚ ਮੰਤਰੀਆਂ ਤੇ ਵਿਧਾਇਕਾਂ ਦੇ ਘਰਾਂ ਤੱਕ ਮਾਰਚ ਕਰਨ ਤੇ ਮੰਗ ਪੱਤਰ ਦੇਣ ਦੇ ਪ੍ਰੋਗਰਾਮ ਤਹਿਤ ਵਿਧਾਇਕ ਵਿਜੈ ਸਿੰਗਲਾ ਨੂੰ ਮੰਗ ਪੱਤਰ ਸੌਂਪਿਆ ਜਾਵੇਗਾ।

ਸਾਂਝੇ ਮਜ਼ਦੂਰ ਮੋਰਚੇ ਦੇ ਆਗੂਆਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਸਾਥੀ ਕ੍ਰਿਸ਼ਨ ਚੌਹਾਨ, ਮਜ਼ਦੂਰ ਮੁਕਤੀ ਮੋਰਚਾ (ਲਿਬਰੇਸ਼ਨ) ਗੁਰਸੇਵਕ ਮਾਨ ਬੀਬੜੀਆ, ਪੰਜਾਬ ਖੇਤ ਮਜ਼ਦੂਰ ਯੂਨੀਅਨ ਗੁਰਦੀਪ ਸਿੰਘ ਆਹਲੂਪੁਰ ਤੇ ਦਿਹਾਤੀ ਮਜ਼ਦੂਰ ਸਭਾ ਆਤਮਾ ਰਾਮ ਸਰਦੂਲਗੜ੍ਹ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਜਰਨੈਲ ਸਿੰਘ ਮਾਨਸਾ ਆਦਿ ਆਗੂਆਂ ਵੱਲੋਂ ਤੇਜਾ ਸਿੰਘ ਸੁਤੰਤਰ ਭਵਨ ਤੋਂ ਮੀਟਿੰਗ ਦੌਰਾਨ ਜਾਰੀ ਬਿਆਨ ਰਾਹੀਂ ਦਿੱਤੀ ਗਈ।ਮਜ਼ਦੂਰ ਆਗੂਆਂ ਨੇ ਦੱਸਿਆ ਕਿ ਇਹਨਾਂ ਪ੍ਰਦਰਸ਼ਨਾਂ ਦੌਰਾਨ ਮਜ਼ਦੂਰਾਂ ਦੇ ਪੱਕੇ ਰੁਜ਼ਗਾਰ ਦੀ ਗਰੰਟੀ, ਦਿਹਾੜੀ 700 ਰੁਪਏ ਕਰਨ, ਮਨਰੇਗਾ ਸਕੀਮ ਤਹਿਤ ਪੂਰਾ ਸਾਲ ਕੰਮ ਦੇਣ, ਮਾਈਕ੍ਰੋਫਾਈਨਾਂਸ ਕੰਪਨੀਆਂ ਸਮੇਤ ਮਜ਼ਦੂਰਾਂ ਕਿਸਾਨਾਂ ਤੇ ਔਰਤਾਂ ਸਿਰ ਚੜ੍ਹਿਆ ਸਮੁੱਚਾ ਕਰਜ਼ਾ ਮੁਆਫ਼ ਕਰਨ ਤੇ ਅੱਗੇ ਤੋਂ ਸਸਤੇ ਕਰਜ਼ਿਆਂ ਦਾ ਪ੍ਰਬੰਧ ਕਰਨ, ਬੁਢਾਪਾ ਵਿਧਵਾ ਅੰਗਹੀਣ ਆਸ਼ਰਿਤਾਂ ਦੀ ਪੈਨਸ਼ਨ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰਨ, ਚੋਣ ਗਰੰਟੀ ਮੁਤਾਬਕ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਸਭਨਾਂ ਬੇਘਰਿਆਂ ਤੇ ਲੋੜਵੰਦਾਂ ਨੂੰ ਪਲਾਟ ਦੇਣ ਅਤੇ ਮਕਾਨ ਉਸਾਰੀ ਲਈ ਪੰਜ ਲੱਖ ਰੁਪਏ ਦੀ ਗਰਾਂਟ ਦੇਣ, ਜਨਤਕ ਵੰਡ ਪ੍ਰਣਾਲੀ ਮਜ਼ਬੂਤ ਕਰਕੇ ਡਿਪੂਆਂ ਰਸੋਈ ਤੇ ਘਰੇਲੂ ਵਰਤੋਂ ਦੀਆਂ ਜ਼ਰੂਰੀ ਵਸਤਾਂ ਦੀ ਸਪਲਾਈ ਯਕੀਨੀ ਬਣਾਉਣ,ਤਿੱਖੇ ਜ਼ਮੀਨੀ ਸੁਧਾਰ ਲਾਗੂ ਕਰਕੇ ਵਾਧੂ ਜ਼ਮੀਨਾਂ ਦੀ ਖੇਤ ਮਜ਼ਦੂਰਾਂ ਤੇ ਗਰੀਬ ਕਿਸਾਨਾਂ 'ਚ ਵੰਡ ਕਰਨ, ਪੰਚਾਇਤੀ ਜ਼ਮੀਨਾਂ ਦਾ ਤੀਜਾ ਹਿੱਸਾ ਜ਼ਮੀਨ ਸਸਤੇ ਭਾਅ ਮਜ਼ਦੂਰਾਂ ਨੂੰ ਠੇਕੇ ਤੇ ਦੇਣ ਅਤੇ ਮਜ਼ਦੂਰ ਕਿਸਾਨ ਪੱਖੀ ਖੇਤੀ ਨੀਤੀ ਲਿਆਉਣ ਤੇ ਨਰਮਾ ਚੁਗਾਈ ਦੇ ਬਕਾਇਆ ਰਾਸ਼ੀ ਬਿਨਾਂ ਦੇਰੀ ਜਾਰੀ ਕਰਨ ਆਦਿ ਦੀ ਮੰਗ ਕੀਤੀ ਗਈ।

## ਨਵਾਂ ਜ਼ਮਾਨਾ ਬਾਰੇ ਵਾਕ.ਫੀਅਤ ਫਾਰਮ 4 ਦੇਖੋ ਨਿਯਮ 8


| | |
|---|---|
| 1. ਪ੍ਰਕਾਸ਼ਨ ਸਥਾਨ | : 'ਜੋਸ਼ ਭਵਨ' ਨਹਿਰੂ ਗਾਰਡਨ ਰੋਡ, ਜਲੰਧਰ ਸ਼ਹਿਰ। |
| 2. ਪ੍ਰਕਾਸ਼ਨ ਦਾ ਸਮਾਂ | : ਰੋਜ਼ਾਨਾ (ਹਫ਼ਤੇ ਦੇ ਸੱਤ ਦਿਨ) |
| 3. ਛਾਪਕ ਦਾ ਨਾਂਅ | : ਗੁਰਮੀਤ ਸਿੰਘ ਸ਼ੁਗਲੀ |
| ਕੌਮੀਅਤ | : ਭਾਰਤੀ |
| ਪਤਾ | : ਮਾਰਫ਼ਤ ਰੋਜ਼ਾਨਾ 'ਨਵਾਂ ਜ਼ਮਾਨਾ' ਜੋਸ਼ ਭਵਨ ਨਹਿਰੂ ਗਾਰਡਨ ਰੋਡ, ਜਲੰਧਰ ਸ਼ਹਿਰ। |
| 4. ਪ੍ਰਕਾਸ਼ਕ ਦਾ ਨਾਂਅ | : ਗੁਰਮੀਤ ਸਿੰਘ ਸ਼ੁਗਲੀ |
| ਕੌਮੀਅਤ | : ਭਾਰਤੀ |
| ਪਤਾ | : ਮਾਰਫ਼ਤ ਰੋਜ਼ਾਨਾ 'ਨਵਾਂ ਜ਼ਮਾਨਾ' ਜੋਸ਼ ਭਵਨ ਨਹਿਰੂ ਗਾਰਡਨ ਰੋਡ, ਜਲੰਧਰ ਸ਼ਹਿਰ |
| 5. ਸੰਪਾਦਕ ਦਾ ਨਾਂਅ | : ਚੰਦ ਫਤਹਿਪੁਰੀ |
| ਕੌਮੀਅਤ | : ਭਾਰਤੀ |
| ਪਤਾ | : ਮਾਰਫ਼ਤ ਰੋਜ਼ਾਨਾ 'ਨਵਾਂ ਜ਼ਮਾਨਾ' ਜੋਸ਼ ਭਵਨ ਨਹਿਰੂ ਗਾਰਡਨ ਰੋਡ, ਜਲੰਧਰ ਸ਼ਹਿਰ |
| 6. ਉਨ੍ਹਾਂ ਵਿਅਕਤੀਆਂ ਦੇ ਨਾਂਅ ਤੇ ਪਤੇ ਜੋ ਸਮਾਚਾਰ ਪੱਤਰ ਦੇ ਮਾਲਕ ਹਨ ਤੇ ਕੁੱਲ ਪੂੰਜੀ ਦੇ ਇੱਕ ਪ੍ਰਤੀਸ਼ਤ ਤੋਂ ਵੱਧ ਦੇ ਸਾਂਝੀਦਾਰ ਜਾਂ ਹਿੱਸੇਦਾਰ ਹੋਣ। | : ਅਰਜਨ ਸਿੰਘ ਗੜਗੱਜ ਫ਼ਾਊਂਡੇਸ਼ਨ ਜਲੰਧਰ। |

ਮੈਂ ਗੁਰਮੀਤ ਸਿੰਘ ਸ਼ੁਗਲੀ ਐਲਾਨ ਕਰਦਾ ਹਾਂ ਕਿ ਉੱਪਰ ਦਿੱਤੇ ਵੇਰਵੇ ਮੇਰੀ ਜਾਣਕਾਰੀ ਅਤੇ ਵਿਸ਼ਵਾਸ ਮੁਤਾਬਕ ਠੀਕ ਹਨ।

ਸਹੀ/-
ਗੁਰਮੀਤ ਸਿੰਘ ਸ਼ੁਗਲੀ
ਪ੍ਰਕਾਸ਼ਕ

ਮਿਤੀ 29-2-2024


# 15,000 ਰੁਪਏ ਰਿਸ਼ਵਤ ਲੈਂਦਾ ਈ ਐੱਸ ਆਈ ਕਲਰਕ ਕਾਬੂ

ਲੁਧਿਆਣਾ (ਜਸਦੀਪ ਵਰਤੀਆ)

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਅੱਜ ਈ.ਐਸ.ਆਈ. ਡਿਸਪੈਂਸਰੀ ਢੰਡਾਰੀ ਕਲਾਂ, ਲੁਧਿਆਣਾ ਵਿੱਚ ਤਾਇਨਾਤ ਕਲਰਕ ਰਵਿੰਦਰ ਸਿੰਘ ਨੂੰ 15,000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਰਾਜਵੰਤ ਸਿੰਘ ਵਾਸੀ ਪਿੰਡ ਚਣਕੋਈਆਂ ਜ਼ਿਲ੍ਹਾ ਲੁਧਿਆਣਾ, ਜੋ ਕਿ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ, ਦੋਰਾਹਾ ਵਿਖੇ ਚਪੜਾਸੀ ਵਜੋਂ ਨੌਕਰੀ ਕਰਦਾ ਹੈ, ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਕਾਬੂ ਕੀਤਾ ਗਿਆ ਹੈ।ਸ਼ਿਕਾਇਤਕਰਤਾ ਨੇ ਆਪਣੇ ਬਿਆਨਾਂ ਵਿੱਚ ਦਰਜ ਕਰਵਾਇਆ ਹੈ ਕਿ ਉਸ ਨੇ ਡੀ.ਐਮ.ਸੀ. ਹਸਪਤਾਲ ਲੁਧਿਆਣਾ ਵਿਖੇ ਆਪਣਾ ਇਲਾਜ ਕਰਵਾਇਆ ਸੀ ਅਤੇ ਈ.ਐਸ.ਆਈ. ਸਕੀਮ ਅਧੀਨ ਮੁਫ਼ਤ ਇਲਾਜ ਦਾ ਲਾਭਪਾਤਰੀ ਹੋਣ ਕਰਕੇ ਉਸ ਦੇ 4,78,136 ਰੁਪਏ ਦੇ ਬਿੱਲ ਈ.ਐਸ.ਆਈ. ਡਿਸਪੈਂਸਰੀ ਵਿੱਚ ਭੁਗਤਾਨ ਲਈ ਬਕਾਇਆ ਪਏ ਹਨ।ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਾਇਆ ਕਿ ਸਬੰਧਤ ਡੀਲਿੰਗ ਕਲਰਕ ਰਵਿੰਦਰ ਸਿੰਘ ਨੇ ਉਸ ਦੇ ਬਿੱਲ ਦਾ ਭੁਗਤਾਨ ਕਰਨ ਬਦਲੇ ਰਿਸ਼ਵਤ ਵਜੋਂ 30,000 ਰੁਪਏ ਦੀ ਮੰਗ ਕੀਤੀ ਹੈ ਅਤੇ ਕਿਹਾ ਕਿ ਰਿਸ਼ਵਤ ਨਾ ਦੇਣ ਦੀ ਸੂਰਤ ਵਿੱਚ ਕੁੱਲ ਰਕਮ ਵਿੱਚੋਂ ਸਿਰਫ 1,25,000 ਰੁਪਏ ਦੇ ਬਿੱਲ ਹੀ ਪਾਸ ਕੀਤੇ ਜਾਣਗੇ। ਮੁਲਜ਼ਮ ਕਲਰਕ ਨੇ ਸ਼ਿਕਾਇਤਕਰਤਾ ਨੂੰ ਰਿਸ਼ਵਤ ਦੋ ਕਿਸ਼ਤਾਂ ਵਿੱਚ ਦੇਣ ਲਈ ਕਿਹਾ ਜਿਸ ਵਿੱਚ 20,000 ਰੁਪਏ ਪੇਸ਼ਗੀ ਅਤੇ ਬਾਕੀ 10,000 ਰੁਪਏ ਬਾਅਦ ਵਿੱਚ ਦੇਣ ਲਈ ਕਿਹਾ ਗਿਆ।ਉਨ੍ਹਾਂ ਅੱਗੇ ਦੱਸਿਆ ਕਿ ਰਵਿੰਦਰ ਸਿੰਘ ਕਲਰਕ ਨੇ ਸ਼ਿਕਾਇਤਕਰਤਾ ਨੂੰ ਇਹ ਵੀ ਕਿਹਾ ਕਿ ਉਸ ਨੇ ਰਿਸ਼ਵਤ ਦੀ ਰਕਮ ਚੰਡੀਗੜ੍ਹ ਵਿਖੇ ਤਾਇਨਾਤ ਸਬੰਧਤ ਅਧਿਕਾਰੀ ਨਾਲ ਵੀ ਸਾਂਝੀ ਕਰਨੀ ਹੈ।ਸ਼ਿਕਾਇਤਕਰਤਾ ਨੇ ਮੁਲਜ਼ਮ ਨਾਲ ਹੋਈ ਗੱਲਬਾਤ ਦੀ ਰਿਕਾਰਡਿੰਗ ਆਪਣੇ ਫ਼ੋਨ ਵਿੱਚ ਕਰ ਲਈ ਅਤੇ ਵਿਜੀਲੈਂਸ ਬਿਊਰੋ ਨੂੰ ਸਬੂਤ ਵਜੋਂ ਸੌਂਪ ਦਿੱਤੀ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਨੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਪਾਸੋਂ ਰਿਸ਼ਵਤ ਦੀ ਪਹਿਲੀ ਕਿਸ਼ਤ ਵਜੋਂ 15,000 ਰੁਪਏ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਥਾਣਾ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਜਾਂਚ ਦੌਰਾਨ ਹੋਰ ਕਰਮਚਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ।

## ਐਲ.ਈ.ਡੀ, 2 ਗੈਸ ਸਿਲੰਡਰ ਤੇ ਹੋਰ ਸਮਾਨ ਚੋਰੀ ਕਰਨ ਵਾਲਿਆਂ ਖਿਲਾ.ਫ ਪਰਚਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਦੀ ਪੁਲਸ ਵੱਲੋਂ ਇਕ ਘਰ ਵਿਚੋਂ ਐਲ.ਈ.ਡੀ, 2 ਗੈਸ ਸਿਲੰਡਰ ਅਤੇ ਹੋਰ ਸਮਾਨ ਚੋਰੀ ਕਰਨ ਦੇ ਦੋਸ਼ ਵਿੱਚ ਅਣਪਛਾਤੇ ਵਿਅਕਤੀਆਂ ਦੇ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ। ਮੁੱਦਈ ਅੰਕੁਸ਼ ਕੁਮਾਰ ਪੁੱਤਰ ਅਸ਼ਵਨੀ ਕੁਮਾਰ ਮੁਟਨੇਜਾ ਵਾਸੀ ਇੰਦਰ ਨਗਰੀ ਜਲਾਲਾਬਾਦ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਉਹ ਚੰਡੀਗੜ੍ਹ ਵਿਚ ਵਕਾਲਤ ਕਰਦਾ ਹੈ ਤੇ ਉਸਦੀ ਕੋਠੀ ਅਨਿਲ ਕੁਮਾਰ ਵਲੇਚਾ ਵਾਲੀ ਗਲੀ ਜਲਾਲਾਬਾਦ ਵਿਖੇ ਹੈ ਤੇ ਉਸਨੇ ਆਪਣੀ ਕੋਠੀ ਨੂੰ ਜਿੰਦਰਾ ਲਗਾ ਕੇ ਚੰਡੀਗੜ੍ਹ ਗਿਆ ਹੋਇਆ ਸੀ ਤਾਂ 26 ਤੇ 27 ਫਰਵਰੀ ਦੀ ਦਰਮਿਆਨੀ ਰਾਤ ਨੂੰ ਅਣਪਛਾਤੇ ਵਿਅਕਤੀਆਂ ਨੇ ਉਸਦੀ ਕੋਠੀ ਦੇ ਜਿੰਦਰੇ ਤੋੜ ਕੇ ਅੰਦਰੋਂ ਇੱਕ ਐਲ.ਈ.ਡੀ.,2 ਗੈਸ ਸਿਲੰਡਰ, 3 ਟੂਟੀਆ ਬਾਥਰਮ ਦੀਆਂ ਚੋਰੀ ਕਰਕੇ ਲੈ ਗਏ ਹਨ, ਜਿਸ ਨਾਲ ਉਸ ਦਾ ਕਰੀਬ 40 ਹਜ਼ਾਰ ਰੁਪਏ ਦਾ ਨੁਕਸਾਨ ਹੋ ਗਿਆ ਹੈ, ਜਿਸ 'ਤੇ ਪੁਲਸ ਨੇ ਮੁੱਦਈ ਅੰਕੁਸ਼ ਕੁਮਾਰ ਦੇ ਬਿਆਨਾਂ ਦੇ ਅਧਾਰ ਤੇ ਅਣਪਛਾਤੇ ਵਿਅਕਤੀ ਦੇ ਖਿਲਾ.ਫ ਧਾਰਾ 457 ਅਤੇ 380 ਆਈਪੀਸੀ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

# ਅਦਾਲਤ ਦੇ ਹੁਕਮਾਂ 'ਤੇ ਪ੍ਰਸ਼ਾਸਨ ਨੇ ਕੇਸ ਜਿੱਤੀ ਧਿਰ ਨੂੰ ਵਿਵਾਦਤ ਜ਼ਮੀਨ ਦਾ ਦਵਾਇਆ ਕਬਜ਼ਾ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਸਰਹਿੰਦ ਦੇ ਬ੍ਰਾਹਮਣਮਾਜਰਾ ਇਲਾਕੇ 'ਚ ਪ੍ਰਸ਼ਾਸਨ ਵੱਲੋਂ ਵਿਵਾਦਿਤ ਜ਼ਮੀਨ ਦਾ ਕਬਜ਼ਾ ਅਦਾਲਤ 'ਚ ਕੇਸ ਜਿੱਤੀ ਧਿਰ ਨੂੰ ਦਿਵਾ ਦਿੱਤਾ ਗਿਆ।ਵਿਵਾਦਿਤ ਜ਼ਮੀਨ 'ਤੇ ਬੀਤੇ ਕਈ ਦਹਾਕਿਆਂ ਤੋਂ ਕਾਬਜ਼ ਲੋਕਾਂ ਵੱਲੋਂ ਵਿਰੋਧ ਕੀਤੇ ਜਾਣ ਦੇ ਖਦਸ਼ੇ ਨੂੰ ਲੈ ਕੇ ਝੁੱਗੀ ਝੌਂਪੜੀ ਕਲੋਨੀ ਵਾਲੇ ਇਸ ਇਲਾਕੇ 'ਚ ਪ੍ਰਸ਼ਾਸਨ ਵੱਲੋਂ ਤੜਕੇ ਤੋਂ ਹੀ ਵੱਡੀ ਗਿਣਤੀ 'ਚ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਸੀ।ਮੌਕੇ 'ਤੇ ਮੌਜੂਦ ਤਹਿਸੀਲਦਾਰ ਗੌਰਵ ਬਾਂਸਲ ਨੇ ਦੱਸਿਆ ਕਿ ਜਗਜੀਤ ਸਿੰਘ ਅਤੇ ਬਾਬੂ ਸਿੰਘ ਵਗੈਰਾ ਦਾ ਆਪਸ ਚ ਬੀਤੇ ਕਰੀਬ 25/30 ਸਾਲਾਂ ਤੋਂ 3 ਕਨਾਲ 18 ਮਰਲੇ ਜਗ੍ਹਾ ਨੂੰ ਲੈ ਕੇ ਅਦਾਲਤ 'ਚ ਕੇਸ ਚੱਲ ਰਿਹਾ ਸੀ ਤੇ ਇਸ ਮਾਮਲੇ 'ਚ ਕੇਸ ਜਿੱਤੀ ਜਗਜੀਤ ਸਿੰਘ ਦੀ ਧਿਰ ਨੂੰ ਮਾਣਯੋਗ ਅਦਾਲਤ ਵੱਲੋਂ ਕਬਜ਼ਾ ਦਿਵਾਉਣ ਦੇ ਹੁਕਮ ਜਾਰੀ ਕੀਤੇ ਗਏ ਸਨ, ਜਿਸ 'ਤੇ ਅਦਾਲਤ ਦੇ ਹੁਕਮਾਂ ਦੀ ਤਾਮੀਲ ਕਰਦੇ ਹੋਏ ਸ਼ਾਂਤੀਪੂਰਵਕ ਢੰਗ ਨਾਲ ਜਗਜੀਤ ਸਿੰਘ ਵਗੈਰਾ ਨੂੰ ਜਗ੍ਹਾ ਦਾ ਕਬਜ਼ਾ ਦਿਵਾ ਦਿੱਤਾ ਗਿਆ ਹੈ।



ਕਲੋਨੀ ਦੀਆਂ ਗਲੀਆਂ 'ਚ ਤਾਇਨਾਤ ਪੁਲਿਸ ਫੋਰਸ।(ਹੇਠਾਂ) ਆਪਣੇ ਘਰਾਂ ਅੱਗੇ ਬੈਠੇ ਔਰਤਾਂ ਤੇ ਬੱਚੇ।

ਉਕਤ ਬਸਤੀ ਦੇ ਪ੍ਰਧਾਨ ਹੋਣ ਦਾ ਦਾਅਵਾ ਕਰਦੇ ਨਰਿੰਦਰ ਰਾਮ ਨੇ ਦੱਸਿਆ ਕਿ ਬ੍ਰਾਹਮਣਮਾਜਰਾ ਦੀ ਇਸ ਬਸਤੀ 'ਚ ਉਹ ਬੀਤੇ 58 ਸਾਲਾਂ ਤੋਂ ਰਹਿ ਰਹੇ ਹਨ ਤੇ ਪਹਿਲਾਂ ਉਨਾਂ ਦੇ ਪਰਿਵਾਰ ਸਿਨੇਮਾ ਨੇੜਲੀ ਜਗ੍ਹਾ 'ਤੇ ਕਾਬਜ਼ ਸਨ, ਜਿੱਥੋਂ ਨਗਰ ਕੌਂਸਲ ਵੱਲੋਂ ਉਨ੍ਹਾਂ ਨੂੰ ਉਠਾ ਕੇ ਇੱਥੇ ਦੋ-ਦੋ ਮਰਲੇ ਦੇ ਪਲਾਟ ਦੇ ਦਿੱਤੇ ਗਏ, ਜਿੱਥੇ ਅਸੀਂ ਮਕਾਨ ਬਣਾ ਕੇ ਰਹਿਣ ਲੱਗ ਪਏ ਪਰ ਹੁਣ ਸਾਨੂੰ ਇੱਥੋਂ ਵੀ ਉਜਾੜਿਆ ਜਾ ਰਿਹੈ।ਨਰਿੰਦਰ ਰਾਮ ਨੇ ਕਿਹਾ ਕਿ ਉਨ੍ਹਾਂ ਦੀ ਕਲੋਨੀ ਦੇ ਕਿਸੇ ਜੱਦੀ ਵਸਨੀਕ ਨੇ ਤਾਂ ਅਦਾਲਤ 'ਚ ਕਦੇ ਕੋਈ ਕੇਸ ਦਾਇਰ ਹੀ ਨਹੀਂ ਕੀਤਾ ਹਾਂ ਇੱਥੇ ਰਹਿਣ ਆਏ ਇੱਕ ਪ੍ਰਵਾਸੀ ਵਿਅਕਤੀ ਨੇ ਅਦਾਲਤ 'ਚ ਕੇਸ ਜ਼ਰੂਰ ਕੀਤਾ ਸੀ, ਜਿਸ ਦੀ ਮੌਤ ਵੀ ਹੋ ਚੁੱਕੀ ਹੈ, ਪਰ ਉਸਦਾ ਖਮਿਆਜ਼ਾ ਹੁਣ ਸਾਨੂੰ ਭੁਗਤਣਾ ਪੈ ਰਿਹੈ।ਉਨ੍ਹਾਂ ਕਿਹਾ ਕਿ ਪ੍ਰਸ਼ਾਸ਼ਨ ਦੇ ਇਸ ਫੈਸਲੇ ਨਾਲ ਸਾਡੀ ਕਲੋਨੀ ਦੇ 30 ਤੋਂ ਵੱਧ ਪਰਵਾਰ ਬੇਘਰ ਹੋ ਰਹੇ ਹਨ ਇਸ ਲਈ ਸਾਡੀ ਸਰਕਾਰ ਅਤੇ ਪ੍ਰਸ਼ਾਸ਼ਨ ਨੂੰ ਅਪੀਲ ਹੈ ਕਿ ਸਾਨੂੰ ਇੱਥੋਂ ਨਾ ਉਜਾੜਿਆ ਜਾਵੇ ਤੇ ਇਸ ਜਗ੍ਹਾ ਦੀ ਬਣਦੀ ਜਾਇਜ਼ ਕੀਮਤ ਸਾਥੋਂ ਲੈ ਕੇ ਸਾਨੂੰ ਇੱਥੇ ਹੀ ਰਹਿਣ ਦਿੱਤਾ ਜਾਵੇ।ਮੌਕੇ 'ਤੇ ਮੌਜੂਦ ਕਈ ਕਲੋਨੀ ਵਾਸੀਆਂ ਨੇ ਭਾਵੁਕ ਹੁੰਦਿਆਂ ਕਿਹਾ ਕਿ ਉਨ੍ਹਾਂ ਨੂੰ ਮਰਨਾ ਮਨਜ਼ੂਰ ਹੈ, ਪਰ ਉਹ ਆਪਣੇ ਇਨਾਂ ਘਰਾਂ ਨੂੰ ਛੱਡ ਕੇ ਕਿਤੇ ਨਹੀਂ ਜਾਣਗੇ।

## ਸ਼ੁਭਕਰਨ ਨੂੰ ਇਨਸਾਫ ਦਿਵਾਉਣ ਲਈ ਰੋਸ ਪ੍ਰਦਰਸ਼ਨ ਅੱਜ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਆਪਣੀਆਂ ਮੰਗਾਂ ਨੂੰ ਲੈ ਕੇ ਦਿੱਲੀ ਜਾ ਰਹੇ ਕਿਸਾਨਾਂ ਉੱਪਰ ਹਰਿਆਣਾ ਪੁਲਸ ਵੱਲੋਂ ਪੰਜਾਬ ਹਰਿਆਣਾ ਹੱਦ 'ਤੇ ਪਿਛਲੇ ਦਿਨੀਂ ਤਸ਼ੱਦਦ ਕਰਨ ਕਰਕੇ ਨੌਜਵਾਨ ਸ਼ੁਭਕਰਨ ਦੀ ਮੌਤ ਹੋ ਗਈ ਅਤੇ 250 ਦੇ ਕਰੀਬ ਕਿਸਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹਨ। ਇਸ ਬਰਬਰਤਾ ਦੇ ਖ਼ਿਲਾਫ਼ ਪੂਰੇ ਦੇਸ਼ ਦੇ ਕਿਸਾਨਾਂ ਵਿੱਚ ਰੋਸ ਹੈ ਅਤੇ ਅਜੇ ਤੱਕ ਇਸ ਘਟਨਾ ਤੇ ਦੋਸ਼ੀਆਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਗਈ।ਕਿਰਤੀ ਕਿਸਾਨ ਯੂਨੀਅਨ ਵੱਲੋਂ ਦਿੱਤੇ ਪੰਜਾਬ ਪੱਧਰੀ ਸੱਦੇ ਤਹਿਤ ਕੱਲ 29 ਫਰਵਰੀ ਨੂੰ ਜ਼ਿਲਾ ਪੱਧਰੀ ਰੋਸ ਮੁਜ਼ਾਹਰੇ ਕਰਨ ਦਾ ਸੱਦਾ ਦਿੱਤਾ ਗਿਆ ਹੈ ਜਿਸ ਦੀ ਤਿਆਰੀ ਸਬੰਧੀ ਅੱਜ ਔਰਤ ਵਿੰਗ ਕਿਰਤੀ ਕਿਸਾਨ ਯੂਨੀਅਨ ਦੀ ਮੀਟਿੰਗ ਲੌਂਗੋਵਾਲ ਵਿਖੇ ਜਸਵਿੰਦਰ ਕੌਰ ਦੀ ਅਗਵਾਈ ਹੇਠ ਹੋਈ ਅਤੇ 29 ਫਰਵਰੀ ਨੂੰ ਲੌਂਗੋਵਾਲ ਤੋਂ ਵੱਡੀ ਗਿਣਤੀ ਬੀਬੀਆਂ ਸੰਗਰੂਰ ਵਿਖੇ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਣਗੀਆਂ।ਜਾਣਕਾਰੀ ਦਿੰਦਿਆਂ ਜਸਵਿੰਦਰ ਕੌਰ ਨੇ ਦੱਸਿਆ ਕਿ ਆਪਣੀਆਂ ਹੱਕੀ ਮੰਗਾਂ ਲਈ ਕਿਸਾਨ ਦਿੱਲੀ ਜਾ ਰਹੇ ਸਨ ਪਰ ਕਥਿਤ ਤੌਰ ਤੇ ਲੋਕਤੰਤਰ ਨੂੰ ਪੈਰਾਂ ਹੇਠ ਮਧੋਲਦਿਆਂ ਅਤੇ ਪ੍ਰਦਰਸ਼ਨ ਕਰਨ ਦੇ ਹੱਕ 'ਤੇ ਰੋਕ ਲਾਉਂਦਿਆਂ ਪੰਜਾਬ ਹਰਿਆਣਾ ਹੱਦ 'ਤੇ ਭਾਰੀ ਬੈਰੀਕੇਡ ਕਰਕੇ ਕਿਸਾਨਾਂ ਨੂੰ ਰੋਕਿਆ ਗਿਆ ਅਤੇ ਉਨ੍ਹਾਂ ਉੱਪਰ ਅੱਥਰੂ ਗੈਸ, ਰਬੜ ਦੀਆਂ ਗੋਲੀਆਂ ਅਤੇ ਪੈਲਟ ਗੰਨ, ਸਮੇਤ ਸਿੱਧੀਆਂ ਗੋਲੀਆਂ ਵੀ ਮਾਰੀਆਂ ਗਈਆਂ ਜਿਸ ਕਾਰਨ ਵੱਡੀ ਗਿਣਤੀ ਕਿਸਾਨ ਜ਼ਖਮੀ ਹੋਏ ਅਤੇ ਇੱਕ ਕਿਸਾਨ ਸ਼ਹੀਦ ਹੋ ਗਿਆ।

ਕਿਸਾਨਾਂ 'ਤੇ ਹੋਏ ਇਸ ਤਸ਼ੱਦਦ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਹਰਿਆਣੇ ਦੇ ਮੁੱਖ ਮੰਤਰੀ ਖੱਟਰ ਅਤੇ ਗ੍ਰਹਿ ਮੰਤਰੀ ਅਨਿਲ ਵਿੱਜ ਸਿੱਧੇ ਤੌਰ 'ਤੇ ਜ਼ਿੰਮੇਵਾਰ ਹਨ ਅਤੇ ਪੰਜਾਬ ਸਰਕਾਰ ਫੌਰੀ ਇਨ੍ਹਾਂ ਤਿੰਨਾਂ ਉੱਪਰ ਕਤਲ ਦਾ ਮੁਕੱਦਮਾ ਦਰਜ ਕਰੇ ਅਤੇ ਇੱਕ ਕਿਸਾਨ ਨੂੰ ਅਗਵਾ ਕਰਨ ਅਤੇ ਕਿਸਾਨਾਂ ਦੇ ਟਰੈਕਟਰ ਭੰਨਣ ਦਾ ਵੀ ਮੁਕੱਦਮਾ ਦਰਜ ਕਰੇ ਤੇ ਪੂਰੇ ਮਾਮਲੇ ਦੀ ਸੁਪਰੀਮ ਕੋਰਟ ਦੇ ਜੱਜ ਦੀ ਅਗਵਾਈ ਹੇਠ ਨਿਆਇਕ ਜਾਂਚ ਕਰਵਾਈ ਜਾਵੇ। ਅੰਤ ਵਿੱਚ ਸਾਰੀਆਂ ਬੀਬੀਆਂ ਨੂੰ ਸੰਯੁਕਤ ਮੋਰਚੇ ਦੇ ਸੱਦੇ ਤਹਿਤ 14 ਮਾਰਚ ਨੂੰ ਦਿੱਲੀ ਪੰਚਾਇਤ ਵਿੱਚ ਵੀ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਗਿਆ। ਇਸ ਸਮੇਂ ਔਰਤ ਵਿੰਗ ਦੇ ਆਗੂ ਗੁਰਮੇਲ ਕੌਰ, ਗੁਰਮੀਤ ਕੌਰ, ਸਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਬੀਬੀਆਂ ਹਾਜ਼ਰ ਸਨ।

## ਜਨਤਕ ਜਥੇਬੰਦੀਆਂ ਦੇ ਸਾਂਝੇ ਮੰਚ ਦੀ ਜ਼ਿਲ੍ਹਾ ਪੱਧਰੀ ਮੀਟਿੰਗ



ਅਬੋਹਰ : ਜਨਤਕ ਜਥੇਬੰਦੀਆਂ ਦਾ ਸਾਂਝਾ ਮੰਚ (ਜੇਪੀਐਮਓ) ਦੀ ਜ਼ਿਲ੍ਹਾ ਪੱਧਰੀ ਮੀਟਿੰਗ ਸਥਾਨਕ ਨਹਿਰੂ ਪਾਰਕ ਵਿਖੇ ਕੁਲਵੰਤ ਸਿੰਘ ਕਿਰਤੀ, ਤੇਜਾ ਸਿੰਘ ਅਤੇ ਜੱਗਾ ਸਿੰਘ ਖੂਹੀਆਂ ਸਰਵਰ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ।ਸ਼ਹੀਦ ਚੰਦਰ ਸ਼ੇਖਰ ਆਜ਼ਾਦ ਦੇ ਸ਼ਹੀਦੀ ਦਿਹਾੜੇ ਮੌਕੇ ਹੋਈ ਮੀਟਿੰਗ ਨੂੰ ਸੰਬੋਧਨ ਕਰਨ ਲਈ ਉਚੇਚੇ ਪੁੱਜੇ ਸੂਬਾਈ ਆਗੂ ਸਾਥੀ ਮਹੀਪਾਲ ਨੇ ਜੇ ਪੀ ਐਮ ਓ ਦੇ ਸੱਦੇ 'ਤੇ 3 ਮਾਰਚ ਨੂੰ ਬਠਿੰਡਾ ਵਿਖੇ ਕੀਤੀ ਜਾ ਰਹੀ ਫਿਰਕੂ-ਫਾਸ਼ੀਵਾਦ ਹਰਾਓ ਕਾਰਪੋਰੇਟ ਭਜਾਓ ਦੇਸ਼ ਬਚਾਉ ਰੈਲੀ ਦੇ ਮਕਸਦ ਅਤੇ ਮਹੱਤਵ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ।ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਮੰਚ ਦੇ ਜਿਲ੍ਹਾ ਕਨਵੀਨਰ ਸਾਥੀ ਗੁਰਮੇਜ ਲਾਲ ਗੇਜੀ ਨੇ ਦੱਸਿਆ ਕਿ ਬਠਿੰਡਾ ਰੈਲੀ ਵਿਚ ਜ਼ਿਲ੍ਹੇ ਚੋਂ ਸੈਂਕੜੇ ਕਿਰਤੀ ਕਿਸਾਨਾਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ।ਸਰਵ ਸਾਥੀ ਸਤਨਾਮ ਰਾਏ, ਬਲਦੇਵ ਕ੍ਰਿਸ਼ਨ ਧੁਨਕੀਆ, ਰਮੇਸ਼ ਵਡੇਰਾ ਨੇ ਵੀ ਵਿਚਾਰ ਰੱਖੇ।ਮੀਟਿੰਗ ਵਲੋਂ ਸੀਡ ਫਾਰਮ ਸਮੇਤ ਅੱਧੀ ਦਰਜਨ ਦੇ ਕਰੀਬ ਪਿੰਡਾਂ ਦੇ ਆਬਾਦਕਾਰਾਂ ਵਲੋਂ ਮੁਆਵਜ਼ੇ ਅਤੇ ਮਾਲਕੀ ਹੱਕ ਲੈਣ ਲੜੇ ਜਾ ਰਹੇ ਸੰਘਰਸ਼ ਦੀ ਪੂਰਨ ਹਮਾਇਤ ਕਰਨ ਦਾ ਨਿਰਣਾ ਲਿਆ ਗਿਆ।ਉਕਤ ਸੰਘਰਸ਼ ਦੌਰਾਨ ਸ਼ਹੀਦ ਹੋਏ ਸੀਡ ਫਾਰਮ ਦੇ ਕਿਸਾਨ ਸਾਥੀ ਭੁਪਿੰਦਰ ਪਾਲ ਸਿੰਘ ਅਤੇ ਪੰਜਾਬ-ਹਰਿਆਣਾ ਦੇ ਖਨੌਰੀ ਬਾਰਡਰ 'ਤੇ ਪੁਲਸ ਗੋਲੀਬਾਰੀ ਨਾਲ ਮਾਰ ਗਏ ਬਠਿੰਡਾ ਜ਼ਿਲ੍ਹੇ ਦੇ ਪਿੰਡ ਬੱਲੋ ਦੇ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

## ਗੈਰੀ ਬੜਿੰਗ ਨੇ ਅਨਾਜ ਮੰਡੀ ਅਮਲੋਹ 'ਚ ਸੀ ਸੀ ਫਲੋਰਿੰਗ ਦਾ ਕੰਮ ਸ਼ੁਰੂ ਕਰਵਾਇਆ



ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)-ਅੱਜ ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਵੱਲੋਂ ਅਨਾਜ ਮੰਡੀ ਅਮਲੋਹ ਵਿਖੇ 69.25 ਲੱਖ ਰੁਪਏ ਦੀ ਲਾਗਤ ਨਾਲ ਫੜ੍ਹ ਨੂੰ ਸੀ ਸੀ ਫਲੋਰਿੰਗ ਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ ਅਤੇ ਮੌਜੂਦ ਆੜ੍ਹਤੀਆਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਗਈਆ ਜਿਹਨਾਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਵਿਧਾਇਕ ਗੈਰੀ ਬੜਿੰਗ ਨੇ ਕਿਹਾ ਕਿ ਅਨਾਜ ਮੰਡੀ ਅਮਲੋਹ ਵਿਖੇ ਫੜ੍ਹ ਤਿਆਰ ਹੋਣ ਨਾਲ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਸੀਜ਼ਨ ਵਿੱਚ ਕਿਸੇ ਵੀ ਪ੍ਰਕਾਰ ਦੀ ਕੋਈ ਮੁਸ਼ਕਲ ਨਹੀਂ ਆਵੇਗੀ ਅਤੇ ਆੜ੍ਹਤੀਆਂ ਦੀ ਇਹ ਮੰਗ ਸੀ ਕਿ ਫੜ੍ਹ ਉਤੇ ਸੀ ਸੀ ਫਲੋਰਿੰਗ ਕੀਤਾ ਜਾਵੇ ਅਤੇ ਅੱਜ ਉਹਨਾਂ ਦੀ ਮੰਗ ਪੂਰੀ ਹੋ ਗਈ ਹੈ ਉਥੇ ਹੀ ਅਨਾਜ ਮੰਡੀ ਵਿੱਚ ਸ਼ੈਡ ਬਣਾਉਣ ਦਾ ਕੰਮ ਵੀ ਚੱਲ ਰਿਹਾ ਹੈ। ਉਹਨਾਂ ਅੱਗੇ ਕਿਹਾ ਕਿ ਹਲਕਾ ਅਮਲੋਹ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਹੋਰਨਾਂ ਮੰਡੀਆਂ ਦੇ ਫੜ੍ਹਾਂ ਨੂੰ ਵੀ ਪੱਕਾ ਕੀਤਾ ਜਾਵੇਗਾ।ਉਹਨਾਂ ਕਿਹਾ ਕਿ ਆਪਣੀਆਂ ਹੱਕੀ ਮੰਗਾਂ ਲਈ ਦਿੱਲੀ ਜਾ ਰਹੇ ਕਿਸਾਨਾਂ ਉਪਰ ਭਾਜਪਾ ਸਰਕਾਰ ਵੱਲੋਂ ਤਸ਼ੱਦਦ ਕਰਨਾ ਨਿੰਦਣਯੋਗ ਹੈ ਜਿਸ ਦਾ ਖਮਿਆਜ਼ਾ ਸਮਾਂ ਆਉਣ 'ਤੇ ਭਾਜਪਾ ਨੂੰ ਜ਼ਰੂਰ ਭੁਗਤਣਾ ਪਵੇਗਾ ਅਤੇ ਅੱਜ ਆਮ ਆਦਮੀ ਪਾਰਟੀ ਦੀ ਸਰਕਾਰ ਕਿਸਾਨਾਂ ਦੇ ਨਾਲ ਹੈ। ਇਸ ਮੌਕੇ ਵਿਧਾਇਕ ਗੈਰੀ ਬੜਿੰਗ ਦਾ ਆੜ੍ਹਤੀਆ ਐਸੋਸੀਏਸ਼ਨ ਅਮਲੋਹ ਦੇ ਪ੍ਰਧਾਨ ਪਰਮਵੀਰ ਸਿੰਘ ਮਾਂਗਟ, ਅਸ਼ੀਸ਼ ਜਿੰਦਲ ਸੈਕਟਰੀ ਅਤੇ ਆੜ੍ਹਤੀਆਂ ਵੱਲੋਂ ਵਿਸ਼ੇਸ਼ ਧੰਨਵਾਦ ਅਤੇ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਅਮਲੋਹ ਪਰਮਵੀਰ ਸਿੰਘ ਮਾਂਗਟ, ਮਾਰਕੀਟ ਕਮੇਟੀ ਅਮਲੋਹ ਦੇ ਸੈਕਟਰੀ ਸੁਰਜੀਤ ਸਿੰਘ, ਸ਼ਿੰਗਾਰਾ ਸਿੰਘ ਸਲਾਣਾ, ਸੀਨੀਅਰ ਆਗੂ ਦਰਸ਼ਨ ਸਿੰਘ ਚੀਮਾ, ਰਣਜੀਤ ਸਿੰਘ ਪਨਾਗ, ਵਿਨੋਦ ਅਬਰੋਲ, ਅਸ਼ੀਸ਼ ਜਿੰਦਲ ਸੈਕਟਰੀ, ਪ੍ਰਦੀਪ ਸਿੰਘ ਹਿਮਤਗੜ੍ਹ ਛੰਨਾ ਸਰਕਲ ਪ੍ਰਧਾਨ , ਬਲਕਾਰ ਸਿੰਘ, ਦਰਸ਼ਨ, ਮੇਜਰ ਸਿੰਘ, ਐਸ ਡੀ ਓ ਪ੍ਰਦੀਪ ਸਿੰਘ, ਜੇ ਈ ਦਵਿੰਦਰ ਸਿੰਘ, ਬਲਾਕ ਪ੍ਰਧਾਨ ਅਵਤਾਰ ਮੁਹੰਮਦ ਟੈਨੀ, ਬਲਾਕ ਪ੍ਰਧਾਨ ਐਡਵੋਕੇਟ ਅਮਰੀਕ ਸਿੰਘ ਔਲਖ, ਪ੍ਰਧਾਨ ਅਮਨਦੀਪ ਸਿੰਘ ਧਰਮਗੜ੍ਹ, ਗੁਰਸੇਵਕ ਸਿੰਘ ਕੋਹਲੀ, ਗੁਰਪ੍ਰੀਤ ਸਿੰਘ ਬੱਬੀ, ਭਾਗ ਸਿੰਘ, ਬੰਤ ਸਿੰਘ, ਦਰਸ਼ਨ ਸਿੰਘ, ਕੁਲਦੀਪ ਸਿੰਘ ਦੀਪਾ, ਸੁਪਰਵਾਈਜ਼ਰ ਹਰਬੰਸ ਸਿੰਘ, ਲੇਖਕਾਰ ਪਰਮਵੀਰ ਸਿੰਘ, ਲਖਵੀਰ ਚੰਦ, ਪਵਨਪ੍ਰੀਤ ਸਿੰਘ, ਗੁਰਮੀਤ ਸਿੰਘ, ਸੰਜੀਵ ਜਿੰਦਲ, ਰਾਕੇਸ਼ ਬੰਟੀ , ਆੜ੍ਹਤੀਏ, ਪਾਰਟੀ ਆਗੂ ਅਤੇ ਵਰਕਰ ਮੌਜੂਦ ਸਨ।

## ਗੈਂਗਸਟਰ ਗੋਲਡੀ ਬਰਾੜ ਦਾ ਸਾਥੀ ਅਸਲੇ ਸਮੇਤ ਕਾਬੂ



ਬਠਿੰਡਾ (ਪਰਵਿੰਦਰ ਜੀਤ ਸਿੰਘ)-ਮਾੜੇ ਅਨਸਰਾਂ ਤੇ ਨਕੇਲ ਕੱਸਣ ਲਈ ਵਿੱਢੀ ਗਈ ਮੁਹਿੰਮ ਸ਼੍ਰੀ ਅਜੈ ਗਾਂਧੀ ਆਈ.ਪੀ.ਐੱਸ ਐੱਸ.ਪੀ ਡਿਟੈਕਟਿਵ ਬਠਿੰਡਾ ਦੀ ਨਿਗਰਾਨੀ ਵਿੱਚ ਜ਼ਿਲ੍ਹੇ ਸ਼ਰਾਰਤੀ ਅਨਸਰਾਂ 'ਤੇ ਨਜ਼ਰ ਰੱਖਣ ਲਈ ਪੀ.ਸੀ.ਆਰ ਪਾਰਟੀਆਂ ਵੱਲੋਂ ਦਿਨ-ਰਾਤ ਗਸ਼ਤਾਂ ਪੈਟਰੋਲਿੰਗ ਕੀਤੀ ਜਾ ਰਹੀ ਹੈ। ਬਠਿੰਡਾ ਪੁਲਸ ਦੇ ਥਾਣਾ ਤਲਵੰਡੀ ਸਾਬੋ ਦੀ ਪੁਲਿਸ ਸਬ ਇੰਸਪੈਕਟਰ ਪਰਬਤ ਸਿੰਘ ਵੱਲੋਂ ਗੈਂਗਸਟਰ ਗੋਲਡੀ ਬਰਾੜ ਦਾ ਸਾਥੀ, ਜੋ ਬਾਹਰੋ ਅਸਲਾ ਮੰਗਵਾ ਕੇ ਅੱਗੇ ਸਪਲਾਈ ਕਰਦਾ ਹੈ, ਨੂੰ ਗ੍ਰਿਫ਼ਤਾਰ ਕਰਕੇ ਉਸਦੇ ਕਬਜ਼ੇ ਵਿੱਚੋਂ ਇੱਕ ਪਿਸਤੌਲ 9 ਐੱਮ.ਐੱਮ ਸਮੇਤ 10 ਕਾਰਤੂਸ ਅਤੇ 4 ਮੋਬਾਈਲ ਫੋਨ ਬਰਾਮਦ ਕਰਕੇ ਸਫ਼ਲਤਾ ਹਾਸਲ ਕੀਤੀ। ਸ਼੍ਰੀ ਰਾਜੇਸ਼ ਸਨੇਹੀ ਡੀ.ਐੱਸ.ਪੀ (ਤਲਵੰਡੀ ਸਾਬੋ) ਵੱਲੋਂ ਦੱਸਿਆ ਕਿ ਥਾਣਾ ਤਲਵੰਡੀ ਸਾਬੋ ਦੀ ਪੁਲਸ ਪਾਰਟੀ ਨੂੰ ਮੁਖਬਰੀ ਦੇ ਅਧਾਰ ਪਰ ਸੂਚਨਾ ਮਿਲੀ ਕਿ ਗੈਂਗਸਟਰ ਗੋਲਡੀ ਬਰਾੜ ਦਾ ਸਾਥੀ ਨਵਦੀਪ ਸਿੰਘ ਚੱਠਾ ਪੁੱਤਰ ਸੁਖਦੇਵ ਸਿੰਘ ਵਾਸੀ ਨੈਸ਼ਨਲ ਕਲੋਨੀ ਬਠਿੰਡਾ ਬੀ ਕੈਟਾਗਰੀ ਦਾ ਗੈਂਗਸਟਰ ਹੈ, ਜੋ ਮੁਕੱਦਮਾ ਨੰਬਰ 116 ਮਿਤੀ 22.6.2023 ਅ/ਧ 22ਸੀ/61/85 ਐੱਨ.ਡੀ.ਪੀ.ਐੱਕਟ, 25/54/59 ਅਸਲਾ ਐਕਟ ਥਾਣਾ ਤਲਵੰਡੀ ਸਾਬੋ ਵਿੱਚ ਦੋਸ਼ੀ ਹੈ, ਜੋ ਨਜਾਇਜ਼ ਅਸਲੇ ਸਮੇਤ ਕਿਸੇ ਘਟਨਾ ਨੂੰ ਅੰਜਾਮ ਦੇਣ ਦੀ ਤਾਕ ਵਿੱਚ ਤਲਵੰਡੀ ਸਾਬੋ ਦੇ ਏਰੀਏ ਰਾਮਾਂ ਰੋਡ 'ਤੇ ਘੁੰਮ ਰਿਹਾ ਹੈ, ਜਿਸ ਨੂੰ ਥਾਣਾ ਤਲਵੰਡੀ ਸਾਬੋ ਦੀ ਪੁਲਿਸ ਪਾਰਟੀ ਵੱਲੋਂ ਮੌਕੇ 'ਤੇ ਕਾਬੂ ਕਰਕੇ ਉਸਦੇ ਕਬਜ਼ੇ ਵਿੱਚੋਂ ਇੱਕ ਪਿਸਤੌਲ 9 ਐੱਮ.ਐੱਮ ਸਮੇਤ 10 ਕਾਰਤੂਸ ਅਤੇ 4 ਮੋਬਾਈਲ ਫੋਨ ਬਰਾਮਦ ਕੀਤੇ ਗਏ।

# ਵਿਧਾਇਕ ਲਾਡੀ ਢੋਸ ਵੱਲੋਂ ਵਿਕਾਸ ਕੰਮਾਂ ਦੀ ਸ਼ੁਰੂਆਤ

ਧਰਮਕੋਟ (ਗੁਰਦੀਪ ਸਿੰਘ ਭੁੱਲਰ)

ਧਰਮਕੋਟ ਸ਼ਹਿਰ ਦੇ ਵਿਕਾਸ ਲਈ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਕਈ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਵਿਕਾਸ ਦੇ ਜੰਗੀ ਪੱਧਰ 'ਤੇ ਕੰਮ ਚੱਲ ਰਹੇ ਹਨ। ਧਰਮਕੋਟ ਵਿਖੇ ਕ੍ਰਾਈਮ ਨੂੰ ਰੋਕਣ ਲਈ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਧਰਮਕੋਟ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਕੈਮਰੇ ਲਗਵਾਏ ਗਏ ਧਰਮਕੋਟ ਸ਼ਹਿਰ ਵਿੱਚ ਲਗਾਏ ਗਏ ਸੀ ਸੀ ਟੀ ਵੀ ਕੈਮਰਿਆਂ ਦੇ ਕੰਟਰੋਲ ਰੂਮ ਦਾ ਰਸਮੀ ਉਦਘਾਟਨ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਥਾਣਾ ਧਰਮਕੋਟ ਵਿਖੇ ਕੀਤਾ। ਇਸ ਮੌਕੇ ਉਹਨਾਂ ਕਿਹਾ ਕਿ ਇਹ ਸੀ ਸੀ ਟੀ ਵੀ ਕੈਮਰੇ ਸ਼ਹਿਰ ਦੇ ਐਂਟਰੀ ਪੁਆਇੰਟਾਂ ਸਮੇਤ ਵੱਖ-ਵੱਖ ਚੌਕਾਂ ਅਤੇ ਮੇਨ ਰਸਤਿਆਂ 'ਤੇ ਲਗਾਏ ਗਏ ਹਨ। ਤਾਂ ਜੋ ਵੀ ਕੋਈ ਕ੍ਰਾਈਮ ਕਰੇ ਤਾਂ ਸਾਰਾ ਕੈਮਰੇ ਵਿੱਚ ਕੈਦ ਹੋ ਜਾਵੇ ਤੇ ਉਸ ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਕਾਰਜ ਸਾਧਕ ਅਫਸਰ ਅਮਰਿੰਦਰ ਸਿੰਘ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਜਗਤਾਰ ਸਿੰਘ ਮੰਜਰ, ਨਗਰ ਕੌਂਸਲ ਦੇ ਸਾਬਕਾ ਵਾਈਸ ਪ੍ਰਧਾਨ ਗੁਰਮੀਤ ਮਖੀਜਾ, ਕੋਟ ਈਸੇ ਖਾਂ ਮਾਰਕੀਟ ਕਮੇਟੀ ਦੇ ਚੇਅਰਮੈਨ ਅਮਨ ਪਡੋਰੀ, ਐਸ ਐਚ ਓ ਨਵਦੀਪ ਭੱਟੀ, ਮੁੱਖ ਮੁਨਸ਼ੀ ਸੰਦੀਪ ਕੁਮਾਰ, ਰਾਜੂ ਸ਼ਰਮਾ, ਬਲਰਾਜ ਕਲਸੀ, ਰਾਜੂ ਮਖੀਜਾ, ਚਮਕੌਰ ਸਿੰਘ, ਸੁਖਬੀਰ ਸਿੰਘ ਸੁੱਖਾ, ਸੁਸ਼ੀਲ ਕੁਮਾਰ , ਮਹਿੰਦਰ ਬਾਜੇ ਕੇ, ਪਵਨ ਰੇਲੀਆ, ਭੁਪਿੰਦਰ ਸਮਰਾ, ਗੱਗੂ ਮਖੀਜਾ, ਡਾਕਟਰ ਬਿੱਟੂ ਜਲਾਲਾਬਾਦ, ਸਮੇਤ ਵੱਖ-ਵੱਖ ਸ਼ਹਿਰ ਵਾਸੀ ਅਤੇ ਪੁਲਸ ਮੁਲਾਜ਼ਮ ਹਾਜ਼ਰ ਸਨ।



## 16 ਲੱਖ ਦੀ ਲਾਗਤ ਨਾਲ ਨਗਰ ਕੌਂਸਲ ਨੇ ਖਰੀਦੇ 2 ਟਰੈਕਟਰ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸ਼ਹਿਰ ਵਿਚ ਕੂੜਾ ਕਰਕਟ ਦੀ ਢੋਆ-ਢੁਆਈ ਅਤੇ ਹੋਰ ਕਾਰਜਾਂ ਲਈ ਨਗਰ ਕੌਂਸਲ ਵੱਲੋਂ 16 ਲੱਖ ਰੁਪਏ ਦੀ ਲਾਗਤ ਨਾਲ 2 ਨਵੇਂ ਟ੍ਰੈਕਟਰ ਖਰੀਦੇ ਹਨ, ਜਿਨ੍ਹਾਂ ਦਾ ਉਦਘਾਟਨ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵਲੋਂ ਕੀਤਾ ਗਿਆ। ਵਿਧਾਇਕ ਦਿਆਲਪੁਰਾ ਨੇ ਦੱਸਿਆ ਕਿ ਨਗਰ ਕੌਂਸਲ ਕੋਲ ਬਹੁਤ ਹੀ ਖਸਤਾ ਹਾਲਤ ਤੇ ਪੁਰਾਣਾ ਟ੍ਰੈਕਟਰ ਸੀ, ਜਿਸ ਕਾਰਨ ਕੂੜਾ-ਕਰਕਟ ਦੀ ਢੋਆ-ਢੁਆਈ 'ਚ ਮੁਸ਼ਕਲ ਆ ਰਹੀ ਸੀ। ਉਨ੍ਹਾਂ ਕਿਹਾ ਕਿ ਸਵੱਛ ਭਾਰਤ ਮੁਹਿੰਮ ਤਹਿਤ 2 ਨਵੇਂ ਟ੍ਰੈਕਟਰ ਖਰੀਦੇ ਗਏ ਹਨ, ਜਿਸ ਨਾਲ ਹੁਣ ਸ਼ਹਿਰ 'ਚੋਂ ਕੂੜਾ ਚੁੱਕਣ ਅਤੇ ਹੋਰ ਕੰਮ ਬੜੇ ਸੁਚਾਰੂ ਢੰਗ ਨਾਲ ਹੋ ਸਕਣਗੇ। ਵਿਧਾਇਕ ਨੇ ਕਿਹਾ ਕਿ ਇਸ ਤੋਂ ਪਹਿਲਾਂ ਨਗਰ ਕੌਂਸਲ ਵਲੋਂ ਸ਼ਹਿਰ 'ਚੋਂ ਕੂੜਾ-ਕਰਕਟ ਚੁੱਕਣ ਲਈ 6 ਛੋਟੀਆਂ ਗੱਡੀਆਂ ਅਤੇ ਸੀਵਰੇਜ ਮਸ਼ੀਨ ਵੀ ਖਰੀਦੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਜਲਦ ਹੀ ਨਗਰ ਕੌਂਸਲ ਸ਼ਹਿਰ ਦੀ ਸਫ਼ਾਈ ਲਈ ਮਸ਼ੀਨ ਵੀ ਖਰੀਦੇਗੀ ਤਾਂ ਜੁ ਵੱਡੇ ਸ਼ਹਿਰਾਂ ਦੀ ਤਰ੍ਹਾਂ ਇਸ ਇਤਿਹਾਸਕ ਕਸਬੇ ਦੀ ਸਫ਼ਾਈ ਦਾ ਕੰਮ ਮਸ਼ੀਨਾਂ ਨਾਲ ਹੋ ਸਕੇ।

ਵਿਧਾਇਕ ਦਿਆਲਪੁਰਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨਾ ਹੈ। ਇਸ ਮੌਕੇ ਉਨ੍ਹਾਂ ਨਾਲ ਕਾਰਜ ਸਾਧਕ ਅਫ਼ਸਰ ਗੁਰਪਾਲ ਸਿੰਘ, ਅਸ਼ੋਕ ਸੂਦ, 'ਆਪ' ਆਗੂ ਮੋਹਿਤ ਕੁੰਦਰਾ, ਸੁਖਵਿੰਦਰ ਸਿੰਘ ਗਿੱਲ, ਜਗਮੀਤ ਸਿੰਘ ਮੱਕੜ, ਪ੍ਰਵੀਨ ਮੱਕੜ, ਦੀਪਕ ਸੂਦ, ਲੇਖਾਕਾਰ ਸੰਜੀਵ ਗਰੋਵਰ, ਸੁਖਦੇਵ ਸਿੰਘ ਬਿੱਟੂ, ਭੁਪਿੰਦਰ ਸਿੰਘ, ਨਰਿੰਦਰਪਾਲ ਨਿੰਦੀ ਵੀ ਮੌਜੂਦ ਸਨ।

# 76 ਕਿਲੋਮੀਟਰ ਤੋਂ ਵੱਧ ਲੰਬਾਈ ਵਾਲੀਆਂ ਚਾਰ ਸੜਕਾਂ ਦੀ ਮੁਰੰਮਤ ਦਾ ਨੀਂਹ ਪੱਥਰ ਰੱਖਿਆ

ਬਾਘਾ ਪੁਰਾਣਾ (ਮਨੀ ਸਿੰਗਲਾ)

ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਮੋਗਾ ਦੇ ਵਿਕਾਸ ਨੂੰ ਹੋਰ ਹੁਲਾਰਾ ਦਿੰਦਿਆਂ 76 ਕਿਲੋਮੀਟਰ ਤੋਂ ਵਧੇਰੇ ਲੰਬਾਈ ਵਾਲੀਆਂ ਚਾਰ ਸੜਕਾਂ ਦੀ ਮੁਰੰਮਤ ਦਾ ਕੰਮ ਸ਼ੁਰੂ ਕੀਤਾ ਗਿਆ ਹੈ।ਕਰੀਬ 45 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਸੜਕਾਂ ਦੀ ਮੁਰੰਮਤ ਦਾ ਨੀਂਹ ਪੱਥਰ ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਵਿਭਾਗ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਰੱਖਿਆ। ਇਸ ਸਬੰਧੀ ਜ਼ਿਲਾ ਮੋਗਾ ਦੇ ਸਭ ਡਵੀਜ਼ਨ ਬਾਘਾ ਪੁਰਾਣਾ ਦੇ ਨੇੜਲੇ ਪਿੰਡ ਸਮਾਧ ਭਾਈ, ਜਲਾਲਾਬਾਦ ਤੇ ਮੋਗਾ ਵਿਖੇ ਰੱਖੇ ਗਏ ਸੰਖੇਪ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਹਰਭਜਨ ਸਿੰਘ ਨੇ ਕਿਹਾ ਕਿ ਮੋਗਾ ਤੋਂ ਸਮਾਧ ਭਾਈ ਬਾਈਪਾਸ, ਕੋਟ ਈਸੇ ਖਾਂ ਤੋਂ ਗ਼ਾਲਿਬ ਕਲਾਂ, ਧਰਮਕੋਟ ਤੋਂ ਜੋਗੇਵਾਲਾ ਸੜਕ, ਮੋਗਾ ਬਾਈਪਾਸ ਤੋਂ ਮੋਗਾ ਹਰੀਕੇ ਸੜਕ ਦੀ ਮੁਰੰਮਤ ਦਾ ਕੰਮ ਸ਼ੁਰੂ ਹੋ ਗਿਆ ਹੈ, ਜੋ ਤਿੰਨ ਮਹੀਨੇ ਵਿਚ ਪੂਰੇ ਕੀਤੇ ਜਾਣਗੇ।ਇਨ੍ਹਾਂ ਸੜਕਾਂ ਦੀ ਕੁੱਲ ਲੰਬਾਈ 76.24 ਕਿਲੋਮੀਟਰ ਬਣਦੀ ਹੈ, ਜਿਸ ਉੱਤੇ 44.52 ਕਰੋੜ ਰੁਪਏ ਦੀ ਲਾਗਤ ਲੱਗਣੀ ਹੈ।ਇਨ੍ਹਾਂ ਸੜਕਾਂ ਨਾਲ ਤਕਰੀਬਨ 60 ਪਿੰਡਾਂ ਦੇ ਲੋਕਾਂ ਨੂੰ ਸਿੱਧੇ ਰੂਪ ਵਿੱਚ ਤੇ 100 ਦੇ ਕਰੀਬ ਪਿੰਡਾਂ ਦੇ ਲੋਕਾਂ ਨੂੰ ਅਸਿੱਧੇ ਤੌਰ ਉੱਤੇ ਫਾਇਦਾ ਹੋਵੇਗਾ।ਨਿਯਮਾਂ ਮੁਤਾਬਕ ਇਹ ਸੜਕਾਂ 5 ਸਾਲ ਪਹਿਲਾਂ ਬਣ ਜਾਣੀਆਂ ਚਾਹੀਦੀਆਂ ਸਨ, ਪਰ ਪਿਛਲੀਆਂ ਸਰਕਾਰਾਂ ਵੱਲੋਂ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ ਗਿਆ।ਹੁਣ ਇਹ ਸੜਕਾਂ ਬਣਨ ਨਾਲ ਲੋਕਾਂ ਦੀ ਲੰਮੀ ਮੰਗ ਪੂਰੀ ਹੋ ਗਈ ਹੈ। ਸੂਬੇ ਵਿਚ ਬਿਜਲੀ ਦੀ ਸਥਿਤੀ ਬਾਰੇ ਸਪੱਸ਼ਟ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਨਿਰੰਤਰ ਕੋਸ਼ਿਸ਼ਾਂ ਦੇ ਸਦਕਾ ਬਿਜਲੀ ਬੋਰਡ ਅੱਜ ਮੁਨਾਫ਼ੇ ਵਿਚ ਆ ਗਿਆ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਜਦੋਂ ਸੱਤਾ ਸੰਭਾਲੀ ਸੀ ਤਾਂ ਉਦੋਂ ਬਿਜਲੀ ਬੋਰਡ 1880 ਕਰੋੜ ਰੁਪਏ ਦੇ ਘਾਟੇ ਵਿਚ ਸੀ, ਜਿਸ ਨੂੰ ਇਸ ਘਾਟੇ ਵਿਚੋਂ ਕੱਢ ਕੇ 564 ਕਰੋੜ ਰੁਪਏ ਦੇ ਲਾਭ ਵਿੱਚ ਲਿਆਂਦਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਝਾਰਖੰਡ ਵਿਚ ਪਿਛਲੇ 9 ਸਾਲ ਤੋਂ ਕੋਲੇ ਦੀ ਖਾਣ ਬੰਦ ਪਈ ਸੀ, ਜਿਸ ਨੂੰ ਆਪ ਸਰਕਾਰ ਨੇ ਮੁੜ ਸ਼ੁਰੂ ਕੀਤਾ ਹੈ।ਇਸ ਨਾਲ ਬਿਜਲੀ ਬੋਰਡ ਨੂੰ 1200 ਕਰੋੜ ਰੁਪਏ ਦਾ ਲਾਭ ਹੋਇਆ ਹੈ।ਇਸ ਖਾਨ ਦੇ ਚੱਲਣ ਨਾਲ ਸੂਬੇ ਕੋਲ 40 ਦਿਨ ਦਾ ਕੋਲਾ ਹਮੇਸ਼ਾ ਵਾਧੂ ਸਟਾਕ ਹੁੰਦਾ ਹੈ।ਪੰਜਾਬ ਸਰਕਾਰ ਵੱਲੋਂ ਨਵੇਂ ਸਿਰੇ ਤੋਂ ਸੋਲਰ ਸਮਝੌਤੇ ਕੀਤੇ ਜਾ ਰਹੇ ਹਨ, ਜਿਸ ਨਾਲ ਜਲਦ ਹੀ ਪੰਜਾਬ ਪਾਵਰ ਸਰਪਲਸ ਸੂਬਾ ਬਣ ਜਾਵੇਗਾ। ਹੁਣ ਪੰਜਾਬ ਦੂਜੇ ਸੂਬਿਆਂ ਨੂੰ ਬਿਜਲੀ ਵੇਚਿਆ ਕਰੇਗਾ।ਪਿਛਲੀਆਂ ਸਰਕਾਰਾਂ ਨੇ ਨਿੱਜੀ ਖੇਤਰ ਤੋਂ 18 ਰੁਪਏ ਪ੍ਰਤੀ ਯੂਨਿਟ ਬਿਜਲੀ ਖਰੀਦੀ ਸੀ ਪਰ ਆਪ ਸਰਕਾਰ ਨੇ 2.33 ਰੁਪਏ ਨਾਲ ਬਿਜਲੀ ਖਰੀਦੀ ਹੈ।ਇਸ ਤੋਂ ਇਲਾਵਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੈ ਜਿਸਨੇ ਨਿੱਜੀ ਖੇਤਰ ਦਾ ਥਰਮਲ ਖਰੀਦਿਆ ਹੈ।



## ਘਰ ਅੰਦਰ ਫਾਇਰ ਕਰਨ ਦੇ ਮਾਮਲੇ 'ਚ ਮਾਮਲਾ ਦਰਜ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)

ਥਾਣਾ ਸਦਰ ਜ਼ੀਰਾ ਦੇ ਅਧੀਨ ਆਉਂਦੇ ਪਿੰਡ ਛੱਜਾ ਵਾਲੀ ਵਿਖੇ ਇਕ ਵਿਅਕਤੀ ਦੇ ਘਰ ਅੰਦਰ ਫਾਇਰ ਕਰਨ ਦੇ ਮਾਮਲੇ ਵਿਚ ਪੁਲਿਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ 336 ਆਈਪੀਸੀ ਤੇ ਆਰਮਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

ਪੁਲਸ ਨੂੰ ਦਿੱਤੇ ਬਿਆਨਾਂ ਵਿਚ ਗੁਰਮੇਲ ਸਿੰਘ ਪੁੱਤਰ ਜੰਗੀਰ ਸਿੰਘ ਵਾਸੀ ਛੱਜਾ ਵਾਲੀ ਨੇ ਦੱਸਿਆ ਕਿ 25 ਫਰਵਰੀ ਨੂੰ ਉਹ ਆਪਣੇ ਪਰਵਾਰ ਸਮੇਤ ਸੁੱਤਾ ਹੋਇਆ ਸੀ ਤਾਂ ਰਾਤ 12 ਵਜੇ ਘਰ ਦੇ ਅੰਦਰ 2 ਫਾਇਰ ਚੱਲਣ ਦੀ ਅਵਾਜ਼ ਆਈ, ਜਿਸ ਨਾਲ ਉਹ ਤੇ ਉਸ ਦਾ ਪਰਵਾਰ ਡਰ ਗਏ ਤਾਂ ਕੁਝ ਸਮੇਂ ਬਾਅਦ ਉਨ੍ਹਾਂ ਨੇ ਬਾਹਰ ਜਾ ਵੇ ਵੇਖਿਆ ਤਾਂ ਇਕ ਫਾਇਰ ਬਾਹਰਲੇ ਮੇਨ ਗੇਟ 'ਤੇ ਲੱਗਾ ਸੀ ਤੇ ਦੂਜਾ ਫਾਇਰ ਘਰ ਦੇ ਬਰਾਂਡੇ 'ਤੇ ਲੱਗਾ ਸੀ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਰਜਿਸਟਰ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

## ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਬੱਸ ਧਾਰਮਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ



ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)

ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਤੇ ਜਾਣ ਲਈ ਸੰਗਤਾਂ ਦੀ ਬੱਸ ਨੂੰ ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੇ ਭਰਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਮਨਿੰਦਰ ਸਿੰਘ ਮਨੀ ਬੜਿੰਗ ਵੱਲੋਂ ਰਵਾਨਾ ਕੀਤਾ ਗਿਆ।ਐਡਵੋਕੇਟ ਬੜਿੰਗ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਸਬੰਧੀ ਸੰਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਵੱਡੀ ਗਿਣਤੀ ਸੰਗਤਾਂ ਇਤਿਹਾਸਕ ਸਥਾਨਾਂ ਦੇ ਦਰਸ਼ਨਾਂ ਲਈ ਜਾ ਰਹੀਆਂ ਹਨ ਤੇ ਕਿਸੇ ਪ੍ਰਕਾਰ ਦੀ ਕੋਈ ਪ੍ਰੇਸ਼ਾਨੀ ਨਹੀਂ ਆ ਰਹੀ।ਉਨ੍ਹਾਂ ਅੱਗੇ ਕਿਹਾ ਕਿ ਉਹ ਸੰਗਤਾਂ ਭਾਗਾਂ ਵਾਲੀਆਂ ਹਨ, ਜਿਹੜੀਆਂ ਯਾਤਰਾ ਵਿੱਚ ਸ਼ਾਮਲ ਹੋ ਰਹੀਆਂ ਹਨ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਮਾਜ ਦੇ ਹਰ ਵਰਗ ਲਈ ਉਪਰਾਲੇ ਕੀਤੇ ਜਾ ਰਹੇ ਹਨ।ਇਸੇ ਤਹਿਤ ਵੱਖ-ਵੱਖ ਧਾਰਮਿਕ ਸਥਾਨਾਂ ਦੀ ਯਾਤਰਾ ਲਈ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਸ਼ੁਰੂ ਕੀਤੀ ਹੈ। ਇਸ ਤਹਿਤ ਵੱਖ-ਵੱਖ ਧਾਰਮਿਕ ਸਥਾਨਾਂ ਦੀ ਪੰਜਾਬ ਸਰਕਾਰ ਵੱਲੋਂ ਮੁਫ਼ਤ ਯਾਤਰਾ ਕਰਵਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਨਾਲ ਆਮ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ, ਜੋ ਕਿਸੇ ਨਾ ਕਿਸੇ ਕਾਰਨ ਆਪਣੀ ਸ਼ਰਧਾ ਵਾਲੀ ਥਾਂ ਦੀ ਯਾਤਰਾ ਕਰਨ ਤੋਂ ਅਸਮਰੱਥ ਸਨ, ਪਰ ਪੰਜਾਬ ਸਰਕਾਰ ਨੇ ਲੋਕਾਂ ਨੂੰ ਇਹ ਯਾਤਰਾ ਕਰਾ ਕੇ ਸ਼ਲਾਘਾਯੋਗ ਕਾਰਜ ਕੀਤਾ ਹੈ।ਉਨ੍ਹਾਂ ਅੱਗੇ ਕਿਹਾ ਕਿ ਅੱਜ ਰਵਾਨਾ ਹੋਣ ਵਾਲੀਆਂ ਸੰਗਤਾਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਆਨੰਦਪੁਰ ਸਾਹਿਬ ਦੇ ਦਰਸ਼ਨ ਕਰਨਗੀਆਂ।

29-FEB-PAGE-7.qxd 2/28/2024 11:03 PM Page 1



## ਸੈਂਕੜੇ ਟਰੈਕਟਰਾਂ ਦਾ ਮੂੰਹ ਦਿੱਲੀ ਵੱਲ ਕਰਕੇ ਕਿਸਾਨਾਂ ਨੇ ਕੀਤਾ ਰੋਸ ਪ੍ਰਦਰਸ਼ਨ



ਮਾਨਸਾ (ਆਤਮਾ ਸਿੰਘ ਪਮਾਰ)

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਮੋਰਚੇ ਵਿਚ ਸ਼ਾਮਲ ਜਥੇਬੰਦੀਆਂ ਵੱਲੋਂ ਮਾਨਸਾ ਕੈਂਚੀਆਂ ਤੋਂ ਸੈਂਕੜੇ ਟਰੈਕਟਰਾਂ ਦਾ ਮੂੰਹ ਦਿੱਲੀ ਵੱਲ ਕਰਕੇ ਕਿਸਾਨਾਂ ਵੱਲੋਂ ਮੋਦੀ ਸਰਕਾਰ ਵੱਲੋਂ ਲੋਕਤੰਤਰੀ ਢਾਂਚੇ ਨੂੰ ਤਹਿਸ ਨਹਿਸ ਕਰਕੇ ਪੁਰਅਮਨ ਤਰੀਕੇ ਨਾਲ ਮੰਗਾਂ 'ਤੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ 'ਤੇ ਕੀਤੀ ਗੋਲੀਬਾਰੀ ਵਿਚ ਸ਼ਹੀਦ ਸ਼ੁਭਕਰਨ ਸਿੰਘ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਵਿਸ਼ਵ ਵਪਾਰ ਸੰਸਥਾ ਵੱਲੋਂ ਆਬੂਧਾਬੀ ਵਿਖੇ ਹੋ ਰਹੀ ਮੀਟਿੰਗ ਦਾ ਵਿਰੋਧ ਕਰਦੇ ਹੋਏ ਸੰਸਥਾ ਦੀ ਅਰਥੀ ਵੀ ਫੂਕੀ ਗਈ।ਇਸ ਮੌਕੇ ਨਿਰਮਲ ਸਿੰਘ ਝੰਡੂਕੇ, ਭਜਨ ਸਿੰਘ ਘੁੰਮਣ, ਅਵੀ ਮੌੜ, ਮੇਜਰ ਸਿੰਘ ਦੂਲੋਵਾਲ, ਤੇਜ ਸਿੰਘ ਚਕੇਰੀਆਂ, ਮਹਿੰਦਰ ਸਿੰਘ ਭੈਣੀ ਬਾਘਾ, ਕਰਨੈਲ ਸਿੰਘ ਮਾਨਸਾ, ਦਲਜੀਤ ਮਾਨਸ਼ਾਹੀਆ, ਡਾ.ਧੰਨਾ ਮੱਲ ਗੋਇਲ ਤੇ ਮਨਜੀਤ ਸਿੰਘ ਮੀਹਾਂ ਆਦਿ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਤੋਂ ਲੰਮੇ ਸੰਘਰਸ਼ ਤਹਿਤ ਸੱਤ ਸੌ ਤੋਂ ਜ਼ਿਆਦਾ ਕਿਸਾਨਾਂ ਦੀਆਂ ਸ਼ਹੀਦੀਆਂ ਦੇ ਕੇ ਕਾਲੇ ਕਾਨੂੰਨ ਰੱਦ ਕਰਾਏ ਸਨ, ਪ੍ਰੰਤੂ ਸਰਕਾਰ ਵੱਲੋਂ ਮੰਗਾਂ ਮੰਨਣ ਦੀ ਬਜਾਏ ਉਲਟਾ ਖੇਤੀ ਕਾਨੂੰਨਾਂ ਨੂੰ ਗ਼ਲਤ ਢੰਗ ਨਾਲ ਲਾਗੂ ਕਰਨ ਦੇ ਯਤਨ ਜਾਰੀ ਹਨ।

ਆਗੂਆਂ ਨੇ ਸ਼ੁਭਕਰਨ ਸਿੰਘ ਸਮੇਤ ਕਿਸਾਨਾਂ ਤੇ ਹੋਏ ਸਰਕਾਰੀ ਜਬਰ ਕਰਨ ਵਾਲੇ ਦੋਸ਼ੀਆਂ ਤੇ ਸਖ਼ਤ ਕਰਨ ਦੀ ਮੰਗ ਕੀਤੀ ਅਤੇ ਵਿਸ਼ਵ ਵਪਾਰ ਸੰਸਥਾ ਦੀਆਂ ਕਿਸਾਨ ਮਾਰੂ ਨੀਤੀਆਂ ਦਾ ਵਿਰੋਧ ਕਰਦੇ ਹੋਏ ਖੇਤੀ ਖੇਤਰ ਨੂੰ ਵਿਸ਼ਵ ਵਪਾਰ ਸੰਸਥਾ ਵਿੱਚੋਂ ਬਾਹਰ ਰੱਖਣ ਦੀ ਪੁਰਜ਼ੋਰ ਮੰਗ ਵੀ ਕੀਤੀ, ਐਮ ਐਸ ਪੀ, ਸਮੁੱਚਾ ਕਰਜ਼ਾ ਮੁਆਫ਼ੀ, ਸੁਆਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਲਾਗੂ ਕਰਨ ਆਦਿ ਮੰਗਾਂ ਨੂੰ ਫੌਰੀ ਲਾਗੂ ਕਰਨ ਦੀ ਮੰਗ ਕੀਤੀ।

## ਪੰਜਾਬੀ ਸਾਹਿਤ ਸਭਾ ਕਰੇਗੀ ਵਿੱਦਿਅਕ ਤੇ ਸਾਹਿਤਕ ਸ਼ਖ਼ਸੀਅਤਾਂ ਨੂੰ ਸਨਮਾਨਤ



ਸਿਰਸਾ (ਸੁਰਿੰਦਰ ਪਾਲ ਸਿੰਘ)

ਦੇਸ਼ ਵਿਦੇਸ਼ ਵਿਚ ਪੰਜਾਬੀ ਭਾਸ਼ਾ ਤੇ ਪ੍ਰਚਾਰ ਪ੍ਰਸਾਰ ਨੂੰ ਲੈ ਕੇ ਪੰਜਾਬੀ ਸਾਹਿਤ ਸਭਾ ਕਾਲਾਂਵਾਲੀ ਵੱਲੋਂ ਪਿੰਡ ਪੰਨੀਵਾਲਾ ਦੇ ਸਾਹਿਤ ਪ੍ਰਸਾਰ ਕੇਂਦਰ ਵਿਖੇ ਕਰਾਈ ਗਈ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਵਿਦਿਅਕ ਅਤੇ ਸਾਹਿਤਕ ਖੇਤਰ ਵਿਚ ਯੋਗਦਾਨ ਦੇਣ ਵਾਲੀਆਂ ਵਿਸ਼ੇਸ਼ ਸ਼ਖ਼ਸੀਅਤਾਂ ਨੂੰ 17 ਮਾਰਚ ਨੂੰ ਸਵੇਰੇ 10 ਵਜੇ ਸਰਕਾਰੀ ਗਰਲ ਸੈਕਡਰੀ ਸਕੂਲ ਕਾਲਾਂਵਾਲੀ ਵਿਖੇ ਸਨਮਾਨਤ ਕੀਤਾ ਜਾਵੇਗਾ। ਪੰਜਾਬੀ ਸਾਹਿਤ ਸਭਾ ਕਾਲਾਂਵਾਲੀ ਦੇ ਪ੍ਰਧਾਨ ਭੁਪਿੰਦਰ ਸਿੰਘ ਪੰਨੀਵਾਲੀਆ ਤੇ ਜਨਰਲ ਸਕੱਤਰ ਮਾ. ਸੁਰਿੰਦਰ ਪਾਲ ਸਿੰਘ ਦਾ ਕਹਿਣਾ ਸੀ ਕਿ ਹਰਿਆਣਾ ਸਰਕਾਰ ਨੂੰ ਸਭਾ ਵੱਲੋਂ ਦਿਤੇ ਜਾਣ ਵਾਲੇ ਮੰਗ ਪੱਤਰ ਦੀਆਂ ਮੁੱਖ ਮੰਗਾਂ ਵਿਚ ਹਰਿਆਣਾ ਵਿਚ ਪੰਜਾਬੀ ਯੂਨੀਵਰਸਿਟੀ ਕਾਇਮ ਕਰਨਾਂ, ਹਰਿਆਣੇ ਦੇ ਸਾਰੇ ਸਕੂਲਾਂ ਵਿੱਚ ਤੀਜੀ ਜਮਾਤ ਤੋਂ ਪੰਜਾਬੀ ਦੀ ਪੜ੍ਹਾਈ ਲਾਜ਼ਮੀ ਕਰਨਾਂ, ਪੰਜਾਬੀ ਬੋਲਣ ਤੋ ਰੋਕਣ ਵਾਲੇ ਸਕੂਲਾਂ ਦੀ ਮਾਨਤਾ ਰੱਦ ਕਰਨਾ, ਪੰਜਾਬੀ ਸਾਹਿਤ ਅਕਾਦਮੀ ਦਾ ਰੁਤਬਾ ਬਹਾਲ ਕਰਨਾ, ਹਰਿਆਣੇ ਦੇ ਸਾਰੇ ਐਸਡੀਐਮ ਤੇ ਡੀਸੀ ਦਫ਼ਤਰਾਂ ਵਿੱਚ ਦਫਤਰਾਂ ਵਿੱਚ ਪੰਜਾਬੀ ਟਰਾਂਸਲੇਟਰਾਂ ਦੇ ਪ੍ਰਬੰਧ ਕਰਨਾ, ਸਰਕਾਰੀ ਅਦਾਰਿਆਂ ਵਿੱਚ ਬੋਰਡ ਪੰਜਾਬੀ ਵਿੱਚ ਲਾਉਣਾ ਅਤੇ ਪੰਜਾਬੀ ਅਧਿਆਪਕਾਂ ਦੀ ਭਰਤੀ ਕਰਨ ਦੀਆਂ ਮੰਗਾਂ ਸ਼ਾਮਲ ਹਨ। ਪ੍ਰੋਗਰਾਮ ਦੀ ਕੁਆਡੀਨੇਸ਼ਨ ਕਮੇਟੀ ਦੇ ਪ੍ਰਧਾਨ ਬਿੱਟੂ ਮਲਿਕਪੁਰਾ ਨੇ ਕਿਹਾ ਕਿ 17 ਮਾਰਚ ਦੇ ਸਾਹਿਤਕ ਸਮਾਗਮ ਦੌਰਾਨ ਮਾਸਟਰ ਉਜਲ ਸਿੰਘ ਯਾਦਗਾਰੀ ਐਵਾਰਡ ਪ੍ਰਸਿੱਧ ਲੇਖਕ ਦਰਸ਼ਨ ਸਿੰਘ ਪ੍ਰੀਤੀਮਾਨ ਨੂੰ ਸ਼ਿਵ ਕੁਮਾਰ ਬਟਾਲਵੀ ਐਵਾਰਡ ਮਾਸਟਰ ਕੁਲਵੰਤ ਸਿੰਘ ਨੂੰ ਅਵਤਾਰ ਸਿੰਘ ਪਾਸ਼ ਯਾਦਗਾਰੀ ਐਵਾਰਡ ਮਾ. ਜਗਰਾਜ ਧੌਲਾ ਨੂੰ ਅਤੇ ਮਾਤਾ ਅੰਗਰੇਜ਼ ਕੌਰ ਯਾਦਗਾਰੀ ਐਵਾਰਡ ਕਵਿੱਤਰੀ ਵੀਰਪਾਲ ਕੌਰ ਨੂੰ ਦੇਣ ਦਾ ਫ਼ੈਸਲਾ ਕੀਤਾ ਗਿਆ ਹੈ। ਸਭਾ ਦੇ ਸਰਗਰਮ ਮੈਂਬਰ ਨਾਇਬ ਸਿੰਘ ਗਿੱਲ ਤੇ ਗੀਤਕਾਰ ਜੱਗਾ ਜਗਮਾਲਵਾਲੀਆ ਦਾ ਕਹਿਣਾ ਸੀ ਕਿ 17 ਮਾਰਚ ਦੇ ਸਮਾਗਮ ਦੀ ਸਫ਼ਲਤਾ ਲਈ ਮੰਡੀ ਕਾਲਾਂਵਾਲੀ ਦੀ ਪੰਜਾਬੀ ਸਾਹਿਤ ਸਭਾ ਦੀ ਲਾਇਬ੍ਰੇਰੀ ਵਿਖੇ 9 ਮਾਰਚ ਦੀ ਵਿਸ਼ੇਸ਼ ਮੀਟਿੰਗ ਰੱਖੀ ਗਈ ਹੈ।

## ਸਮੇਂ ਦੇ ਹਾਣੀ ਬਣਨ ਲਈ ਆਧੁਨਿਕ ਤਕਨੀਕ ਨਾਲ ਜੁੜਨਾ ਲਾਜ਼ਮੀ : ਧਾਮੀ



ਸਮਰਾਲਾ (ਸੁਰਜੀਤ ਸਿੰਘ)

ਅਜੋਕੇ ਦੌਰ ਵਿਚ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਨ ਲਈ ਆਧੁਨਿਕ ਤਕਨੋਲੋਜੀ ਨਾਲ ਜੁੜਨਾ ਬੇਹੱਦ ਲਾਜ਼ਮੀ ਹੈ। ਜੇਕਰ ਉਹ ਤਕਨਾਲੋਜੀ ਨਾਲ ਨਹੀਂ ਜੁੜਨਗੇ ਤਾਂ ਉਹ ਜ਼ਿੰਦਗੀ ਦੀ ਦੌੜ ਵਿਚ ਬਹੁਤ ਪਿੱਛੇ ਰਹਿ ਜਾਣਗੇ। ਇਹ ਵਿਚਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਵਿਖੇ ਆਈਸੀਟੀ ਲੈਬ ਦਾ ਉਦਘਾਟਨ ਕਰਨ ਸਮੇਂ ਕਾਲਜ ਦੀਆਂ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਪ੍ਰਕਟ ਕੀਤੇ। ਉਨ੍ਹਾਂ ਕਿਹਾ ਕਿ ਵਿਦਿਆਰਥਣਾਂ ਨੂੰ ਉੱਚ ਤਕਨੀਕ ਨਾਲ ਜੋੜਨ ਲਈ ਸਕੂਲਾਂ ਤੇ ਕਾਲਜਾਂ ਵਿਚ ਆਧੁਨਿਕ ਤਕਨੋਲੋਜੀ ਨਾਲ ਲੈਸ ਲੈਬਜ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਤਾਂ ਜੁ ਉਹ ਆਪਣੀ ਪੜ੍ਹਾਈ ਵਿਚ ਆਧੁਨਿਕ ਤਕਨੀਕ ਦਾ ਰਾਹ ਅਖਤਿਆਰ ਕਰ ਸਕਣ। ਉਨ੍ਹਾਂ ਕਿਹਾ ਕਿ ਤਕਨੋਲੋਜੀ ਹਰ ਖੇਤਰ ਵਿੱਚ ਕਲਪਨਾ ਤੋਂ ਪਰੇ ਉਤਪਾਦਨ ਵਿਚ ਕ੍ਰਾਂਤੀ ਲਿਆਉਂਦੀ ਹੈ। ਇਸ ਤੋਂ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਐਚਡੀਐਫਸੀ ਬੈਂਕ ਅਤੇ 'ਸੱਚ' ਐਨਜੀਓ ਦੇ ਸਹਿਯੋਗ ਨਾਲ ਤਿਆਰ ਕੀਤੀ ਗਈ। ਆਈਟੀਸੀ ਲੈਬ ਦਾ ਉਦਘਾਟਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਲੋਂ ਕੀਤਾ ਗਿਆ। ਕਾਲਜ ਪ੍ਰਿੰ: ਡਾ. ਰਜਿੰਦਰ ਕੌਰ ਅਤੇ ਹਰਜਤਿੰਦਰ ਸਿੰਘ ਬਾਜਵਾ ਆਨਰੇਰੀ ਐਡੀ. ਸਕੱਤਰ ਕਾਲਜ ਲੋਕਲ ਮੈਨੇਜਿੰਗ ਕਮੇਟੀ ਵਲੋਂ ਆਏ ਮਹਿਮਾਨਾਂ ਦਾ ਸੁਆਗਤ ਕੀਤਾ ਗਿਆ। ਇਸ ਦੌਰਾਨ ਡਾ. ਸੁਨੀਤਾ ਕੌਸਲ, ਮੁਕੇਸ ਸਰਮਾ ਅਤੇ ਕਾਲਜ ਵਿਦਿਆਰਥਣ ਜੀਵਨਜੋਤ ਕੌਰ ਵਲੋਂ ਤਿਆਰ ਕੀਤੀ ਗਈ 'ਮੈਂ ਕਾਲਜ ਬੋਲਦਾ ਹਾਂ' ਵੀਡੀਓ ਵਿਸ਼ੇਸ਼ ਤੌਰ 'ਤੇ ਪ੍ਰਦਰਸ਼ਤ ਕੀਤੀ ਗਈ, ਜਿਸ ਵਿੱਚ ਬੀਜ ਰੂਪੀ ਕਾਲਜ ਨੂੰ ਭਰ ਜੋਬਨ ਪੌਦਾ ਬਣਨ ਤੱਕ ਦੇ ਸਫ਼ਰ ਨੂੰ ਪੇਸ਼ ਕੀਤਾ ਗਿਆ ਹੈ।

## ਕਾਤਰਾਂ

### ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਕਾਕਾ ਨੂੰ ਸਦਮਾ, ਭਰਾ ਦਾ ਦਿਹਾਂਤ



ਸੁਨਾਮ (ਪੱਤਰ ਪ੍ਰੇਰਕ)-ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਕਾਕਾ ਸਾਬਕਾ ਕੌਂਸਲਰ ਨੂੰ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਵੱਡੇ ਭਰਾ ਕਾਮਰੇਡ ਮੱਖਣ ਸਿੰਘ ਠੇਕੇਦਾਰ ਅਚਾਨਕ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖਦੇ ਹੋਏ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ। ਕਾਮਰੇਡ ਮੱਖਣ ਸਿੰਘ, ਜਿਨ੍ਹਾਂ ਆਪਣੇ ਵਿਦਿਆਰਥੀ ਸਫ਼ਰ ਦੌਰਾਨ ਅਨੇਕਾਂ ਹੀ ਘੋਲ ਵਿਦਿਆਰਥੀਆਂ ਲਈ ਲੜੇ ਅਤੇ ਜਿੱਤੇ, ਉਨ੍ਹਾਂ ਦੇ ਅਚਾਨਕ ਹੋਏ ਦਿਹਾਤ 'ਤੇ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ, ਸਾਬਕਾ ਮੁੱਖ ਮੰਤਰੀ ਬੀਬੀ ਰਾਜਿੰਦਰ ਕੌਰ ਭੱਠਲ, ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ, ਸੀਨੀਅਰ ਜਰਨਲਿਸਟ ਜਤਿੰਦਰ ਪੰਨੂੰ, ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਕੈਬਨਿਟ ਮੰਤਰੀ ਅਮਨ ਅਰੋੜਾ, ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ, ਸਾਬਕਾ ਮੰਤਰੀ ਬਲਦੇਵ ਸਿੰਘ ਮਾਨ, ਭਾਜਪਾ ਆਗੂ ਮੈਡਮ ਦਾਮਨ ਥਿੰਦ ਬਾਜਵਾ, ਕਲਾਕਾਰ ਕਰਮਜੀਤ ਅਨਮੋਲ, ਹਰਮਨ ਦੇਵ ਸਿੰਘ ਬਾਜਵਾ, ਅਕਾਲੀ ਆਗੂ ਰਜਿੰਦਰ ਦੀਪਾ, ਵਿਨਰਜੀਤ ਸਿੰਘ ਗੋਲਡੀ, ਨਗਰ ਕੌਂਸਲ ਦੇ ਪ੍ਰਧਾਨ ਨਿਸ਼ਾਨ ਸਿੰਘ ਟੋਨੀ, ਰਵਿੰਦਰ ਭਾਰਦਵਾਜ, ਰੁਪਿੰਦਰ ਭਾਰਦਵਾਜ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

### ਭਾਈ ਅਮਨਦੀਪ ਸਿੰਘ ਬੀਬੀ ਕੌਲਾਂ ਜੀ ਵਾਲੇ 3 ਨੂੰ ਮਲੋਟ 'ਚ



ਮਲੋਟ (ਗੁਰਮੀਤ ਸਿੰਘ ਮੱਕੜ)-ਭਾਈ ਜਗਤਾ ਜੀ ਗੁਰਦੁਆਰਾ ਸਾਹਿਬ ਵਿਖੇ 3 ਮਾਰਚ ਨੂੰ ਧਾਰਮਿਕ ਸਮਾਗਮ ਕਰਾਇਆ ਜਾ ਰਿਹਾ ਹੈ, ਜਿਸ ਵਿਚ ਭਾਈ ਅਮਨਦੀਪ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ, ਸ਼੍ਰੀ ਅੰਮ੍ਰਿਤਸਰ ਸਾਹਿਬ ਵਾਲੇ ਬਾਅਦ ਦੁਪਹਿਰ 1 ਵਜੇ ਤੋਂ 3 ਵਜੇ ਤੱਕ ਸੰਗਤਾਂ ਨੂੰ ਗੁਰਬਾਣੀ ਜਸ ਨਾਲ ਨਿਹਾਲ ਕਰਨਗੇ।

### ਕੇਂਦਰੀ ਜੇਲ੍ਹ 'ਚੋਂ ਇੱਕ ਮੋਬਾਇਲ ਬਰਾਮਦ, ਮਾਮਲਾ ਦਰਜ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿਚ ਤਲਾਸ਼ੀ ਦੌਰਾਨ ਇਕ ਮੋਬਾਇਲ ਫੋਨ ਬਰਾਮਦ ਹੋਇਆ ਹੈ। ਥਾਣਾ ਸਿਟੀ ਫਿਰੋਜ਼ਪੁਰ ਪਲਿਸ ਨੇ ਇਕ ਹਵਾਲਾਤੀ ਖਿਲਾਫ 52-ਏ ਪਰੀਸੰਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 7249 ਰਾਹੀਂ ਰਿਸ਼ਵਪਾਲ ਗੋਇਲ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਮਿਤੀ 26 ਫਰਵਰੀ 2024 ਨੂੰ ਕਰੀਬ 6.20 ਪੀਐੱਮ 'ਤੇ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿਚ ਸਮੇਤ ਸਾਥੀ ਕ੍ਰਮਚਾਰੀਆਂ ਦੇ ਨਵੀਂ ਬੈਰਕ ਨੰਬਰ 6 ਦੀ ਅਚਾਨਕ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਹਵਾਲਾਤੀ ਹਰਵੀਰ ਸਿੰਘ ਉਰਫ ਹਨੀ ਬੁਗ ਪੁੱਤਰ ਕਮਲਜੀਤ ਸਿੰਘ ਵਾਸੀ ਸੇਖਾ ਰੋਡ ਗਲੀ ਨੰਬਰ 4 ਬਰਨਾਲਾ ਜ਼ਿਲ੍ਹਾ ਬਰਨਾਲਾ ਹਾਲ ਕੇਂਦਰੀ ਜੇਲ੍ਹ ਫਿਰੋਜ਼ਪੁਰ ਕੋਲੋਂ 1 ਮੋਬਾਇਲ ਫੋਨ ਟੱਚ ਸਕਰੀਨ ਵੀਵੋ ਸਮੇਤ ਸਿੰਮ ਕਾਰਡ ਬਰਾਮਦ ਹੋਇਆ। ਪੁਲਿਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

### ਔਰਤ ਦੀ ਕੁੱਟਮਾਰ ਦੇ ਦੋਸ਼ 'ਚ 6 ਨਾਮਜ਼ਦ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਥਾਣਾ ਸਦਰ ਫ਼ਿਰੋਜ਼ਪੁਰ ਦੇ ਅਧੀਨ ਆਉਂਦੇ ਬੱਸ ਅੱਡਾ ਬਾਰੇ ਵਿਖੇ ਪੁਰਾਣੇ ਝਗੜੇ ਦੇ ਚੱਲਦਿਆਂ ਇਕ ਔਰਤ ਦੀ ਕੁੱਟਮਾਰ ਕਰਨ ਦੇ ਦੋਸ਼ ਵਿੱਚ ਪੁਲਸ ਨੇ 4 ਬਾਏ ਨੇਮ ਲੋਕਾਂ ਅਤੇ 2 ਅਣਪਛਾਤੇ ਵਿਅਕਤੀਆਂ ਖਿਲਾਫ਼ 325, 323, 34 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੀਤਾ ਰਾਣੀ ਪਤਨੀ ਲਖਵਿੰਦਰ ਸਿੰਘ ਵਾਸੀ ਪਿੰਡ ਹਜ਼ਾਰਾ ਸਿੰਘ ਨੇ ਦੱਸਿਆ ਕਿ ਉਸ ਦਾ ਘਰ ਵਿੱਚ ਘਰੇਲੂ ਝਗੜਾ ਚੱਲ ਰਿਹਾ ਹੈ। ਇਸੇ ਝਗੜੇ ਦੇ ਚੱਲਦਿਆਂ ਦੋਸ਼ੀਅਨ ਲਖਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ, ਸੁਰਜੀਤ ਸਿੰਘ ਪੁੱਤਰ ਬੂੜ ਸਿੰਘ, ਪਾਲੋ ਬਾਈ ਪਤਨੀ ਸੁਰਜੀਤ ਸਿੰਘ, ਸੀਮਾ ਰਾਣੀ ਪੁੱਤਰੀ ਸੁਰਜੀਤ ਸਿੰਘ ਵਾਸੀਅਨ ਪਿੰਡ ਹਜ਼ਾਰਾ ਸਿੰਘ ਵਾਲਾ ਅਤੇ ਦੋ ਅਣਪਛਾਤੇ ਵਿਅਕਤੀਆਂ ਨੇ ਹਮਮਸ਼ਵਰਾ ਹੋ ਕੇ ਉਸ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ। ਸੀਤਾ ਰਾਣੀ ਨੇ ਦੱਸਿਆ ਕਿ ਉਸ ਦਾ ਇਲਾਜ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਚੱਲ ਰਿਹਾ ਹੈ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਐਕਸਰੇ ਰਿਪੋਰਟਾਂ ਮੌਸੂਲ ਹੋਣ 'ਤੇ ਉਕਤ ਦੋਸ਼ੀਅਨ ਖਿਲਾਫ਼ ਮੁਕੱਦਮਾ ਦਰਜ ਰਜਿਸਟਰ ਕਰ ਲਿਆ ਗਿਆ ਹੈ।

## ਨਵਾਂ 66 ਕੇ ਵੀ ਸਬ-ਸਟੇਸ਼ਨ 'ਤੇ ਪ੍ਰੋਜੈਕਟ ਬਣਨ ਨਾਲ ਬਿਜਲੀ ਦੀ ਮਿਲੇਗੀ ਨਿਰਵਿਘਨ ਸਪਲਾਈ : ਬਿਜਲੀ ਮੰਤਰੀ



ਲੁਧਿਆਣਾ (ਰਾਜ ਸਿੰਗਲਾ)

ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਵੱਲੋਂ ਪਿੰਡ ਪਵਾ 'ਚ ਨਵਾਂ 66 ਕੇ.ਵੀ. ਗਰਿੱਡ ਸਬ-ਸਟੇਸ਼ਨ ਲੋਕਾਂ ਨੂੰ ਸਮਰਪਤ ਕੀਤਾ।ਇਹ ਨਵਾਂ 66 ਕੇ.ਵੀ. ਗਰਿੱਡ ਸਬ-ਸਟੇਸ਼ਨ 10 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਹੈ, ਜੋ ਮੌਜੂਦਾ ਸਬ ਸਟੇਸ਼ਨਾਂ ਦਾ ਲੋਡ ਘਟਾਉਣ ਅਤੇ ਪੰਜਾਬ ਦੇ ਸਾਰੇ ਬਿਜਲੀ ਖਪਤਕਾਰਾਂ ਨੂੰ ਮਿਆਰੀ, ਭਰੋਸੇਮੰਦ ਅਤੇ ਨਿਰਵਿਘਨ ਬਿਜਲੀ ਸਪਲਾਈ ਪ੍ਰਦਾਨ ਕਰਨ ਵਿੱਚ ਸਹਾਈ ਸਿੱਧ ਹੋਵੇਗਾ।

ਸਬ ਸਟੇਸ਼ਨ ਦਾ ਉਦਘਾਟਨ ਕਰਨ ਉਪਰੰਤ ਵਿਧਾਇਕ ਹਰਦੀਪ ਸਿੰਘ ਮੁੰਡੀਆਂ, ਰਜਿੰਦਰਪਾਲ ਕੌਰ ਛੀਨਾ ਤੇ ਹੋਰਾਂ ਦੇ ਨਾਲ ਹਰਭਜਨ ਸਿੰਘ ਈ.ਟੀ.ਓ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਖਪਤਕਾਰਾਂ ਨੂੰ ਮਿਆਰੀ ਬਿਜਲੀ ਸਪਲਾਈ ਦੇਣ ਲਈ ਵਚਨਬੱਧ ਹੈ।ਸਰਕਾਰ ਮੌਜੂਦਾ ਸਬ ਸਟੇਸ਼ਨਾਂ ਦਾ ਲੋਡ ਘਟਾਉਣ ਲਈ ਸੂਬੇ ਭਰ ਵਿੱਚ ਨਵੇਂ ਸਬ-ਸਟੇਸ਼ਨਾਂ ਦਾ ਨਿਰਮਾਣ ਕਰ ਰਹੀ ਹੈ।ਨਵੇਂ ਸਥਾਪਤ ਕੀਤੇ ਸਬ-ਸਟੇਸ਼ਨ ਵਿੱਚ 20 ਐਮ.ਵੀ.ਏ. ਪਾਵਰ ਟ੍ਰਾਂਸਫਾਰਮਰ ਹਨ ਤੇ ਆਉਣ ਵਾਲੇ ਸਮੇਂ ਵਿੱਚ ਬਿਜਲੀ ਦੀ ਸੰਭਾਵੀ ਮੰਗ ਨੂੰ ਪੂਰਾ ਕਰਨ ਲਈ ਵਾਧੂ ਟਰਾਂਸਫਾਰਮਰ ਰੱਖੇ ਗਏ ਹਨ।

ਈ.ਟੀ.ਓ ਨੇ ਦੱਸਿਆ ਕਿ ਇਸ ਗਰਿੱਡ ਸਬ-ਸਟੇਸ਼ਨ ਦੇ ਚਾਲੂ ਹੋਣ ਨਾਲ ਮੌਜੂਦਾ 66 ਕੇ.ਵੀ. ਸਬ-ਸਟੇਸ਼ਨ ਕੰਗਣਵਾਲ ਤੇ 220 ਕੇਵੀ ਸਬ-ਸਟੇਸ਼ਨ ਸਾਹਨੇਵਾਲ ਨੂੰ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ 11 ਕੇਵੀ ਦੇ ਨਵੇਂ ਫੀਡਰ ਸ਼ੁਰੂ ਹੋਣ ਨਾਲ ਪੁਰਾਣੀਆਂ ਚੱਲਦੀਆਂ ਲਾਈਨਾਂ ਦੀ ਲੰਬਾਈ ਘਟ ਜਾਵੇਗੀ।ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਗਰਿੱਡ ਸਬ ਸਟੇਸ਼ਨ ਦੇ ਚਾਲੂ ਹੋਣ ਨਾਲ ਬਿਜਲੀ ਸਪਲਾਈ ਵਿੱਚ ਭਾਰੀ ਵਾਧਾ ਹੋਵੇਗਾ ਤੇ ਉਦਯੋਗਿਕ ਕੁਨੈਕਸ਼ਨਾਂ ਨੂੰ ਨਿਰਵਿਘਨ ਪਾਵਰ ਸਪਲਾਈ ਜਾਰੀ ਕਰਨ ਵਿੱਚ ਸਹੂਲਤ ਮਿਲੇਗੀ।ਇਸ ਤੋਂ ਇਲਾਵਾ ਆਲੇ-ਦੁਆਲੇ ਦੇ ਖੇਤਰ ਨੂੰ ਵੀ ਇਸ ਪਾਵਰ ਹਾਊਸ ਦੀ ਚੰਗੀ ਬਿਜਲੀ ਸਪਲਾਈ ਮਿਲੇਗੀ।

## ਗੋਰਖਧਾਮ ਐੱਕਸਪ੍ਰੈੱਸ ਹੇਠ ਆਉਣ ਕਾਰਨ ਦੋ ਬਾਈਕ ਸਵਾਰ ਨੌਜਵਾਨਾਂ ਦੀ ਮੌਤ

ਸਿਰਸਾ (ਸੁਰਿੰਦਰ ਪਾਲ ਸਿੰਘ)-ਕਿਸਾਨ ਅੰਦੋਲਨ ਦੇ ਚਲਦੇ ਸਿਰਸਾ ਪ੍ਰਸ਼ਾਸਨ ਵੱਲੋਂ ਬੰਦ ਕੀਤੇ ਗਏ ਘੱਗਰ ਪੁਲ ਨੂੰ ਬੰਦ ਕਰਨ ਕਰਕੇ ਕਈ ਹਾਦਸੇ ਵਾਪਰ ਰਹੇ ਹਨ, ਜਿਸਦੇ ਚੱਲਦਿਆਂ ਪਿਛਲੇ ਦਿਨੀਂ ਘੱਗਰ ਰੇਲਵੇ ਪੁਲ ਤੇ ਗੋਰਖਧਾਮ ਐਕਸਪ੍ਰੈਸ ਹੇਠ ਆਉਣ ਕਾਰਨ ਦੋ ਬਾਈਕ ਸਵਾਰ ਨੌਜਵਾਨਾਂ ਦੀ ਮੌਤ ਹੋ ਗਈ ਅਤੇ ਗੱਡੀ ਨਾਲ ਟਕਰਾਉਣ ਕਾਰਨ ਮੋਟਰਸਾਇਕਲ ਦੇ ਵੀ ਟੁਕੜੇ ਹੋ ਗਏ।ਸਰਕਾਰੀ ਰੇਲਵੇ ਪੁਲਿਸ ਦੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਉਹ ਮ੍ਰਿਤਕਾਂ ਦੀ ਪਛਾਣ ਕਰਾ ਰਹੇ ਹਨ।

ਸਿਰਸਾ ਪ੍ਰਸ਼ਾਸਨ ਨੇ ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕਣ ਲਈ ਸਿਰਸਾ ਦੇ ਪਿੰਡ ਖੈਰੇਕਾਂ ਨੇੜੇ ਵੱਡੇ ਬੈਰੀਕੇਡ ਲਾ ਕੇ ਨੈਸ਼ਨਲ ਹਾਈਵੇ 9 ਨੂੰ ਬੰਦ ਕਰ ਦਿੱਤਾ ਹੈ।ਅਜਿਹੇ 'ਚ ਕਈ ਬਾਈਕ ਸਵਾਰ ਲੋਕ ਕੱਚੀ ਸੜਕ ਰਾਹੀਂ ਰੇਲਵੇ ਲਾਈਨ ਪਾਰ ਕਰਕੇ ਸਿਰਸਾ ਆਉਂਦੇ ਹਨ। ਪਿਛਲੇ ਦਿਨੀਂ ਜਦੋਂ ਮੋਟਰਸਾਇਕਲ ਸਵਾਰ ਨੌਜਵਾਨ ਸ਼ਾਰਟਕੱਟ ਦੀ ਤਲਾਸ਼ ਵਿੱਚ ਘੱਗਰ ਰੇਲਵੇ ਪੁਲ ਤੋਂ ਆਪਣੀ ਬਾਈਕ ਲੈ ਕੇ ਜਾਣ ਲੱਗੇ ਤਾਂ ਉਹ ਸਿਰਸਾ ਤੋਂ ਬਠਿੰਡਾ ਜਾ ਰਹੀ ਗੋਰਖਧਾਮ ਐਕਸਪ੍ਰੈਸ ਨਾਲ ਟਕਰਾ ਗਏ, ਜਿਸ ਕਾਰਨ ਦੋਵੇਂ ਮੋਟਰਸਾਈਕਲ ਸਵਾਰਾ ਦੀ ਗੱਡੀ ਹੇਠ ਆਉਣ ਕਾਰਨ ਤੁਰੰਤ ਮੌਤ ਹੋ ਗਈ। ਜੀਆਰਪੀ ਦੇ ਸਟੇਸ਼ਨ ਇੰਚਾਰਜ ਰਣਬੀਰ ਦਾ ਕਹਿਣਾ ਹੈ ਕਿ ਉਹ ਟਰੇਨ ਡਰਾਈਵਰ ਤੋਂ ਕਾਰਨਾਂ ਦੀ ਜਾਣਕਾਰੀ ਲੈ ਰਹੇ ਹਨ ਤੇ ਇਸ ਤੋਂ ਬਾਅਦ ਹੀ ਪਤਾ ਲੱਗੇਗਾ ਕਿ ਹਾਦਸਾ ਕਿਵੇਂ ਵਾਪਰਿਆ।

## ਸਾਹਿਤ ਸਭਾ ਦੀ ਸਾਹਿਤਕ ਮੀਟਿੰਗ ਹੋਈ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਾਹਿਤ ਸਭਾ ਦੀ ਮਾਸਿਕ ਇਕੱਤਰਤਾ ਪ੍ਰਧਾਨ ਟੀ. ਲੋਚਨ ਦੀ ਪ੍ਰਧਾਨਗੀ ਵਿਚ ਹੋਈ। ਮੀਟਿੰਗ ਵਿੱਚ ਇੱਕ ਸ਼ੋਕ ਮਤੇ ਰਾਹੀਂ ਸਭਾ ਦੇ ਮੋਢੀ ਮੈਂਬਰ ਅਤੇ ਸਾਬਕਾ ਪ੍ਰਧਾਨ ਕਥਾਕਾਰ ਸੁਖਜੀਤ ਦੀ ਮੌਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ। ਰਚਨਾਵਾਂ ਦੇ ਦੌਰ ਵਿਚ ਨਛੱਤਰ ਸਿੰਘ ਨੇ ਕਲੀ ਅਤੇ ਕਸ਼ਮੀਰ ਸਿੰਘ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਦੇ ਪ੍ਰਕਾਸ਼ ਸਬੰਧੀ ਕਵੀਸ਼ਰੀ ਛੰਦ ਪੇਸ਼ ਕੀਤਾ, ਲੇਖਕ ਰਘਬੀਰ ਸਿੰਘ ਭਰਤ ਨੇ ਲੇਖ 'ਮੇਰੇ ਗੀਤਾਂ ਦੀ ਦੁਨੀਆ' ਪੜ੍ਹ ਕੇ ਸੁਣਾਇਆ, ਸ਼ਾਇਰ ਮਲਕੀਤ ਸਿੰਘ ਨੇ ਗ਼ਜ਼ਲ 'ਸੰਝ ਸਵੇਰ ਦੁਪਹਿਰ ਰਾਤ ਕੀ ਜਦ ਪਰਛਾਵੇਂ ਢਲਦੇ ਨੇ, ਦਿਲ ਦੀ ਸਰਦਲ ਉੱਤੇ ਹਰਦਮ ਯਾਦ ਦੇ ਦੀਵੇ ਬਲਦੇ ਨੇ' ਸੁਣਾਈ, ਸ਼ਾਇਰ ਨਿਰੰਜਨ ਸੂਖਮ ਨੇ ਆਪਣੀ ਗ਼ਜ਼ਲ 'ਕਲ ਕਲ ਵਗਦਾ ਪਾਣੀ ਜਲ ਥਲ ਕਰ ਜਾਂਦਾ ਹੈ, ਸਬਰ ਪਿਆਲਾ ਦਰਿਆ ਦਾ ਜਲ ਭਰ ਜਾਂਦਾ ਹੈ' ਸੁਣਾਈ, ਸ਼ਾਇਰ ਟੀ. ਲੋਚਨ ਨੇ ਗ਼ਜ਼ਲ 'ਭਵੇਂ ਜੀਵਨ ਖੁਸ਼ੀਓ ਖਾਲੀ ਕਰਿਆ ਹੈ, ਪਰ ਜੀਵਨ ਵਿੱਚ ਰੰਗ ਅਨੋਖਾ ਭਰਿਆ ਹੈ' ਸੁਣਾਈ। ਗ਼ਜ਼ਲ ਨੂੰ ਵਾਹਵਾ ਦਾਦ ਮਿਲੀ। ਪੜ੍ਹੀਆਂ ਗਈਆਂ ਸਾਰੀਆਂ ਰਚਨਾਵਾਂ 'ਤੇ ਉਸਾਰੂ ਬਹਿਸ ਵਿਚ ਹਾਜ਼ਰ ਸਾਹਿਤਕਾਰਾਂ ਨੇ ਭਾਗ ਲਿਆ। ਅੰਤ ਵਿਚ ਪ੍ਰਧਾਨ ਟੀ. ਲੋਚਨ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਕੀਤਾ।

## ਸਰਕਾਰੀ ਪ੍ਰਾਇਮਰੀ ਸਕੂਲ ਸੁਖਨਾ ਅਬਲੂ ਵੱਲੋਂ ਦਾਖਲਾ ਮੁਹਿੰਮ ਦਾ ਪੋਸਟਰ ਜਾਰੀ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)

ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਮੇਨ ਪਿੰਡ ਸੁਖਨਾ ਅਬਲੂ ਵਿਖੇ ਬੱਚਿਆਂ ਦੇ ਵੱਧ ਤੋਂ ਵੱਧ ਦਾਖਲੇ ਕਰਾਉਣ ਲਈ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਪ੍ਰਾਇਮਰੀ ਸਕੂਲ ਸੁਖਨਾ ਅਬਲੂ (ਮੇਨ) ਦੇ ਮੁੱਖ ਅਧਿਆਪਕਾ ਕਰਮਜੀਤ ਕੌਰ ਮਾਨ ਅਤੇ ਸਮੂਹ ਸਟਾਫ ਤੇ ਵਿਦਿਆਰਥੀਆਂ ਦੇ ਮਾਪਿਆਂ ਵੱਲੋਂ ਦਾਖਲਾ ਮੁਹਿੰਮ ਦਾ ਪੋਸਟਰ ਜਾਰੀ ਕਰਦਿਆਂ ਮੁੱਖ ਅਧਿਆਪਕਾ ਕਰਮਜੀਤ ਕੌਰ ਨੇ ਸਰਕਾਰੀ ਸਕੂਲਾਂ ਵਿੱਚ ਸਰਕਾਰ ਵੱਲੋਂ ਬੱਚਿਆਂ ਨੂੰ ਮਿਲਣ ਵਾਲੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੰਦੇ ਹੋਏ ਮਾਪਿਆਂ ਅਪੀਲ ਕੀਤੀ ਕਿ ਸਰਕਾਰੀ ਸਕੂਲਾਂ ਦੀ ਪੜ੍ਹਾਈ ਹੁਣ ਪ੍ਰਾਈਵੇਟ ਸਕੂਲਾਂ ਦੀ ਪ੍ਰੜ੍ਹਾਈ ਨਾਲੋਂ ਘੱਟ ਨਹੀ ਹੈ। ਉਨ੍ਹਾਂ ਦੱਸਿਆ ਕਿ ਬੱਚਿਆਂ ਨੂੰ ਜਿਵੇਂ ਮੁਫ਼ਤ ਵਰਦੀਆਂ, ਕਿਤਾਬਾਂ, ਦੁਪਹਿਰ ਦੇ ਖਾਣੇ ਦੇ ਨਾਲ ਮੌਸਮੀ ਫਲ ਅਤੇ ਵਜ਼ੀਫ਼ੇ ਤੋਂ ਇਲਾਵਾ ਹੋਰ ਦਿੱਤੀ ਜਾ ਰਹੀਆਂ ਸਹੂਲਤਾਂ ਸਬੰਧੀ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਮੌਕੇ ਅਧਿਆਪਕ ਹਰਗੋਬਿੰਦ ਸਿੰਘ ਛੱਤਿਆਣਾ ਨੇ ਦੱਸਿਆ ਕਿ ਮਾਪਿਆਂ ਅਤੇ ਬੱਚਿਆਂ ਦੀ ਸਹੂਲਤ ਲਈ ਸਕੂਲ ਦੇ ਮੁੱਖ ਗੇਟ ਤੇ ਸਵੇਰੇ 8 ਵਜੇ ਤੋਂ ਲੈ ਕੇ ਦਾਖਲਾ ਬੂਥ ਲਗਾਏ ਜਾਣਗੇ, ਜਿੱਥੇ ਆ ਕੇ ਮਾਪੇ ਆਪਣੇ ਬੱਚਿਆਂ ਦਾ ਦਾਖਲਾ ਕਰਾ ਸਕਦੇ ਹਨ। ਇਸ ਮੌਕੇ ਗੁਲਜ਼ਾਰ ਸਿੰਘ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ, ਮੈਡਮ ਹਰਦੀਪ ਕੌਰ ਮੈਡਮ ਰਾਜਵੀਰ ਕੌਰ, ਮੈਡਮ ਹੈਪੀ ਰਾਣੀ, ਮੈਡਮ ਸਰਬਜੀਤ ਕੌਰ, ਮੈਡਮ ਨਸੀਬ ਕੌਰ ਤੇ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

## ਕਾਨੂੰਗੋ ਪ੍ਰਿਥੀ ਚੰਦ ਬਣੇ ਨਾਇਬ ਤਹਿਸੀਲਦਾਰ



ਚੀਮਾ ਮੰਡੀ (ਰਵਿੰਦਰ ਚੀਮਾ)-ਕਾਨੂੰਗੋ ਪ੍ਰਿਥੀ ਚੰਦ ਪਦਉੱਨਤ ਹੋ ਕੇ ਨਾਇਬ ਤਹਸੀਲਦਾਰ ਬਣ ਗਏ ਹਨ। ਚੀਮਾ ਮੰਡੀ ਵਿਖੇ ਪਹੁੰਚਣ ਤੇ ਸਬ ਤਹਿਸੀਲ ਵਿਖੇ ਉਨ੍ਹਾਂ ਦਾ ਨਾਇਬ ਤਹਸੀਲਦਾਰ ਪਰਵੀਨ ਕੁਮਾਰ ਪਟਵਾਰ ਯੂਨੀਅਨ ਤੇ ਪਤਵੰਤਿਆਂ ਵੱਲੋਂ ਸਨਮਾਨ ਕੀਤਾ ਗਿਆ।

ਉਨ੍ਹਾਂ ਨੂੰ ਇਸ ਮਿਲੀ ਤਰੱਕੀ ਦੇ ਉਨ੍ਹਾਂ ਵੱਲੋਂ ਵਧਾਈਆਂ ਵੀ ਦਿੱਤੀਆਂ ਗਈਆਂ।

ਇਸ ਮੌਕੇ ਨਵੇਂ ਬਣੇ ਨਾਇਬ ਤਹਿਸੀਲਦਾਰ ਪ੍ਰਥੀ ਚੰਦ ਨੇ ਕਿਹਾ ਕਿ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਮਿਲੀ ਹੈ ਉਹ ਆਪਣੀ ਪੂਰੀ ਤਨਦੇਹੀ ਨਾਲ ਨਿਭਾਉਣਗੇ।

## ਗੁਰੂ ਨਾਨਕ ਨੈਸ਼ਨਲ ਕਾਲਜ ਦੇ ਨਤੀਜੇ ਸ਼ਾਨਦਾਰ

ਦੋਰਾਹਾ (ਹਰਮਿੰਦਰ ਸੇਠ)

ਬੀਤੀ ਦਿਨੀਂ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਬੀ.ਕਾਮ ਤੇ ਬੀ.ਬੀ.ਏ. ਦੇ ਨਤੀਜੇ ਐਲਾਨੇ ਗਏ, ਜਿਨ੍ਹਾਂ ਵਿੱਚ ਗੁਰੂ ਨਾਨਕ ਨੈਸ਼ਨਲ ਕਾਲਜ ਦੇ ਵਿਦਿਆਰਥੀਆਂ ਨੇ ਖ਼ੂਬ ਮੱਲਾਂ ਮਾਰੀਆਂ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਦੱਸਿਆ ਕਿ ਬੀ.ਕਾਮ. ਪੰਜਵਾਂ ਸਮੈਸਟਰ ਵਿੱਚੋਂ ਕਿਰਨਪ੍ਰੀਤ ਕੌਰ ਨੇ 80.8% ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ, ਸੀਮੀ ਕਪਿਲਾਂ ਨੇ 80.6% ਅੰਕ ਪ੍ਰਾਪਤ ਕਰਕੇ ਦੂਜਾ ਤੇ ਪ੍ਰਿਅੰਕਾ ਮੰਡਲ ਨੇ 78% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਬੀ.ਕਾਮ. ਤੀਜਾ ਸਮੈਸਟਰ ਵਿੱਚੋਂ ਦੀਯਾ ਨੇ 79% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ, ਵਰਨਪ੍ਰੀਤ ਕੌਰ ਨੇ 73.6% ਅੰਕ ਪ੍ਰਾਪਤ ਕਰਕੇ ਦੂਜਾ ਤੇ ਜਸਮੀਤ ਕੌਰ ਨੇ 73.5% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਬੀ.ਕਾਮ. ਪਹਿਲਾਂ ਸਮੈਸਟਰ ਵਿੱਚੋਂ ਨਿਸ਼ਾ ਕਪਿਲਾ ਨੇ 79.5% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਲਕਸ਼ਮੀ ਪਾਂਡੇ ਨੇ 73.7% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਤੇ ਮਮਤਾ ਦੇਵੀ ਤੇ ਹਰਜੋਧ ਸਿੰਘ ਨੇ 70.1% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਬੀ.ਬੀ.ਏ. ਪੰਜਵਾ ਸਮੈਸਟਰ ਵਿੱਚੋਂ ਰੀਮਾ ਕੁਮਾਰੀ ਨੇ 81.5% ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ, ਜਸਕੀਰਤ ਕੌਰ ਨੇ 80.1% ਅੰਕ ਪ੍ਰਾਪਤ ਕਰਕੇ ਦੂਜਾ ਤੇ ਲਾਵਨਯਾ ਸ਼ਰਮਾ ਨੇ 79.5% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਬੀ.ਬੀ.ਏ ਤੀਜਾ ਸਮੈਸਟਰ ਵਿੱਚੋਂ ਕਰੀਨਾ ਮਿਸ਼ਰਾ ਨੇ 72.5% ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਪਵਨੀਤ ਸਿੰਘ ਸੇਠੀ ਨੇ 71.4% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਦਮਨਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਬੀ.ਬੀ.ਏ ਪਹਿਲਾਂ ਸਮੈਸਟਰ ਵਿੱਚੋਂ ਅਰਵਿੰਦਰ ਸਿੰਘ ਨੇ 75.4% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ, ਸੁਖਮਨਜੋਤ ਸਿੰਘ ਨੇ ਦੂਜਾ ਸਥਾਨ ਤੇ ਸਬਜੋਤ ਕੌਰ ਉੱਪਲ ਤੇ ਜਸ਼ਨਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਦੱਸਿਆ ਕਿ ਇਸ ਸਾਲ ਵੀ ਕਾਲਜ ਦੇ ਨਤੀਜੇ ਸ਼ਾਨਦਾਰ ਰਹੇ। ਉਹਨਾਂ ਨੇ ਵਿਦਿਆਰਥੀਆਂ ਦੇ ਮਾਪਿਆਂ ਅਤੇ ਵਿਸ਼ੇਸ ਕਰਕੇ ਅਧਿਆਪਕਾਂ ਨੂੰ ਵਧਾਈ ਦਿੱਤੀ ਜਿਨ੍ਹਾਂ ਦੀ ਸਾਂਝੀ ਮਿਹਨਤ ਸਦਕਾ ਕਾਲਜ ਅਤੇ ਇਲਾਕੇ ਦਾ ਨਾਂ ਰੌਸ਼ਨ ਹੋਇਆ।

## ਰਿਜਨਲ ਸੈਂਟਰ 'ਚ ਲੋਕਤੰਤਰਿਕ ਸਰੋਕਾਰਾਂ ਬਾਰੇ ਸੈਮੀਨਾਰ ਸੰਪੰਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਪੰਜਾਬ ਯੂਨੀਵਰਸਿਟੀ ਰਿਜਨਲ ਸੈਂਟਰ ਵਿਖੇ 'ਲੋਕਤੰਤਰ, ਰਾਜਨੀਤੀ ਅਤੇ ਸਮਾਜਿਕ ਬਦਲਾਅ' ਵਿਸ਼ੇ 'ਤੇ ਹੋਈ ਦੋ ਰੋਜ਼ਾ ਕਾਨਫਰੰਸ ਦੌਰਾਨ ਦਰਜਨ ਭਰ ਵਿਦਵਾਨਾਂ ਨੇ ਹਿਸਾ ਲਿਆ। ਬੁਲਾਰਿਆਂ ਨੇ ਰਾਜਨੀਤੀ 'ਚ ਆਏ ਤਰ੍ਹਾਂ-ਤਰ੍ਹਾਂ ਦੇ ਬਦਲਾਵਾਂ 'ਤੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਇਸ ਵਾਸਤੇ ਗੰਭੀਰ ਚਿੰਤਨ ਦੀ ਲੋੜ ਹੈ। ਇਸ ਦੋ ਦਿਨਾ ਕਾਨਫਰੰਸ ਦੇ ਵੱਖ-ਵੱਖ ਸੈਸ਼ਨਾਂ ਵਿੱਚ ਡਾ. ਰੌਣਕੀ ਰਾਮ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਡਾ. ਅਮੈਨੁਅਲ ਨਾਹਰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਡਾ. ਪਰਮਜੀਤ ਸਿੰਘ ਕੌਰ ਗਿੱਲ ਪੰਜਾਬੀ ਯੂਨੀਵਰਸਿਟੀ ਪਟਿਆਲਾ, ਡਾ. ਸੁਖਦੇਵ ਸਿੰਘ ਸਿਰਸਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਡਾ. ਬਲਜਿੰਦਰ ਨਸਰਾਲੀ ਦਿੱਲੀ ਯੂਨੀਵਰਸਿਟੀ ਦਿੱਲੀ, ਡਾ. ਪਰਮਜੀਤ ਸਿੰਘ ਢੀਂਗਰਾ, ਡਾ. ਜਗਮੀਤ ਬਾਵਾ ਸੈਂਟਰਲ ਯੂਨੀਵਰਸਿਟੀ ਹਿਮਾਚਲ ਪ੍ਰਦੇਸ਼, ਡਾ. ਬਲਜਿੰਦਰ ਕੌਰ ਮੁਕਤਸਰ, ਦਰਸ਼ਨ ਸਿੰਘ ਢਿੱਲੋਂ ਯੂਕੇ ਹਾਜ਼ਰ ਸਨ। ਇਸ ਰਾਸ਼ਟਰੀ ਕਾਨਫਰੰਸ ਦੇ ਸਮਾਪਤੀ ਸੈਸ਼ਨ ਵਿੱਚ ਡਾਇਰੈਕਟਰ ਪ੍ਰੋ. ਮੁਨੀਸ਼ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦਿਆਂ ਆਖਿਆ ਕਿ ਉਹ ਅੱਗੇ ਤੋਂ ਵੀ ਇਹੋ ਜਿਹੀਆਂ ਕਾਨਫਰੰਸ ਕਰਾਉਂਦੇ ਰਹਿਣਗੇ।

## ਆਊਟਰ ਕਾਲੋਨੀ ਵਾਸੀਆਂ ਦੀਆਂ ਸੁਣੀਆਂ ਮੁਸ਼ਕਲਾਂ



ਨਾਭਾ (ਵਰਿੰਦਰ ਵਰਮਾ)

ਹਲਕਾ ਬਲਾਕ ਪ੍ਰਧਾਨ ਸੰਦੀਪ ਸ਼ਰਮਾ ਵੱਲੋਂ ਸੰਤ ਨਗਰ ਆਊਟਰ ਕਲੋਨੀਆਂ ਅਤੇ ਉੱਥੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਮੀਟਿੰਗ ਕੀਤੀ ਗਈ। ਇਸ ਮੌਕੇ ਸੰਦੀਪ ਸ਼ਰਮਾ ਨੇ ਆਊਟਰ ਕਲੋਨੀ ਵਾਸੀਆਂ ਦੀਆਂ ਮੁੱਖ ਮੰਗਾਂ ਸੁਣਿਆ। ਕਲੋਨੀ ਵਾਸੀਆਂ ਨੇ ਕਿਹਾ ਕਿ ਪਾਣੀ ਦੀ ਨਿਕਾਸੀ ਅਤੇ ਸੜਕ ਦਾ ਕੱਚਾ ਹੋਣਾ ਤੇ ਹੋਰ ਕਈ ਪ੍ਰਕਾਰ ਦੀਆਂ ਸਮੱਸਿਆਵਾਂ ਤੋਂ ਜਾਣੂ ਕਰਾਇਆ ਗਿਆ। ਕਲੋਨੀ ਵਾਸੀ ਦਿਲਸ਼ਾਦ ਅਲੀ ਦਾ ਕਹਿਣਾ ਸੀ ਕਿ ਸਾਡੇ ਕਲੋਨੀ ਦੇ ਵਿੱਚ ਘਰਾਂ ਵਿੱਚੋਂ ਪਾਣੀ ਦੀ ਨਿਕਾਸੀ ਦਾ ਕੋਈ ਸਾਧਨ ਨਹੀਂ ਹੈ, ਸੀਵਰੇਜ ਪਾਇਆ ਹੋਇਆ ਹੈ, ਪਰ ਉਹ ਵੀ ਚਾਲੂ ਹਾਲਤ ਵਿੱਚ ਨਹੀਂ ਹੈ, ਜਿਸ ਕਾਰਨ ਮੁਹੱਲੇ ਵਿੱਚ ਰੋਜ਼ ਲੜਾਈ ਝਗੜੇ ਦਾ ਮਾਹੌਲ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸਕੂਲ ਵੈਨ ਘਰ ਤੱਕ ਨਹੀਂ ਆ ਸਕਦੀ, ਕਿਉਂਕਿ ਰਸਤਾ ਬਹੁਤ ਖਰਾਬ ਹੈ। ਐਂਬੂਲੈਂਸ ਨਹੀਂ ਆ ਸਕਦੀ। ਇੱਥੋਂ ਤੱਕ ਕਿ ਸਾਡੇ ਬੱਚਿਆਂ ਦੇ ਰਿਸ਼ਤੇ ਵੀ ਨਹੀਂ ਹੋ ਰਹੇ। ਸਮੱਸਿਆਵਾਂ ਸੁਣਨ ਉਪਰੰਤ ਸੰਦੀਪ ਸ਼ਰਮਾ ਨੇ ਕਿਹਾ ਕਿ ਬਹੁਤ ਜਲਦ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨਾਲ ਮਿਲ ਕੇ ਇਨ੍ਹਾਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ। ਮੁਹੱਲਾ ਨਿਵਾਸੀਆਂ ਨੇ ਉਨ੍ਹਾਂ ਦੀਆਂ ਕਲੋਨੀਆਂ ਕੋਲ ਇੱਕ ਮੁਹੱਲਾ ਕਲੀਨਿਕ ਖੋਲ੍ਹਣ ਦੀ ਵੀ ਮੰਗ ਕੀਤੀ ਹੈ, ਕਿਉਂਕਿ ਇਨ੍ਹਾਂ ਆਊਟਰ ਕਲੋਨੀ ਦੀ ਜਿਹੜੀ ਆਬਾਦੀ ਹੈ, ਉਹ ਤਕਰੀਬਨ 10 ਤੋਂ 12 ਹਜ਼ਾਰ ਦੇ ਕਰੀਬ ਹੈ। ਸੰਦੀਪ ਸ਼ਰਮਾ ਨੇ ਇਸ ਦਾ ਵੀ ਭਰੋਸਾ ਦਵਾਇਆ ਕਿ ਉਹ ਜਲਦੀ ਵਿਧਾਇਕ ਨਾਲ ਗੱਲ ਕਰਕੇ ਇੱਕ ਮੁਹੱਲਾ ਕਲੀਨਿਕ ਇਸ ਏਰੀਏ ਵਿੱਚ ਜ਼ਰੂਰ ਖੁਲ੍ਹਵਾਉਣ ਦੀ ਅਪੀਲ ਕਰਨਗੇ। ਮੁਹੱਲਾ ਵਾਸੀਆਂ ਨੇ ਸੰਦੀਪ ਸ਼ਰਮਾ ਨੂੰ ਭਰੋਸਾ ਦਵਾਇਆ ਹੈ ਕਿ ਜੇ ਆਮ ਆਦਮੀ ਪਾਰਟੀ ਉਨ੍ਹਾਂ ਨਾਲ ਕੀਤੇ ਵਾਅਦੇ ਪੂਰੇ ਕਰੇਗੀ ਤਾਂ ਉਹ ਵੀ ਹਮੇਸ਼ਾ ਆਮ ਆਦਮੀ ਪਾਰਟੀ ਨਾਲ ਖੜੇ ਰਹਿਣਗੇ।

## ਕਿਸਾਨਾਂ ਨੇ ਕੱਢਿਆ ਟਰੈਕਟਰ ਮਾਰਚ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਤੇ ਕਿਸਾਨ ਜਥੇਬੰਦੀਆਂ ਦੀ ਅਗਵਾਈ ਹੇਠ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨਾਂ ਵੱਲੋਂ ਟਰੈਕਟਰ ਮਾਰਚ ਕਰਕੇ ਰੋਸ ਪ੍ਰਗਟਾਵਾ ਕੀਤਾ ਗਿਆ। ਬੀਕੇਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਨੇ ਕਿਹਾ ਕਿ 26 ਤੋਂ 28 ਤੱਕ ਸਾਊਦੀ ਅਰਬ ਵਿੱਚ ਡਬਲਯੂ ਟੀ ਓ ਦੀ ਮੀਟਿੰਗ ਹਨ, ਉਸ ਦੇ ਰੋਸ ਵਿੱਚ ਵੱਡੀ ਪੱਧਰ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਕੇਂਦਰ ਸਰਕਾਰ ਕਿਸਾਨਾਂ ਦੇ ਕਿਸਾਨ ਮਾਰੂ ਨੀਤੀਆਂ ਲਾਗੂ ਕਰ ਰਹੀ ਹੈ, ਜਿਸ ਕਰਕੇ ਕਿਸਾਨਾਂ ਦੀ ਆਰਥਿਕ ਹਾਲਤ ਦਿਨੋ ਦਿਨ ਮਾੜੀ ਹੁੰਦੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਫ਼ਸਲਾਂ ਤੇ ਐਮ ਐਸ ਪੀ ਕਾਨੂੰਨ ਗਾਰੰਟੀ ਮਿਲਣੀ ਚਾਹੀਦੀ ਹੈ। ਆਗੂਆਂ ਨੇ ਕਿਹਾ ਕਿ ਭਾਰਤ ਸਰਕਾਰ ਨੂੰ ਕਿਸਾਨ ਮਾਰੂ ਨੀਤੀਆਂ ਨੂੰ ਸਰਕਾਰ ਨੂੰ ਮੁੱਢੋਂ ਰੱਦ ਕਰਨਾ ਚਾਹੀਦਾ ਹੈ!

## ਮਾਡਰਨ ਕਾਲਜ ਬੀਰ ਕਲਾਂ 'ਚ ਐਥਲੈਟਿਕਸ ਮੀਟ



ਚੀਮਾ ਮੰਡੀ (ਰਵਿੰਦਰ ਚੀਮਾ)

ਮਾਡਰਨ ਕਾਲਜ ਬੀਰ ਕਲਾਂ ਵਿਖੇ ਸਾਲਾਨਾ ਅਥਲੈਟਿਕ ਮੀਟ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ.ਵੀ.ਕੇ. ਰਾਏ ਅਤੇ ਸਮੂਹ ਸਟਾਫ ਵੱਲੋ ਤਿਰੰਗਾ ਲਹਿਰਾਉਣ ਦੀ ਰਸਮ ਪੂਰੀ ਕੀਤੀ ਤੇ ਵਿਦਿਆਰਥੀਆਂ ਵੱਲੋਂ ਕੱਢੇ ਗਏ ਮਾਰਚ ਪਾਸਟ ਨੂੰ ਸਲਾਮੀ ਦਿੱਤੀ।

ਖੇਡਾਂ ਦੇ ਨਤੀਜਿਆਂ ਅਨੁਸਾਰ ਮੁੰਡਿਆਂ ਦੀ 100 ਮੀਟਰ ਦੌੜ ਵਿੱਚ ਜਗਸੀਰ ਸਿੰਘ ਨੇ ਪਹਿਲਾ, ਨਵਦੀਪ ਸਿੰਘ ਨੇ ਦੂਜਾ, ਗੁਰਪਿਆਰ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਲੜਕੀਆਂ ਦੀ 100 ਮੀਟਰ ਦੌੜ ਮੁਕਾਬਲੇ 'ਚ ਜਸਪ੍ਰੀਤ ਕੌਰ ਨੇ ਪਹਿਲਾ, ਰਾਜਵੀਰ ਕੌਰ ਨੇ ਦੂਜਾ ਤੇ ਵਿਦਿਆਰਥਣ ਰਜਿੰਦਰ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਮੁੰਡਿਆਂ ਦੀ 200 ਮੀਟਰ ਦੌੜ ਵਿੱਚ ਸੁਖਚੈਨ ਸਿੰਘ ਨੇ ਪਹਿਲਾ, ਜਗਸੀਰ ਸਿੰਘ ਨੇ ਦੂਜਾ, ਸਰਨਦੀਪ ਸਿੰਘ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਲੜਕੀਆਂ ਦੀ 200 ਮੀਟਰ ਦੌੜ ਮੁਕਾਬਲੇ 'ਚ ਹਰਮਨਪ੍ਰੀਤ ਕੌਰ ਨੇ ਪਹਿਲਾ, ਹਰਮਨਪ੍ਰੀਤ ਕੌਰ ਨੇ ਦੂਜਾ ਤੇ ਵਿਦਿਆਰਥਣ ਸੰਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮੁੰਡਿਆਂ ਦੇ ਸ਼ਾਰਟਪੁਟ ਮੁਕਾਬਲੇ 'ਚ ਅਰਸ਼ਦੀਪ ਸਿੰਘ ਨੇ ਪਹਿਲਾ, ਨਰਿੰਦਰ ਸਿੰਘ ਨੇ ਦੂਜਾ ਤੇ ਸ਼ਰਨਦੀਪ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮੁੰਡਿਆਂ ਦੇ ਲੰਬੀ ਛਾਲ ਮੁਕਾਬਲੇ 'ਚ ਜਸਕਰਨ ਸਿੰਘ ਨੇ ਪਹਿਲਾ, ਜਗਸੀਰ ਸਿੰਘ ਨੇ ਦੂਜਾ ਤੇ ਸੁਖਚੈਨ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਲੜਕੀਆਂ ਦੇ ਲੰਬੀ ਛਾਲ ਮੁਕਾਬਲੇ 'ਚ ਹਰਮਨਪ੍ਰੀਤ ਕੌਰ ਨੇ ਪਹਿਲਾ, ਜਸਪ੍ਰੀਤ ਕੌਰ ਨੇ ਦੂਜਾ ਤੇ ਸੁਖਵੀਰ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਲੜਕੀਆਂ ਦੇ ਸ਼ਾਰਟਪੁਟ ਮੁਕਾਬਲੇ 'ਚ ਰਣਜੀਤ ਕੌਰ ਨੇ ਪਹਿਲਾ, ਜਸਪ੍ਰੀਤ ਕੌਰ ਨੇ ਦੂਜਾ ਤੇ ਪਰਮਿੰਦਰ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਮੁੰਡਿਆਂ ਦੇ ਸ਼ਾਰਟਪੁਟ ਮੁਕਾਬਲੇ 'ਚ ਸ਼ਰਨਦੀਪ ਸਿੰਘ ਨੇ ਪਹਿਲਾ, ਜਸ਼ਨ ਸਿੰਘ ਨੇ ਦੂਜਾ ਤੇ ਭੁਪਿੰਦਰ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮੁੰਡਿਆਂ ਦੀ ਰੀਲੇਅ ਦੌੜ ਵਿੱਚ ਸੁਖਚੈਨ ਸਿੰਘ, ਹਰਜੀਤ ਸਿੰਘ, ਗਗਨਦੀਪ ਸਿੰਘ, ਲਵਪ੍ਰੀਤ ਸਿੰਘ ਨੇ ਸਾਝੇ ਤੌਰ 'ਤੇ ਪਹਿਲਾ ਸਥਾਨ ਅਤੇ ਲੜਕੀਆਂ ਦੀ ਰੀਲੇਅ ਦੌੜ ਮੁਕਾਬਲੇ 'ਚ ਹਰਮਨਪ੍ਰੀਤ ਕੌਰ, ਹਰਪ੍ਰੀਤ ਕੌਰ, ਰਮਨਦੀਪ ਕੌਰ ਤੇ ਸਿਮਰ ਕੌਰ ਸਾਂਝੇ ਤੌਰ 'ਤੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਰੱਸਾਕਸ਼ੀ ਮੁਕਾਬਲੇ ਵੀ ਕਰਾਏ ਗਏ। ਅਥਲੈਟਿਕ ਮੀਟ ਵਿੱਚ ਵਿਦਿਆਰਥੀ ਜਗਸੀਰ ਸਿੰਘ ਤੇ ਵਿਦਿਆਰਥਣ ਜਸਪ੍ਰੀਤ ਕੌਰ ਨੂੰ ਬੈਸਟ ਅਥਲੀਟ ਚੁਣਿਆ ਗਿਆ ਅਤੇ ਬੈਸਟ ਹਾਊਸ ਸ਼ਹੀਦ ਭਗਤ ਸਿੰਘ ਹਾਊਸ ਰਿਹਾ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਬਾਂਸਲ ਨੇ ਅਥਲੈਟਿਕ ਮੀਟ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## ਝਾੜ ਸਾਹਿਬ ਕਾਲਜ 'ਚ ਆਈ ਸੀ ਟੀ ਲੈਬ ਦਾ ਉਦਘਾਟਨ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਉੱਦਮ, ਐੱਚ.ਡੀ.ਐਫ.ਸੀ ਬੈਂਕ ਅਤੇ ਸੱਚ ਐਨ.ਜੀ.ਓ ਦੇ ਸਹਿਯੋਗ ਨਾਲ ਆਈ.ਸੀ.ਟੀ ਲੈਬ ਤਿਆਰ ਕੀਤੀ ਗਈ, ਜਿਸ ਦਾ ਉਦਘਾਟਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ, ਸ਼੍ਰੋ.ਗੁ.ਪ੍ਰ. ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਮੂਲਮੰਤਰ ਅਤੇ ਅਰਦਾਸ ਕਰਨ ਉਪਰੰਤ ਆਪਣੇ ਕਰ ਕਮਲ ਨਾਲ ਕੀਤਾ।

ਇਸ ਆਈ.ਸੀ.ਟੀ. ਲੈਬ ਦਾ ਕਾਰਜ ਸੁਖਮਿੰਦਰ ਸਿੰਘ (ਸਕੱਤਰ ਵਿੱਦਿਆ) ਦੀ ਰਹਿਨੁਮਾਈ ਹੇਠ ਸੰਪੂਰਨ ਹੋਇਆ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਅਤੇ ਹਰਜਤਿੰਦਰ ਸਿੰਘ ਬਾਜਵਾ ਆਨਰੇਰੀ. ਐਡੀ. ਸਕੱਤਰ ਕਾਲਜ ਲੋਕਲ ਮੈਨੇਜਿੰਗ ਕਮੇਟੀ ਵਲੋਂ ਆਏ ਮਹਿਮਾਨਾਂ ਦਾ ਰਸਮੀ ਸੁਆਗਤ ਕੀਤਾ ਗਿਆ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਬੋਧਨ ਹੁੰਦਿਆਂ ਕਿਹਾ ਕਿ ਉਹ ਅਜੋਕੇ ਦੌਰ ਵਿਚ ਵਿਦਿਆਰਥਣਾਂ ਨੂੰ ਸਮੇਂ ਦੇ ਹਾਣੀ ਬਣਾਉਣ ਹਿੱਤ ਕਾਲਜਾਂ ਅਤੇ ਸਕੂਲਾਂ ਵਿਚ ਆਧੁਨਿਕ ਟੈਕਨਾਲੋਜੀ ਨਾਲ ਲੈਸ ਲੈਬਜ਼ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਕਿਉਂਕਿ ਟੈਕਨਾਲੋਜੀ ਹਰ ਖੇਤਰ ਵਿਚ ਕਲਪਨਾ ਤੋਂ ਪਰੇ ਉਤਪਾਦਨ 'ਚ ਕ੍ਰਾਂਤੀ ਲਿਆਉਂਦੀ ਹੈ ਅਤੇ ਅੱਜ ਇਕ ਕੁੰਜੀ ਬਟਨ ਨੂੰ ਦਬਾਉਣ ਨਾਲ ਹਰ ਕਿਸੇ ਚੀਜ਼ ਬਾਰੇ ਗਿਆਨ ਪ੍ਰਾਪਤ ਕਰਨਾ ਸੰਭਵ ਹੋ ਗਿਆ ਹੈ ਤੇ ਸ਼੍ਰੋਮਣੀ ਕਮੇਟੀ ਇਸ ਨੈਟਵਰਕਿੰਗ ਨਾਲ ਵਿਦਿਆਰਥਣਾਂ ਨੂੰ ਜੋੜ ਕੇ ਉਨ੍ਹਾਂ ਦੀ ਹਰ ਸੰਭਵ ਭਵਿੱਖ ਉਸਾਰੀ ਕਰਨ ਲਈ ਵਚਨਬੱਧ ਹੈ।

ਸੁਖਮਿੰਦਰ ਸਿੰਘ (ਸਕੱਤਰ ਵਿਦਿਆ) ਨੇ ਕਿਹਾ ਕਿ ਇਹ ਕਾਰਜ ਪ੍ਰਧਾਨ ਸਾਹਿਬ ਦੇ ਅਣਥੱਕ ਯਤਨਾਂ ਕਰਕੇ ਸੰਪੂਰਨ ਹੋਇਆ ਹੈ। ਇਸ ਨਾਲ ਜਿਥੇ ਵਿੱਦਿਅਕ ਸੰਸਥਾਵਾਂ ਦਾ ਮਿਆਰ ਉੱਚਾ ਹੋ ਰਿਹਾ ਹੈ ਤੇ ਨਾਲ ਹੀ ਆਈ.ਸੀ.ਟੀ ਲੈਬ ਦੀ ਵਰਤੋਂ ਨਾਲ ਵਿਦਿਆਰਥਣਾਂ ਵਿਚ ਸਿੱਖਣ ਦੀ ਰੁਚੀ ਵੀ ਵਧੇਗੀ ਕਿਉਂਕਿ ਮਨੁੱਖ ਦੇ ਰੋਜ਼ਾਨਾ ਜੀਵਨ ਦੀ ਗਤੀ ਦੇ ਹਰ ਖੇਤਰ ਵਿਚ ਟੈਕਨਾਲੋਜੀ ਮਹੱਤਵਪੂਰਨ ਰੋਲ ਅਦਾ ਕਰ ਰਹੀ ਹੈ। ਡਾ. ਸੁਨੀਤਾ ਕੌਸ਼ਲ, ਮੁਕੇਸ਼ ਸ਼ਰਮਾ ਤੇ ਕਾਲਜ ਵਿਦਿਆਰਥਣ ਜੀਵਨਜੋਤ ਕੌਰ ਵਲੋਂ ਤਿਆਰ ਕੀਤੀ 'ਮੈਂ ਕਾਲਜ ਬੋਲਦਾ ਹਾਂ' ਵੀਡੀਓ ਵਿਸ਼ੇਸ਼ ਤੌਰ 'ਤੇ ਦਿਖਾਈ ਗਈ, ਜਿਸ ਵਿਚ ਬੀਜ ਰੂਪੀ ਕਾਲਜ ਨੂੰ ਭਰਜੋਬਨ ਪੌਦਾ ਬਣਨ ਤੱਕ ਦੇ ਸਫ਼ਰ ਨੂੰ ਦਰਸਾਇਆ ਗਿਆ।

ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕਾਲਜ ਪਹੁੰਚੇ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਆਈ.ਸੀ.ਟੀ ਲੈਬ ਦੀ ਸਥਾਪਨਾ ਪ੍ਰਧਾਨ ਸਾਹਿਬ ਅਤੇ ਸਕੱਤਰ ਵਿਦਿਆ ਵਲੋਂ ਕਾਲਜ ਨੂੰ ਦਿੱਤੀ ਵਿਸ਼ੇਸ਼ ਤਵੱਜੋ ਦਾ ਨਤੀਜਾ ਹੈ। ਇਸ ਮੌਕੇ ਹਰਿੰਦਰ ਸਿੰਘ ਸੋਨੀ ਬ੍ਰਾਂਚ ਮੈਨੇਜਰ ਐਚ.ਡੀ.ਐਫ.ਸੀ ਬੈਂਕ ਗੋਲਡਨ ਟੈਂਪਲ ਬਰਾਂਚ ਸ੍ਰੀ ਅੰਮ੍ਰਿਤਸਰ, ਕੇ.ਪੀ ਰਜਿੰਦਰਨ, ਸੀ.ਈ.ਓ ਸੱਚ ਐਨ.ਜੀ.ਓ, ਕਪਿਲ ਤਰਿਖਾ ਸਟੇਟ ਹੈੱਡ ਅਤੇ ਗੌਰਵ ਏਰੀਆ ਕੋਆਰਡੀਨੇਟਰ ਸੱਚ ਐਨ.ਜੀ.ਓ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ, ਕਾਲਜ ਵਲੋਂ ਇਨ੍ਹਾਂ ਨੂੰ ਸਨਮਾਨ ਪੱਤਰ ਭੇਟ ਕਰਕੇ ਧੰਨਵਾਦ ਕੀਤਾ ਗਿਆ। ਸੱਚ ਐਨ.ਜੀ.ਓ ਦੇ ਸੀ.ਈ.ਓ ਨੇ ਭਵਿੱਖ ਵਿਚ ਵੀ ਕਾਲਜ ਨਾਲ ਜੁੜੇ ਰਹਿਣ ਤੇ ਆਪਣੀਆਂ ਸੇਵਾਵਾਂ ਦੇਣ ਦਾ ਵਾਅਦਾ ਕੀਤਾ। ਡਾ. ਮਦਨਜੀਤ ਕੌਰ ਸਹੋਤਾ ਕੋਆਰਡੀਨੇਟਰ ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਸਿਖਲਾਈ ਕੇਂਦਰ ਚੰਡੀਗੜ੍ਹ ਨੇ ਇਸ ਸਮਾਗਮ ਵਿਚ ਸ਼ਿਰਕਤ ਕਰਦੇ ਹੋਏ ਕਾਲਜ ਪ੍ਰਿੰਸੀਪਲ, ਪ੍ਰੋ. ਸੁਖਦੀਪ ਕੌਰ (ਕੰਪਿਊਟਰ ਵਿਭਾਗ) ਅਤੇ ਕਾਲਜ ਸਟਾਫ਼ ਨੂੰ ਵਧਾਈ ਦਿੱਤੀ ਅਤੇ ਸਫ਼ਲ ਉਦਘਾਟਨੀ ਸਮਾਰੋਹ ਦੇ ਪ੍ਰਬੰਧਕੀ ਕਾਰਜ ਦੀ ਸ਼ਲਾਘਾ ਕੀਤੀ।

## ਸਵਾ 12 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਗ੍ਰਿਫ਼ਤਾਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)

ਥਾਣਾ ਮੱਲਾਂਵਾਲਾ ਪੁਲਿਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ ਸਵਾ 12 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਗ੍ਰਿਫ਼ਤਾਰ ਕਰਕੇ ਉਸ ਖਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਬੱਸ ਅੱਡਾ ਫ਼ਤਿਹਗੜ੍ਹ ਸਭਰਾ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਜਸਵਿੰਦਰ ਸਿੰਘ ਪੁੱਤਰ ਬਖਸ਼ੀਸ਼ ਸਿੰਘ ਵਾਸੀ ਪਿੰਡ ਫਤਿਹਗੜ੍ਹ ਸਭਰਾ ਨਾਜਾਇਜ਼ ਸ਼ਰਾਬ ਕਸੀਦ ਕਰਕੇ ਵੇਚਣ ਦਾ ਆਦੀ ਹੈ।

ਜੇਕਰ ਹੁਣੇ ਇਸ ਦੇ ਘਰ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਨਜਾਇਜ਼ ਸ਼ਰਾਬ ਸਮੇਤ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਦੋਸ਼ੀ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਮੌਕੇ 'ਤੇ ਸਵਾ 12 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

29-Fab-PAGE-8.qxd 2/28/2024 10:53 PM Page 1



# 3 ਕਰੋੜ 60 ਲੱਖ ਰੁਪਏ ਦੀ ਲਾਗਤ ਨਾਲ ਬਣਨਗੀਆਂ ਜ਼ਿਲ੍ਹੇ 'ਚ 12 ਲਾਇਬ੍ਰੇਰੀਆਂ : ਕੁਲਵੰਤ ਸਿੰਘ



**ਮੋਹਾਲੀ, (ਗੁਰਜੀਤ ਬਿੱਲਾ)** ਆਮ ਆਦਮੀ ਪਾਰਟੀ ਵੱਲੋਂ ਵਿਧਾਨ ਸਭਾ ਚੋਣਾਂ ਦੇ ਵਿੱਚ ਜੋ ਲੋਕਾਂ ਨਾਲ ਵਾਅਦੇ ਕੀਤੇ ਗਏ ਸਨ ਕਿ ਉਹਨਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ, ਜਿਨਾਂ ਵਿੱਚੋਂ ਸਿਹਤ ਅਤੇ ਸਿੱਖਿਆ ਨਾਲ ਸੰਬੰਧਿਤ ਲੋੜੀਂਦੀਆਂ ਸਹੂਲਤਾਂ ਨੂੰ ਪੂਰਾ ਕਰਨਾ ਅਤੇ ਬੱਚਿਆਂ ਦਾ ਧਿਆਨ ਨਸ਼ਿਆਂ ਤੋਂ ਹਟਾ ਕੇ ਚੰਗੇ ਪਾਸੇ ਵੱਲ ਲਗਾਉਣਾ, ਦੇ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਭਰ ਦੇ ਵਿੱਚ ਲਾਈਬ੍ਰੇਰੀਆਂ ਖੋਲੀਆਂ ਜਾ ਰਹੀਆਂ ਹਨ ਅਤੇ ਬੱਚਿਆਂ ਦੇ ਹੱਥ ਨਸ਼ਾ ਛੁਡਾ ਕੇ ਕਿਤਾਬ ਫੜਾਉਣ ਵਾਲੀ ਗੱਲ ਨੂੰ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ। ਇਹ ਗੱਲ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਪਿੰਡ ਮੌਲੀ ਬੈਦਵਾਣ, ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ 30 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਲਾਇਬਰੇਰੀ ਦੀ ਬਿਲਡਿੰਗ ਦਾ ਉਦਘਾਟਨ ਕੀਤਾ ਅਤੇ ਨਾਲ ਹੀ ਲਾਈਬ੍ਰੇਰੀ ਦੇ ਵਾਸਤੇ 10 ਲੱਖ ਰੁਪਏ ਦਾ ਚੈੱਕ ਵੀ ਸਪੁਰਦ ਕੀਤਾ। ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਕਿਹਾ ਕਿ ਮੋਹਾਲੀ ਹਲਕੇ ਦੇ ਵਿੱਚ ਹੀ ਜ਼ਿਲ੍ਹੇ 'ਚ ਖੁੱਲ੍ਹਣ ਵਾਲੀਆਂ 12 ਲਾਇਬ੍ਰੇਰੀਆਂ 'ਚੋਂ 06 ਲਾਇਬ੍ਰੇਰੀਆਂ ਖੁੱਲ੍ਹ ਰਹੀਆਂ ਹਨ, ਤਾਂ ਕਿ ਨੌਜਵਾਨ ਪੀੜ੍ਹੀ ਬਜ਼ੁਰਗ ਅਤੇ ਵਿਦਿਆਰਥੀ ਇਹਨਾਂ ਲਾਇਬ੍ਰੇਰੀਆਂ ਦਾ ਫਾਇਦਾ ਉਠਾ ਕੇ ਆਪਣਾ, ਆਪਣੇ ਪਰਵਾਰ ਦਾ ਅਤੇ ਪੰਜਾਬ ਦਾ ਨਾਂਅ ਰੌਸ਼ਨ ਕਰ ਸਕਣ। ਇਸ ਮੌਕੇ ਪਿੰਡ ਮੌਲੀ ਵਿਖੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਅਵਤਾਰ ਸਿੰਘ ਮੌਲੀ, ਸਤਵਿੰਦਰ ਸਿੰਘ, ਹਰਜੋਤ ਸਿੰਘ ਗੱਬਰ, ਭੁਪਿੰਦਰ ਸਿੰਘ ਸਰਪੰਚ, ਸਤਵਿੰਦਰ ਸਿੰਘ ਬਿੱਟੂ, ਹਰਦੀਪ ਸਿੰਘ ਅਤੇ ਚੇਤਨ ਸਿੰਘ ਹਾਜ਼ਰ ਸਨ।ਜਦ ਕਿ ਪਿੰਡ ਭਾਗੋ ਮਾਜਰਾ ਵਿਖੇ ਲਾਇਬ੍ਰੇਰੀ ਦੇ ਨਿਰਮਾਣ ਕਾਰਜ ਦੇ ਉਦਘਾਟਨ ਦੇ ਮੌਕੇ 'ਤੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਪਿੰਡ ਨਿਵਾਸੀਆਂ ਨੂੰ 10 ਲੱਖ ਰੁਪਏ ਦਾ ਚੈੱਕ ਵੀ ਸੌਂਪਿਆ ਗਿਆ। ਬਲਬੀਰ ਸਿੰਘ ਜਥੇਦਾਰ ਬੇਰੋਪੁਰ,ਪਰਮਜੀਤ ਸਿੰਘ, ਬੰਤ ਸਿੰਘ, ਗੁਰਜੰਟ ਸਿੰਘ, ਰਣਜੀਤ ਸਿੰਘ, ਸੁਰਿੰਦਰ ਕੌਰ,ਅਵਤਾਰ ਸਿੰਘ ਬੇਰੋਪੁਰ, ਆਮ ਆਦਮੀ ਪਾਰਟੀ ਦੇ ਨੇਤਾ ਕੁਲਦੀਪ ਸਿੰਘ ਸਮਾਣਾ, ਨੰਬਰਦਾਰ ਹਰਸੰਗਤ ਸਿੰਘ ਸੁਹਾਣਾ, ਗੁਰਿੰਦਰ ਸਿੰਘ, ਅਵਤਾਰ ਸਿੰਘ,ਨਰਾਇਣ ਸਿੰਘ, ਗੁਰਲਾਲ ਸਿੰਘ, ਬਲਜੀਤ ਸਿੰਘ, ਤਾਰਨਜੀਤ ਸਿੰਘ, ਜਦਕਿ ਪਿੰਡ ਮੌਜਪੁਰ ਵਿਖੇ ਲਾਈਬਰੇਰੀ ਦੀ ਬਿਲਡਿੰਗ ਦੇ ਉਦਘਾਟਨ ਦੇ ਮੌਕੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਪਿੰਡ ਨਿਵਾਸੀਆਂ ਨੂੰ 10 ਲੱਖ ਰੁਪਏ ਦਾ ਚੈੱਕ ਵੀ ਸੌਂਪਿਆ ਗਿਆ।

# ਕਿਸਾਨ ਅੰਦੋਲਨ 'ਚ ਸਰਕਾਰਾਂ ਵੱਲੋਂ ਕੀਤੇ ਜਾ ਰਹੇ ਤਸ਼ੱਦਦ ਦੇ ਰੋਸ ਵਜੋਂ ਮੋਦੀ ਦੇ ਪਤਲੇ ਫੂਕੇ



**ਬਹਿਰਾਮ (ਅਵਤਾਰ ਕਲੇਰ)** ਕਿਸਾਨ ਅੰਦੋਲਨ ਵਿੱਚ ਸਰਕਾਰਾਂ ਵਲੋਂ ਕੀਤੇ ਜਾ ਰਹੇ ਕਿਸਾਨਾਂ 'ਤੇ ਤਸ਼ੱਦਦ ਦੇ ਰੋਸ ਵਜੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜਿਲ੍ਹਾ ਪ੍ਰਧਾਨ ਬਲਕਾਰ ਸਿੰਘ ਢੀਂਡਸਾ ਦੀ ਅਗਵਾਈ ਵਿੱਚ ਕਿਸਾਨਾਂ ਦੇ ਸਹਿਯੋਗ ਨਾਲ ਟੋਲ ਪਲਾਜਾ ਬਹਿਰਾਮ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਪੁਤਲੇ ਫੂਕੇ।ਉਨ੍ਹਾ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੋ ਦਿੱਲੀ ਮੋਰਚੇ ਦੌਰਾਨ ਕਿਸਾਨਾ ਦੀਆਂ ਮੰਨੀਆ ਗਈਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਤਾਂ ਸੰਘਰਸ਼ ਨੂੰ ਹੋਰ ਤੇਜ ਕਰਾਂਗੇ।ਉਨ੍ਹਾਂ ਮੰਗ ਕੀਤੀ ਕਿ ਕਿਸਾਨ ਅੰਦੋਲਨ ਵਿੱਚ ਸ਼ਹੀਦ ਹੋਏ ਸ਼ੁਭਕਰਨ ਸਿੰਘ ਅਤੇ ਹਰਿਆਣਾ ਪੁਲਸ ਵਲੋਂ ਗੰਭੀਰ ਜਖਮੀ ਕੀਤੇ ਪ੍ਰਿਤਪਾਲ ਸਿੰਘ ਨੂੰ ਇੰਨਸਾਫ ਦਿੱਤਾ ਜਾਵੇ। ਇਸ ਮੌਕੇ ਚੌਧਰੀ ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ ਬੰਗਾ, ਕਮਲਜੀਤ ਬੰਗਾ ਮੈਂਬਰ ਜਿਲ੍ਹਾ ਪ੍ਰੀਸ਼ਦ, ਜਿਲ੍ਹਾ ਪ੍ਰਧਾਨ ਬਲਕਾਰ ਸਿੰਘ ਢੀਂਡਸਾ,ਅਮਨਦੀਪ ਸਿੰਘ ਮੇਹਲੀ, ਕੁਲਵਿੰਦਰ ਸਿੰਘ ਮਛਿਆਣਾ, ਗੁਰਬਖਸ਼ ਸਿੰਘ ਪਨਲਾਵਾ,ਰਾਜਿੰਦਰ ਸ਼ਰਮਾ ਕੁਲਥਮ, ਗੁਰਦੀਪ ਸਿੰਘ ਖੋਥੜਾਂ, ਅਮਰਜੀਤ ਕਲਸੀ, ਧਰਮਿੰਦਰ ਸਿੰਘ ਮੰਢਾਲੀ,ਬਰਜਿੰਦਰ ਸਿੰਘ ਬੰਗਾ,ਅਮਨਦੀਪ ਸਿੰਘ ਅਮਨਾ ਮੇਹਲੀ, ਅੰਮ੍ਰਿਤਪਾਲ ਸਿੰਘ ਮੰਨਾ,ਗੁਰਦੀਪ ਸਿੰਘ ਦੀਪਾ ਮੋਹਲੀ,ਰੇਸ਼ਮ ਸਿੰਘ ਬੀਸਲਾ, ਪ੍ਰਵੀਨ ਬੰਗਾ, ਧਰਮਪਾਲ ਤਲਵੰਡੀ ਜੱਟਾਂ, ਦਰਸ਼ਨ ਰਾਮ ਬਹਿਰਾਮ , ਤੀਰਥ ਕਲਸੀ, ਰਾਜਿੰਦਰ ਸਿੰਘ ਰਾਜਾ ਭਾਰਸਿੰਘਪੁਰ, ਨਰਿੰਦਰ ਸਿੰਘ ਵਡਾਲਾ, ਹਰਦੀਪ ਸਿੰਘ ਰੌਕੀ ਜੰਡਿਆਲੀ ਸੁਖਵੀਰ ਸਿੰਘ ਗੋਰਾਇਆ, ਪਰਮਜੀਤ ਸਿੰਘ ਅਕਲਪੁਰ, ਸੁਖਵੀਰ ਸਿੰਘ ਸੁੱਖੀ ਆਦਿ ਹਾਜ਼ਰ ਸਨ ।

# ਵਿਸ਼ਵ ਵਪਾਰ ਸੰਗਠਨ ਦੇ ਵਿਰੋਧ 'ਚ ਰੋਸ ਪ੍ਰਦਰਸ਼ਨ



**ਮਾਹਿਲਪੁਰ (ਸਫਰੀ)** - ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਪ੍ਰੋਗਰਾਮ ਤਹਿਤ ਇਲਾਕਾ ਮਾਹਿਲਪੁਰ ਚੱਬੇਵਾਲ ਦੇ ਸੰਯੁਕਤ ਕਿਸਾਨ ਮੋਰਚੇ ਦੇ ਸਮੂਹ ਸਮਰਥਕਾਂ ਨੇ ਟਰੱਕ ਯੂਨੀਅਨ ਮਾਹਿਲਪੁਰ ਨਜਦੀਕ ਇਕੱਤਰ ਹੋ ਕੇ ਰੋਸ ਪ੍ਰਦਰਸ਼ਨ ਕੀਤਾ। ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ ਤੱਕ ਕਿਸਾਨਾਂ ਨੇ ਸੜਕ ਦੇ ਇੱਕ ਪਾਸੇ ਟਰੈਕਟਰ ਤੇ ਹੋਰ ਵਹੀਕਲ ਖੜ੍ਹੇ ਕਰਕੇ ਰੋਸ ਵਜੋਂ ਸ਼ਾਂਤੀਪੂਰਵਕ ਧਰਨਾ ਦਿੱਤਾ। ਬਾਅਦ 'ਚ ਵਿਸ਼ਵ ਵਪਾਰ ਸੰਗਠਨ ਦਾ ਵਿਰੋਧ ਕਰਨ ਲਈ ਪੁਤਲਾ ਵੀ ਸਾੜਿਆ ਗਿਆ। ਇਸ ਮੌਕੇ ਬਲਜੀਤ ਸਿੰਘ ਕੁੱਕੀ ਪ੍ਰਧਾਨ ਟਰੱਕ ਯੂਨੀਅਨ, ਕਾਮਰੇਡ ਸਾਧੂ ਸਿੰਘ ਭੱਟੀ, ਪ੍ਰਿੰਸੀਪਲ ਪਿਆਰਾ ਸਿੰਘ, ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਸੇਰ ਜੰਗ ਬਹਾਦਰ ਸਿੰਘ, ਸਤਪਾਲ ਲੱਠ, ਮਲਕੀਤ ਸਿੰਘ ਬਾਹੋਵਾਲ, ਗੁਰਦੀਪ ਸਿੰਘ ਸੰਘਾ, ਜਸਵੀਰ ਸਿੰਘ ਲੰਗੇਰੀ, ਮਲਕੀਤ ਸਿੰਘ ਹੀਰ, ਨਰਿੰਦਰ ਸਿੰਘ ਮੁੱਗੋਪੱਟੀ, ਚਾਨਣ ਰਾਮ ਭੂੰਨੋਂ, ਜਸਵਿੰਦਰ ਸਿੰਘ ਨਾਮਧਾਰੀ ਸਮੇਤ ਵੱਡੀ ਗਿਣਤੀ ਵਿੱਚ ਅੰਦੋਲਨ ਸਮਰਥਕ ਹਾਜ਼ਰ ਸਨ।

# ਖੁਰਮਪੁਰ 'ਚ ਲਗਾਇਆ ਅੱਖਾਂ ਦਾ ਫਰੀ ਕੈਂਪ





**ਫਗਵਾੜਾ (ਡਾ. ਰਮਨ)** ਦਰਗਾਹ ਬਾਬਾ ਖੁਦਾਈਆ ਸ਼ਾਹ ਪਿੰਡ ਖੁਰਮਪੁਰ ਵਿਖੇ ਅੱਖਾਂ ਦਾ ਤੀਸਰਾ ਫਰੀ ਚੈਕਅੱਪ ਅਤੇ ਆਪ੍ਰੇਸ਼ਨ ਕੈਂਪ ਵਰਲਡ ਵਾਈਡ ਸਕੇਪ ਵੈਲਫੇਅਰ ਸੁਸਾਇਟੀ ਵਲੋਂ ਡਾ. ਰਾਜਨ ਆਈ ਕੇਅਰ ਅੱਖਾਂ ਦਾ ਹਸਪਤਾਲ ਗੁਰੂ ਹਰਗੋਬਿੰਦ ਨਗਰ ਫਗਵਾੜਾ ਦੇ ਸਹਿਯੋਗ ਨਾਲ ਲਾਇਆ ਗਿਆ। ਇਸ ਦੌਰਾਨ ਡਾ. ਐਸ. ਰਾਜਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਮਾਹਿਰ ਡਾਕਟਰਾਂ ਦੀ ਟੀਮ ਨੇ ਕਰੀਬ 400 ਮਰੀਜਾਂ ਦੀਆਂ ਅੱਖਾਂ ਦਾ ਮੁਆਇਨਾ ਕਰਕੇ ਲੋੜਵੰਦਾਂ ਨੂੰ ਦਵਾਈਆਂ ਅਤੇ ਐਨਕਾਂ ਬਿਲਕੁਲ ਫਰੀ ਵੰਡੀਆਂ। ਕੈਂਪ ਦੌਰਾਨ ਚੁਣੇ ਗਏ 60 ਮਰੀਜਾਂ ਦੀਆਂ ਅੱਖਾਂ ਦੇ ਡਾ: ਰਾਜਨ ਆਈ ਕੇਅਰ ਵਿਖੇ ਮੁਫ਼ਤ ਆਪ੍ਰੇਸ਼ਨ ਕਰਕੇ ਫੋਲਡੇਬਲ ਲੈਂਜ ਪਾਏ ਗਏ। ਅਪਰੇਸ਼ਨ ਵਾਲੇ ਮਰੀਜ਼ਾਂ ਨੂੰ ਸੁਰੱਖਿਆ ਕਾਰਨਾਂ ਕਰਕੇ ਐਨਕਾਂ ਵੀ ਮੁਫ਼ਤ ਦਿੱਤੀਆਂ ਗਈਆਂ। ਡਾ: ਰਾਜਨ ਨੇ ਅੱਖਾਂ ਦੇ ਮਰੀਜ਼ਾਂ ਨੂੰ ਜ਼ਰੂਰੀ ਹਦਾਇਤਾਂ ਦਿੱਤੀਆਂ ਅਤੇ ਅੱਖਾਂ ਵਿਚ ਨਿਯਮਿਤ ਤੌਰ 'ਤੇ ਦਵਾਈ ਪਾਉਣ, ਧੁੱਪ, ਮਿੱਟੀ ਅਤੇ ਧੂਏਂ ਤੋਂ ਬਚਾਅ ਦੀ ਹਦਾਇਤ ਕੀਤੀ। ਪਿੰਦੂ ਜੌਹਲ ਅਤੇ ਸਤਨਾਮ ਸਿੰਘ ਬਾਹੜਾ ਨੇ ਸਮੂਹ ਪਤਵੰਤਿਆਂ ਅਤੇ ਡਾ: ਰਾਜਨ ਆਈ ਕੇਅਰ ਦੀ ਸਮੁੱਚੀ ਟੀਮ ਦਾ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਬੀਬੀ ਨਜੀਰਾ, ਅਮਰੀਕ ਸਿੰਘ ਸੈਣੀ, ਪਾਲੀ ਯੂ.ਕੇ., ਤਰਲੋਚਨ ਸਿੰਘ ਜੌਹਲ, ਬੱਬੀ ਜੌਹਲ, ਰਿੰਕੂ ਕੌਸ਼ਲ, ਮੋਨੂੰ ਘੁੜਕਾ ਆਦਿ ਹਾਜਰ ਸਨ।

# ਡੀ ਸੀ ਤੇ ਐੱਸ ਐੱਸ ਪੀ ਨੇ ਸਵੀਪ ਵੋਟਰ ਜਾਗਰੂਕਤਾ ਵੈਨਾਂ ਨੂੰ ਝੰਡੀ ਦਿਖਾ ਕੇ ਕੀਤਾ ਰਵਾਨਾ



**ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ )** ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਵੋਟਰਾਂ ਵਿਚ ਵੋਟ ਪਾਉਣ, ਈ.ਵੀ.ਐਮ ਅਤੇ ਵੀ.ਵੀ ਪੈਟ ਸਬੰਧੀ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ 'ਸਵੀਪ ਵੋਟਰ ਜਾਗਰੂਕਤਾ ਵੈਨਾਂ' ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਐਸ.ਐਸ.ਪੀ ਸੁਰੇਂਦਰ ਲਾਂਬਾ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹਰੇਕ ਵਿਧਾਨ ਸਭਾ ਖੇਤਰ ਲਈ ਦੋ-ਦੋ ਜਾਗਰੂਕਤਾ ਵੈਨਾਂ ਰਵਾਨਾ ਕੀਤੀਆਂ ਗਈਆਂ ਹਨ, ਤਾਂ ਜੋ ਸਾਰੇ ਵੋਟਰਾਂ ਨੂੰ ਵੋਟ ਪਾਉਣ ਦੇ ਨਾਲ-ਨਾਲ ਈ ਵੀ ਐਮ ਅਤੇ ਵੀ ਵੀ ਪੈਟ ਸੰਬੰਧੀ ਜਾਗਰੂਕ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਏ.ਆਰ.ਓਜ਼ ਆਪਣੇ ਵਿਧਾਨ ਸਭਾ ਖੇਤਰਾਂ ਵਿਚ ਵੈਨਾਂ ਨੂੰ ਭੇਜਣ ਦਾ ਰੂਟ ਪਲਾਨ ਤੈਅ ਕਰਨਗੇ। ਉਨ੍ਹਾਂ ਦੱਸਿਆ ਕਿ ਇਹ ਜਾਗਰੂਕਤਾ ਵੈਨਾਂ ਜ਼ਿਲ੍ਹੇ ਵਿਚ ਆਰੰਭ ਸਵੀਪ ਗਤੀਵਿਧੀਆਂ ਦਾ ਹਿੱਸਾ ਹਨ, ਜੋ ਕਿ ਸਾਰੇ ਵਿਧਾਨ ਸਭਾ ਖੇਤਰਾਂ ਨੂੰ ਕਵਰ ਕਰਨਗੀਆਂ ਅਤੇ ਵੋਟਰਾਂ ਨੂੰ ਵੋਟਰ ਹੈਲਪ ਲਾਈਨ-1950 ਅਤੇ ਈ.ਵੀ.ਐਮ ਅਤੇ ਵੀ.ਵੀ ਪੈਟ ਦੀ ਕਾਰਜਪ੍ਰਣਾਲੀ ਅਤੇ ਇਸਦੇ ਪ੍ਰਯੋਗ ਦੇ ਬਾਰੇ ਵਿਚ ਵਿਸਥਾਰ ਨਾਲ ਜਾਣਕਾਰੀ ਦੇਣਗੀਆਂ।

# ਲੋਕ ਵਿਰਾਸਤੀ ਮੇਲਾ 1 ਤੋਂ

**ਕਪੂਰਥਲਾ (ਇੰਦਰਜੀਤ ਸਿੰਘ ਮਠਾੜੂ )** ਪੰਜਾਬ ਸਰਕਾਰ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਥਾਨਕ ਸੈਨਿਕ ਸਕੂਲ ਵਿਖੇ ਕਰਵਾਏ ਜਾ ਰਹੇ ਕਪੂਰਥਲਾ ਹੈਰੀਟੇਜ ਫੈਸਟੀਵਲ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਜਾਰੀ ਹਨ।ਤਿੰਨ ਦਿਨਾਂ ਵਿਰਾਸਤੀ ਮੇਲੇ ਵਿਚ ਪ੍ਰਸਿੱਧ ਪੰਜਾਬੀ ਗਾਇਕ ਮਨਮੋਹਨ ਵਾਰਿਸ, ਅੰਮ੍ਰਿਤ ਮਾਨ, ਸੂਫੀ ਫਨਕਾਰਾਂ ਤੋਂ ਇਲਾਵਾ ਕਰਾਮਤ ਫਕੀਰ ਕੱਵਾਲ ਕੱਵਾਲੀਆਂ ਪੇਸ਼ ਕਰਨਗੇ।ਕਪੂਰਥਲਾ ਹੈਰੀਟੇਜ ਫੈਸਟੀਵਲ ਸੰਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਲੋਕਾਂ ਨੂੰ 1 ਤੋਂ 3 ਮਾਰਚ ਤੱਕ ਕਰਵਾਏ ਜਾ ਰਹੇ ਵਿਰਾਸਤੀ ਮੇਲੇ ਵਿੱਚ ਸੂਬੇ ਦੀ ਅਮੀਰ ਵਿਰਾਸਤ ਤੇ ਸੱਭਿਆਚਾਰ ਨੂੰ ਪੇਸ਼ ਕਰਦੀਆਂ ਵੱਖ-ਵੱਖ ਵਨੰਗੀਆਂ ਦਾ ਆਨੰਦ ਮਾਨਣ ਦਾ ਸੱਦਾ ਦਿੱਤਾ। ਉਨ੍ਹਾਂ ਦੱਸਿਆ ਕਿ ਵਿਰਾਸਤੀ ਮੇਲੇ ਲਈ ਜ਼ਿਲ੍ਹ ਪ੍ਰਸ਼ਾਸਨ ਵਲੋਂ ਢੁਕਵੇਂ ਇੰਤਜਾਮ ਕੀਤੇ ਜਾ ਰਹੇ ਹਨ ਤਾਂ ਜੋ ਲੋਕ ਸਹਿਜੇ ਹੀ ਸੂਬੇ ਦੀ ਅਮੀਰ ਵਿਰਾਸਤ ਨੂੰ ਦਰਸਾਉਂਦੀਆਂ ਪੇਸ਼ਕਾਰੀਆਂ ਦਾ ਆਨੰਦ ਮਾਣ ਸਕਣ।ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਪਹਿਲੇ ਦਿਨ ਸੱਭਿਆਚਾਰਕ ਪੇਸ਼ਕਾਰੀਆਂ, ਗਾਇਕੀ ਦੇ ਰੰਗ : ਅਧਿਆਪਕਾਂ ਦੇ ਸੰਗ, ਲੋਕ ਨਾਚ (ਲੁੱਡੀ, ਗਿੱਧਾ, ਭੰਗੜਾ) ਆਦਿ ਪੇਸ਼ਕਾਰੀਆਂ ਤੋਂ ਇਲਾਵਾ ਪੰਜਾਬੀ ਗਾਇਕ ਅੰਮ੍ਰਿਤ ਮਾਨ ਵੱਲੋਂ ਆਪਣੇ ਫਨ ਦਾ ਮੁਜ਼ਾਹਰਾ ਕੀਤਾ ਜਾਵੇਗਾ। ਇਸੇ ਤਰ੍ਹਾਂ ਦੂਜੇ ਦਿਨ ਲੋਕ ਗੀਤ, ਲੋਕ ਸਾਜ਼ ਤੇ ਨਕਲਾਂ, ਵਿਰਾਸਤੀ ਪ੍ਰਸ਼ਨੋਤਰੀ, ਸੰਗੀਤਕ ਰੰਗ : ਬੱਚਿਆਂ ਦੇ ਸੰਗ, ਹਾਸੀਆਂ-ਖੇਡੀਆਂ ਖਿੱਚ ਦਾ ਕੇਂਦਰ ਹੋਣਗੇ। ਇਸ ਤੋਂ ਇਲਾਵਾ ਗਾਇਕਾ ਮਨਜੀਤ ਸ਼ਾਇਰਾ ਵੱਲੋਂ ਪੇਸ਼ਕਾਰੀਆਂ ਤੋਂ ਇਲਾਵਾ ਕਰਾਮਤ ਫ਼ਕੀਰ ਕੱਵਾਲ ਵੱਲੋਂ ਕੱਵਾਲੀਆਂ ਪੇਸ਼ ਕੀਤੀਆਂ ਜਾਣਗੀਆਂ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਿਰਾਸਤੀ ਮੇਲੇ ਦੇ ਤੀਜੇ ਦਿਨ ਕਵੀਸ਼ਰੀ ਅਤੇ ਗੀਤ, ਗਜ਼ਲਾਂ, ਗਿੱਧਾ ਭੰਗੜਾ ਆਦਿ ਸੱਭਿਆਚਾਰਕ ਵੰਨਗੀਆਂ ਦੀ ਪੇਸ਼ਕਾਰੀ ਹੋਵੇਗੀ ਅਤੇ ਪ੍ਰਸਿੱਧ ਗਾਇਕ ਮਨਮੋਹਨ ਵਾਰਿਸ ਆਪਣੇ ਗੀਤਾਂ ਨਾਲ ਦਰਸ਼ਕਾਂ ਦਾ ਮਨੋਰੰਜਨ ਕਰਨਗੇ।

# ਬੂਰਮਾਜਰਾ ਵਿਖੇ ਧਾਰਮਿਕ ਸਮਾਗਮ ਕਰਵਾਇਆ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)** ਪਿੰਡਾਂ ਬੂਰਮਾਜਰਾ ਵਿਖੇ ਧਰਮਸ਼ਾਲਾ 'ਚ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ। ਇਸ ਸਮਾਗਮ ਵਿੱਚ ਅੰਤਰਰਾਸ਼ਟਰੀ ਖੇਡ ਪ੍ਰਮੋਟਰ ਤੇ ਸਮਾਜਸੇਵੀ ਨਰਿੰਦਰ ਸਿੰਘ ਕੰਗ, ਸ਼ੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕਰਨ ਸਿੰਘ ਡੀ ਟੀ ਓ ਅਤੇ ਸਾਬਕਾ ਸੰਸਦ ਮੈਂਬਰ ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਦੇ ਸਿਆਸੀ ਸਕੱਤਰ ਅਮਨਦੀਪ ਸਿੰਘ ਮਾਂਗਟ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਦੀਆਂ ਸਿਖਿਆਵਾਂ ਤੋਂ ਪ੍ਰੇਰਣਾ ਲੈ ਕੇ ਸਮੁੱਚੀ ਲੋਕਾਈ ਨੂੰ ਉਨ੍ਹਾਂ ਵੱਲੋਂ ਦਰਸਾਏ ਸੱਚੇ ਮਾਰਗ 'ਤੇ ਅੱਗੇ ਵਧਣਾ ਚਾਹੀਦਾ ਹੈ। ਸਮਾਗਮ ਦੌਰਾਨ ਨਰਿੰਦਰ ਸਿੰਘ ਕੰਗ ਵੱਲੋਂ ਕਮੇਟੀ ਮੈਂਬਰਾਂ ਨੂੰ 31 ਹਜ਼ਾਰ ਰੁਪਏ ਦੀ ਮਾਲੀ ਸਹਾਇਤਾ ਕੀਤੀ। ਇਸ ਮੌਕੇ ਬਾਈ ਪਰਮਿੰਦਰ ਸਿੰਘ ਸੇਖੋਂ, ਮਸਤਾਨ ਸਿੰਘ , ਗੁਰਪ੍ਰੀਤ ਸਿੰਘ , ਬਹਾਦਰ ਸਿੰਘ, ਦਵਿੰਦਰ ਸਿੰਘ, ਗਿਆਨ ਸਿੰਘ, ਪ੍ਰੀਤਮ ਸਿੰਘ, ਕੁਲਦੀਪ ਸਿੰਘ ਅਤੇ ਕੁਲਵੰਤ ਸਿੰਘ ਆਦਿ ਹਾਜ਼ਰ ਸਨ।

# 'ਰਾਸ਼ਟਰੀ ਵਿਗਿਆਨ ਦਿਵਸ' ਮਨਾਇਆ

**ਫਗਵਾੜਾ (ਡਾ. ਰਮਨ)** ਮੋਹਨ ਲਾਲ ਉੱਪਲ ਡੀ ਏ ਵੀ ਕਾਲਜ ਫਗਵਾੜਾ ਵਿਖੇ ਪ੍ਰਿੰਸੀਪਲ ਡਾ: ਕਿਰਨਜੀਤ ਰੰਧਾਵਾ ਦੀ ਅਗਵਾਈ ਹੇਠ 'ਸਾਇੰਸ ਵਿਭਾਗ' ਦੇ ਸਹਿਯੋਗ ਨਾਲ ਮਹਾਨ ਭਾਰਤੀ ਵਿਗਿਆਨੀ ਚੰਦਰ ਸ਼ੇਖਰ ਵੈਂਕਟ ਰਮਨ (ਸੀ ਵੀ ਰਮਨ) ਨੂੰ ਸਮਰਪਿਤ 'ਰਾਸ਼ਟਰੀ ਵਿਗਿਆਨ ਦਿਵਸ' ਮੌਕੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਦਿਵਸ ਮੌਕੇ ਸੈਮੀਨਾਰ ਨੂੰ ਕਰਵਾਉਣ ਦਾ ਮੁੱਖ ਮਕਸਦ ਜਿੱਥੇ ਵਿਦਿਆਰਥੀਆਂ ਨੂੰ ਸੀ ਵੀ ਰਮਨ ਦੇ ਵਿਗਿਆਨ ਦੇ ਖੇਤਰ ਵਿੱਚ ਪਾਏ ਯੋਗਦਾਨ ਤੋਂ ਜਾਣੂ ਕਰਵਾਉਣਾ ਸੀ ਉੱਥੇ ਹੀ ਅਜੋਕੇ ਮਨੁੱਖੀ ਜੀਵਨ ਵਿੱਚ ਵਿਗਿਆਨ ਦੀ ਦਿਨ ਪ੍ਰਤੀ ਦਿਨ ਵੱਧ ਰਹੀ ਮੱਹਤਤਾ ਦੇ ਅਹਿਮ ਪੱਖਾਂ ਤੋਂ ਵੀ ਸੁਚੇਤ ਕਰਨਾ ਸੀ। ਇਸ ਮੌਕੇ ਵਿਦਿਆਰਥੀਆਂ ਨੇ ਸੈਮੀਨਾਰ 'ਚ ਹਿੱਸਾ ਲੈਂਦਿਆਂ ਪ੍ਰਸ਼ਨੋਤਰੀ, ਸਲੋਗਨ ਅਤੇ ਵਾਦ-ਵਿਵਾਦ ਵਿਧੀ ਰਾਹੀਂ ਮਨੁੱਖੀ ਜੀਵਨ ਵਿੱਚ ਵਿਗਿਆਨ ਦੀ ਮਹੱਤਤਾ ਤੇ ਪ੍ਰਕਿਰਿਆਵਾਂ ਤੋਂ ਸਭ ਨੂੰ ਜਾਣੂ ਕਰਵਾਇਆ। ਇਸ ਦੌਰਾਨ ਪ੍ਰਿੰਸੀਪਲ ਡਾ: ਰੰਧਾਵਾ ਨੇ ਕਿਹਾ ਕਿ ਅਜੋਕਾ ਯੁੱਗ ਵਿਗਿਆਨ ਦਾ ਯੁੱਗ ਹੈ ਅਤੇ ਮਨੁੱਖੀ ਜੀਵਨ ਦੇ ਹਰ ਖੇਤਰ ਵਿੱਚ ਵਿਗਿਆਨ ਨੇ ਆਪਣਾ ਸਿੱਕਾ ਜਮ੍ਹਾ ਲਿਆ ਹੈ। ਉਨ੍ਹਾਂ ਕਿਹਾ ਕਿ ਇਹ ਗੱਲ ਕਹਿਣ ਵਿੱਚ ਕੋਈ ਅਤਿਕਥਨੀ ਨਹੀਂ ਹੋਵੇਗੀ ਕਿ ਸਾਡਾ ਜ਼ਿਆਦਾਤਰ ਜੀਵਨ ਵਿਗਿਆਨਕ ਕਿਰਿਆਵਾਂ ਉੱਪਰ ਨਿਰਭਰ ਕਰਦਾ ਹੈ। ਉਹਨਾਂ ਕਿਹਾ ਕਿ ਇਹਨਾਂ ਵਿਗਿਆਨੀਆਂ ਵਿੱਚੋਂ ਹੀ (ਸੀ ਵੀ ਰਮਨ) ਇੱਕ ਮਹਾਨ ਭਾਰਤੀ ਵਿਗਿਆਨੀ ਹੋਏ ਹਨ ਉਨ੍ਹਾਂ ਭੌਤਿਕ ਵਿਗਿਆਨ ਨਾਲ ਸੰਬੰਧਤ ਬਹੁਤ ਸਾਰੀਆਂ ਖੋਜਾਂ ਕੀਤੀਆਂ। ਵਿਗਿਆਨ ਦੇ ਅਰਸ਼ਾਂ ਉੱਪਰ ਧਰੂ ਤਾਰੇ ਵਾਂਗ ਚਮਕਣ ਵਾਲਾ ਸੀ ਵੀ ਰਮਨ ਇੱਕ ਅਜਿਹਾ ਵਿਗਿਆਨੀ ਹੋਇਆ ਹੈ ਜਿਸ ਨੇ ਮਨੁੱਖ ਜਾਤੀ ਨੂੰ ਵਹਿਮਾਂ ਭਰਮਾਂ 'ਚੋਂ ਕੱਢ ਕੇ ਵਿਗਿਆਨਕ ਦ੍ਰਿਸ਼ਟੀਕੋਣ ਅਪਣਾਉਣ ਦਾ ਸੰਦੇਸ਼ ਦਿੱਤਾ। ਅੰਤ ਪ੍ਰਿੰਸੀਪਲ ਡਾ: ਰੰਧਾਵਾ ਨੇ ਵਿਦਿਆਰਥੀਆਂ ਨੂੰ ਵਿਗਿਆਨ ਦੀ ਮਹੱਤਤਾ ਨੂੰ ਸਮਝਣ ਅਤੇ ਵਾਤਾਵਰਨ ਦੀ ਸਾਂਭ-ਸੰਭਾਲ ਲਈ ਹਮੇਸ਼ਾਂ ਯਤਨਸ਼ੀਲ ਰਹਿਣ ਦਾ ਸੁਨੇਹਾ ਦਿੱਤਾ।

# ਸਾਲਾਨਾ ਗੁਰਮਤਿ ਸਮਾਗਮ ਸੰਬੰਧੀ ਪੋਸਟਰ ਜਾਰੀ



**ਟਾਂਡਾ ਉੜਮੁੜ, ( ਜਸਵਿੰਦਰ ਸੰਧੂ ਉਂਕਾਰ ਸਿੰਘ )**-ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਟਾਂਡਾ ਵੱਲੋਂ ਕਰਵਾਏ ਜਾ ਰਹੇ ਸਾਲਾਨਾ ਮਹਾਨ ਗੁਰਮਤਿ ਸਮਾਗਮ ਤੇ ਕੀਰਤਨ ਦਰਬਾਰ ਦਾ ਪੋਸਟਰ ਜਾਰੀ ਕੀਤਾ ਗਿਆ। ਬਾਬਾ ਸ਼ੇਖ ਫਰੀਦ ਜੀ ਦੇ 850 ਸਾਲਾ ਪ੍ਰਕਾਸ਼ ਪੁਰਬ ਅਤੇ ਮਾਤਾ ਗੁਜਰੀ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਟਾਂਡਾ ਨੇੜੇ ਕਰਵਾਏ ਜਾ ਰਹੇ ਇਸ ਗੁਰਮਤਿ ਸਮਾਗਮ ਸਬੰਧੀ ਜਾਣਕਾਰੀ ਦਿੰਦੇ ਹੋਏ ਸੋਸਾਇਟੀ ਦੇ ਪ੍ਰਬੰਧਕ ਸੇਵਾਦਾਰ ਪ੍ਰਧਾਨ ਜਗਮੋਹਨ ਸਿੰਘ, ਕਿਰਪਾਲ ਸਿੰਘ ਪੰਡੋਰੀ, ਸ਼ਰਧਾ ਸਿੰਘ,ਭਾਈ ਜਸਵੀਰ ਸਿੰਘ ,ਗਿਆਨੀ ਕੇਵਲ ਸਿੰਘ ,ਪਿਆਰਾ ਸਿੰਘ, ਤੀਰਥ ਸਿੰਘ, ਜਥੇਦਾਰ ਪਰਮਜੀਤ ਸਿੰਘ ਖਾਲਸਾ ਨੇ ਦੱਸਿਆ ਕਿ ਪ੍ਰਵਾਸੀ ਭਾਰਤੀਆਂ, ਇਲਾਕੇ ਦੀਆਂ ਵੱਖ-ਵੱਖ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ 17 ਮਾਰਚ ਦਿਨ ਐਤਵਾਰ ਨੂੰ ਸਵੇਰੇ 11 ਵਜੇ ਤੋਂ ਸ਼ਾਮ 7 ਵਜੇ ਤੱਕ ਕਰਵਾਏ ਜਾ ਰਹੇ ਇਸ ਮਹਾਨ ਕੀਰਤਨ ਦਰਬਾਰ ਵਿੱਚ ਸਿੰਘ ਸਾਹਿਬ ਸੰਤ ਬਾਬਾ ਨਿਹਾਲ ਸਿੰਘ , ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਕਥਾ ਵਾਚਕ ਸ੍ਰੀ ਦਰਬਾਰ ਸਾਹਿਬ, ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਢਾਡੀ ਜਥਾ ਭਾਈ ਜਤਿੰਦਰ ਸਿੰਘ ਨੂਰਪੁਰੀ, ਭਾਈ ਬਲਪ੍ਰੀਤ ਸਿੰਘ ਲੁਧਿਆਣੇ ਵਾਲੇ, ਭਾਈ ਸੁਰਜੀਤ ਸਿੰਘ ਦਸ਼ਮੇਸ਼ ਨਗਰ ਟਾਂਡੇ ਵਾਲੇ, ਭਾਈ ਜਸਵੀਰ ਸਿੰਘ ਸੋਨੂੰ ਟਾਂਡੇ ਵਾਲੇ ਤੇ ਹੋਰ ਰਾਗੀ-ਢਾਡੀ ਜਥੇ ਪਹੁੰਚ ਕੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕਰਨਗੇ। ਇਸ ਮੌਕੇ ਗੰਗਾ ਬਲੱਡ ਬੈਂਕ ਜਲੰਧਰ ਵੱਲੋਂ ਖੂਨਦਾਨ ਕੈਂਪ, ਰੇਖੀ ਹਰਬੰਸ ਹਸਪਤਾਲ ਟਾਂਡਾ ਵੱਲੋਂ ਅੱਖਾਂ ਦਾ ਮੁਫਤ ਚੈੱਕ ਅੱਪ ਕੈਂਪ, ਬਵੇਜਾ ਹਸਪਤਾਲ ਤੇ ਬੀ.ਆਰ ਕਾਜਲ ਹਸਪਤਾਲ ਟਾਂਡਾ ਵੱਲੋਂ ਜਨਰਲ ਬਿਮਾਰੀਆਂ ਦਾ ਮੁਫਤ ਚੈੱਕ ਅੱਪ ਕੈਂਪ ਲਗਾਇਆ ਜਾਵੇਗਾ।ਭਾਈ ਧਰਮ ਸਿੰਘ ਅਕੈਡਮੀ ਵੱਲੋਂ ਧਾਰਮਿਕ ਲਿਟਰੇਚਰ ਵੀ ਮੁਫਤ ਵੰਡਿਆ ਜਾਵੇਗਾ। ਇਸ ਮੌਕੇ ਮਨਦੀਪ ਸਿੰਘ ਦੀਪਾ, ਡਾ. ਹਰਦੇਵ ਸਿੰਘ, ਐਡਵੋਕੇਟ ਗੁਰਪ੍ਰੀਤ ਸਿੰਘ ,ਜੋਗਿੰਦਰ ਸਿੰਘ, ਗੁਰਪ੍ਰੀਤ ਸਿੰਘ ਟਾਂਡਾ, ਗੁਰਦੀਪ ਸਿੰਘ ਪ੍ਰਧਾਨ ਸ੍ਰੀ ਗੁਰੂ ਸਿੰਘ ਸਭਾ ਦਸ਼ਮੇਸ਼ ਨਗਰ ਟਾਂਡਾ ਆਦਿ ਵੀ ਹਾਜ਼ਰ ਸਨ।

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਤੇ ਧਾਰਮਿਕ ਦੀਵਾਨ ਸਜਾਏ





**ਕਾਲਾ ਸੰਘਿਆਂ (ਮਨਜੀਤ ਮਾਨ)** ਸਥਾਨਕ ਕਸਬਾ ਕਾਲ਼ਾ ਸੰਘਿਆਂ ਜ਼ਿਲ੍ਹਾ ਕਪੂਰਥਲਾ ਵਿਖੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 647ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਪਿੰਡ, ਨਗਰ ਨਿਵਾਸੀਆਂ ਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ ਗੁਰਦੁਆਰਾ ਸਤਿਗੁਰੂ ਰਵਿਦਾਸ ਮਹਾਰਾਜ ਵਿਖੇ ਕਰਵਾਇਆ ਗਿਆ। ਸਵੇਰੇ ਸਮੇਂ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਮੱਖਣ ਸਿੰਘ ਵੱਲੋਂ ਸ੍ਰੀ ਸਹਿਜ ਪਾਠ ਦੇ ਪਾਏ ਭੋਗ ਉਪਰੰਤ ਸਜਾਏ ਧਾਰਮਿਕ ਦੀਵਾਨ ਦੌਰਾਨ ਪੰਥ ਪ੍ਰਸਿੱਧ ਕੀਰਤਨੀਏ ਭਾਈ ਅੰਮ੍ਰਿਤਪਾਲ ਸਿੰਘ ਚੰਡੀਗੜ੍ਹ ਵਾਲਿਆਂ ਦੇ ਜੱਥੇ ਵੱਲੋਂ ਸੰਗਤਾਂ ਨੂੰ ਗੁਰ ਇਤਿਹਾਸ ਤੇ ਕੀਰਤਨ ਨਾਲ ਨਿਹਾਲ ਕੀਤਾ।ਗੁਰਦੁਆਰਾ ਗੁਰੂ ਰਵਿਦਾਸ ਮਹਾਰਾਜ ਜੀ ਕਾਲ਼ਾ ਸੰਘਿਆਂ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਨਿੰਦਰ ਪਾਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸੰਗਤਾਂ ਵੱਲੋਂ ਇਹ ਸਮਾਗਮ ਕਰਵਾਇਆ ਜਾਂਦਾ ਹੈ ਅਤੇ ਇਸੇ ਸੰਬੰਧੀ ਸ੍ਰੀ ਗੁਰੂ ਰਵਿਦਾਸ ਜੀ ਨਾਮ ਲੇਵਾ ਸੰਗਤਾਂ ਵੱਲੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜੋ ਸਥਾਨਕ ਗੁਰਦੁਆਰਾ ਗੁਰੂ ਰਵਿਦਾਸ ਮਹਾਰਾਜ ਜੀ ਤੋਂ ਆਰੰਭ ਹੋ ਕੇ ਗੁਰਦੁਆਰਾ ਘੰਟਾ ਘਰ, ਗੁਰਦੁਆਰਾ ਬਾਬਾ ਕਾਹਨ ਦਾਸ, ਚੌਂਕ ਵਿਸ਼ਵਕਰਮਾ ਮੰਦਰ ਸਮੇਤ ਹੋਰ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਮੁੜ ਗੁਰਦੁਆਰਾ ਗੁਰੂ ਰਵਿਦਾਸ ਜੀ ਵਿਖੇ ਸਮਾਪਤ ਹੋਇਆ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਸੈਕਟਰੀ ਅਮਨਦੀਪ, ਮਨਜੀਤ ਲਾਲ ਬੰਟੀ, ਪ੍ਰਸਿੱਧ ਗੀਤਕਾਰ ਰਾਮ ਲਾਲ ਕਾਲੇ ਵਾਲਾ, ਦੇਸਰਾਜ, ਪਾਲ, ਮਹੇਸ਼ ਲਾਲ, ਸੂਬਾ,ਰਵੀ ਕੁਮਾਰ, ਜੀਵਨ ਕੁਮਾਰ, ਰਵਿੰਦਰ ਨਾਥ, ਸਨੀ, ਪ੍ਰਦੀਪ ਕੁਮਾਰ, ਸਾਬਕਾ ਸਰਪੰਚ ਸੁਰਜੀਤ ਬਿੱਟੂ, ਪ੍ਰਸਿੱਧ ਗੀਤਕਾਰ ਓਮੀ ਕਾਲ਼ਾ ਸੰਘਿਆਂ ਵਾਲਾ, ਬਲਦੇਵ ਰਾਜ ਮੈਂਬਰ ਪੰਚਾਇਤ, ਰਾਮ ਲਾਲ਼, ਸੁਖਵਿੰਦਰ ਸੋਖਾ ਆਦਿ ਪ੍ਰਬੰਧਕ ਹਾਜ਼ਰ ਸਨ।

# ਹੋਲਾ ਮਹੱਲਾ ਮੌਕੇ ਗੁਰੂ ਨਗਰੀ ਦੇ ਸਮੁੱਚੇ ਖੇਤਰ 'ਚ ਵਿਆਪਕ ਸਫਾਈ ਮੁਹਿੰਮ ਲਗਾਤਾਰ ਜਾਰੀ : ਹਰਜੋਤ ਬੈਂਸ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** -ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਹੋਲਾ ਮਹੱਲਾ ਕੀਰਤਪੁਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ 21 ਤੋਂ 23 ਮਾਰਚ ਅਤੇ 24 ਤੋਂ 26 ਮਾਰਚ ਤੱਕ ਮਨਾਇਆ ਜਾ ਰਿਹਾ ਹੈ। ਹੋਲਾ ਮਹੱਲਾ ਦੌਰਾਨ ਸੰਗਤਾ ਦੀ ਸਹੂਲਤ ਲਈ ਸਾਰੇ ਢੁੱਕਵੇਂ ਪ੍ਰਬੰਧ ਕੀਤੇ ਜਾ ਰਹੇ ਹਨ, ਦੇਸ਼ ਵਿਦੇਸ਼ ਤੋਂ ਆਉਣ ਵਾਲੀਆਂ ਲੱਖਾਂ ਸੰਗਤਾਂ ਲਈ ਸਾਫ ਸਫਾਈ ਦਾ ਪ੍ਰਬੰਧ ਬੇਹੱਦ ਜਰੂਰੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਗੁਰੂ ਨਗਰੀ ਨੂੰ ਆਉਣ ਵਾਲੇ ਸਾਰੇ ਮਾਰਗਾਂ ਦੀ ਸਫਾਈ ਕੀਤੀ ਜਾ ਰਹੀ ਹੈ। ਉਹ ਖੁੱਦ ਵਰਕਰਾ ਤੇ ਸਫਾਈ ਸੇਵਾਦਾਰਾ ਦਾ ਹੌਸਲਾ ਵਧਾ ਰਹੇ ਹਨ, ਜਿਸ ਵਿੱਚ ਬਾਬਾ ਭੂਰੀ ਵਾਲਿਆਂ ਦੇ ਸਫਾਈ ਸੇਵਾਦਾਰਾਂ ਵੱਲੋਂ ਜਿਲ੍ਹਾ ਪ੍ਰਸ਼ਾਸ਼ਨ ਦੇ ਸਹਿਯੋਗ ਨਾਲ ਹੋਲਾ ਮਹੱਲਾ ਮੌਕੇ ਮੇਲਾ ਖੇਤਰ ਵਿੱਚ ਵਿਆਪਕ ਸਫਾਈ ਮੁਹਿੰਮ ਲਗਾਤਾਰ ਜਾਰੀ ਹੈ।

ਜਿਕਰਯੋਗ ਹੈ ਕਿ ਸੰਪਰਦਾਇ ਡੇਰਾ ਕਾਰ ਸੇਵਾ ਭੂਰੀ ਵਾਲਿਆਂ ਸ੍ਰੀ ਅਮ੍ਰਿਤਸਰ ਸਾਹਿਬ ਬਾਬਾ ਕਸ਼ਮੀਰ ਸਿੰਘ ਦੀ ਰਹਿਨੁਮਾਈ ਹੇਠ ਹਰ ਸਾਲ ਜਿਲ੍ਹਾ ਪ੍ਰਸਾਸ਼ਨ ਦੇ ਸਹਿਯੋਗ ਨਾਲ ਹੋਲਾ ਮਹੱਲਾ ਮੌਕੇ ਕੀਰਤਪੁਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਮੇਲਾ ਖੇਤਰ ਵਿੱਚ ਵਿਸ਼ੇਸ ਸਫਾਈ ਮੁਹਿੰਮ, ਸਟਰੀਟ ਲਾਈਟ ਦੀ ਮੁਰੰਮਤ, ਪੌਦਿਆਂ ਤੇ ਰੁੱਖਾਂ ਦੀ ਧੁਲਾਈ ਦੀ ਸੇਵਾ ਕੀਤੀ ਜਾ ਰਹੀ ਹੈ।ਸ਼ਹਿਰ ਨੂੰ ਪਲਾਸਟਿਕ ਮੁਕਤ ਬਣਾਉਣ ਲਈ ਜਿਲ੍ਹਾ ਰੂਪਨਗਰ ਦੇ ਵੱਖ ਵੱਖ ਵਿਭਾਗ ਵਿਆਪਕ ਚੇਤਨਾਂ ਮੁਹਿੰਮ ਚਲਾ ਰਹੇ ਹਨ, ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਰੱਖਣ ਲਈ ਕੂੜੇ ਦਾ ਸੁਚਾਰੂ ਪ੍ਰਬੰਧਨ ਕਰਨ ਤੇ ਵੀ ਜੋਰ ਦਿੱਤਾ ਜਾ ਰਿਹਾ ਹੈ, ਸ਼ਹਿਰ ਵਿੱਚ ਸਫਾਈ ਦੀ ਵਿਆਪਕ ਮੁਹਿੰਮ ਨਾਲ ਸਾਫ ਸੁਥਰਾ ਸ਼ਹਿਰ ਨਜ਼ਰ ਆ ਰਿਹਾ ਹੈ। ਇਸ ਸਫਾਈ ਅਭਿਆਨ ਦੀ ਦੇਖ ਰੇਖ ਅਤੇ ਸਹਿਯੋਗ ਵਿੱਚ ਬਾਬਾ ਸੁਖਵਿੰਦਰ ਸਿੰਘ (ਬਾਬਾ ਸੁੱਖਾ), ਭਾਈ ਅਮਰਜੀਤ ਸਿੰਘ, ਬਾਬਾ ਕਾਲਾ ਜੀ, ਹਰਦੀਪ ਸਿੰਘ, ਮੁਖਤਾਰ ਸਿੰਘ ਨਿਰੰਤਰ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ, ਉਨ੍ਹਾਂ ਦੇ ਸੇਵਾਦਾਰ, ਆਧੁਨਿਕ ਮਸ਼ੀਨਰੀ ਨਾਲ ਗੁਰੂ ਨਗਰੀ ਨੂੰ ਸਾਫ ਸੁਥਰਾ ਕਰ ਰਹੇ ਹਨ, ਬਾਬਾ ਭੂਰੀ ਵਾਲੇ ਸੇਵਾਦਾਰ ਪੂਰੀ ਮਿਹਨਤ ਤੇ ਲਗਨ ਨਾਲ ਇਸ ਮੁਹਿੰਮ ਵਿੱਚ ਜੁਟੇ ਹੋਏ ਹਨ।

# ਮਜ਼ਦੂਰ ਯੂਨੀਅਨ ਵੱਲੋਂ ਵੱਖ-ਵੱਖ ਪਿੰਡਾਂ 'ਚ ਮਜ਼ਦੂਰ ਜੋੜੋ ਯਾਤਰਾ



**ਟਾਂਡਾ ਉੜਮੁੜ (ਉਂਕਾਰ ਸਿੰਘ, ਜਸਵਿੰਦਰ ਸੰਧੂ)** ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਲੈਂਡ ਸੀਲਿੰਗ ਐਕਟ ਤੋਂ ਵਾਧੂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ-ਕਿਸਾਨਾਂ 'ਚ ਵੰਡਾਉਣ, ਘਰ, ਮਕਾਨ, ਲਾਲ ਲਕੀਰ ਦਾ ਮਾਲਕੀ ਹੱਕ ਦਿਵਾਉਣ, ਦਿਹਾੜੀ 1 ਹਜ਼ਾਰ ਰੁਪਏ ਕਰਨ, ਸਾਲ ਭਰ ਲਈ ਰੁਜ਼ਗਾਰ, ਐਤਵਾਰ ਦੀ ਛੁੱਟੀ, ਕਰਜ਼ਾ ਮੁਆਫ਼ੀ ਤੇ ਬਦਲਵੇਂ ਕਰਜ਼ੇ ਦਾ ਪ੍ਰਬੰਧ ਕਰਨ, ਸਮਾਜਿਕ, ਆਰਥਿਕ ਅਤੇ ਰਾਜਨੀਤਕ ਵਿਤਕਰਾ ਬੰਦ ਕਰਨ ਵਰਗੇ ਬੁਨਿਆਦੀ ਮੁੱਦਿਆਂ ਦੇ ਹੱਲ ਲਈ ਘੋਲ਼ ਦੀ ਤਿਆਰੀਆਂ ਅਤੇ ਪੇਂਡੂ ਮਜ਼ਦੂਰਾਂ ਦੀ ਲਾਮਬੰਦੀ ਲਈ ਪਿੰਡ ਬੱਲੋਚੱਕ ਤੋਂ ਮਜ਼ਦੂਰ ਜੋੜੋ ਯਾਤਰਾ ਸ਼ੁਰੂ ਕੀਤੀ ਗਈ।ਇਹ ਯਾਤਰਾ ਪਿੰਡ ਬੱਲੋਚੱਕ ਤੋਂ ਸ਼ੁਰੂ ਹੋ ਕੇ ਵੱਖ-ਵੱਖ ਪਿੰਡਾ ਹੁੰਦੀ ਹੋਈ ਪਿੰਡ ਤਲਵੰਡੀ ਸੱਲਾ ਵਿੱਚ ਸਮਾਪਤ ਹੋਈ।ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਯੂਥ ਵਿੰਗ ਦੇ ਸੂਬਾ ਆਗੂ ਗੁਰਪ੍ਰੀਤ ਸਿੰਘ ਚੀਦਾ ਤਹਿਸੀਲ ਆਗੂ ਨਾਵਲ ਗਿੱਲ ਟਾਹਲੀ ਅਤੇ ਬੋਧਰਾਜ ਨੇ ਸੰਬੋਧਨ ਕਰਦਿਆਂ ਦੋਸ਼ ਲਗਾਇਆ ਕਿ ਕੇਂਦਰ ਦੀ ਮੋਦੀ ਦੀ ਅਗਵਾਈ ਹੇਠਲੀ ਭਾਜਪਾ ਆਰ ਐੱਸ ਐੱਸ ਅਤੇ ਪੰਜਾਬ ਦੀ ਗਾਰੰਟੀਆਂ ਵਾਲੀ ਸਰਕਾਰ ਲੋਕਾਂ ਨੂੰ ਧਰਮ-ਜਾਤਾਂ ਵਿੱਚ ਵੰਡਣ ਲਈ ਮੰਦਰ ਮੰਦਰ ਦੀ ਖੇਡ ਰਹੀ ਹੈ ਅਤੇ ਲੋਕਾਂ ਦੇ ਅਸਲ ਬੁਨਿਆਦੀ ਮੁੱਦਿਆਂ ਤੋਂ ਧਿਆਨ ਪਾਸੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੇਂਡੂ ਮਜ਼ਦੂਰਾਂ ਨੂੰ ਲਾਮਬੰਦ ਕਰਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋ ਪੰਜਾਬ ਭਰ ਵਿੱਚ ਕੀਤੇ ਜਾਣ ਵਾਲੇ 11 ਮਾਰਚ ਨੂੰ ਰੇਲਾ ਦਾ ਚੱਕਾ ਜਾਮ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

# ਸਰਕਾਰੀ ਸਹੂਲਤਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਉਣਾ ਸ਼ਲਾਘਾਯੋਗ ਉਪਰਾਲਾ : ਬੈਂਸ



**ਭਲਾਣ (ਹਰਭਜਨ ਢਿੱਲੋਂ)** "ਆਪ ਦੀ ਸਰਕਾਰ ਆਪ ਦੇ ਦੁਆਰ" ਯੋਜਨਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਉਪਰਾਲਾ ਪਿੰਡਾਂ ਵਿਚ ਆਮ ਲੋਕਾਂ ਦੀਆਂ ਬਰੂਹਾਂ ਤੇ ਪਹੁੰਚ ਕੇ ਸਾਝੀਆਂ ਥਾਵਾਂ 'ਤੇ ਕੈਂਪ ਲਗਾ ਕੇ ਮੁਸ਼ਕਲਾ/ਸਮੱਸਿਆਵਾਂ ਹੱਲ ਕਰਨਾ ਤੇ ਯੋਗ ਲੋੜਵੰਦਾਂ ਤੱਕ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਸਮੇਂ ਸਿਰ ਬਿਨਾ ਦੇਰੀ ਪਹੁੰਚਾਉਣਾ ਹੈ। ਇਹ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਭਾਸ਼ਾ ਵਿਭਾਗ ਪੰਜਾਬ ਨੇ ਭੱਟੋਂ/ਬੇਲਾ ਧਿਆਨੀ ਗੁੱਜਰ ਬਸਤੀ, ਸੰਗਤਪੁਰ, ਮਹਿਲਵਾਂ, ਮੋਜੋਵਾਲ ਵਿਖੇ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾਂ ਨੇ ਦੱਸਿਆ ਕਿ ਸਾਰੇ ਕੈਂਪਾਂ ਵਿੱਚ ਵੱਖ ਵੱਖ ਵਿਭਾਗਾ ਦੇ ਅਧਿਕਾਰੀ ਹਾਜ਼ਰ ਹਨ, ਹਰ ਵਿਭਾਗ ਵੱਲੋਂ ਆਪਣੇ ਮਹਿਕਮੇ ਨਾਲ ਸਬੰਧਿਤ ਸਹੂਲਤਾਂ ਦੇ ਫਾਰਮ ਇਨ੍ਹਾਂ ਕੈਂਪਾਂ ਵਿਚ ਯੋਗ ਤੇ ਲੋੜਵੰਦ ਵਿਅਕਤੀਆਂ ਦੇ ਭਰੇ ਜਾ ਰਹੇ ਹਨ। ਇਸ ਤੋਂ ਇਲਾਵਾ ਜਿਹੜੇ ਆਮ ਲੋਕਾਂ ਦੇ ਮਸਲੇ ਤੇ ਸਮੱਸਿਆਵਾਂ ਇਸ ਕੈਂਪ ਵਿੱਚ ਬਕਾਇਆ ਰਹਿ ਜਾਣਗੇ, ਉਹ ਸਮਾਬੱਧ ਹੱਲ ਕਰਕੇ ਸਬੰਧਿਤ ਨੂੰ ਸੂਚਿਤ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਹਰ ਵਰਗ ਦੇ ਲੋਕਾਂ ਨੂੰ ਸਾਡੀ ਸਰਕਾਰ ਲਾਭ ਪਹੁੰਚਾ ਰਹੀ ਹੈ, ਸੜਕਾਂ, ਸਕੂਲ, ਖੇਡ ਮੈਦਾਨਾਂ, ਜਲ ਸਪਲਾਈ, ਗੰਦੇ ਪਾਣੀ ਦੀ ਨਿਕਾਸੀ ਦੇ ਲਈ ਗ੍ਰਾਂਟਾਂ ਜਾਰੀ ਕੀਤੀਆ ਹਨ। ਉਨ੍ਹਾਂ ਨੇ ਕੈਂਪਾਂ ਦੌਰਾਨ ਖੁੱਦ ਲੋਕਾਂ ਕੋਲ ਬਹਿ ਕੇ ਉਨ੍ਹਾਂ ਦੀਆਂ ਸਮੱਸਿਆਵਾ ਸੁਣੀਆਂ ਤੇ ਹੱਲ ਕੀਤੀਆਂ। ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਭਟੋਂ/ ਬੇਲਾ ਧਿਆਨੀ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਦਾ ਦੌਰਾ ਕੀਤਾ ਅਤੇ ਸਕੂਲ ਲਈ 10 ਲੱਖ ਦੀ ਗ੍ਰਾਂਟ ਜਾਰੀ ਕੀਤੀ। ਸੰਗਤਪੁਰ ਦੇ ਸਰਕਾਰੀ ਸਕੂਲ ਦਾ 10 ਲੱਖ ਨਾਲ ਨਵੀਨੀਕਰਨ ਤੇ ਸ਼ਾਨਦਾਰ ਵਾਲੀਬਾਲ ਗਰਾਊਂਡ ਬਣਾਇਆ ਜਾਵੇਗਾ। ਮੋਜੋਵਾਲ ਦੇ ਸਰਕਾਰੀ ਸਕੂਲ ਲਈ ਵੀ 10 ਲੱਖ ਰੁਪਏ ਦਿੱਤੇ ਗਏ ਤਾਂ ਕਿ ਸਕੂਲ ਦਾ ਨਵੀਨੀਕਰਨ ਕਰਵਾਇਆ ਜਾ ਸਕੇ। ਉਨ੍ਹਾ ਕਿਹਾ ਪੰਜਾਬ ਸਰਕਾਰ ਵੱਲੋਂ ਮੁਫਤ ਤੇ ਮਿਆਰੀ ਸਿਹਤ ਸਹੂਲਤਾਂ, ਪ੍ਰਾਈਵੇਟ ਸਕੈਨ ਸੈਂਟਰਾਂ ਤੋਂ ਮਿਲਣ ਵਾਲੀਆਂ ਸਿਹਤ ਸਹੂਲਤਾਂ, ਸਕੂਲ ਆਫ ਐਮੀਨੈਂਸ ਦੀ ਕਾਰਗੁਜ਼ਾਰੀ, ਇਲਾਕੇ 'ਚ ਚੱਲ ਰਹੇ ਵਿਕਾਸ ਦੇ ਕੰਮ ਅਤੇ ਭਵਿੱਖ 'ਚ ਖੇਡਾਂ ਲਈ ਖੇਡ ਮੈਦਾਨਾਂ ਦੇ ਨਿਰਮਾਣ ਕਰਵਾਏ ਜਾ ਰਹੇ ਹਨ। ਇਸ ਮੌਕੇ ਵੱਖ ਵੱਖ ਪਿੰਡਾਂ ਦੇ ਪਤਵੰਤੇ ਹਾਜ਼ਰ ਸਨ।

# ਠੇਕੇਦਾਰ ਪਿਆਰਾ ਸਿੰਘ ਨੂੰ ਸਦਮਾ, ਪਤਨੀ ਸੁਰਿੰਦਰ ਕੌਰ ਨਹੀਂ ਰਹੇ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )** ਨੇੜਲੇ ਪਿੰਡ ਸੁੱਜੋਂ ਦੇ ਜੰਮਪਲ੍ਹ ਪਿਆਰਾ ਸਿੰਘ ਠੇਕੇਦਾਰ ਦੀ ਧਰਮਪਤਨੀ ਸ਼੍ਰੀਮਤੀ ਸੁਰਿੰਦਰ ਕੌਰ ਬੀਤੇ ਦਿਨੀਂ ਇੰਗਲੈਂਡ ਦੀ ਧਰਤੀ 'ਤੇ ਸਰੀਰਕ ਵਿਛੋੜਾ ਦੇ ਗਏ ਹਨ। ਠੇਕੇਦਾਰ ਪਿਆਰਾ ਸਿੰਘ ਗੁਰੂ ਨਾਨਕ ਮਿਸ਼ਨ ਹਸਪਤਾਲ੍ਹ ਤੇ ਮੈਡੀਕਲ ਕਾਲਜ ਢਾਹਾਂ ਕਲੇਰਾਂ ਨਾਲ ਸਥਾਈ ਤੌਰ 'ਤੇ ਜੁੜੇ ਹੋਏ ਹਨ। ਇਸ ਸੰਸਥਾ ਦੇ ਪੂਰੇ ਕੰਪਲੈਕਸ ਦੀ ਉਸਾਰੀ ਦੇ ਉਹ ਇੰਜੀਨੀਅਰ ਤੇ ਠੇਕੇਦਾਰ ਰਹੇ ਹਨ। ਉਹ ਆਪਣੇ ਸੁੱਜੋਂ ਪਿੰਡ ਦੀ ਸਾਰੀ ਖੇਤੀ-ਬਾੜੀ ਜਮੀਨ ਅਤੇ ਫਗਵਾੜਾ ਵਿਖੇ ਮਹਿੰਗੇ ਭਾਅ ਦਾ ਰਹਾਇਸ਼ੀ ਪਲਾਟ ਵੀ ਗੁਰੂ ਨਾਨਕ ਮਿਸ਼ਨ ਹਸਪਤਾਲ ਤੇ ਮੈਡੀਕਲ ਕਾਲਜ ਢਾਹਾਂ ਕਲੇਰਾਂ ਨੂੰ ਦਾਨ ਕਰ ਚੁੱਕੇ ਹਨ। ਉਹਨਾਂ ਨੇ 'ਪੇਡਾ' ਨਾਲ੍ਹਪਿੰਡ ਸੁੱਜੋਂ ਵਿਖੇ ਛੇ ਲੱਖ ਰੁਪਏ ਦੇ ਵਿਤੀ ਸਹਿਯੋਗ ਨਾਲ੍ਹ125 ਸੋਲਰ ਸਟਰੀਟ ਲਾਈਟਾਂ ਦੀ ਸੇਵਾ ਦਾ ਮਾਣ ਹਾਸਲ ਕੀਤਾ। ਪਿੰਡ ਦੀ ਭਲਾਈ ਲਈ ਪਿਆਰਾ ਸਿੰਘ ਤ੍ਰਲੋਕ ਸਿੰਘ ਗਿੱਦਾ ਵੈਲਫੇਅਰ ਸੋਸਾਇਟੀ ਦੀ ਸਥਾਪਨਾ ਕਰਕੇ ਵਿਤੀ ਸਹਿਯੋਗ ਰਾਹੀਂ ਪਿੰਡ ਸੁੱਜੋਂ ਵਿਖੇ ਜਨਮ ਲੈਣ ਵਾਲ੍ਹੀਆਂ ਨਵ-ਜਨਮੀਆਂ ਧੀਆਂ ਦੀ ਸਲਾਨਾ ਲੋਹੜੀ ਮਨਾਉਣ ਅਤੇ ਇੱਕਵੰਜਾ ਸੌ ਰੁਪਏ ਦਾ ਸ਼ਗਨ ਪਾਉਣ ਦਾ ਕਾਰਜ ਆਰੰਭ ਕਰਵਾਇਆ।ਸੁੱਜੋਂ ਵਿਖੇ ਧੀਆਂ ਦੀਆਂ ਛੇ ਸਾਲਾਨਾ ਲੋਹੜੀਆਂ ਪਾਈਆਂ ਜਾ ਚੁੱਕੀਆਂ ਹਨ ਜਿਹਨਾਂ ਰਾਹੀਂ ਕਰੀਬ 55 ਨਵਜੰਮੀਆਂ ਧੀਆਂ ਦੀਆਂ ਲੋਹੜੀਆਂ ਪਾਈਆਂ ਜਾ ਚੁੱਕੀਆਂ ਹਨ। ਉੱਕਤ ਸੇਵਾਵਾਂ ਵਿੱਚ ਸ੍ਰੀਮਤੀ ਸੁਰਿੰਦਰ ਕੌਰ ਦਾ ਸਤਿਕਾਰਯੋਗ ਰੋਲ ਭੁਲਾਇਆ ਨਹੀਂ ਜਾ ਸਕਦਾ। ਉਹ ਆਪਣੇ ਪਿੱਛੇ ਪਤੀ ਤੋਂ ਇਲਾਵਾ ਦੋ ਪੁੱਤਰਾਂ ਹਰਪ੍ਰੀਤ ਸਿੰਘ ਕੈਨੇਡਾ ਤੇ ਮਨਪ੍ਰੀਤ ਸਿੰਘ ਇੰਗਲੈਂਡ ਅਤੇ ਦੋਨਾਂ ਪੁੱਤਰਾਂ ਦੇ ਪਰਵਾਰਾਂ ਨੂੰ ਛੱਡ ਗਏ ਹਨ।

ਇਲਾਕੇ ਦੀਆਂ ਸਮਾਜ ਸੇਵੀ ਸੰਸਥਾਵਾਂ , ਗੁਰੂ ਨਾਨਕ ਮਿਸ਼ਨ ਹਸਪਤਾਲ ਤੇ ਮੈਡੀਕਲ ਕਾਲਜ ਢਾਹਾਂ ਕਲੇਰਾਂ , ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਨਵਾਂਸ਼ਹਿਰ , ਏਕਨੂਰ ਸਵੈ ਸੇਵੀ ਸੰਸਥਾ ਪਠਲਾਵਾ , ਸਮਾਜ ਭਲਾਈ ਸਵੈ-ਸੇਵੀ ਸੰਸਥਾ ਸੁੱਜੋਂ , ਨੇਤਰਦਾਨ ਸੰਸਥਾ ਨਵਾਂਸ਼ਹਿਰ ਅਤੇ ਬੀ.ਡੀ.ਸੀ ਬਲੱਡ ਸੈਂਟਰ ਨਵਾਂਸ਼ਹਿਰ ਵਲੋਂ ਸ੍ਰੀਮਤੀ ਸੁਰਿੰਦਰ ਕੌਰ ਦੇ ਵਿਛੋੜੇ ਤੇ ਪਰਵਾਰ ਨਾਲ ਦੁੱਖ ਪ੍ਰਗਟ ਕਰਦਿਆਂ ਵਿਛੜੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕੀਤੀ ਗਈ ਹੈ।

# ਨਸ਼ਾ ਮੁਕਤੀ ਮੁੜ ਵਸੇਬਾ ਕੇਂਦਰ ਵੱਲੋਂ ਜਾਗਰੂਕਤਾ ਮੁਹਿੰਮ



**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)** ਮਾਣਯੋਗ ਸ਼੍ਰੀਮਤੀ ਕੋਮਲ ਮਿੱਤਲ ਆਈ.ਏ.ਐਸ. ਡਿਪਟੀ ਕਮਿਸ਼ਨਰ-ਕਮ-ਚੇਅਰਪਰਸਨ ਜ਼ਿਲ੍ਹਾ ਨਸ਼ਾ ਮੁਕਤੀ ਅਤੇ ਮੁੜ ਵਸੇਬਾ ਸੁਸਾਇਟੀ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮਾਈਲ ਮੁਹਿੰਮ ਦੇ ਤਹਿਤ ਸਰਕਾਰੀ ਕਾਲਜ ਹੁਸ਼ਿਆਰਪੁਰ ਵਿਖੇ ਪ੍ਰਿੰਸੀਪਲ ਅਨੀਤਾ ਸਾਗਰ ਅਤੇ ਰੈੱਡ ਰਿਬਨ ਕਲੱਬ ਦੇ ਇੰਚਾਰਜ ਪ੍ਰੋ.ਵਿਜੇ ਕੁਮਾਰ ਅਤੇ ਪ੍ਰੋ. ਰਣਜੀਤ ਕੁਮਾਰ ਦੇ ਸਹਿਯੋਗ ਨਾਲ ਸਮਾਰੋਹ ਕਰਵਾਏ ਗਏ। ਇਸ ਵਿੱਚ ਨਸ਼ਾ ਮੁਕਤੀ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਦੇ ਕੌਂਸਲਰ ਸੰਦੀਪ ਕੁਮਾਰੀ ਅਤੇ ਰਜਵਿੰਦਰ ਕੌਰ ਨੇ ਮਿਸ਼ਨ ਸਮਾਈਲ ਦੇ ਤਹਿਤ ਹੈਲਪ ਡੈਸਕ ਆਯੋਜਿਤ ਕੀਤਾ।ਇਸ ਹੈਲਪ ਡੈਸਕ ਦੇ ਦੁਆਰਾ ਕੌਂਸਲਰ ਸੰਦੀਪ ਕੁਮਾਰੀ ਨੇ ਨਸ਼ਿਆਂ ਦੇ ਪ੍ਰਭਾਵਾਂ ਦੀ ਜਾਣਕਾਰੀ ਦਿੰਦੇ ਹੋਏ ਇਸ ਤੋਂ ਦੂਰ ਰਹਿਣ ਦੇ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ।ਉਨ੍ਹਾਂ ਨੇ ਕਿਹਾ ਕਿ ਜੇ ਕਿਸੇ ਨੂੰ ਨਸ਼ੇ ਦੀ ਲਤ ਲੱਗ ਗਈ ਹੈ ਤਾਂ ਉਹ ਸਰਕਾਰੀ ਨਸ਼ਾ ਛੁਡਾਓ ਕੇਂਦਰਾਂ ਵਿੱਚ ਜਾ ਕੇ ਮੁਫਤ ਇਲਾਜ ਕਰਵਾ ਕੇ ਉਸ ਦਾ ਨਸ਼ਾ ਛੁਡਾ ਸਕਦਾ ਹੈ। ਰੈਡ ਰਿਬਨ ਕਲੱਬ ਦੇ ਇੰਚਾਰਜ ਪ੍ਰੋ.ਵਿਜੇ ਕੁਮਾਰ ਨੇ ਵਿਦਿਆਰਥੀਆਂ ਨੂੰ ਖੂਨਦਾਨ ਕਰਨ ਦੇ ਲਈ ਪ੍ਰੇਰਿਤ ਕੀਤਾ ਤਾਂ ਕਿ ਲੋਕਾਂ ਦੀਆ ਕੀਮਤੀ ਜਾਨਾਂ ਬਚਾਈਆਂ ਜਾ ਸਕਣ। ਨਸ਼ਿਆਂ ਦੇ ਪ੍ਰਤੀ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਦੇ ਵਾਲੇ ਵਿਦਿਆਰਥੀਆਂ ਨੂੰ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਵਿਦਿਆਰਥੀਆਂ ਨੇ ਪੋਸਟਰਾਂ ਦੁਆਰਾ ਵੀ ਜਾਗਰੂਕਤਾ ਫੈਲਾਈ।

ਪ੍ਰੋ. ਵਿਜੇ ਕੁਮਾਰ, ਪ੍ਰੋ.ਰਣਜੀਤ ਕੁਮਾਰ, ਪ੍ਰੋ.ਕੁਲਵਿੰਦਰ ਕੌਰ ਅਤੇ ਡਾ.ਨੀਤੀ ਸ਼ਰਮਾ ਤੋਂ ਇਵਾਲਾ ਲੱਗਭਗ 200 ਵਿਦਿਆਰਥੀ ਸ਼ਾਮਲ ਹੋਏ।

# ਲਾਇਲਪੁਰ ਖ਼ਾਲਸਾ ਕਾਲਜ ਵਿਖੇ ਟੇਪਿੰਗ ਤਕਨੀਕ 'ਤੇ ਵਰਕਸ਼ਾਪ



**ਜਲੰਧਰ (ਸ਼ੈਲੀ ਐਲਬਰਟ)** ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਬੈਚਲਰ ਆਫ ਫਿਜਿਓਥਰੈਪੀ ਭਾਗ ਚੌਥਾ ਦੇ ਵਿਦਿਆਰਥੀਆਂ ਲਈ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਰਹਿਨੁਮਾਈ 'ਚ ਟੇਪਿੰਗ ਤਕਨੀਕ ਦੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਫਿਜਿਓਥਰੈਪੀ ਵਿਭਾਗ ਦੇ ਮੁਖੀ ਡਾ. ਰਾਜੂ ਸ਼ਰਮਾ ਨੇ ਮੁੱਖ ਵਕਤਾ ਡਾ. ਏ ਜੀ ਕੇ ਸਿਨਹਾ, ਪ੍ਰੋਫੈਸਰ ਫਿਜਿਓਥਰੈਪੀ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਜੀ ਆਇਆ ਕਿਹਾ।

ਡਾ. ਏ ਜੀ ਕੇ ਸਿਨਹਾ ਨੇ ਇਸ ਵਰਕਸ਼ਾਪ ਨੂੰ ਆਯੋਜਿਤ ਕਰਨ ਲਈ ਕਾਲਜ ਦੇ ਫਿਜਿਓਥਰੈਪੀ ਵਿਭਾਗ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਜਦੋਂ ਇਸ ਵਿਭਾਗ ਨੂੰ ਦੂਸਰੇ ਖੇਤਰਾਂ ਨਾਲ ਸਹਿਯੋਗ ਕਰਕੇ ਫਿਜਿਓਥਰੈਪੀ ਖੇਤਰ ਨੂੰ ਵਿਸਤ੍ਰਿਤ ਕੀਤਾ ਜਾ ਸਕਦਾ ਹੈ ਅਤੇ ਇਸ ਦੇ ਨਾਲ ਹੀ ਫਿਜਿਓਥਰੈਪੀ ਦੀ ਮੁਢਲੀ ਜਾਣਕਾਰੀ ਨੂੰ ਹੋਰ ਮਜ਼ਬੂਤ ਕੀਤਾ ਜਾਵੇ।ਮੁੱਖ ਵਕਤਾ ਨੇ ਫਿਜਿਓਥਰੈਪੀ ਦੇ ਵਿਦਿਆਰਥੀਆਂ ਨੂੰ 'ਟੇਪਿੰਗ ਤਕਨੀਕ' ਦੀ ਮੁੱਢਲੀ ਜਾਣਕਾਰੀ ਦਿੱਤੀ।

ਇਸ ਮੌਕੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਆਪਣੇ ਸੰਦੇਸ਼ ਵਿਚ ਕਿਹਾ ਕਿ ਸਾਡੇ ਕਾਲਜ ਦਾ ਫਿਜਿਓਥਰੈਪੀ ਵਿਭਾਗ ਪਿਛਲੇ ਕਈ ਸਾਲਾਂ ਤੋਂ ਅਕਾਦਮਿਕ ਅਤੇ ਮਾਨਵਤਾ ਦੀ ਸੇਵਾ ਵਿਚ ਨਵੀਆਂ ਲੀਹਾਂ ਪਾ ਰਿਹਾ ਹੈ। ਇਸ ਮੌਕੇ ਵਿਭਾਗ ਦੇ ਮੁਖੀ ਡਾ. ਰਾਜੂ ਸ਼ਰਮਾ ਨੇ ਇਸ ਵਰਕਸ਼ਾਪ ਦੀ ਰੂਪ ਰੇਖਾ ਤੇ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਅਤੇ ਇਸ ਦੇ ਨਾਲ ਵਿਭਾਗ ਦੀਆਂ ਗਤੀਵਿਧੀਆਂ ਅਤੇ ਪ੍ਰਾਪਤੀਆਂ ਉੱਪਰ ਰੌਸ਼ਨੀ ਪਾਈ।

ਇਸ ਮੌਕੇ ਡਾ. ਪ੍ਰਿਆਂਕ ਸ਼ਾਰਧਾ, ਡਾ. ਵਿਸ਼ਾਲੀ ਮਹਿੰਦਰੂ, ਡਾ. ਹਰਮੀਨ ਸਭਰਵਾਲ ਤੋਂ ਇਲਾਵਾ ਬੀ.ਪੀ.ਟੀ. ਭਾਗ ਚੌਥਾ ਅਤੇ ਇੰਟਰਨਸ ਦੇ ਵਿਦਿਆਰਥੀਆਂ ਨੇ ਭਾਗ ਲਿਆ ਸਨ।

# ਲੜਕੀਆਂ ਨੂੰ ਸਵੈਰੁਜ਼ਗਾਰਤ ਕਰਨ ਲਈ ਸਰਬ ਨੌਜਵਾਨ ਸਭਾ ਦਾ ਉਪਰਾਲਾ



**ਫਗਵਾੜਾ ( ਜਸਵਿੰਦਰ ਢੱਡਾ)** ਸਰਬ ਨੌਜਵਾਨ ਸਭਾ ਵੱਲੋਂ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ 'ਚ ਗੁਰਦੁਆਰਾ ਸ਼ਹੀਦ ਗੰਜ ਸਾਹਿਬ, ਸਕੀਮ ਨੰਬਰ-3 ਵਿਖੇ 60 ਸਿੱਖਿਆਰਥਣਾਂ ਨੂੰ ਸਰਟੀਫੀਕੇਟਾਂ ਦੀ ਵੰਡ ਕੀਤੀ ਗਈ, ਜਿਨ੍ਹਾਂ ਨੇ ਬਿਊਟੀਸ਼ਨ ਅਤੇ ਕੰਪਿਊਟਰ ਐਪਲੀਕੇਸ਼ਨਜ਼ ਵਿੱਚ 6 ਮਹੀਨਿਆਂ ਦੀ ਹੱਥੀਂ ਕਿੱਤਾ ਸਿਖਲਾਈ ਪ੍ਰਾਪਤ ਕੀਤੀ। ਇਹ ਟਰੇਨਿੰਗ ਲੋੜਵੰਦ, ਗਰੀਬ ਪਰਵਾਰਾਂ ਦੀਆਂ ਬੱਚੀਆਂ ਨੂੰ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਦਿੱਤੀ ਜਾਂਦੀ ਹੈ, ਜਿਸ ਵਲੋਂ ਬਿਊਟੀਸ਼ਨ ਦੀਆਂ ਸਿਖਿਆਰਥਣਾਂ ਨੂੰ ਟੂਲ ਕਿੱਟਾਂ ਵੀ ਮੁਹੱਈਆ ਕਰਵਾਈਆਂ ਗਈਆਂ।ਸਰਟੀਫੀਕੇਟ ਅਤੇ ਕਿੱਟਾਂ ਵੰਡਣ ਲਈ ਫਗਵਾੜਾ ਦੇ ਐਸ ਡੀ ਐਮ ਜਸ਼ਨਜੀਤ ਸਿੰਘ ਪੀ ਸੀ ਐਸ ਮੁੱਖ ਮਹਿਮਾਨ ਵਜੋਂ ਪੁੱਜੇ, ਜਦਕਿ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਇਮਪਰੂਵਮੈਂਟ ਟਰੱਸਟ ਫਗਵਾੜਾ ਦੇ ਚੇਅਰਮੈਨ ਕਸ਼ਮੀਰ ਸਿੰਘ ਮੱਲੀ, ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ, ਸੰਤੋਸ਼ ਕੁਮਾਰ ਗੋਗੀ ਜ਼ਿਲ੍ਹਾ ਪ੍ਰਧਾਨ ਐਸ ਸੀ ਵਿੰਗ ਆਮ ਆਦਮੀ ਪਾਰਟੀ, ਜਤਿੰਦਰ ਸਿੰਘ ਕੁੰਦੀ ਜ਼ਿਲ੍ਹਾ ਪ੍ਰਧਾਨ ਟਰੇਡ ਵਿੰਗ ਆਮ ਆਦਮੀ ਪਾਰਟੀ, ਡਾ: ਗੁਰਦੀਪ ਸਿੰਘ ਬਲਾਕ ਪ੍ਰਧਾਨ 'ਆਪ', ਸੀਨੀਅਰ ਆਪ ਆਗੂ ਪ੍ਰਿਤਪਾਲ ਕੌਰ ਤੁੱਲੀ ਪੁੱਜੇ। ਇਸ ਮੌਕੇ ਬੋਲਦਿਆਂ ਜਸ਼ਨਜੀਤ ਸਿੰਘ ਐਸ.ਡੀ.ਐਮ. ਨੇ ਕਿਹਾ ਕਿ ਲੜਕੀਆਂ ਨੂੰ ਉਹਨਾ ਵੱਖੋ-ਵੱਖਰੇ ਕਿੱਤਿਆਂ 'ਚ ਮੁਹਾਰਤ ਲੈਣੀ ਚਾਹੀਦੀ ਹੈ, ਜਿਸ ਨਾਲ ਉਹ ਸਵੈ-ਰੁਜ਼ਗਾਰਤ ਹੋਕੇ ਆਪਣੇ ਪਰਵਾਰ ਨੂੰ ਸਵੈ-ਨਿਰਭਰ ਬਣਨ 'ਚ ਵਿਸ਼ੇਸ਼ ਭੂਮਿਕਾ ਨਿਭਾ ਸਕਣ। ਸੁਖਵਿੰਦਰ ਸਿੰਘ ਪ੍ਰਧਾਨ ਨੇ ਜਿਥੇ ਸਭਾ ਦੇ ਪੂਰੇ ਸਾਲ ਦੀ ਰਿਪੋਰਟ ਪੇਸ਼ ਕੀਤੀ, ਉਥੇ ਲੋੜਵੰਦ ਲੜਕੀਆਂ ਨੂੰ ਕਿੱਤਾ ਕੋਰਸਾਂ ਟੇਲਰਿੰਗ-ਕਟਿੰਗ, ਬਿਊਟੀਸ਼ਨ ਅਤੇ ਕੰਪਿਊਟਰ ਐਪਲੀਕੇਸ਼ਨਜ਼ ਵਿੱਚ ਦਾਖ਼ਲਾ ਲੈਣ ਦਾ ਸੱਦਾ ਦਿੱਤਾ। ਉਹਨਾ ਕਿਹਾ ਕਿ 5 ਮਾਰਚ ਨੂੰ ਇਲਾਕੇ ਦੀਆਂ ਉਹਨਾ ਔਰਤਾਂ/ ਲੜਕੀਆਂ ਦੇ ਸਨਮਾਨ ਵਿੱਚ ਪ੍ਰੋਗਰਾਮ ਕਰਵਾਇਆ ਜਾਵੇਗਾ ਜਿਹਨਾ ਨੇ ਸਮਾਜ 'ਚ ਵਿਲੱਖਣ ਥਾਂ ਬਣਾਈ ਹੈ।

# ਡੈਪੋ ਨੂੰ ਪਿੰਡ ਪੱਧਰ ਤੱਕ ਹੋਰ ਅਸਰਦਾਰ ਬਣਾਇਆ ਜਾਵੇ : ਹਰਜੋਤ ਕੌਰ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਪੰਜਾਬ ਸਰਕਾਰ ਵੱਲੋਂ ਨਸ਼ਿਆ ਵਿਰੁੱਧ ਵਿਸ਼ੇਸ ਮੁਹਿਮ ਚਲਾ ਕੇ ਨਸ਼ਿਆ ਦੇ ਕੋਵਿਡ ਨੂੰ ਜੜ ਤੋ ਖਤਮ ਕਰਨ ਦਾ ਉਪਰਾਲਾ ਕੀਤਾ ਗਿਆ ਹੈ।ਜਿਹੜੇ ਨੌਜਵਾਨ ਖੇਡ ਮੈਦਾਨਾਂ ਵਿੱਚ ਸਮਾਂ ਬਤੀਤ ਕਰਦੇ ਹਨ ਉਹ ਨਸ਼ੇ ਦੀ ਲਾਹਨਤ ਤੋਂ ਦੂਰ ਰਹਿੰਦੇ ਹਨ ਅਤੇ ਹੋਰਨਾਂ ਨੂੰ ਵੀ ਅਜਿਹੇ ਮਾਰਗ 'ਤੇ ਨਾ ਚੱਲਣ ਲਈ ਜਾਗਰੂਕ ਕਰਦੇ ਹਨ।ਇਹ ਪ੍ਰਗਟਾਵਾ ਐਸ ਡੀ ਐਮ ਹਰਜੋਤ ਕੌਰ ਨੇ ਉਪ ਮੰਡਲ ਦੇ ਮੀਟਿੰਗ ਹਾਲ ਵਿਚ ਡੈਪੋ ਸੰਬੰਧੀ ਰੱਖੀ ਇੱਥ ਵਿਸ਼ੇਸ ਮੀਟਿੰਗ ਮੌਕੇ ਅਧਿਕਾਰੀਆਂ ਨੂੰ ਸੰਬੋਧਨ ਕਰਦੇ ਹੋਏ ਕੀਤਾ।ਉਨ੍ਹਾਂ ਨੇ ਕਿਹਾ ਕਿ ਨਸ਼ੇ ਦੀ ਗ੍ਰਿਫਤ ਵਿੱਚ ਆਏ ਨੌਜਵਾਨਾਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਡੈਪੋ ਮੁਹਿੰਮ ਨੂੰ ਪਿੰਡ ਪੱਧਰ ਤੱਕ ਅਸਰਦਾਰ ਢੰਗ ਨਾਲ ਪਹੁੰਚਾਉਣ ਲਈ ਪੰਚਾ, ਸਰਪੰਚਾ, ਸਮਾਜਸੇਵੀ ਸੰਗਠਨਾਂ ਦਾ ਸਹਿਯੋਗ ਲਿਆ ਜਾਵੇ।ਮੀਟਿੰਗ ਵਿਚ ਐਸ ਡੀ ਐਮ ਨੇ ਅੰਤਰਰਾਸ਼ਟਰੀ ਨਸ਼ਾਖੋਰੀ ਅਤੇ ਗ਼ੈਰ ਕਾਨੂੰਨੀ ਤਸਕਰੀ ਵਿਰੋਧੀ ਲਗਾਏ ਗਏ ਕੈਂਪਾਂ/ਰੈਲੀਆਂ ਦੀ ਕਾਰਗੁਜਾਰੀ ਦੀ ਵਿਵਸਥਰਿਤ ਰਿਪੋਰਟ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਕੈਂਪਾਂ ਦੀ ਫੋਟੋਗ੍ਰਾਫੀ ਤੇ ਵੀਡੀਓਗ੍ਰਾਫੀ ਨੂੰ ਆਮ ਲੋਕਾਂ ਤੱਕ ਪਹੁੰਚਾ ਕੇ ਸਰਕਾਰ ਅਤੇ ਪ੍ਰਸਾਸ਼ਨ ਦੀ ਨਸ਼ਿਆ ਵਿਰੁੱਧ ਕਾਰਗੁਜਾਰੀ ਬਾਰੇ ਪ੍ਰੇਰਿਤ ਕੀਤਾ ਜਾਵੇ ਇਸ ਮੌਕੇ ਡਾ.ਅਮਰਿੰਦਰ ਸਿੰਘ, ਗੁਰਪ੍ਰੀਤ ਕੌਰ, ਸਿਕੰਦਰ ਸਿੰਘ, ਸਨੇਹ ਲਤਾ, ਮਨਿੰਦਰਪਾਲ ਸਿੰਘ, ਸਮਿੰਦਰਪਾਲ, ਕੁਲਵੀਰ ਸਿੰਘ, ਪ੍ਰੀਤਮ ਸਿੰਘ, ਸੰਜੀਵ ਕੁਮਾਰ, ਜਸਵੀਰ ਸਿੰਘ ਤੇ ਵੱਖ ਵੱਖ ਵਿਭਾਗਾ ਦੇ ਅਧਿਕਾਰੀ ਹਾਜ਼ਰ ਸਨ।

# ਬੈਂਕ 'ਚੋਂ ਚੋਰੀ ਦੀ ਕੋਸ਼ਿਸ਼ ਨਾਕਾਮ



**ਫਿਲੌਰ (ਨਿਰਮਲ)**- ਸੋਮਵਾਰ 'ਤੇ ਮੰਗਲਵਾਰ ਦੀ ਦਰਮਿਆਨੀ ਰਾਤ ਫਿਲੌਰ ਦੇ ਨੂਰਮਹਿਲ ਰੋਡ ਪਾਸ ਸਥਿਤ ਐਸ ਬੀ ਆਈ ਦੀ ਖੇਤੀਬਾੜੀ ਵਪਾਰ ਸਾਖਾ ਦੀ ਗਰਿੱਲ ਤੋੜਕੇ ਚੋਰਾਂ ਨੇ ਚੋਰੀ ਕਰਨ ਦੀ ਕੋਸ਼ਿਸ਼ ਕੀਤੀ ਤਾਂ ਅਚਾਨਕ ਬੈਂਕ ਦਾ ਅਲਾਰਮ ਵੱਜ ਗਿਆ, ਜਿਸ ਕਾਰਨ ਆਸ ਪਾਸ ਰਹਿਣ ਵਾਲੇ ਲੋਕ ਜਾਗ ਗਏ ਅਤੇ ਚੋਰਾਂ ਨੂੰ ਮੌਕੇ ਤੋਂ ਬੇਰੰਗ ਪਰਤਨਾ ਪਿਆ। ਦੱਸਣਯੋਗ ਹੈ ਕਿ ਨਕਾਬਪੋਸ਼ 2 ਚੋਰਾਂ ਨੇ ਪਹਿਲਾ ਬੈਂਕ ਦੇ ਅੱਗੇ ਚੱਕਰ ਲਗਾਇਆ ਅਤੇ ਕੁਝ ਸਮੇਂ ਬਾਅਦ ਬੈਂਕ ਦਾ ਗੇਟ ਟੱਪ ਕੇ ਅੰਦਰ ਦਾਖਲ ਹੋ ਗਏ। ਦਾਖਲ ਹੋਣ ਉਪਰੰਤ ਉਨ੍ਹਾਂ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇਣ ਲਈ ਬੈਂਕ ਦੇ ਅੰਦਰਲੇ ਗੇਟ ਦੇ ਨਾਲ ਲੱਗੀ ਖਿੜਕੀ ਦੀਆਂ ਲੋਹੇ ਦੀਆਂ ਸਲਾਖਾਂ ਨੂੰ ਤੋੜ ਦਿੱਤਾ। ਬੈਂਕ ਅੰਦਰ ਲੱਗੇ ਅਲਾਰਮ ਦੇ ਵੱਜਣ ਕਾਰਨ ਚੋਰ ਮੌਕੇ ਤੋਂ ਫਰਾਰ ਹੋਣ 'ਚ ਸਫਲ ਹੋ ਗਏ। ਬੈਂਕ ਦੇ ਨਜ਼ਦੀਕ ਰਹਿੰਦੇ ਲਘੂ ਉਦਯੋਗ ਭਾਰਤੀ ਦੇ ਪ੍ਰਧਾਨ ਉਦਯੋਗਪਤੀ ਦਰਸ਼ਨ ਸਿੰਘ ਸੈਂਹਬੀ ਨੇ ਦੱਸਿਆ ਕਿ ਬੈਂਕ ਦੇ ਨਾਲ ਉਨ੍ਹਾਂ ਦੇ ਭਰਾ ਦਾ ਘਰ ਹੈ, ਜਿਸ ਨੇ ਘਰ ਦੀ ਛੱਤ 'ਤੇ ਜਾ ਕੇ ਦੇਖਿਆ ਤਾਂ ਚੋਰ ਅਲਾਰਮ ਵੱਜਣ ਕਾਰਨ ਮੌਕੇ ਤੋਂ ਫਰਾਰ ਹੋ ਚੁੱਕੇ ਸਨ। ਉਨ੍ਹਾਂ ਦੱਸਿਆ ਕਿ ਫਿਰ ਦੇਰ ਰਾਤ ਬੈਂਕ ਦੇ ਮੈਨੇਜਰ ਨੂੰ ਚੋਰੀ ਹੋਣ ਦੀ ਘਟਨਾ ਤੋਂ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਬੈਂਕ 'ਚ ਸਵੇਰ ਸਮੇਂ ਹੀ ਸਕਿਉਰਟੀ ਗਾਰਡ ਮੌਜੂਦ ਹੁੰਦਾ ਹੈ ਰਾਤ ਵੇਲੇ ਨਹੀਂ।

ਪਹਿਲਾ ਵੀ ਚੋਰਾਂ ਵੱਲੋਂ ਬੈਂਕ ਅੰਦਰ ਖੜੀ ਇੱਕ ਕਾਰ ਨੂੰ ਚੋਰੀ ਕਰਨ ਦੀ ਅਸਫਲ ਕੋਸ਼ਿਸ਼ ਕੀਤੀ ਜਾ ਚੁੱਕੀ ਹੈ। ਇਸ ਮਾਮਲੇ ਵਿੱਚ ਥਾਣਾ ਫਿਲੌਰ ਦੇ ਏ ਐਸ ਆਈ ਜੈ ਗੋਪਾਲ ਨੇ ਦੱਸਿਆ ਕਿ ਉਹ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਖੰਗਾਲ ਕੇ ਬਣਦੀ ਕਾਰਵਾਈ ਕਰਨਗੇ। ਬੈਂਕ ਦੇ ਮੈਨੇਜਰ ਪ੍ਰਦੀਪ ਚੌਹਾਨ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਬੈਂਕ 'ਚ ਕੈਸ਼ ਅਤੇ ਹੋਰ ਸਮਾਨ ਬਿਲਕੁਲ ਸੈਫ ਹੈ ਚੋਰਾਂ ਨੇ ਖਿੜਕੀ ਤੋੜਕੇ ਅੰਦਰ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਸੀ।

# ਅੱਖਾਂ ਦਾ ਫਰੀ ਕੈਂਪ ਲਗਾਇਆ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ)** ਪਿੰਡ ਟਾਹਲੀ ਵਿੱਚ ਐਨ ਆਰ ਆਈ ਜਸਵਿਦਰ ਸਿੰਘ ਲੱਲੀ ਕਨੈਡਾ ਤੇ ਸਾਂਝੀ ਵਿਰਾਸਤ ਸੁਸਾਇਟੀ ਦੇ ਸਹਿਯੋਗ ਨਾਲ ਅੱਖਾਂ ਦਾ ਫਰੀ ਕੈਂਪ ਲਗਾਇਆ ਗਿਆ। ਇਸ ਕੈਂਪ 'ਚ 350 ਦੇ ਕਰੀਬ ਅੱਖਾਂ ਦੇ ਚੈਕਅੱਪ ਤੇ 40 ਤੋਂ ਵੱਧ ਅੱਖਾਂ ਦੇ ਅਪ੍ਰੇਸ਼ਨ ਕੀਤੇ ਗਏ। ਮੁੱਖ ਮਹਿਮਾਨ ਦੇ ਤੌਰ 'ਤੇ ਸਾਂਝੀ ਵਿਰਾਸਤ ਸੁਸਾਇਟੀ ਜਲੰਧਰ ਦੇ ਜਨਰਲ ਸਕੱਤਰ ਸਮਾਜ ਸੇਵਿਕਾ ਮੈਡਮ ਸੁਖਵਿੰਦਰ ਕੌਰ ਪਹੁੰਚੇ ਡਾਕਟਰਾਂ ਦੀ ਟੀਮ ਅਕਾਲ ਹਸਪਤਾਲ ਜਲੰਧਰ ਤੋਂ ਪਹੁੰਚੀ ਜਿਨ੍ਹਾਂ 'ਚ ਡਾਕਟਰ ਕੋਹਲੀ, ਡਾਕਟਰ ਅਮਿਤੋਜ ਨੇ ਅਹਿਮ ਯੋਗਦਾਨ ਪਾਇਆ। ਇਸ ਕੈਂਪ 'ਚ ਸਾਂਝੀ ਵਿਰਾਸਤ ਸੁਸਾਇਟੀ ਦੀ ਪੀ ਆਰ ਓ ਮੈਡਮ ਮਨਪ੍ਰੀਤ ਕੌਰ ਮਨੀ ਨੇ ਵੀ ਆਪਣਾ ਵਿਸ਼ੇਸ ਯੋਗਦਾਨ ਪਾਇਆ ਇਹ ਕੈਂਪ ਪਿੰਡ ਦੀ ਪੰਚਾਇਤ ਤੇ ਵੈਲੇਟੀਅਰ ਪਰਵਿੰਦਰ ਸਿੰਘ, ਪ੍ਰਧਾਨ ਸੁਰਿੰਦਰ ਸਿੰਘ, ਮਨਜਿੰਦਰ ਸਿੰਘ, ਸੁਰਿੰਦਰ ਸਿੰਘ, ਸੰਜੀਵ ਕੁਮਾਰ, ਗੁਰਦਿੱਤ ਸਿੰਘ ਆਦਿ ਦੇ ਸਹਿਯੋਗ ਸਦਕਾ ਨੇਪਰੇ ਚੜ੍ਹਿਆ।

# ਗੁਰੂ ਹਰਿ ਰਾਏ ਸਾਹਿਬ ਦੇ ਆਗਮਨ ਦਿਵਸ ਦੇ ਸੰਬੰਧ 'ਚ ਕੀਰਤਨ ਦਰਬਾਰ ਕਰਵਾਇਆ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)** ਗੁਰਦੁਆਰਾ ਇਸਤਰੀ ਸਭਾ (ਰਜ਼ਿ) ਟਿੱਬੀ ਫਾਟਕ ਗੁਰੂ ਨਾਨਕਪੁਰਾ ਫਗਵਾੜਾ ਵਲੋਂ ਧੰਨ ਧੰਨ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਆਗਮਨ ਦਿਵਸ ਦੇ ਸੰਬੰਧ ਮਹਾਨ ਕੀਰਤਨ ਦਰਬਾਰ ਕਰਵਾਇਆ ਗਿਆ।ਜਿਸ ਵਿਚ ਭਾਈ ਜਸਬੀਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ, ਭਾਈ ਮਨਜੀਤ ਸਿੰਘ ਫਗਵਾੜੇ ਵਾਲੇ, ਭਾਈ ਸੁਖਚੈਨ ਸਿੰਘ ਆਦਿ ਜਥਿਆ ਨੇ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਦੁਆਰਾ ਨਿਹਾਲ ਕੀਤਾ ਸਨ। ਸੰਗਤਾਂ ਲਈ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।ਇਸ ਮੌਕੇ ਭਾਈ ਅਮਨਦੀਪ ਸਿੰਘ ਹੈਡ ਗ੍ਰੰਥੀ, ਜਤਿੰਦਰ ਸਿੰਘ ਖਾਲਸਾ ਪ੍ਰਧਾਨ, ਬਾਬਾ ਜ਼ੋਰਾਵਰ ਸਿੰਘ-ਬਾਬਾ ਫਤਿਹ ਸਿੰਘ ਵੈਲਫੇਅਰ ਸੁਸਾਇਟੀ (ਰਜ਼ਿ) ਫਗਵਾੜਾ, ਬਲਜਿੰਦਰ ਸਿੰਘ ਠੇਕੇਦਾਰ, ਬੀਬੀ ਸਰਬਜੀਤ ਕੌਰ, ਜਸਵਿੰਦਰ ਸਿੰਘ ਭਗਤਪੁਰਾ, ਮਲਕੀਅਤ ਸਿੰਘ ਰਘਬੋਤਰਾ, ਭਾਈ ਮਨਜੀਤ ਸਿੰਘ, ਡਾ. ਹਰਜੀਤ ਸਿੰਘ, ਆਦਿ ਹਾਜ਼ਰ ਸਨ।



# ਲੋਕਾਂ ਦੇ ਦਰਵਾਜ਼ੇ ਤੱਕ ਪਹੁੰਚ ਕਰ ਰਹੀ ਪੰਜਾਬ ਸਰਕਾਰ : ਬਲਕਾਰ ਸਿੰਘ



**ਜਲੰਧਰ : (ਸ਼ੈਲੀ ਐਲਬਰਟ)**-ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸੇਵਾਵਾਂ ਦਾ ਲਾਭ ਪ੍ਰਦਾਨ ਕਰਨ ਲਈ ਲੋਕਾਂ ਦੇ ਦਰਵਾਜ਼ੇ ਤੱਕ ਪਹੁੰਚ ਕੀਤੀ ਜਾ ਰਹੀ ਹੈ।ਕੈਬਨਿਟ ਮੰਤਰੀ ਨੇ 'ਆਪ ਦੀ ਸਰਕਾਰ, ਆਪ ਦੇ ਦੁਆਰ' ਉਪਰਾਲੇ ਤਹਿਤ ਪਿੰਡ ਫਿਰੋਜ਼, ਖਾਨਕੇ ਅਤੇ ਖਹਿਰਾ ਮੱਝਾ ਵਿਖੇ ਲਗਾਏ ਗਏ ਵਿਸ਼ੇਸ਼ ਕੈਂਪਾਂ ਵਿੱਚ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਕਿਹਾ ਕਿ ਕੈਂਪਾਂ ਵਿੱਚ ਪ੍ਰਾਪਤ ਦਰਖਾਸਤਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕਰਦੇ ਹੋਏ ਯੋਗ ਬਿਨੈਕਾਰਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਮੁਹੱਈਆ ਕਰਵਾਇਆ ਜਾਵੇ।ਉਨ੍ਹਾਂ ਕਿਹਾ ਕਿ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਕੈਂਪਾਂ ਵਿੱਚ ਆਉਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਕੋਈ ਦਿੱਕਤ ਪੇਸ਼ ਨਾ ਆਵੇ।ਮੰਤਰੀ ਨੇ ਇਸ ਮੌਕੇ ਕੈਂਪਾਂ ਵਿੱਚ ਪੁੱਜੇ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਅਤੇ ਮੌਕੇ 'ਤੇ ਅਧਿਕਾਰੀਆਂ ਨੂੰ ਸਮੱਸਿਆਵਾਂ ਦਾ ਢੁੱਕਵਾਂ ਹੱਲ ਕਰਨ ਦੇ ਨਿਰਦੇਸ਼ ਦਿੱਤੇ।

# ਸੰਦੀਪ ਸੈਣੀ ਨੂੰ ਚੇਅਰਮੈਨ ਬਣਾਏ ਜਾਣ 'ਤੇ ਇਲਾਕੇ 'ਚ ਖ਼ੁਸ਼ੀ ਦੀ ਲਹਿਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਆਮ ਆਦਮੀ ਪਾਰਟੀ ਵੱਲੋਂ ਹੁਸ਼ਿਆਰਪੁਰ ਦੇ ਸੰਦੀਪ ਸੈਣੀ ਨੂੰ ਪੰਜਾਬ ਪੱਛੜੀਆਂ ਸ਼੍ਰੇਣੀਆਂ ਭੂਮੀ ਵਿਕਾਸ ਅਤੇ ਵਿੱਤ ਨਿਗਮ ਦਾ ਚੇਅਰਮੈਨ ਬਣਾਏ ਜਾਣ 'ਤੇ ਬਾਬਾ ਸਾਹਿਬ ਟਾਈਗਰ ਫੋਰਸ ਦੇ ਚੇਅਰਮੈਨ ਸਿੰਘ ਅਮਨ ਨੇ ਸਾਥੀਆਂ ਸਮੇਤ ਪਹੁੰਚ ਕੇ ਵਧਾਈ ਦਿੱਤੀ।ਇਸ ਮੌਕੇ ਉਨ੍ਹਾਂ ਕਿਹਾ ਕਿ ਸੰਦੀਪ ਸੈਣੀ ਪਿਛਲੇ ਲੰਮੇ ਸਮੇਂ ਤੋਂ ਆਮ ਆਦਮੀ ਪਾਰਟੀ ਲਈ ਕੰਮ ਕਰ ਰਹੇ ਸਨ।ਪਾਰਟੀ ਨੇ ਸੰਦੀਪ ਸੈਣੀ ਨੂੰ ਜੋ ਵੀ ਜ਼ਿੰਮੇਵਾਰੀ ਦਿੱਤੀ, ਉਸ ਨੂੰ ਉਨ੍ਹਾਂ ਨੇ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਇਆ।ਉਨ੍ਹਾਂ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਪਾਰਟੀ ਨੇ ਉਨ੍ਹਾਂ ਨੂੰ ਚੇਅਰਮੈਨ ਦੇ ਅਹੁਦੇ ਨਾਲ ਨਿਵਾਜਿਆ ਹੈ, ਜਿਸ ਦੇ ਉਹ ਪੂਰੀ ਤਰ੍ਹਾਂ ਹੱਕਦਾਰ ਹਨ।ਸੰਦੀਪ ਸੈਣੀ ਬਹੁਤ ਹੀ ਇਮਾਨਦਾਰ ਅਤੇ ਮਿਹਨਤੀ ਆਗੂ ਹਨ ਅਤੇ ਇਸ ਅਹੁਦੇ ਨੂੰ ਸੰਭਾਲਣ ਦੀ ਪੂਰੀ ਯੋਗਤਾ ਰੱਖਦੇ ਹਨ।ਉਨ੍ਹਾਂ ਦੀ ਨਿਯੁਕਤੀ ਕਾਰਨ ਹੁਸ਼ਿਆਰਪੁਰ ਵਾਸੀਆਂ ਅਤੇ ਉਨ੍ਹਾਂ ਦੇ ਚਹੇਤਿਆਂ ਵਿੱਚ ਖ਼ੁਸ਼ੀ ਦੀ ਲਹਿਰ ਹੈ।ਇਸ ਮੌਕੇ ਬਾਬਾ ਸਾਹਿਬ ਟਾਈਗਰ ਫੋਰਸ ਦੇ ਚੇਅਰਮੈਨ ਸਿੰਘ ਅਮਨ, ਦੀਪਕ ਮੱਲ, ਰਵਿੰਦਰ ਰਵੀ, ਮਨਜੀਤ ਆਦਿ ਹਾਜ਼ਰ ਸਨ।

# ਭਾਜਪਾ ਨੇ ਕਿਸਾਨ ਤੇ ਖੇਤੀਬਾੜੀ ਨੂੰ ਹਾਸ਼ੀਏ 'ਤੇ ਧੱਕਿਆ : ਸੰਧਵਾਂ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਹੈ ਕੇਂਦਰ ਦੀ ਭਾਜਪਾ ਸਰਕਾਰ ਨੇ ਅੰਨਦਾਤਾ ਕਿਸਾਨ ਅਤੇ ਖੇਤੀਬਾੜੀ ਦੋਨੋਂ ਹਾਸ਼ੀਏ 'ਤੇ ਧੱਕ ਦਿੱਤੇ ਹਨ। ਉਨ੍ਹਾਂ ਐਲਾਨ ਕਰਦਿਆਂ ਕਿਹਾ ਕਿ ਐਮ ਐਸ ਪੀ ਦੀ ਲੋੜ ਕਿਉਂ ਹੈ ਵਿਸ਼ੇ 'ਤੇ ਕਾਲਜਾਂ 'ਚ ਕਰਵਾਏ ਜਾਣਗੇ ਲੇਖ ਮੁਕਾਬਲੇ ਕਰਵਾਏ ਜਾਣਗੇ ਤਾਂ ਜੋ ਦੇਸ਼ ਅਤੇ ਸੂਬੇ ਦੇ ਨੌਜਵਾਨ ਇਸ ਸੱਚ ਤੋਂ ਵਾਕਿਫ ਹੋ ਸਕਣ।ਸਪੀਕਰ ਸੰਧਵਾਂ ਨੇ ਕਿਹਾ ਕਿ ਹੁਣ ਸਮੇਂ ਦੀ ਲੋੜ ਹੈ ਕਿ ਕਿਸਾਨਾਂ ਦੇ ਹੱਕ 'ਚ ਆਵਾਜ਼ ਬੁਲੰਦ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਉਨ੍ਹਾਂ ਦੀਆਂ ਪੁੱਤਾਂ ਵਾਂਗ ਪਾਲੀਆਂ ਫ਼ਸਲਾਂ ਦਾ ਮੁੱਲ ਮਿਲ ਸਕੇ।ਉਨ੍ਹਾਂ ਕਿਹਾ ਕਿ ਬੀਤੇ ਸਮੇਂ ਵਿੱਚ ਅਤੇ ਮੌਜੂਦਾ ਸਮੇਂ ਵਿੱਚ ਵੀ ਹੱਕੀ ਮੰਗਾਂ ਨੂੰ ਲੈ ਕੇ ਕਿਸਾਨਾਂ ਵੱਲੋਂ ਅੰਦੋਲਨ ਸ਼ੁਰੂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਲੇਖ ਮੁਕਾਬਲੇ ਕਰਵਾ ਕੇ ਅਜੋਕੀ ਨਵੀਂ ਪੀੜ੍ਹੀ ਨੂੰ ਖੇਤੀਬਾੜੀ ਪ੍ਰਤੀ ਜਾਗਰੂਕ ਕਰਨ ਲਈ ਇੱਕ ਉਪਰਾਲਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਐੱਮ ਐੱਸ ਪੀ ਦੇ ਵਿਸ਼ੇ 'ਤੇ ਕਾਲਜਾਂ ਵਿੱਚ ਲੇਖ ਮੁਕਾਬਲੇ ਕਰਵਾਏ ਜਾ ਰਹੇ ਹਨ ਅਤੇ ਜੇਤੂ ਵਿਦਿਆਰਥੀਆਂ ਨੂੰ ਜੇਤੂ ਵਿਦਿਆਰਥੀਆਂ ਨੂੰ ਕ੍ਰਮਵਾਰ 51 ਹਜ਼ਾਰ, 31 ਹਜ਼ਾਰ ਤੇ 21 ਹਜ਼ਾਰ ਦੇ ਨਕਦ ਇਨਾਮ ਦਿੱਤੇ ਜਾਣਗੇ।ਸ੍ਰੀ ਸੰਧਵਾਂ ਨੇ ਕਿਹਾ ਕਿ ਕੇਂਦਰ ਨੂੰ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) ਨੂੰ ਕਾਨੂੰਨ ਬਣਾਉਣ ਸਮੇਤ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਨੂੰ ਬਿਨਾਂ ਕਿਸੇ ਦੇਰੀ ਤੋਂ ਪ੍ਰਵਾਨ ਕਰਨਾ ਚਾਹੀਦਾ ਹੈ।ਸਪੀਕਰ ਨੇ ਕਿਹਾ ਕਿ ਜਦੋਂ ਕੇਂਦਰ ਸਰਕਾਰ ਨੇ ਸਾਲ 2021 ਕਿਸਾਨਾਂ ਦੀਆਂ ਵੱਖ-ਵੱਖ ਮੰਗਾਂ ਨੂੰ ਪੂਰਾ ਕਰਨ ਦਾ ਵਾਅਦਾ ਕੀਤਾ ਸੀ ਅਤੇ ਹੁਣ ਤੱਕ ਮੰਗਾਂ 'ਤੇ ਅਮਲ ਕਿਉਂ ਨਹੀਂ ਕੀਤਾ ਗਿਆ।

# ਸਟਾਰ ਨਾਈਟ 'ਚ ਕੁਲਵਿੰਦਰ ਬਿੱਲਾ ਗੀਤਾਂ ਨਾਲ ਬੰਨ੍ਹਣਗੇ ਰੰਗ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਜ਼ਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਵੱਲੋਂ 1 ਮਾਰਚ ਤੋਂ 5 ਮਾਰਚ ਤੱਕ 'ਹੁਸ਼ਿਆਰਪੁਰ ਨੇਚਰ ਫੈਸਟ' ਦਾ ਆਯੋਜਨ ਕੀਤਾ ਜਾ ਰਿਹਾ ਹੈ। ਉਹ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ 'ਹੁਸ਼ਿਆਰਪੁਰ ਨੇਚਰ ਫੈਸਟ' ਦੇ ਸਫਲ ਆਯੋਜਨ ਸੰਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ, ਡੀ ਐਫ ਓ ਨਲਿਨ ਯਾਦਵ, ਐਸ ਡੀ ਐਮ ਹੁਸ਼ਿਆਰਪੁਰ ਪ੍ਰੀਤਇੰਦਰ ਸਿੰਘ, ਐਸ ਡੀ ਐਮ ਗੜ੍ਹਸ਼ੰਕਰ ਸ਼ਿਵਰਾਜ ਸਿੰਘ ਬੱਲ, ਐਸ ਡੀ ਐਮ ਟਾਂਡਾ ਵਿਓਮ ਭਾਰਦਵਾਜ, ਐਸ ਡੀ ਐਮ ਮੁਕੇਰੀਆਂ ਅਸ਼ੋਕ ਕੁਮਾਰ, ਐਸ ਡੀ ਐਮ ਦਸੂਹਾ ਪ੍ਰਦੀਪ ਸਿੰਘ ਬੈਂਸ, ਜ਼ਿਲ੍ਹਾ ਵਿਕਾਸ ਫੈਲੋ ਜੋਇਆ ਸਿਦੀਕੀ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨੇਚਰ ਫੈਸਟ ਦੇ ਪਹਿਲੇ ਦਿਨ 1 ਮਾਰਚ ਨੂੰ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਨਿਵੇਸ਼ ਪ੍ਰੋਤਸਾਹਨ, ਪ੍ਰਾਹੁਣਚਾਰੀ, ਕਿਰਤ ਮੰਤਰੀ ਪੰਜਾਬ ਅਨਮੋਲ ਗਗਨ ਮਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਉਨ੍ਹਾਂ ਦੱਸਿਆ ਕਿ ਇਸੇ ਦਿਨ ਸਟਾਰ ਨਾਈਟ ਵਿਚ ਪੰਜਾਬੀ ਗਾਇਕ ਕੁਲਵਿੰਦਰ ਬਿੱਲਾ ਆਪਣੇ ਗੀਤਾਂ ਨਾਲ ਸਮਾਂ ਬੰਨ੍ਹਣਗੇ। ਉਨ੍ਹਾਂ ਇਸ ਦੌਰਾਨ ਦਸਤਕਾਰਾਂ ਦੇ ਠਹਿਰਨ, ਖਾਣੇ ਅਤੇ ਆਉਣ-ਜਾਣ ਦੇ ਪ੍ਰਬੰਧਾਂ, ਸਫ਼ਾਈ, ਸੁਰੱਖਿਆ, ਪਾਰਕਿੰਗ ਆਦਿ ਇੰਤਜ਼ਾਮਾਂ ਸੰਬੰਧੀ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ 'ਹੁਸ਼ਿਆਰਪੁਰ ਨੇਚਰ ਫੈਸਟ' 'ਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਆਯੋਜਨ ਰਾਹੀਂ ਨਾ ਸਿਰਫ ਜ਼ਿਲ੍ਹਾ ਵਾਸੀ ਬਲਕਿ ਹੋਰਨਾਂ ਥਾਵਾਂ ਤੋਂ ਵੀ ਲੋਕ ਹੁਸ਼ਿਆਰਪੁਰ ਦੀ ਖ਼ੂਬਸੂਰਤੀ ਨੂੰ ਨਿਹਾਰ ਸਕਣਗੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੇ-ਆਪਣੇ ਵਿਭਾਗਾਂ ਨਾਲ ਸਬੰਧਤ ਆਪਣੀਆਂ ਜ਼ਿੰਮੇਵਾਰੀਆਂ ਦਾ ਤਨਦੇਹੀ ਨਾਲ ਪਾਲਣਾ ਕਰਨ ਤਾਂ ਜੋ ਸੈਰ- ਸਪਾਟੇ ਪੱਖੋਂ ਹੁਸ਼ਿਆਰਪੁਰ ਦੀ ਵੱਖਰੀ ਪਹਿਚਾਣ ਬਣਾਈ ਜਾ ਸਕੇ।

# ਸ਼ੁਭਕਰਨ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਟਰੈਕਟਰ ਮਾਰਚ ਕੱਢਿਆ



**ਕਾਲਾ ਸੰਘਿਆਂ (ਮਨਜੀਤ ਮਾਨ )** ਸਥਾਨਕ ਕਸਬਾ ਕਾਲਾ ਸੰਘਿਆਂ ਜ਼ਿਲ੍ਹਾ ਕਪੂਰਥਲਾ ਵਿਖੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਨੌਜਆਨ ਸ਼ਹੀਦ ਕਿਸਾਨ ਆਗੂ ਸ਼ੁਭਕਰਨ ਸਿੰਘ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਕਸਬਾ ਕਾਲਾ ਸੰਘਿਆਂ 'ਚ ਟਰੈਕਟਰ ਤੇ ਮੋਟਰਸਾਈਕਲ ਮਾਰਚ ਕਿਰਤੀ ਕਿਸਾਨ ਯੂਨੀਅਨ ਦੇ ਇਲਾਕਾ ਕਮੇਟੀ ਦੇ ਪ੍ਰਧਾਨ ਜਥੇਦਾਰ ਪਲਵਿੰਦਰ ਸਿੰਘ ਦੀ ਅਗਵਾਈ ਹੇਠ ਕੱਢਿਆ ਗਿਆ। ਟਰੈਕਟਰ ਮਾਰਚ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ, ਅੱਡਾ ਖਾਸ ਕਾਲਾ, ਜੋਤੀ ਪੈਲੇਸ, ਮੋਤੀ ਨਗਰ ਤੋਂ ਹੁੰਦਾ ਹੋਇਆ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਵਿਖੇ ਸਮਾਪਤ ਹੋਇਆ। ਇਸ ਮੌਕੇ ਇਲਾਕਾ ਕਮੇਟੀ ਦੇ ਪ੍ਰਧਾਨ ਪਲਵਿੰਦਰ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੋਦੀ ਸਰਕਾਰ ਕਿਸਾਨਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਤੁਰੰਤ ਮੰਨੇ। ਉਨ੍ਹਾਂ ਮੋਦੀ ਸਰਕਾਰ ਨੂੰ ਚਿਤਾਵਨੀ ਦਿੰਦੇ ਹੋਏ ਦੱਸਿਆ ਕਿ ਉਹ ਕਿਸਾਨਾਂ ਦੇ ਸਬਰ ਨੂੰ ਨਾ ਪਰਖੇ। ਇਸ ਮੌਕੇ ਜਸਪਾਲ ਸਿੰਘ, ਗੁਰਮੇਲ ਸਿੰਘ, ਅਵਤਾਰ ਸਿੰਘ, ਮੰਗਾਂ, ਦੀਪਾ, ਲੱਖਾ ਕੁਲਵਿੰਦਰ ਸਿੰਘ, ਗੁਰਮੇਲ ਸਿੰਘ, ਤੀਰਥ ਸਿੰਘ ਕਸਮੀਰ ਸਿੰਘ, ਅਵਤਾਰ ਸਿੰਘ ਪੱਤੜ, ਰਾਮ ਪ੍ਰਸਾਦ ਬਿਹਾਰੀ, ਅੰਮ੍ਰਿਤਪਾਲ ਸਿੰਘ, ਪੱਪੂ ਅੰਬਵਾਲੀਆ, ਕਰਨੈਲ ਸਿੰਘ, ਕੁਲਦੀਪ ਕੁਮਾਰ ਲੂੰਬਾ,ਜੋਗਾ ਸਿੰਘ, ਪਰਮਜੀਤ ਸਿੰਘ, ਲਹਿੰਬਰ ਸਿੰਘ ਸਾਬਕਾ ਸਰਪੰਚ, ਜਸਵੀਰ ਸਿੰਘ ਕੁਲਾਰ, ਭਜਨ ਸਿੰਘ ਸੋਨਾ, ਜੁਗਿੰਦਰ ਸਿੰਘ ਮੈਨੇਜਰ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ, ਇੰਦਰਪਾਲ ਸਿੰਘ ਤੂਤ ਵਾਲੀਆਂ ਤੋਂ ਇਲਾਵਾ ਹੋਰ ਆਗੂ ਵੀ ਇਸ ਮੌਕੇ ਹਾਜ਼ਰ ਸਨ।

# ਸਪੈਸ਼ਲਿਸਟ ਕਾਡਰ ਜਲਦ ਬਣਾਇਆ ਜਾਵੇਗਾ : ਵਿੱਜ

**ਚੰਡੀਗੜ੍ਹ, (ਕ੍ਰਿਸ਼ਨ ਗਰਗਰ)** ਹਰਿਆਣਾ ਦੇ ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਮੌਜੂਦਾ ਰਾਜ ਸਰਕਾਰ ਸਪੈਸ਼ਲਿਸਟ ਕਾਡਰ ਬਣਾਉਣ ਜਾ ਰਹੀ ਹੈ ਅਤੇ ਇਸ 'ਤੇ ਸੈਦਾਂਤਿਕ ਤੌਰ 'ਤੇ ਸਹਿਮਤੀ ਦੇ ਦਿੱਤੀ ਗਈ ਹੈ।

ਇਸ ਸੰਬੰਧ ਵਿੱਚ ਫਾਇਲ ਵਿੱਤ ਵਿਭਾਗ ਦੇ ਕੋਲ ਹੈ ਅਤੇ ਜਿਵੇਂ ਹੀ ਇਸ ਬਾਰੇ ਵਿਚ ਮੰਜੂਰੀ ਮਿਲੇਗੀ ਤਾਂ ਸਪੈਸ਼ਲਿਸਟ ਕਾਡਰ ਅਤੇ ਐਮ ਬੀ ਬੀ ਐਸ ਕਾਡਰ ਦੀ ਵੱਖ-ਵੱਖ ਖਾਲੀ ਅਹੁਦਿਆਂ ਨੂੰ ਕੱਢਿਆ ਜਾਵੇਗਾ। ਸ੍ਰੀ ਵਿਜ ਇੱਥੇ ਵਿਧਾਨਸਭਾ ਵਿਚ ਬਜਟ ਸੈਸ਼ਨ ਦੌਰਾਨ ਲਗਾਏ ਗਏ ਇੱਕ ਸੁਆਲ ਦਾ ਜਵਾਬ ਦੇ ਰਹੇ ਸਨ। ਉਨ੍ਹਾਂ ਨੇ ਦੱਸਿਆ ਕਿ ਰਾਜ ਵਿਚ ਪਹਿਲੀ ਵਾਰ ਡਾਕਟਰਾਂ ਦੀ ਨਿਯੁਕਤੀ ਵੱਡੇ ਪੱਧਰ 'ਤੇ ਕੀਤੀ ਗਈ ਹੈ ਜਿਸ ਦੇ ਤਹਿਤ ਸਾਲ 2022 ਵਿੱਚ 1252 ਡਾਕਟਰਾਂ ਦੀ ਭਰਤੀ ਲਈ ਇਸ਼ਤਿਹਾਰ ਕੱਢਿਆ ਗਿਆ ਸੀ ਅਤੇ 990 ਮੈਡੀਕਲ ਅਧਿਕਾਰੀਆਂ ਨੂੰ ਨਿਯੁਕਤ ਕੀਤਾ ਗਿਆ।

] ਸ੍ਰੀ ਵਿਜ ਨੇ ਕਿਹਾ ਕਿ ਇਹ ਠੀਕ ਗੱਲ ਹੈ ਕਿ ਰਾਜ ਵਿਚ ਡਾਕਟਰਾਂ ਦੀ ਕਮੀ ਹੈ ਅਤੇ ਸਰਕਾਰ ਪੂਰਾ ਯਤਨ ਕਰ ਰਹੀ ਹੈ ਕਿ ਮਾਨਦੰਡਾਂ ਅਨੁਸਾਰ ਡਾਕਟਰਾਂ ਦੀ ਭਰਤੀ ਹੋਵੇ। ਉਨ੍ਹਾਂ ਨੇ ਦੱਸਿਆ ਕਿ ਸੂਬੇ ਵਿੱਚ ਸਾਲ 2017-18 ਵਿੱਚ 662 ਡਾਕਟਰਾਂ ਦੀ ਭਰਤੀ ਕੱਢੀ ਗਈ ਸੀ।

# ਆਯੂਸ਼ਮਾਨ ਕਾਰਡ ਬਣਾਉਣ ਸੰਬੰਧੀ ਕੈਂਪ



**ਫਗਵਾੜਾ (ਡਾ. ਰਮਨ, ਇੰਦਰਜੀਤ ਸਿੰਘ ਮਠਾੜੂ )** ਪ੍ਰੇਮ ਨਗਰ ਸੇਵਾ ਸੁਸਾਇਟੀ ਵੱਲੋਂ ਭਾਰਤ ਸਰਕਾਰ ਦੀ ਸਵਸਥ ਭਾਰਤ ਯੋਜਨਾ ਤਹਿਤ ਆਯੂਸ਼ਮਾਨ ਕਾਰਡ ਬਣਾਉਣ ਲਈ ਖੇੜਾ ਰੋਡ 'ਤੇ ਕੈਂਪ ਲਗਾਇਆ ਗਿਆ। ਇਹ ਕੈਂਪ ਫਗਵਾੜਾ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੇ ਯਤਨਾਂ ਸਦਕਾ ਲਗਾਇਆ ਗਿਆ ਸੀ ਜਿਸ ਵਿੱਚ ਕਾਮਨ ਸਰਵਿਸ ਸੈਂਟਰ ਦੇ ਮਾਲਕ ਜਸਦੀਪ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੇ ਮੌਕੇ 'ਤੇ ਹੀ 60 ਨਵੇਂ ਕਾਰਡ ਬਣਾ ਕੇ ਆਨਲਾਈਨ ਪ੍ਰਿੰਟ ਦਿੱਤੇ ਜਦਕਿ 40 ਲੋੜਵੰਦਾਂ ਦੇ ਕਾਰਡ ਅੱਪਡੇਟ ਕੀਤੇ ਗਏ। ਰਘਬੋਤਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰੇਮ ਨਗਰ, ਗੁਰੂ ਨਾਨਕ ਪੁਰਾ, ਮਾਸਟਰ ਸਾਧੂ ਰਾਮ ਨਗਰ ਅਤੇ ਖੇੜਾ ਰੋਡ ਦੇ ਲੋਕਾਂ ਨੇ ਕੈਂਪ ਦਾ ਭਰਪੂਰ ਲਾਭ ਉਠਾਇਆ। ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਜਨਰਲ ਸਕੱਤਰ ਸੁਰਿੰਦਰਪਾਲ ਨੇ ਸਹਿਯੋਗ ਲਈ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸੀਨੀਅਰ ਸਿਟੀਜ਼ਨ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਵਿਸ਼ਵਾਮਿੱਤਰ ਸ਼ਰਮਾ, ਲੋਕ ਸੇਵਾ ਦਲ ਦੇ ਸਾਬਕਾ ਪ੍ਰਧਾਨ ਵਰਿੰਦਰ ਸ਼ਰਮਾ ਤੋਂ ਇਲਾਵਾ ਵੰਦਨਾ ਸ਼ਰਮਾ, ਪੰਕਜ ਰਾਵਤ, ਰਾਮ ਲੁਭਾਇਆ, ਮਨਮੋਹਨ ਵਾਲੀਆ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਕੁਲਦੀਪ ਸਿੰਘ ਸੀਹਰਾ, ਬਲਦੇਵ ਸ਼ਰਮਾ, ਰਮਨ ਨਹਿਰਾ, ਗੁਰਜੀਤ ਸਿੰਘ ਘਟੌੜਾ, ਕ੍ਰਿਸ਼ਨ ਕੁਮਾਰ, ਰਮੇਸ਼ ਗੁਜਰਾਤੀ, ਉੱਜਵਲ ਸ਼ਰਮਾ, ਕੀਮਤੀ ਲਾਲ ਆਦਿ ਹਾਜ਼ਰ ਸਨ।

# ਆਮ ਆਦਮੀ ਕਲੀਨਿਕ ਖੁੱਲ੍ਹਣ ਨਾਲ ਲੋਕਾਂ ਨੂੰ ਘਰਾਂ ਦੇ ਨੇੜੇ ਮਿਲੀਆਂ ਬਿਹਤਰੀਨ ਸਿਹਤ ਸੁਵਿਧਾਵਾਂ : ਜਿੰਪਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)** ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਖੁੱਲ੍ਹਣ ਨਾਲ ਲੋਕਾਂ ਨੂੰ ਘਰਾਂ ਦੇ ਨੇੜੇ ਬਿਹਤਰੀਨ ਸਿਹਤ ਸੁਵਿਧਾਵਾਂ ਮਿਲੀਆਂ ਹਨ। ਉਹ ਪਿੰਡ ਬਜਵਾੜਾ ਵਿਚ ਆਮ ਆਦਮੀ ਕਲੀਨਿਕ ਦਾ ਉਦਘਾਟਨ ਕਰਨ ਦੌਰਾਨ ਪਿੰਡ ਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਸਿਵਲ ਸਰਜਨ ਡਾ. ਬਲਵਿੰਦਰ ਕੁਮਾਰ ਡਮਾਣਾ ਵੀ ਮੌਜੂਦ ਸਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਸਿਹਤ ਸੇਵਾਵਾਂ ਦੇ ਖੇਤਰ ਵਿਚ ਆਮ ਆਦਮੀ ਕਲੀਨਿਕ ਪੂਰੇ ਸੂਬੇ ਵਿੱਚ ਵਰਦਾਨ ਸਾਬਤ ਹੋਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੋਲ੍ਹੇ ਗਏ ਆਮ ਆਦਮੀ ਕਲੀਨਿਕਾਂ ਦੀ ਅੱਜ ਦੁਨੀਆਂ ਭਰ 'ਚ ਚਰਚਾ ਹੋ ਰਹੀ ਹੈ ਅਤੇ ਪੂਰੀ ਦੁਨੀਆ ਇਸ ਮਾਡਲ ਨੂੰ ਦੇਖ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਵਿਚ 700 ਤੋਂ ਵੱਧ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਚੁੱਕੇ ਹਨ ਅਤੇ ਜਿਨ੍ਹਾਂ ਵਿਚ ਜਿਥੇ ਮੁਫ਼ਤ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ, ਉਥੇ ਕਈ ਤਰ੍ਹਾਂ ਦੇ ਟੈਸਟ ਵੀ ਮੁਫ਼ਤ ਕੀਤਾ ਜਾ ਰਹੇ ਹਨ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ 2 ਸਾਲ ਤੋਂ ਵੀ ਘੱਟ ਸਮੇਂ ਵਿਚ ਪੰਜਾਬ ਸਰਕਾਰ ਨੇ ਲੋਕ ਹਿੱਤ ਵਿਚ ਇਸ ਤਰ੍ਹਾਂ ਦੇ ਸੈਂਕੜੇ ਫ਼ੈਸਲੇ ਕੀਤੇ ਹਨ, ਜਿਨ੍ਹਾਂ ਦਾ ਸਿੱਧਾ ਅਸਰ ਆਮ ਜਨਤਾ ਨੂੰ ਹੋਇਆ ਹੈ। ਚਾਹੇ ਉਹ ਆਮ ਆਦਮੀ ਕਲੀਨਿਕ ਖੋਲ੍ਹਣ ਦੀ ਗੱਲ ਹੋਵੇ ਜਾਂ 600 ਯੂਨਿਟ ਮੁਫ਼ਤ ਬਿਜਲੀ ਦੇਣ ਦੀ ਹੋਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰੇਕ ਖੇਤਰ ਵਿਚ ਇਸ ਤਰ੍ਹਾਂ ਦੇ ਕ੍ਰਾਂਤੀਕਾਰੀ ਕਦਮ ਚੁੱਕ ਰਹੀ ਹੈ, ਤਾਂ ਜੋ ਸੂਬੇ ਦੀ ਜਨਤਾ ਨੂੰ ਵੱਧ ਤੋਂ ਵੱਧ ਸੁਵਿਧਾ ਪ੍ਰਦਾਨ ਕੀਤੀ ਜਾ ਸਕੇ। ਇਸ ਮੌਕੇ ਪਿੰਡ ਦੀ ਸਰਪੰਚ ਪ੍ਰੀਤੀ, ਸਾਬਕਾ ਸਰਪੰਚ ਰਾਮ ਲਾਲ, ਮਦਨ ਲਾਲ, ਕੁਲਵੰਤ ਸਿੰਘ, ਅਮਿਤ ਨਾਗੀ, ਰਜਿੰਦਰ ਪੰਚ, ਅਸ਼ੋਕ ਪਹਿਲਵਾਨ, ਪ੍ਰਿਤਪਾਲ, ਪਿੰਦਰ ਕੁਮਾਰ, ਹਰਿੰਦਰ ਸ਼ੇਰ ਗਿੱਲ, ਹਰਿੰਦਰ ਸ਼ੇਰਗਿੱਲ, ਨਰੇਸ਼ ਕੁਮਾਰ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

# ਡੈਲਟਾ ਨੇ ਭਾਰਤ 'ਚ ਊਰਜਾ ਸੰਭਾਲ ਦੇ 20 ਸਾਲਾਂ ਦਾ ਜਸ਼ਨ ਮਨਾਇਆ

**ਚੰਡੀਗੜ੍ਹ :** ਡੈਲਟਾ, ਪਾਵਰ ਅਤੇ ਥਰਮਲ ਪ੍ਰਬੰਧਨ ਹੱਲਾਂ 'ਚ ਇੱਕ ਗਲੋਬਲ ਲੀਡਰ, ਆਪਣੀ "ਪਹੀਏ 'ਤੇ ਨਵੀਨਤਾ" ਹੱਲ ਪ੍ਰਦਰਸਨ ਪਹਿਲ ਕਦਮੀ ਦੀ ਸੁਰੂਆਤ ਦੇ ਨਾਲ ਭਾਰਤ ਵਿੱਚ ਉਰਜਾ ਬਚਾਉਣ ਲਈ ਦੋ ਦਹਾਕਿਆਂ ਦੀ ਯਾਦ ਦਿਵਾਉਂਦਾ ਹੈ, ਜੋ ਪੂਰੇ ਭਾਰਤ 'ਚ 10,000 ਕਿਲੋਮੀਟਰ ਤੋਂ ਵੱਧ ਨੂੰ ਕਵਰ ਕਰਦੇ ਹੋਏ 50+ ਸਹਿਰਾਂ ਨੂੰ ਪਾਰ ਕਰੇਗਾ। ਟਿਕਾਊ ਉਤਪਾਦਾਂ ਅਤੇ ਹੱਲਾਂ ਲਈ ਡੈਲਟਾ ਦੀ ਵਚਨਬੱਧਤਾ "ਪਹੀਏ 'ਤੇ ਨਵੀਨਤਾ" ਵਿੱਚ ਸਪੱਸਟ ਹੈ, ਜੋ ਕੰਪਨੀ ਦੇ ਆਪਣੇ ਕਾਰੋਬਾਰ ਦੇ ਹਰ ਪਹਿਲੂ ਵਿੱਚ ਸਥਿਰਤਾ ਨੂੰ ਦਰਸਾਉਂਦੀ ਹੈ।ਡੈਲਟਾ ਇਲੈਕਟ੍ਰੋਨਿਕਸ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ, ਸ੍ਰੀ ਨਿਰੰਜਨ ਨਾਇਕ ਨੇ ਆਪਣੇ ਉਤਸਾਹ ਨੂੰ ਸਾਂਝਾ ਕਰਦੇ ਹੋਏ ਕਿਹਾ, "ਅਸੀਂ ਇਨੋਵੇਸਨ ਆਨ ਵ੍ਹੀਲਜ ਦੀ ਪਹਿਲਕਦਮੀ ਨੂੰ ਸੁਰੂ ਕਰਨ ਲਈ ਬਹੁਤ ਖੁਸ ਹਾਂ, ਜੋ ਕਿ ਨਵੀਨਤਾ ਅਤੇ ਗਾਹਕ-ਕੇਂਦ੍ਰਿਤ ਹੱਲਾਂ ਪ੍ਰਤੀ ਡੈਲਟਾ ਦੀ ਵਚਨਬੱਧਤਾ ਦਾ ਇੱਕ ਠੋਸ ਪ੍ਰਦਰਸਨ ਹੈ।

ਇਹ ਮੋਬਾਈਲ ਸੋਅਕੇਸ। ਐਡਵਾਂਸਡ ਡਾਟਾ ਸੈਂਟਰ ਬੁਨਿਆਦੀ ਢਾਂਚਾ ਲਿਆਉਣ ਲਈ ਸਾਡੇ ਸਮਰਪਣ ਨੂੰ ਦਰਸਾਉਂਦਾ ਹੈ।

# ਸਾਢੇ ਪੰਜ ਕਰੋੜ ਨਾਲ ਪਿੰਡਾਂ ਦੀਆਂ ਸੜਕਾਂ ਦਾ ਕੀਤਾ ਜਾਵੇਗਾ ਕਾਇਆ-ਕਲਪ : ਹਰਜੋਤ ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਭਾਸ਼ਾ ਵਿਭਾਗ ਪੰਜਾਬ ਨੇ ਮੋਹੀਵਾਲ, ਥੱਪਲ, ਮਟੌਰ, ਮਾਂਗੇਵਾਲ, ਮਾਂਗੇਵਾਲ ਬਾਗ, ਮਹਿਰੋਲੀ, ਖਮੇੜਾ ਲੋਅਰ, ਗੋਹਲਣੀ ਵਿਖੇ ਲਗਾਏ ਕੈਂਪਾਂ ਦੌਰਾਨ ਕੀਤਾ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਉਹਨਾਂ ਦੀਆਂ ਬਰੂਹਾਂ 'ਤੇ ਸਰਕਾਰੀ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।ਸ੍ਰੀ ਬੈਂਸ ਨੇ ਕਿਹਾ ਕਿ ਸਿੱਖਿਆ ਨੂੰ ਵੀ ਪੰਜਾਬ ਸਰਕਾਰ ਨੇ ਵਿਸ਼ੇਸ਼ ਤਰਜੀਹ ਦਿੰਦਿਆਂ ਹਲਕੇ ਵਿੱਚ ਦੋ ਸਕੂਲ ਆਫ ਐਮੀਨੈਂਸ ਬਣਾਏ ਹਨ, ਇਹਨਾਂ ਦੇ ਬਣਨ ਨਾਲ ਹਲਕੇ ਵਿਖੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਮਿਲ ਰਹੀ ਹੈ। ਹਰਜੋਤ ਬੈਂਸ ਕੈਬਨਿਟ ਮੰਤਰੀ ਨੇ ਅੱਜ ਮੋਹੀਵਾਲ ਵਿੱਚ 21 ਲੱਖ ਦੀ ਲਾਗਤ ਨਾਲ ਡੰਗੇ, ਪੀਣ ਵਾਲੇ ਪਾਣੀ, ਪਾਣੀ ਦੀ ਨਿਕਾਸੀ, ਡੀਸਿਲਟਿੰਗ ਸਕਰੀਨਿੰਗ ਚੈਂਬਰ, ਗਲੀਆਂ-ਨਾਲੀਆਂ ਦੇ ਕੰਮਾਂ ਦਾ ਉਦਘਾਟਨ ਕੀਤਾ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਤੇ ਗਰਾਊਡ ਲਈ 10-10 ਲੱਖ ਰੁਪਏ ਜਾਰੀ ਕੀਤੇ, ਥੱਪਲ ਵਿਚ ਅੰਬੇਡਕਰ ਭਵਨ ਲੋਕ ਅਰਪਣ ਕੀਤਾ ਗਿਆ। ਮਾਂਗੇਵਾਲ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਤੇ ਮਿਡਲ ਸਕੂਲ ਲਈ 25-25 ਲੱਖ ਰੁਪਏ ਨਾਲ ਸਕੂਲ ਦਾ ਨਵੀਨੀਕਰਨ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਹਲਕੇ ਵਿਚ 10 ਹਜ਼ਾਰ ਸੋਲਰ ਲਾਈਟਾਂ ਲਗਾਈਆਂ ਜਾਣਗੀਆਂ ਤੇ ਪਿੰਡਾਂ/ਸ਼ਹਿਰਾ ਦਾ ਵਿਕਾਸ ਕਰਵਾਇਆ ਜਾ ਰਿਹਾ ਹੈ।5.50 ਕਰੋੜ ਦੀ ਲਾਗਤ ਨਾਲ ਸੂਰੇਵਾਲ, ਮਾਂਗੇਵਾਲ, ਸਜਮੌਰ, ਬਾਸੋਵਾਲ, ਬੀਕਾਪੁਰ, ਖਮੇੜਾ, ਢੇਰ, ਸੱਧੇਵਾਲ ਪਿੰਡਾਂ ਦੀਆਂ ਸੜਕਾਂ ਦਾ ਕੰਮ ਕਰਵਾਇਆ ਜਾਵੇਗਾ। ਸਿੱਖਿਆ ਮੰਤਰੀ ਨੇ ਗੋਹਲਣੀ ਦੇ ਸਰਕਾਰੀ ਸਕੂਲ ਲਈ 10 ਲੱਖ ਰੁਪਏ ਦਿੱਤੇ ਗਏ ਅਤੇ ਉਨ੍ਹਾਂ ਕਿਹਾ ਕਿ ਹਰ ਪਿੰਡ ਨੂੰ 50 ਲਾਈਟਾ ਦਿੱਤੀਆ ਜਾਣਗੀਆਂ ਤੇ ਉਨ੍ਹਾਂ ਕਿਹਾ ਕਿ ਪਿੰਡ ਵਿੱਚ ਪਾਣੀ ਦੀ ਨਿਕਾਸੀ ਦਾ ਕੰਮ ਅਤੇ ਖੇਡ ਮੈਦਾਨ ਬਣਾਏ ਜਾਣਗੇ।ਇਸ ਮੌਕੇ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਕਮਿੱਕਰ ਸਿੰਘ ਡਾਢੀ ਚੇਅਰਮੈਨ, ਰੋਹਿਤ ਕਾਲੀਆ ਪ੍ਰਧਾਂਨ ਟਰੱਕ ਯੂਨੀਅਨ, ਸੂਬੇਦਾਰ ਰਾਜਪਾਲ ਮੋਹੀਵਾਲ, ਸੋਨੂੰ ਚੋਧਰੀ, ਸੁਨੀਲ ਅਡਵਾਲ, ਰਜਿੰਦਰ ਗਿੱਲ, ਦਲੀਪ ਹੰਸ, ਬਲਵਿੰਦਰ ਫੋਜੀ, ਦਵਿੰਦਰ ਸਿੰਘ ਸਿੰਦੂ ਬਲਾਕ ਪ੍ਰਧਾਨ, ਕੈਪਟਨ ਗੁਰਨਾਮ ਸਿੰਘ, ਸਰਪੰਚ ਸਰਬਣੀ ਦੇਵੀ, ਰਾਮ ਲਾਲ, ਰਾਮ ਚੰਦ, ਗੁਰਬਖ਼ਸ਼ ਸਿੰਘ ਨੰਬਰਦਾਰ, ਗੁਰਦਿਆਲ ਸਿੰਘ ਤੇ ਪਤਵੰਤੇ ਹਾਜ਼ਰ ਸਨ।

# ਸੰਗਰੂਰ ਪੈਨਸ਼ਨ ਮਹਾਂ ਰੈਲੀ 'ਚ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਵੱਲੋਂ ਕੀਤੀ ਗਈ ਭਰਵੀਂ ਸ਼ਮੂਲੀਅਤ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੋਰਚਾ ਪੰਜਾਬ ਦੀ ਅਗਵਾਈ ਵਿੱਚ 25 ਫਰਵਰੀ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਕੀਤੀ ਗਈ ਲਾਮਿਸਾਲ ਸੂਬਾ ਪੱਧਰੀ ਪੈਨਸ਼ਨ ਪ੍ਰਾਪਤੀ ਰੈਲੀ ਵਿੱਚ ਸ਼ਾਮਲ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਜ਼ਿਲ੍ਹਾ ਹੁਸ਼ਿਆਰਪੁਰ ਵੱਲੋ ਭਰਵੀਂ ਸ਼ਮੂਲੀਅਤ ਕੀਤੀ ਗਈ।ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਤਿੰਨ ਸੰਘਰਸ਼ੀ ਜੱਥੇਬੰਦੀਆਂ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਵੱਲੋਂ ਪੈਨਸ਼ਨ ਲਾਗੂ ਕਰਨ ਤੋਂ ਭੱਜੀ ਆਪ ਸਰਕਾਰ ਖਿਲਾਫ ਐੱਨ.ਪੀ.ਐੱਸ ਮੁਲਾਜ਼ਮਾਂ ਵੱਲੋਂ ਵੱਡੇ ਪੱਧਰ ਤੇ ਲਾਮਬੰਦੀ ਕਰਕੇ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿੱਚ ਸੂਬਾ ਪੱਧਰੀ ਮਹਾਂਰੈਲੀ ਕੀਤੀ ਗਈ ਸੀ।ਜਿਸ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਰਿਕਾਰਡ ਗਿਣਤੀ ਵਿੱਚ ਸ਼ਾਮਲ ਹੋਏ ਮੁਲਾਜ਼ਮਾਂ ਦੀ ਗੱਲਬਾਤ ਤੋਂ ਇਨਕਾਰੀ ਮੁੱਖ ਮੰਤਰੀ ਦੀ ਰਿਹਾਇਸ਼ ਦੇ ਬਾਹਰ ਪੁਲਿਸ ਨਾਲ਼ ਤਿੱਖੀ ਝੜੱਪ ਹੋਈ ਸੀ।ਇਸ ਮੌਕੇ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਦੋਆਬਾ ਜ਼ੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਜ਼ਿਲ੍ਹਾ ਕਨਵੀਨਰ ਗੁਰਜਿੰਦਰ ਸਿੰਘ ਮੰਝਪੁਰ, ਜਨਰਲ ਸਕੱਤਰ ਬਲਜੀਤ ਸਿੰਘ ਮਹਿਮੋਵਾਲ, ਡੀ.ਐੱਮ.ਐੱਫ. ਦੇ ਜ਼ਿਲ੍ਹਾ ਜਨਰਲ ਸਕੱਤਰ ਮਨਜੀਤ ਸਿੰਘ ਦਸੂਹਾ, ਡੀ.ਟੀ.ਐੱਫ. ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ ਅਤੇ ਬੀ.ਐੱਡ. ਫ਼ਰੰਟ ਦੇ ਆਗੂ ਰਾਜਕੁਮਾਰ ਮੈਂਜੋਵਾਲ ਆਦਿ ਆਗੂਆਂ ਮੌਜੂਦ ਸਨ।

# ਇੰਜ. ਸੁਰਿੰਦਰ ਸੰਧੂ ਨੇ ਸਰਪੰਚ ਸੰਦੀਪ ਚੀਨਾਂ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ



**ਹੁਸ਼ਿਆਰਪੁਰ (ਓ ਪੀ ਰਾਣਾ )** ਇੰਜ.ਸੁਰਿੰਦਰ ਸੰਧੂ ਰਿਟਾ.ਐਕਸੀਅਨ ਚੇਅਰਮੈਨ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ ਰਜਿ.ਹੁਸ਼ਿਆਰਪੁਰ ਨੇ ਵਿਦੇਸ਼ ਤੋਂ ਆ ਕੇ ਪਿੰਡ ਡਡਿਆਨਾ ਕਲਾਂ ਵਿਖੇ ਮਰਹੂਮ ਸਰਪੰਚ ਸੰਦੀਪ ਕੁਮਾਰ ਚੀਨਾ ਦੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਪਰਵਾਰ ਨੂੰ ਇਨਸਾਫ ਦਿਵਾਉਣ ਦਾ ਵਿਸ਼ਵਾਸ਼ ਦਿਵਾਇਆ।ਇੰਜ. ਸੁਰਿੰਦਰ ਸੰਧੂ ਦੇ ਨਾਲ ਸਮਾਜ ਸੇਵਕ ਠੇਕੇਦਾਰ ਭਗਵਾਨ ਦਾਸ ਸਿੱਧੂ, ਬਾਮਸੇਫ ਆਗੂ ਮੋਹਣ ਲਾਲ ਸੁਭਾਸ਼ ਨਗਰ, ਰਾਮਜੀ ਦਾਸ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਬਸੀ ਯਾਨਾ, ਓਮ ਲਾਲ ਸੰਧੂ ਵੀ ਹਾਜਰ ਸਨ।ਇਸ ਮੌਕੇ ਇੰਜ. ਸੁਰਿੰਦਰ ਸੰਧੂ ਨੇ ਸਰਪੰਚ ਸੰਦੀਪ ਕੁਮਾਰ ਦੇ ਕਤਲ ਦੀ ਸਖਤ ਸ਼ਬਦਾਂ 'ਚ ਅਲੋਚਨਾ ਕਰਦਿਆਂ ਕਿਹਾ ਕਿ ਇਕ ਨੇਕ ਇਨਸਾਨ, ਲੋੜਵੰਦ ਲੋਕਾਂ ਦਾ ਸਾਥ ਦੇਣ ਵਾਲੇ ਜਿਸ ਦੀ ਕਿਸੇ ਨਾਲ ਕੋਈ ਰੰਜਸ਼ ਵੀ ਨਹੀਂ ਸੀ ਅਜਿਹੇ ਇੰਨਸਾਨ ਦੇ ਕਾਤਲਾਂ ਨੂੰ ਜਲਦ ਤੋਂ ਜਲਦ ਫਾਸ਼ੀ ਦੀ ਸਜਾ ਦਿੱਤੀ ਜਾਣੀ ਚਾਹੀਦੀ ਹੈ ਤਾਂ ਕਿ ਅਜਿਹੇ ਮਾੜੇ ਅਨਸਰ ਕਿਸੇ ਹੋਰ ਦਾ ਹੱਸਦਾ ਵੱਸਦਾ ਘਰ ਨਾ ਉਜਾੜਨ।

# ਪੀ ਟੀ ਐੱਮ ਆਰੀਆ ਕਾਲਜ ਦਾ ਨਤੀਜਾ ਸ਼ਾਨਦਾਰ



**ਨੂਰਮਹਿਲ( ਬਾਲ ਕ੍ਰਿਸ਼ਨ ਬਾਲੀ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਸਮੈਸਟਰ ਤੀਸਰਾ ਦੇ ਨਤੀਜੇ 'ਚ ਸਥਾਨਕ ਪੀ ਟੀ ਐੱਮ ਆਰੀਆ ਕਾਲਜ, ਭੰਡਾਲਾ ਰੋਡ ਦਾ ਨਤੀਜਾ ਸ਼ਾਨਦਾਰ ਰਿਹਾ।ਕਾਲਜ ਦੇ ਡਾਇਰੈਕਟਰ ਪ੍ਰੋ: ਆਰ ਕੇ ਜੈਨ ਨੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਵਧਾਈ ਦਿੰਦਿਆਂ ਹੋਇਆ ਕਿਹਾ ਕਿ ਇਹ ਸਟਾਫ਼ ਅਤੇ ਵਿਦਿਆਰਥੀਆਂ ਦੀ ਮਿਹਨਤ ਦਾ ਨਤੀਜਾ ਹੈ।ਜਿਸ 'ਚ ਬੀ.ਕਾਮ ਸਮੈਸਟਰ ਤੀਸਰਾ ਦੀ ਵਿਦਿਆਰਥਣ ਨਿਧੀ ਸ਼ਰਮਾ ਨੇ ਪਹਿਲਾ ਅਤੇ ਨਵਦੀਪ ਨੇ ਦੂਜਾ ਅਤੇ ਪ੍ਰੀਆ ਲਾਖਾ ਅਤੇ ਸਿਮਰਨ ਨੇ ਤੀਸਰਾ ਸਥਾਨ ਹਾਸਲ ਕੀਤਾ ਅਤੇ ਹਰਮਨਪ੍ਰੀਤ ਕੌਰ, ਹਰਪ੍ਰੀਤ, ਸੁਖਵੀਰ, ਸੁਨੈਨਾ, ਰੂਵਲ ਨੇ ਵੀ 60 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ।ਇਸੇ ਤਰ੍ਹਾਂ ਹੀ ਬੀ ਸੀ ਏ ਸਮੈਸਟਰ ਤੀਸਰਾ ਦੀ ਵਿਦਿਆਰਥਣ ਅੰਜਲੀ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਬਾਕੀ ਸਾਰੇ ਵਿਦਿਆਰਥੀ ਵਧੀਆ ਅੰਕ ਪ੍ਰਾਪਤ ਕਰਕੇ ਪਾਸ ਹੋਏ।ਇਸ ਮੌਕੇ ਉਨ੍ਹਾਂ ਸਾਰੇ ਸਟਾਫ਼ ਨੂੰ ਵਧਾਈ ਦਿੱਤੀ।

# ਐੱਸ ਟੀ ਐੱਸ ਵਰਲਡ ਸਕੂਲ 'ਚ ਵਿਸ਼ਵ ਟਿਕਾਊ ਊਰਜਾ ਦਿਵਸ 'ਤੇ ਵਿਸ਼ੇਸ਼ ਪ੍ਰਾਰਥਨਾ ਸਭਾ



**ਗੁਰਾਇਆ (ਬਿੰਦਰ ਸੁਮਨ)** ਵਿਸ਼ਵ ਪੱਧਰ 'ਤੇ ਸਾਡੇ ਜਲਵਾਯੂ ਲਈ ਟਿਕਾਊ ਊਰਜਾ ਅਭਿਆਸਾਂ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਐੱਸ ਟੀ ਐੱਸ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਵਿਸ਼ੇਸ਼ ਪ੍ਰਾਰਥਨਾ ਸਭਾ ਆਯੋਜਿਤ ਕੀਤੀ।ਸਭਾ ਦੀ ਸ਼ੁਰੂਆਤ ਸਵੇਰ ਦੀ ਅਰਦਾਸ ਨਾਲ ਹੋਈ।ਅਮਾਨਤ ਬਾਸੀ ਅਤੇ ਲਵਲੀਨ ਸੁੰਨਰ ਵੱਲੋਂ ਬੜੇ ਸ਼ਾਨਦਾਰ ਢੰਗ ਨਾਲ ਮੰਚ ਦਾ ਸੰਚਾਲਨ ਕੀਤਾ ਗਿਆ।ਜਸ਼ਨਪ੍ਰੀਤ ਸਿੰਘ ਵੱਲੋਂ ਅੱਜ ਦਾ ਵਿਚਾਰ ਪੇਸ਼ ਕੀਤਾ ਗਿਆ। ਗੁਰਲੀਨ ਕੌਰ ਨੇ ਨਵਾਂ ਸ਼ਬਦ ਪੇਸ਼ ਕਰਕੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕੀਤਾ।ਮੁੱਖ ਖ਼ਬਰਾਂ ਜਤਿਨ ਨਾਗਪਾਲ ਦੁਆਰਾ ਪੜ੍ਹੀਆਂ ਗਈਆਂ।ਗੌਰੀ ਮਹਿਮੀ ਨੇ ਆਪਣੇ ਭਾਸ਼ਣ ਰਾਹੀਂ ਇਸ ਵਿਸ਼ੇ 'ਤੇ ਰੌਸ਼ਨੀ ਪਾਈ। ਗੁਰਸਿਮਰਨ ਕੌਰ ਨੇ ਆਪਣੀ ਕਵਿਤਾ ਪੇਸ਼ ਕੀਤੀ।ਇਸ ਜਮਾਤ ਦੇ ਵਿਦਿਆਰਥੀਆਂ ਨੇ ਡਾਂਸ ਪੇਸ਼ਕਾਰੀ ਕਰਕੇ ਸਭਾ ਦੀ ਰੌਣਕ ਨੂੰ ਚਾਰ ਚੰਨ ਲਗਾ ਦਿੱਤੇ। ਸਭਾ ਦੇ ਅੰਤ ਵਿੱਚ ਸਕੂਲ ਪ੍ਰਿੰਸੀਪਲ ਸ੍ਰੀਮਤੀ ਪ੍ਰਭਜੋਤ ਗਿੱਲ ਨੇ ਜਿੱਥੇ ਜਮਾਤ ਦੇ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕੀਤੀ।

# ਰੰਧਾਵਾ ਨੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਾ ਵਾਧੂ ਚਾਰਜ ਸੰਭਾਲਿਆ



**ਜਲੰਧਰ,:- (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਪੰਜਾਬ ਸਰਕਾਰ ਵੱਲੋਂ ਤਾਇਨਾਤ ਕੀਤੇ ਗਏ ਲਖਵਿੰਦਰ ਸਿੰਘ ਰੰਧਾਵਾ ਨੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਜਲੰਧਰ ਦਾ ਵਾਧੂ ਚਾਰਜ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਤੋਂ ਬਾਅਦ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੇਂਡੂ ਖੇਤਰ ਦੇ ਸਰਵਪੱਖੀ ਵਿਕਾਸ ਲਈ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪਹੁੰਚਾਉਣਾ ਅਤੇ ਪੇਂਡੂ ਬੁਨਿਆਦੀ ਢਾਂਚੇ ਦੇ ਮਜ਼ਬੂਤੀਕਰਨ ਸਬੰਧੀ ਪ੍ਰਾਜੈਕਟ ਪੂਰੀ ਪਾਰਦਰਸ਼ਤਾ ਤੇ ਗੁਣਵੱਤਾ ਦੇ ਨਾਲ ਨਿਰਧਾਰਿਤ ਸਮੇਂ ਦੇ ਅੰਦਰ ਮੁਕੰਮਲ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ।

ਉਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਨੂੰ ਲੋਕ ਭਲਾਈ ਸਕੀਮਾਂ ਦਾ ਲਾਭ ਜ਼ਮੀਨੀ ਪੱਧਰ ਤੱਕ ਪਹੁੰਚਦਾ ਕਰਨ ਲਈ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਡਿਊਟੀ ਨਿਭਾਉਣ ਲਈ ਕਿਹਾ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਸਕੀਮਾਂ ਦੇ ਲਾਭ ਤੋਂ ਵਾਂਝਾ ਨਾ ਰਹੇ। ਇਸ ਮੌਕੇ ਡਿਪਟੀ ਸੀ.ਈ.ਓ. ਜ਼ਿਲ੍ਹਾ ਪ੍ਰੀਸ਼ਦ ਜ਼ੀਨਤ ਖਹਿਰਾ ਆਦਿ ਵੀ ਮੌਜੂਦ ਸਨ।

# ਸੀ ਟੀ ਯੂ ਤੇ ਐੱਸ ਕੇ ਐੱਮ ਨੇ ਕੀਤੀ ਨੌਜਵਾਨ ਕਿਸਾਨ ਦੀ ਹੱਤਿਆ ਲਈ ਨਿਆਂਇਕ ਜਾਂਚ ਦੀ ਮੰਗ



**ਲੁਧਿਆਣਾ (ਐਮ.ਐਸ.ਭਾਟੀਆ)**

ਸੰਯੁਕਤ ਕਿਸਾਨ ਮੋਰਚਾ (ਐਸਕੇਐਮ) ਤੇ ਕੇਂਦਰੀ ਟਰੇਡ ਯੂਨੀਅਨਾਂ ਅਤੇ ਸੁਤੰਤਰ ਸੈਕਟਰਲ ਫੈਡਰੇਸ਼ਨਾਂ/ਐਸੋਸੀਏਸ਼ਨਾਂ ਦੇ ਪਲੇਟਫਾਰਮ ਦੁਆਰਾ ਹੋਈ ਸਾਂਝੀ ਮੀਟਿੰਗ ਤੋਂ ਬਾਅਦ ਕਿਹਾ ਗਿਆ ਹੈ ਕਿ ਮੀਟਿੰਗ ਨੇ ਇਸ ਗੱਲ 'ਤੇ ਤਸੱਲੀ ਪ੍ਰਗਟਾਈ ਹੈ ਕਿ ਉਦਯੋਗਿਕ/ਸੈਕਟੋਰਲ ਦੇ ਨਾਲ ਰਾਸ਼ਟਰਵਿਆਪੀ ਜਨ ਲਾਮਬੰਦੀ ਦੇ ਸਫ਼ਲ ਆਯੋਜਨ ਦੁਆਰਾ 'ਕੇਂਦਰ ਵਿੱਚ ਮਜ਼ਦੂਰ ਵਿਰੋਧੀ, ਕਿਸਾਨ ਵਿਰੋਧੀ, ਦੇਸ ਵਿਰੋਧੀ ਸਾਸ਼ਨ ਨੂੰ ਖਤਮ ਕਰੋ' ਦੇ ਨਾਅਰੇ ਨੂੰ ਦੇਸ਼ ਦੇ ਕੋਨੇ-ਕੋਨੇ ਤੱਕ ਪੁਚਾਇਆ ਗਿਆ ਹੈ। ਸੰਯੁਕਤ ਕਿਸਾਨ ਮੋਰਚਾ ਅਤੇ ਕੇਂਦਰੀ ਟਰੇਡ ਯੂਨੀਅਨਾਂ ਤੇ ਸੁਤੰਤਰ ਸੈਕਟਰਲ ਫੈਡਰੇਸ਼ਨਾਂ/ਐਸੋਸੀਏਸ਼ਨਾਂ ਦੇ ਸਾਂਝੇ ਪਲੇਟਫਾਰਮ ਦੁਆਰਾ ਸਾਂਝੇ ਤੌਰ 'ਤੇ 16 ਫਰਵਰੀ ਨੂੰ ਹੜਤਾਲ ਅਤੇ ਗ੍ਰਾਮੀਣ ਭਾਰਤ ਬੰਦ ਦਾ ਸੱਦਾ ਦਿੱਤਾ ਗਿਆ ਸੀ। ਉਨ੍ਹਾਂ ਨੇ ਸਮਾਜ ਦੇ ਹੋਰ ਵਰਗਾਂ, ਸੰਸਥਾਵਾਂ ਅਤੇ ਸਮਾਜਿਕ ਅੰਦੋਲਨਾਂ ਦਾ ਇਕਮੁੱਠਤਾ ਦਾ ਸਮਰਥਨ ਕਰਨ ਅਤੇ ਵੱਖ-ਵੱਖ ਥਾਂਵਾਂ 'ਤੇ ਜਨਤਕ ਲਾਮਬੰਦੀ ਵਿੱਚ ਹਿੱਸਾ ਲੈਣ ਲਈ ਧੰਨਵਾਦ ਕੀਤਾ। ਮੀਟਿੰਗ ਨੇ ਪੰਜਾਬ ਦੇ ਸ਼ੰਭੂ ਅਤੇ ਖਨੌਰੀ ਸਰਹੱਦਾਂ 'ਤੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਵਿਰੁੱਧ ਹਰਿਆਣਾ ਅਤੇ ਕੇਂਦਰੀ ਬਲਾਂ ਵੱਲੋਂ ਕੀਤੀਆਂ ਗਈਆਂ ਵਹਿਸ਼ੀਆਨਾ ਕਾਰਵਾਈਆਂ ਦੀ ਨਿਖੇਧੀ ਕੀਤੀ, ਜਿਸ ਵਿੱਚ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਦੀ ਜਾਨ ਚਲੀ ਗਈ। ਸੀਟੀਯੂ ਅਤੇ ਐਸਕੇਐਮ ਨੌਜਵਾਨ ਕਿਸਾਨ ਦੀ ਹੱਤਿਆ ਦੀ ਜਾਂਚ ਲਈ ਨਿਆਂਇਕ ਜਾਂਚ ਦੀ ਮੰਗ ਕਰਦੇ ਹਨ ਅਤੇ ਮੰਗ ਕਰਦੇ ਹਨ ਕਿ ਜ਼ਿੰਮੇਵਾਰੀ ਤੈਅ ਕਰਕੇ ਧਾਰਾ 302 ਤਹਿਤ ਦੋਸ਼ੀ ਨੂੰ ਸਖਤ ਸਜ਼ਾ ਦਿੱਤੀ ਜਾਵੇ ਅਤੇ ਕਿਸਾਨਾਂ ਨੂੰ ਉਨ੍ਹਾਂ ਦੇ ਟਰੈਕਟਰਾਂ ਅਤੇ ਵਾਹਨਾਂ ਦੇ ਹੋਏ ਭਾਰੀ ਨੁਕਸਾਨ ਲਈ ਮੁਆਵਜ਼ਾ ਦਿੱਤਾ ਜਾਵੇ। ਸੀਟੀਯੂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ 14 ਮਾਰਚ ਨੂੰ ਮਹਾਂਪੰਚਾਇਤ ਲਈ ਐਸਕੇਐਮ ਦੁਆਰਾ ਬੁਲਾਏ ਗਏ ਪ੍ਰੋਗਰਾਮ ਵਿੱਚ ਆਪਣੀ ਸਪੱਸ਼ਟ ਏਕਤਾ ਜ਼ਾਹਰ ਕੀਤੀ ਹੈ।

# ਰਿਸ਼ਵਤ ਲੈਂਦਾ ਮਾਲ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਕਾਬੂ



**ਬਠਿੰਡਾ (ਪਰਵਿੰਦਰਜੀਤ ਸਿੰਘ)**-ਪੰਜਾਬ ਵਿਜੀਲੈਂਸ ਬਿਊਰੋ ਨੇ ਆਪਣੀ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਤਹਿਸੀਲ ਦਫਤਰ, ਗਿੱਦੜਬਾਹਾ-2 ਵਿਖੇ ਤਾਇਨਾਤ ਇੱਕ ਮਾਲ ਪਟਵਾਰੀ ਸ਼ੁਭਮ ਬਾਂਸਲ ਨੂੰ 4,000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਰੰਗੇ ਹੱਥੀਂ ਕਾਬੂ ਕੀਤਾ ਹੈ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮਾਲ ਪਟਵਾਰੀ ਵਿਰੁੱਧ ਇਹ ਮਾਮਲਾ ਤਹਿਸੀਲ ਗਿੱਦੜਬਾਹਾ ਦੇ ਪਿੰਡ ਪਿਊਰੀ ਨਿਵਾਸੀ ਦਰਸ਼ਨ ਸਿੰਘ ਦੀ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਪਟਵਾਰੀ ਸਵੇਰੇ ਹੀ ਉਸ ਦੀ ਜ਼ਮੀਨ ਦਾ ਇੰਤਕਾਲ ਕਰਨ ਬਦਲੇ 2,000 ਰੁਪਏ ਰਿਸ਼ਵਤ ਵਜੋਂ ਲੈ ਚੁੱਕਾ ਹੈ ਅਤੇ ਰਿਸ਼ਵਤ ਦੀ ਬਾਕੀ ਰਹਿੰਦੀ ਰਕਮ ਸ਼ਾਮ ਤੱਕ ਦੇਣ ਦੀ ਮੰਗ ਰਿਹਾ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਬਠਿੰਡਾ ਰੇਂਜ ਦੀ ਵਿਜੀਲੈਂਸ ਯੂਨਿਟ ਨੇ ਸ਼ਿਕਾਇਤ ਵਿੱਚ ਲਾਏ ਗਏ ਦੋਸ਼ਾਂ ਦੀ ਪੜਤਾਲ ਕੀਤੀ ਅਤੇ ਇੱਕ ਜਾਲ ਵਿਛਾਇਆ, ਜਿਸ ਤਹਿਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਦੂਜੀ ਕਿਸ਼ਤ ਵਜੋਂ 2,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।

# ਸ਼ੁਭਕਰਨ ਸਿੰਘ ਤੋਂ ਇਲਾਵਾ ਹੋਰ ਕੁਰਬਾਨੀਆਂ ਵੀ ਦੇਣੀਆਂ ਪੈ ਸਕਦੀਆਂ ਹਨ : ਡੱਲੇਵਾਲ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਦੀ ਅਗਵਾਈ ਵਿੱਚ ਦਿੱਲੀ ਕਿਸਾਨ ਅੰਦੋਲਨ ਦੌਰਾਨ ਕੇਂਦਰ ਸਰਕਾਰ ਵੱਲੋਂ ਮੰਨੀਆਂ ਗਈਆਂ ਮੰਗਾਂ ਤੇ ਪੂਰਾ ਨਾ ਉਤਰਨ ਦੇ ਰੋਸ ਅਤੇ ਡਬਲਿਊਟੀਓ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਪੰਜਾਬ ਹਰਿਆਣਾ ਹੱਦ ਦੇ ਢਾਬੀ ਗੁੱਜਰਾਂ ਬਾਰਡਰ ਉੱਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ, ਭਾਰਤੀ ਕਿਸਾਨ ਯੂਨੀਅਨ ਖੋਸਾ ਸੁਖਜਿੰਦਰ ਸਿੰਘ ਖੋਸਾ, ਪੰਜਾਬ ਬਾਰਡਰ ਏਰੀਆ ਕਿਸਾਨ ਕਮੇਟੀ ਰਘਬੀਰ ਸਿੰਘ ਭੰਗਾਲਾ, ਬੀਕੇਯੂ ਖੇਤੀ ਬਚਾਓ ਹਰਿਆਣਾ ਦੇ ਜਰਨੈਲ ਸਿੰਘ ਚਹਿਲ, ਭਾਰਤੀ ਕਿਸਾਨ ਯੂਨੀਅਨ ਏਕਤਾ ਹਰਿਆਣਾ ਲਖਵਿੰਦਰ ਸਿੰਘ, ਨੌਜਵਾਨ ਭਾਰਤੀ ਕਿਸਾਨ ਯੂਨੀਅਨ ਦੇ ਅਭੀਮੰਨਿਊ ਕੋਹਾੜ ਤੇ ਪੰਜਾਬ ਕਿਸਾਨ ਸੰਘਰਸ਼ ਕਮੇਟੀ ਇੰਦਰਜੀਤ ਸਿੰਘ ਕੋਟਬੁੱਢਾ ਪੁਤਲਾ ਫੂਕਿਆ। ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਹੈ ਕਿ ਕੇਂਦਰ ਸਰਕਾਰ ਕਿਸਾਨਾਂ ਦੀ ਗੱਲ ਸੁਣਨ ਦੀ ਬਜਾਏ ਕਿਸਾਨਾਂ ਦੀ ਆਵਾਜ਼ ਨੂੰ ਦਬਾਉਣ ਲਈ ਲੋਕਤੰਤਰ ਦਾ ਕਤਲ ਕਰਨ ਤੱਕ ਚਲੀ ਗਈ।ਉਨ੍ਹਾਂ ਕਿਹਾ ਹੈ ਕਿ ਕਿਸਾਨੀ ਮਸਲਿਆਂ ਨੂੰ ਹੱਲ ਕਰਵਾਉਣ ਲਈ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਤੋਂ ਇਲਾਵਾ ਹੋਰ ਕਿਸਾਨਾਂ ਨੂੰ ਵੀ ਕੁਰਬਾਨੀਆਂ ਦੇਣੀਆਂ ਪੈ ਸਕਦੀਆਂ ਹਨ।ਕਿਸਾਨ ਆਗੂਆਂ ਨੇ ਕਿਹਾ ਕਿ ਲੋਕਾਂ ਦੀ ਆਵਾਜ਼ ਨੂੰ ਗੋਲੀ ਦੇ ਜ਼ੋਰ 'ਤੇ ਦਬਾਉਣਾ ਸਰਾਸਰ ਧੱਕਾ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕੀਤੇ ਜਾ ਰਹੇ ਜ਼ੁਲਮ ਨੂੰ ਸਬਰ ਦੇ ਨਾਲ ਹੀ ਹਰਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਕਿਸਾਨ ਆਗੂਆਂ ਵੱਲੋਂ ਦਿੱਤੇ ਗਏ ਕਿਸੇ ਵੀ ਸੱਦੇ ਨੂੰ ਅਮਲੀਜਾਮਾ ਪਹਿਨਾਉਣ ਤੋਂ ਪਹਿਲਾਂ ਆਗੂ ਆਪ ਅੱਗੇ ਹੋ ਕੇ ਲੜਨਗੇ।ਉਨ੍ਹਾਂ ਕਿਹਾ ਹੈ ਕਿ ਵਿਸ਼ਵ ਵਪਾਰ ਸਮਝੌਤੇ ਤਹਿਤ ਵਿਕਸਤ ਦੇਸ਼ ਆਪਣੇ ਕਿਸਾਨਾਂ ਨੂੰ ਸਬਸਿਡੀਆਂ ਦੇ ਰਹੇ ਹਨ, ਪਰ ਭਾਰਤ ਵਰਗੇ ਵਿਕਾਸਸ਼ੀਲ ਦੇਸ਼ ਉੱਤੇ ਕਿਸਾਨਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਬਸਿਡੀਆਂ 'ਤੇ ਰੋਕ ਲਾਈ ਜਾ ਰਹੀ ਹੈ।

# ਸੰਤ ਲੌਂਗੋਵਾਲ ਇੰਸਟੀਚਿਊਟ 'ਚ ਮਾਂ ਭਾਸ਼ਾ ਦਿਵਸ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜਨੀਅਰਿੰਗ ਤੇ ਟੈਕਨਾਲੌਜੀ 'ਚ ਮਾਤਰ ਭਾਸ਼ਾ ਦਿਵਸ ਸਮਾਰੋਹ ਦਾ ਆਯੋਜਨ ਕੀਤਾ ਗਿਆ।ਸਮਾਰੋਹ ਦਾ ਉਦਘਾਟਨ ਕਾਰਜਕਾਰੀ ਨਿਰਦੇਸ਼ਕ ਤੇ ਡੀਨ ਅਕਾਦਮਿਕ ਪ੍ਰੋਫੈਸਰ ਜੇ.ਐਸ. ਢਿੱਲੋਂ ਨੇ ਆਪਣੇ ਸਹਿਯੋਗੀ ਅਧਿਕਾਰੀਆਂ ਡੀਨ ਵਿਦਿਆਰਥੀ ਭਲਾਈ ਪ੍ਰੋਫੈਸਰ ਰਾਜੇਸ਼ ਕੁਮਾਰ, ਪ੍ਰੋਫੈਸਰ ਐਮ.ਐਮ. ਸਿਨਹਾ, ਪ੍ਰੋਫੈਸਰ ਐੱਸ. ਐੱਸ. ਵਰਮਾ, ਪ੍ਰੋਫੈਸਰ ਆਰ.ਕੇ. ਗੂਹਾ, ਡਾਕਟਰ ਮੁਹੰਮਦ ਮਾਜਿਦ, ਰਾਜਭਾਸ਼ਾ (ਹਿੰਦੀ) ਵਿਕਾਸ ਸਮਿਤੀ ਦੇ ਚੇਅਰਮੈਨ, ਆਯੋਜਨ ਸਮਿਤੀ ਮੈਂਬਰ ਸ੍ਰੀ ਜਗਦੀਸ਼ ਚੰਦ, ਸ੍ਰੀ ਸਰਬਜੀਤ ਸਿੰਘ ਦੁਆਰਾ ਅੰਧਕਾਰ ਨੂੰ ਦੂਰ ਕਰਨ ਲਈ ਦੀਪ ਜਗਾ ਕੇ ਕੀਤਾ।ਡਾਕਟਰ ਰਾਜ ਕੁਮਾਰ ਯਾਦਵ ਨੇ ਸਮਾਰੋਹ 'ਚ ਸ਼ਾਮਲ ਹੋਏ ਵਿਦਿਆਰਥੀਆਂ, ਕ੍ਰਮਚਾਰੀਆਂ, ਸਮਿਤੀ ਮੈਂਬਰਾਂ ਅਤੇ ਅਧਿਕਾਰੀਆਂ ਦਾ ਸਵਾਗਤ ਕੀਤਾ ਅਤੇ ਮਾਤਰ ਭਾਸ਼ਾ ਦਿਵਸ ਦੇ ਬਾਰੇ ਆਯੋਜਤ ਪ੍ਰੋਗਰਾਮ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਰਾਜਭਾਸ਼ਾ ਹਿੰਦੀ ਭਾਰਤ ਦੀ ਅਸੀਮਤਾ ਦੀ ਮਾਲਾ 'ਚ ਮਾਤਰ ਭਾਸ਼ਾ ਵਿਭਿੰਨ ਸਥਿਤੀ ਨੂੰ ਇਕੱਠੇ ਕਰਕੇ ਇਕ ਸੂਤਰ ਵਿਚ ਪਿਰੋਣ ਦਾ ਕੰਮ ਕਰਦੀ ਹੈ ਅਤੇ ਰਾਸ਼ਟਰੀ ਏਕਤਾ ਤੇ ਅਖੰਡਤਾ ਹੇਤੂ ਪ੍ਰਤੀਬੱਧਤਾ ਦਰਸਾਉਂਦੀ ਹੈ।ਸੰਸਥਾਨ ਦੀ ਰਾਜਭਾਸ਼ਾ (ਹਿੰਦੀ) ਵਿਕਾਸ ਸਮਿਤੀ ਦੀ ਸਰਪ੍ਰਸਤੀ ਵਿਚ ਆਯੋਜਤ ਇਸ ਮਾਤਰ ਭਾਸ਼ਾਈ ਸੰਗਮ ਵਿਚ ਵਿਦਿਆਰਥੀਆਂ, ਕ੍ਰਮਚਾਰੀਆਂ, ਫੈਕਲਟੀ ਮੈਂਬਰਾਂ ਤੇ ਅਧਿਕਾਰੀਆਂ ਨੇ ਅਪਣੀ ਅਪਣੀ ਮਾਤਰ ਭਾਸ਼ਾ ਚ ਵਿਭਿੰਨ ਵਿਸ਼ਿਆ 'ਚ ਮੰਚਨ ਕਰਕੇ ਦਰਸ਼ਕਾਂ ਦਾ ਧਿਆਨ ਆਕਰਸ਼ਤ ਕੀਤਾ।ਹਿੰਦੀ, ਪੰਜਾਬੀ, ਉਰਦੂ, ਬੰਗਾਲੀ, ਮੈਥਿਲੀ ਅਤੇ ਭੋਜਪੁਰੀ ਆਦਿ ਵਿਚ ਆਪਣੀ ਪੇਸ਼ਕਾਰੀ ਕਰਕੇ ਸ੍ਰੀ ਸਰਬਜੀਤ ਸਿੰਘ, ਡਾਕਟਰ ਮੁਹੰਮਦ ਮਾਜਿਦ,ਪ੍ਰੋਫੈਸਰ ਆਰ.ਕੇ. ਗੂਹਾ ਨੇ ਮਾਤਰ ਭਾਸ਼ਾ ਦੇ ਮਹੱਤਵ ਨੂੰ ਸਮਝਣ ਅਤੇ ਮਾਤਰ ਭਾਸ਼ਾ ਦਾ ਸਨਮਾਨ ਕਰਨ ਲਈ ਉਤਸ਼ਾਹਤ ਕੀਤਾ।

# ਗੜਵਾਲ ਨੇ ਸੰਭਾਲਿਆ ਚਾਰਜ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਦਫ਼ਤਰ ਡਿਪਟੀ ਕਮਿਸ਼ਨਰ ਵਿਖੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਨਵੀਨ ਗੜਵਾਲ, ਜੋ ਫ਼ਰੀਦਕੋਟ ਵਿਖੇ ਤਾਇਨਾਤ ਹਨ, ਨੇ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦਾ ਵਾਧੂ ਚਾਰਜ ਸੰਭਾਲਿਆ।ਇਸ ਮੌਕੇ ਉਨ੍ਹਾਂ ਨੂੰ ਸਮਾਜ ਸੇਵੀ ਸੰਸਥਾ ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ:) ਦੇ ਪ੍ਰਧਾਨ ਨਰਿੰਦਰ ਸਿੰਘ ਸੰਧੂ ਅਤੇ ਦਫ਼ਤਰ ਦੇ ਸਟਾਫ਼ ਨੇ ਜੀ ਆਇਆਂ ਆਖਿਆ।ਉਨ੍ਹਾਂ ਨੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਵੀਨ ਗੜਵਾਲ ਨੂੰ ਸੰਸਥਾ ਦੇ ਚੱਲ ਰਹੇ ਸੇਵਾ ਕਾਰਜਾਂ ਤੋਂ ਜਾਣੂ ਕਰਾਇਆ ਤੇ ਬਤੌਰ ਸਮਾਜ ਸੇਵੀ ਹੋਣ ਦੇ ਨਾਤੇ ਵਿਭਾਗ ਨੂੰ ਹਰ ਪੱਖੋਂ ਸਹਿਯੋਗ ਦੇਣ ਦਾ ਵਾਅਦਾ ਕੀਤਾ।ਉਨ੍ਹਾਂ ਨਾਲ ਪਹਿਲੀ ਮਿਲਣੀ ਮੌਕੇ ਸੰਸਥਾ ਪ੍ਰਧਾਨ ਨਰਿੰਦਰ ਸਿੰਘ ਸੰਧੂ, ਬਲਜਿੰਦਰ ਸਿੰਘ, ਨੀਤੂ ਬਾਲਾ, ਲਵਲੀਨ ਵਧਵਾ ਤੇ ਪ੍ਰੇਮਦੀਪ ਸਿੰਘ ਆਦਿ ਮੌਜੂਦ ਸਨ।

# ਪੁਰਸਕਾਰ ਜੇਤੂ ਪੁਸਤਕ 'ਪੰਜਾਬੀ ਗੀਤ ਸ਼ਾਸਤਰ' 'ਤੇ ਵਿਚਾਰ-ਚਰਚਾ




**ਪਟਿਆਲਾ :** ਪੰਜਾਬੀ ਯੂਨੀਵਰਸਿਟੀ ਵਿਖੇ ਪੰਜਾਬੀ ਸਾਹਿਤ ਅਧਿਐਨ ਵਿਭਾਗ ਦੀ ਸਾਹਿਤ ਸਭਾ ਵੱਲੋਂ ਡਾ. ਕਮਲਜੀਤ ਸਿੰਘ ਟਿੱਬਾ ਦੀ ਡਾ. ਅਤਰ ਸਿੰਘ ਆਲੋਚਨਾ ਪੁਰਸਕਾਰ ਜੇਤੂ ਪੁਸਤਕ ਪੰਜਾਬੀ ਗੀਤ ਸ਼ਾਸਤਰ 'ਤੇ ਵਿਚਾਰ ਚਰਚਾ ਕਰਵਾਈ ਗਈ। ਇਹ ਵਿਚਾਰ ਚਰਚਾ ਯੂਨੀਵਰਸਿਟੀ ਦੇ ਮੇਨ ਗੇਟ ਉੱਤੇ ਸਥਿਤ ਵਰਲਡ ਪੰਜਾਬੀ ਸੈਂਟਰ ਵਿਖੇ ਹੋਈ।ਇਹ ਪੁਸਤਕ ਪੰਜਾਬੀ ਸਾਹਿਤ ਅਧਿਐਨ ਵਿਭਾਗ ਦਾ ਖੋਜ ਪ੍ਰੋਜੈਕਟ ਸੀ ਜਿਸ ਨੂੰ ਯੂਨੀਵਰਸਿਟੀ ਦੇ ਪਬਲੀਕੇਸ਼ਨ ਬਿਊਰੋ ਨੇ ਪ੍ਰਕਾਸ਼ਿਤ ਕੀਤਾ ਹੈ। ਇਸ ਨੂੰ ਭਾਸ਼ਾ ਵਿਭਾਗ, ਪੰਜਾਬ ਵੱਲੋਂ ਪੁਰਸਕਾਰ ਦਿੱਤਾ ਗਿਆ ਹੈ।ਵਿਭਾਗ ਮੁਖੀ ਡਾ. ਪਰਮੀਤ ਕੌਰ ਵੱਲੋਂ ਪ੍ਰੋਗਰਾਮ ਦੇ ਸ਼ੁਰੂ ਵਿੱਚ ਰਸਮੀ ਸਵਾਗਤ ਕੀਤਾ ਗਿਆ।ਵਿਚਾਰ ਚਰਚਾ ਦੇ ਬੁਲਾਰੇ ਡਾ. ਮੋਹਨ ਸਿੰਘ ਤਿਆਗੀ ਨੇ 'ਗੀਤ' ਵਿਧਾ ਦੇ ਕਾਵਿ ਸ਼ਾਸਤਰ ਬਾਰੇ ਭਾਰਤੀ, ਯੂਨਾਨੀ ਅਤੇ ਅੰਗਰੇਜ਼ੀ ਸਾਹਿਤ ਦੇ ਹਵਾਲਿਆਂ ਨਾਲ਼ ਗੱਲ ਕੀਤੀ ਅਤੇ ਇਸ ਪੁਸਤਕ ਦੀ ਮਹੱਤਤਾ ਬਾਰੇ ਚਾਨਣਾ ਪਾਇਆ।ਡਾ. ਕਮਲਜੀਤ ਸਿੰਘ ਟਿੱਬਾ ਨੇ ਇਸ ਵਿਚਾਰ ਚਰਚਾ ਦੌਰਾਨ ਆਪਣੇ ਖੋਜ-ਕਾਰਜ, ਗੀਤ ਦੇ ਸਿਧਾਂਤ ਸ਼ਾਸਤਰ ਅਤੇ ਇਸ ਪੁਸਤਕ ਦੇ ਮਹੱਤਵ ਬਾਰੇ ਵਿਚਾਰ ਸਾਂਝੇ ਕੀਤੇ। ਪ੍ਰੋਗਰਾਮ ਦੀ ਪ੍ਰਧਾਨਗੀ ਡਾ. ਗੁਰਨਾਇਬ ਸਿੰਘ ਨੇ ਕੀਤੀ।

ਉਨ੍ਹਾਂ ਮਨੁੱਖੀ ਜੀਵਨ ਵਿਚ ਗੀਤਾਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਕਿ ਕਿਵੇਂ ਆਦਿ ਕਾਲ ਤੋਂ ਗੀਤ ਮਨੁੱਖੀ ਜੀਵਨ ਦਾ ਅਹਿਮ ਅੰਗ ਰਹੇ ਹਨ। ਵਰਲਡ ਪੰਜਾਬੀ ਸੈਂਟਰ ਦੇ ਡਾਇਰੈਕਟਰ ਡਾ. ਭੀਮਇੰਦਰ ਸਿੰਘ ਨੇ ਇਸ ਵਿਚਾਰ ਚਰਚਾ ਵਿਚ ਸ਼ਾਮਲ ਵਿਦਵਾਨਾਂ ਦਾ ਧੰਨਵਾਦ ਕੀਤਾ ਅਤੇ ਪੰਜਾਬੀ ਤੇ ਭਾਰਤੀ ਪਰੰਪਰਾ ਦੇ ਸੰਦਰਭ ਵਿਚ ਗੀਤਾਂ ਦੇ ਇਤਿਹਾਸ ਬਾਰੇ ਦੱਸਿਆ। ਡਾ. ਜਸਵੀਰ ਕੌਰ ਨੇ ਇਸ ਪ੍ਰੋਗਰਾਮ ਵਿੱਚ ਕੋਆਰਡੀਨੇਟਰ ਵਜੋਂ ਭੂਮਿਕਾ ਨਿਭਾਈ। ਇਸ ਸਮਾਗਮ ਵਿੱਚ ਕੈਨੇਡਾ ਤੋਂ ਅਜੈਬ ਸਿੰਘ ਚੱਠਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਪ੍ਰੋਗਰਾਮ ਵਿੱਚ ਵਿਭਾਗ ਦੇ ਖੋਜਾਰਥੀਆਂ ਅਤੇ ਵਿਦਿਆਰਥੀਆਂ ਨੇ ਵੀ ਸ਼ਮੂਲੀਅਤ ਕੀਤੀ।

# ਰਜਵਾਹੇ ਦੇ ਪੁਲ ਦੇ ਸਲੋਪਾਂ ਨੂੰ ਠੀਕ ਕਰਨ ਦਾ ਕੰਮ ਸ਼ੁਰੂ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**

ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਸ਼ੇਰੋ ਰਜਵਾਹੇ ਨੂੰ ਛੱਤਣ ਦੇ ਕਰਵਾਏ ਜਾ ਰਹੇ ਦੌਰਾਨ ਸ਼ਹਿਰ ਅੰਦਰਲੇ ਕੱਕੜਵਾਲ ਪੁਲ ਅਤੇ ਸੱਟੇ ਵਾਲੇ ਪੁਲ ਦੇ ਕੀਤੇ ਜਾ ਰਹੇ ਨਿਰਮਾਣ ਵਿੱਚ ਤਕਨੀਕੀ ਤਰੁਟੀਆਂ ਸਬੰਧੀ ਕੱਲ੍ਹ ਨਸ਼ਰ ਹੋਈਆਂ ਖ਼ਬਰਾਂ ਦਾ ਅਸਰ ਵੇਖਣ ਨੂੰ ਮਿਲਿਆ, ਜਦੋਂ ਇਸ ਪੁਲ ਦੀ ਢਲਾਣ (ਸਲੋਪ) ਨੂੰ ਤੋੜਨ ਦਾ ਕੰਮ ਸ਼ੁਰੂ ਹੋ ਗਿਆ। ਇਸ ਪੁਲ ਦੇ ਕਿਨਾਰਿਆਂ ਨੂੰ ਤੋੜ ਕੇ ਠੀਕ ਕਰਨ ਸਬੰਧੀ ਮਜ਼ਦੂਰ ਕੰਮ ਕਰਦੇ ਦਿਖਾਈ ਦਿੱਤੇ। ਕੱਕੜਵਾਲ ਪੁਲ ਅਤੇ ਸੱਟੇ ਵਾਲੇ ਪੁਲ ਜੋ ਬਣਾਇਆ ਗਿਆ ਹੈ, ਉਸ ਦੀ ਸਲੈਬ ਦੀ ਉਸਾਰੀ ਨੂੰ ਸੜਕ ਨਾਲ ਮਿਲਾਉਣ ਲਈ ਰੱਖੀ ਗਈ ਢਲਾਣ ਵੇਲੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਧਿਆਨ ਵਿੱਚ ਨਹੀਂ ਰੱਖਿਆ ਗਿਆ, ਕਿਉਂਕਿ ਕੱਕੜਵਾਲ ਪੁਲ ਵਾਲੀ ਢਲਾਣ (ਸਲੋਪ) ਉਪਰ ਵਹੀਕਲਾਂ ਤੋਂ ਇਲਾਵਾ ਹੱਥ ਰੇਹੜੀ, ਰਿਕਸ਼ਾ ਰੇਹੜੀ ਅਤੇ ਆਟੋ ਰਿਕਸ਼ਾ ਵਾਲਿਆਂ ਨੂੰ ਬੇਹੱਦ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਦੋਂਕਿ ਦੂਜੇ ਪਾਸੇ ਸੱਟੇ ਵਾਲੇ ਪੁਲ ਦੀ ਸਲੈਬ ਪਾਈ ਗਈ ਹੈ, ਉਸ ਤੋਂ ਅੱਗੇ ਸਿੱਧੀ ਸਲੈਬ ਪਾਉਣ ਦੀ ਬਜਾਏ ਵਿਭਾਗ ਨੂੰ ਚਾਹੀਦਾ ਸੀ ਕਿ ਉਥੋਂ ਹੀ ਢਲਾਣ ਦਿੱਤੀ ਜਾਂਦੀ, ਪਰ ਵਿਭਾਗੀ ਅਧਿਕਾਰੀਆ ਵੱਲੋਂ ਇਸ ਤਰ੍ਹਾ ਸਲੈਬ ਪਾਉਣ ਨਾਲ ਜਿੱਥੇ ਸਰਕਾਰ ਦਾ ਆਰਥਕ ਨੁਕਸਾਨ ਹੋਇਆ ਹੈ, ਉਥੇ ਲੋਕਾਂ ਨੂੰ ਅਨੇਕਾਂ ਦਿੱਕਤਾਂ ਦਾ ਸਾਹਮਣਾ ਕਰਨਾ ਪਵੇਗਾ।ਉਧਰ ਲੋਕਾਂ ਦਾ ਕਹਿਣਾ ਹੈ ਕਿ ਕਾਹਲੇ ਕਦਮੀ ਅਤੇ ਬਗੈਰ ਤਕਨੀਕੀ ਗਿਆਨ ਤੋਂ ਕੀਤੇ ਜਾ ਰਹੇ ਪੁਲਾਂ ਦੇ ਕੰਮ ਕਾਰਨ ਜਿੱਥੇ ਲੋਕ ਪਹਿਲਾਂ ਹੀ ਖੱਜਲ ਖੁਆਰ ਹੋ ਰਹੇ ਹਨ, ਉਥੇ ਇਹ ਪੁਲ ਟੁੱਟਣ ਤੋਂ ਬਾਅਦ ਜਿਥੇ ਇਸ ਨੂੰ ਠੀਕ ਕਰਨ ਵਿੱਚ ਕਾਫੀ ਸਮਾਂ ਲੱਗੇਗਾ ਅਤੇ ਲੋਕਾਂ ਦੇ ਮੁਸ਼ਕਲਾਂ ਭਰੇ ਸਮੇਂ ਵਿੱਚ ਵਿਭਾਗੀ ਅਣਗਿਹਲੀ ਕਾਰਨ ਮੁੜ ਵਾਧਾ ਹੋਵੇਗਾ।ਲੋਕਾਂ ਦਾ ਕਹਿਣਾ ਹੈ ਕਿ ਪੁਲ ਦੇ ਲੇਟ ਚਾਲੂ ਹੋਣ ਕਾਰਨ ਲੋਕਾਂ ਨੂੰ ਹੋਣ ਵਾਲੀ ਖੱਜਲ ਖੁਆਰੀ ਦਾ ਜ਼ਿੰਮੇਕਾਰ ਕੌਣ ਹੋਵੇਗਾ ? ਇਨਸਾਫ਼ ਪਸੰਦ ਲੋਕਾਂ ਨੇ ਮਾਮਲੇ ਦੀ ਜਾਂਚ ਕਰਵਾ ਕੇ ਕਸੂਰਵਾਰਾਂ ਖਿਲਾਫ਼ ਕਾਰਵਾਈ ਕੀਤੇ ਜਾਣ ਦੀ ਮੰਗ ਕੀਤੀ ਹੈ।

# ਪ੍ਰਵੀਨ ਮਦਾਨ ਬਜਰੰਗ ਦਲ ਹਿੰਦੁਸਤਾਨ ਦੇ ਰਾਸ਼ਟਰੀ ਸੰਗਠਨ ਮੰਤਰੀ ਬਣੇ



**ਮਲੋਟ (ਗੁਰਮੀਤ ਸਿੰਘ ਮੱਕੜ)**-ਬਜਰੰਗ ਦਲ ਹਿੰਦੁਸਤਾਨ ਦੀ ਕੋਰ ਕਮੇਟੀ ਦੀ ਅਹਿਮ ਮੀਟਿੰਗ ਹੋਈ। ਇਸ ਦੌਰਾਨ ਕਮੇਟੀ ਮੈਂਬਰ ਕੁਲਦੀਪ ਸੋਨੀ, ਜੇ.ਕੇ ਚੱਕਰ, ਰਾਹੁਲ ਕੁਮਾਰ, ਵਿਸ਼ਾਲ ਬੱਬਰ ਅਤੇ ਸਮੂਹ ਕਮੇਟੀਆਂ ਦੇ ਮੈਂਬਰਾਂ ਦੀ ਹਾਜ਼ਰੀ ਵਿਚ ਆਨਲਾਈਨ ਮੀਟਿੰਗ ਵਿਚ ਕਈ ਅਹਿਮ ਫ਼ੈਸਲੇ ਲਏ ਗਏ ਅਤੇ ਕਿਹਾ ਕਿ ਬਜਰੰਗ ਦਲ ਹਿੰਦੁਸਤਾਨ ਆਉਣ ਵਾਲੇ ਸਮੇਂ ਵਿਚ ਭਾਰਤ ਵਿਚ ਬਹੁਤ ਵਧੀਆ ਕੰਮ ਕਰਨ ਜਾ ਰਿਹਾ ਹੈ। ਮੀਟਿੰਗ ਵਿੱਚ ਅਹਿਮ ਫ਼ੈਸਲਾ ਲੈਂਦੇ ਹੋਏ ਪ੍ਰਵੀਨ ਮਦਾਨ ਨੂੰ ਰਾਸ਼ਟਰੀ ਸੰਗਠਨ ਮੰਤਰੀ ਬਣਾਇਆ ਗਿਆ। ਇਸ ਦੌਰਾਨ ਕੁਲਦੀਪ ਸੋਨੀ ਕੌਮੀ ਜਰਨਲ ਸਕੱਤਰ ਦੇ ਵੱਲੋਂ ਪ੍ਰਵੀਨ ਮਦਾਨ ਨੂੰ ਨਿਯੁਕਤੀ ਪੱਤਰ ਸੌਂਪਿਆ ਗਿਆ। ਪ੍ਰਵੀਨ ਮਦਾਨ ਨੇ ਜਥੇਬੰਦੀ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਪਹਿਲਾਂ ਵਾਂਗ ਜਥੇਬੰਦੀ ਵਿਚ ਰਹਿ ਕੇ ਸਮਾਜ ਸੇਵਾ, ਗਊ ਰੱਖਿਆ ਅਤੇ ਆਪਣੇ ਧਰਮ ਦੀ ਹਮੇਸ਼ਾਂ ਰਾਖੀ ਕਰਨਗੇ। ਇਸ ਮੌਕੇ 'ਤੇ ਸੰਦੀਪ ਕੁਮਾਰ, ਡਾ. ਰਾਜਿੰਦਰ ਬਾਂਸਲ, ਰਾਹੁਲ ਕੁਮਾਰ ਤੇ ਸੰਸਥਾ ਦੇ ਮੈਂਬਰ ਆਦਿ ਹਾਜ਼ਰ ਸਨ।

# ਪਾਰਟੀ ਮੌਕਾ ਦਿੰਦੀ ਹੈ ਤਾਂ ਸਿਰਸਾ ਮੇਰੀ ਪਹਿਲੀ ਪਸੰਦ : ਦੁੱਗਲ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਜਿਵੇਂ-ਜਿਵੇਂ ਲੋਕ ਸਭਾ ਚੋਣਾਂ ਨੇੜੇ ਆ ਰਹੀਆਂ ਹਨ, ਸਭ ਸਿਆਸੀ ਪਾਰਟੀਆਂ ਨੇ ਆਪਣੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ।ਅਜਿਹੇ 'ਚ ਆਮ ਆਦਮੀ ਪਾਰਟੀ ਅਤੇ ਕਾਂਗਰਸ ਨੇ ਗਠਜੋੜ ਨੂੰ ਲੈ ਕੇ ਸੀਟਾਂ ਦੀ ਵੰਡ ਦੀ ਤਸਵੀਰ ਸਪੱਸ਼ਟ ਕਰ ਦਿੱਤੀ ਹੈ।ਹਰਿਆਣਾ ਦੀਆਂ 10 ਲੋਕ ਸਭਾ ਸੀਟਾਂ ਲਈ 9-1 ਦੇ ਫਾਰਮੂਲੇ ਤੇ ਸਹਿਮਤੀ ਬਣ ਗਈ ਹੈ। ਇਸਦੇ ਨਾਲ ਹੀ ਭਾਰਤੀ ਜਨਤਾ ਪਾਰਟੀ ਦੇ ਆਗੂ ਅਤੇ ਭਾਜਪਾ ਦੀ ਸੰਸਦ ਮੈਂਬਰ ਸੁਨੀਤਾ ਦੁੱਗਲ ਨੇ ਕਿਹਾ ਕਿ ਭਾਰਤ ਗੱਠਜੋੜ ਦਾ ਕੋਈ ਵੀ ਤਰਕ ਨਹੀਂ ਹੈ।ਉਸਦੇ ਸਾਥੀ ਇਕ-ਇਕ ਕਰਕੇ ਗਠਜੋੜ ਛੱਡ ਕੇ ਭੱਜ ਗਏ ਹਨ।ਮੈਡਮ ਦੁੱਗਲ ਨੇ ਕਿਹਾ ਕਿ ਹੁਣ ਤੱਕ ਦੋਵਾਂ ਪਾਰਟੀਆਂ ਦਾ ਕੋਈ ਵੀ ਆਗੂ ਅੱਗੇ ਆ ਕੇ ਇਹ ਨਹੀਂ ਕਹਿ ਸਕਦਾ ਕਿ ਉਹ ਕਿਹੜੀ ਲੋਕ ਸਭਾ ਸੀਟ ਤੋਂ ਚੋਣ ਲੜੇਗਾ। ਉਨ੍ਹਾਂ ਕਿਹਾ ਕਿ ਕਾਂਗਰਸ ਕੋਲ ਪਿਛਲੇ 10 ਸਾਲਾਂ ਵਿੱਚ ਕੋਈ ਸੰਗਠਨ ਨਹੀਂ ਹੈ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਸ਼ੋਕ ਤੰਵਰ ਸਾਡੀ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ।ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੇ ਸੰਗਠਨ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਆਉਣ ਵਾਲੀਆਂ ਚੋਣਾਂ 'ਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣੇਗੀ।ਉਨ੍ਹਾਂ ਦੇ ਸਿਰਸਾ ਤੋਂ ਚੋਣ ਲੜਨ ਦੇ ਸਵਾਲ 'ਤੇ ਉਨ੍ਹਾਂ ਕਿਹਾ ਕਿ ਜੇਕਰ ਪਾਰਟੀ ਉਨ੍ਹਾਂ ਨੂੰ ਮੌਕਾ ਦਿੰਦੀ ਹੈ ਤਾਂ ਉਹ ਯਕੀਨੀ ਤੌਰ 'ਤੇ ਸਿਰਸਾ ਤੋਂ ਲੋਕ ਸਭਾ ਚੋਣ ਲੜਨਾ ਪਸੰਦ ਕਰਨਗੇ।

# ਐੱਸ ਜੀ ਪੀ ਸੀ ਚੋਣਾਂ ਦੀ ਰਜਿਸਟ੍ਰੇਸ਼ਨ ਦੀ ਆਖਰੀ ਤਰੀਕ ਅੱਜ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਐਸ.ਜੀ.ਪੀ.ਸੀ.ਚੋਣਾਂ ਤਹਿਤ ਵੋਟਾਂ ਦੀ ਰਜਿਸਟ੍ਰੇਸ਼ਨ ਕਰਾਉਣ ਦੀ ਅੰਤਿਮ ਮਿਤੀ 29 ਫਰਵਰੀ ਹੈ। ਜਿਨ੍ਹਾਂ ਵਿਅਕਤੀਆਂ ਨੇ ਹਾਲੇ ਤੱਕ ਰਜਿਸਟ੍ਰੇਸ਼ਨ ਨਹੀਂ ਕਰਵਾਈ ਉਹ ਆਪਣੀ ਰਜਿਸਟਰੇਸ਼ਨ ਸਮਾਂ ਰਹਿੰਦੇ ਜਲਦ ਤੋਂ ਜਲਦ ਕਰਾ ਲੈਣ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਕੀਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਐਸ.ਜੀ.ਪੀ.ਸੀ.ਚੋਣਾਂ ਦੀ ਵੋਟਰ ਰਜਿਸਟ੍ਰੇਸ਼ਨ ਲਈ ਵਿਅਕਤੀ ਕੇਸਧਾਰੀ ਸਿੱਖ ਹੋਣਾ ਚਾਹੀਦਾ ਹੈ, ਜੋ ਵਿਅਕਤੀ ਆਪਣੀ ਦਾੜ੍ਹੀ ਕਟਵਾਉਂਦਾ ਹੈ ਜਾਂ ਸ਼ੇਵ ਕਰਦਾ, ਬੀੜੀ/ਸਿਗਰਟ ਜਾਂ ਸ਼ਰਾਬ ਪੀਂਦਾ ਹੈ ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰ ਨਹੀਂ ਕਰਵਾ ਸਕਦਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਦਿਹਾਤੀ ਖੇਤਰ ਦੇ ਵੋਟਰ ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰਡ ਕਰਨ ਲਈ ਫਾਰਮ ਪਟਵਾਰੀਆਂ ਪਾਸ ਜਮ੍ਹਾਂ ਕਰਾ ਸਕਦੇ ਹਨ ਅਤੇ ਸ਼ਹਿਰੀ ਖੇਤਰ ਵਿੱਚ ਨਗਰ ਕੌਂਸਲ ਜਾਂ ਸਥਾਨਕ ਅਥਾਰਟੀ ਦੇ ਕ੍ਰਮਚਾਰੀ, ਜਿਨ੍ਹਾਂ ਨੂੰ ਸਬੰਧਿਤ ਖੇਤਰ ਦੀ ਸੋਧ ਅਥਾਰਟੀ ਵੱਲੋਂ ਨਾਮਜ਼ਦ ਕੀਤਾ ਗਿਆ ਹੈ, ਪਾਸ ਫਾਰਮ ਜਮ੍ਹਾ ਕਰਾ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਐਸ.ਜੀ.ਪੀ.ਸੀ. ਚੋਣ ਪ੍ਰਕਿਰਿਆ ਸਬੰਧੀ ਵੋਟਰ ਸੂਚੀਆਂ ਦੀ ਤਿਆਰੀ ਅਤੇ ਛਪਾਈ ਦਾ ਕੰਮ 01 ਮਾਰਚ ਤੋਂ 20 ਮਾਰਚ ਤੱਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 21 ਮਾਰਚ ਨੂੰ ਮੁੱਢਲੀ ਈ-ਰੋਲ ਪ੍ਰਕਾਸ਼ਿਤ ਕੀਤੀ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ 11 ਅਪ੍ਰੈਲ 2024 ਤੱਕ ਦਾਅਵੇ ਅਤੇ ਇਤਰਾਜ਼ ਜਮ੍ਹਾ ਕਰਾਏ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ 3 ਮਈ ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ।

# ਖਨੌਰੀ ਬਾਰਡਰ ਧਰਨੇ 'ਤੇ ਬੈਠੇ ਇੱਕ ਹੋਰ ਕਿਸਾਨ ਦੀ ਮੌਤ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਦੀ ਅਗਵਾਈ ਵਿੱਚ ਚੱਲ ਰਹੇ ਧਰਨੇ 'ਤੇ ਇੱਕ ਹੋਰ ਕਿਸਾਨ ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਹੈ। ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਬਲਾਕ ਦੇ ਜਨਰਲ ਸਕੱਤਰ ਕੁਲਵੰਤ ਸਿੰਘ ਸ਼ੇਰਗੜ੍ਹ ਨੇ ਦੱਸਿਆ ਕਿ ਇਕਾਈ ਅਰਨੋ ਖੁਰਦ ਤਹਿਸੀਲ ਪਾਤੜਾਂ ਦੇ 64 ਸਾਲਾ ਜਨਰਲ ਸਕੱਤਰ ਕਰਨੈਲ ਸਿੰਘ 13 ਫਰਵਰੀ ਤੋਂ ਹੀ ਖਨੌਰੀ ਬਾਰਡਰ 'ਤੇ ਆਪਣੀ ਡਿਊਟੀ ਨਿਭਾਅ ਰਹੇ ਸਨ। ਇਸ ਦੌਰਾਨ ਉਸ ਨੂੰ ਸਾਹ ਲੈਣ ਵਿੱਚ ਦਿੱਕਤ ਹੋਈ ਤਾਂ ਉਨ੍ਹਾਂ ਨੂੰ ਪਾਤੜਾਂ ਦੇ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਾਇਆ ਗਿਆ ਅਤੇ ਬਾਅਦ ਵਿੱਚ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਰੈਫਰ ਕੀਤਾ ਗਿਆ। ਰਾਤ ਵੇਲੇ ਹਾਲਤ ਵਿੱਚ ਕੁੱਝ ਸੁਧਾਰ ਸੀ। ਸਵੇਰ 3 ਵਜੇ ਦੇ ਕਰੀਬ ਦੁਬਾਰਾ ਤਕਲੀਫ ਹੋਈ ਤਾਂ ਡਾਕਟਰਾਂ ਨੂੰ ਬੁਲਾਇਆ ਗਿਆ, ਪ੍ਰੰਤੂ ਉਨ੍ਹਾਂ ਦੀ ਮੌਤ ਹੋ ਗਈ।

# ਸ਼ਿਵ ਮੰਦਰ ਕਾਵੜ ਸੰਘ ਦੀ ਮੀਟਿੰਗ

**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)**-ਸ਼੍ਰੀ ਮਹਾਦੇਵ ਜੀ ਸ਼ਿਵ ਮੰਦਰ ਘਾਬਦਾਂ ਵਿਖੇ ਕਾਵੜ ਸੰਘ ਦੀ ਮੀਟਿੰਗ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸ਼ਿਵ ਮਹਾਂਦੇਵ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰੀ ਧਰਮਿੰਦਰ ਕੁਮਾਰ ਨੇ ਦੱਸਿਆ ਕਿ ਇਸ ਵਾਰ ਘਾਬਦਾਂ ਨਗਰ ਤੋਂ ਸ਼੍ਰੀ ਹਰਿਦੁਆਰ ਡਾਕ ਕਾਵੜ ਲਿਆਉਣ ਲਈ ਵਿਚਾਰ ਵਟਾਂਦਰਾ ਕੀਤਾ ਪ੍ਰਧਾਨ ਨੇ ਕਿਹਾ ਕੇ ਅਨੁਸ਼ਾਸਨ ਵਿੱਚ ਰਹਿ ਕੇ ਸਨਾਤਨ ਧਰਮ ਦੀ ਪਾਲਣਾ ਕਰਦੇ ਹੋਏ ਮਰਿਆਦਾ ਪੂਰਵਕ ਕਾਬੜ ਸ਼ਿਵ ਮੰਦਰ ਘਾਬਦਾਂ ਵਿਖੇ ਚੜ੍ਹਾਉਣ ਸਬੰਧੀ ਗੱਲਬਾਤ ਕਰੀ। ਨਾਲ ਹੀ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਕਾਵੜ ਯਾਤਰਾ ਨੂੰ ਮਰਿਆਦਾ ਅਤੇ ਸ਼ਰਧਾ ਨਾਲ ਬਿਨਾਂ ਭੇਦ ਭਾਵ ਦੇ ਪੂਰੀ ਕੀਤੀ ਜਾਵੇ। ਨਾਲ ਹੀ ਦੱਸਿਆ ਕਿ 4 ਮਾਰਚ ਨੂੰ ਘਾਬਦਾਂ ਤੋਂ ਸ਼੍ਰੀ ਹਰਿਦੁਆਰ ਲਈ ਰਵਾਨਾ ਹੋਵਾਂਗੇ। ਹਰਿਦੁਆਰ ਤੋਂ ਵਾਪਸੀ 8 ਮਾਰਚ ਨੂੰ ਸਵੇਰੇ ਪ੍ਰਭੂ ਸ਼ਿਵ ਦੀ ਇੱਛਾ ਅਨੁਸਾਰ ਹੋਵੇਗੀ। ਇਸ ਮੌਕੇ ਇਕੱਠੇ ਹੋਏ ਸੇਵਾਦਰ ਖੇਮ ਰਾਜ, ਹਰਵਿੰਦਰ ਹੈਪੀ, ਰਾਕੇਸ਼ ਕਾਲਾ, ਮਨਦੀਪ ਸ਼ਰਮਾ ਤੇ ਸੰਦੀਪ ਕੁਮਾਰ ਕਾਲਾ, ਬਲਦੀਪ ਸ਼ਰਮਾ ਬਾਬੂ, ਰਾਕੇਸ਼ ਕੁਮਾਰ ਰਾਜੂ, ਧਰਮਿੰਦਰ ਕੁਮਾਰ (ਰਮਨ), ਤਰਨੀ ਭਗਤ ਧਨੇਠਾ, ਅਰਮਾਨ ਸ਼ਰਮਾ, ਅਕਾਸ਼ ਬਾਵਾ, ਮੇਘ ਰਾਜ, ਪ੍ਰਿੰਸ ਸ਼ਰਮਾ, ਬੰਟੀ ਸ਼ਰਮਾ, ਸਤਪਾਲ ਭਗਤ, ਸੁਰਿੰਦਰ ਸ਼ਰਮਾ ਕਾਲਾ, ਕੇਸ਼ਵ ਸ਼ਰਮਾ, ਰਾਜ ਕੁਮਾਰ ਨਰਿੰਦਰ ਕੁਮਾਰ ਤੇ ਦਵਿੰਦਰ ਕੁਮਾਰ ਸ਼ਿੰਦਾ ਆਦਿ ਹਾਜ਼ਰ ਹੋਏ।

# ਨਵ-ਨਿਯੁਕਤ ਜੱਜ ਨੇ ਗੁਰੂ ਘਰ ਪਹੁੰਚ ਕੇ ਕੀਤਾ ਸ਼ੁਕਰਾਨਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੰਚਾਇਤ ਰਾਜ ਵਿਭਾਗ ਵਿਚ ਐੱਸ.ਡੀ.ਓ. ਦੀਆਂ ਸੇਵਾਵਾਂ ਨਿਭਾਅ ਰਹੇ ਜਸਵੰਤ ਸਿੰਘ ਦੀ ਲੜਕੀ ਪ੍ਰਭਜੋਤ ਕੌਰ, ਜੋ ਪੀ.ਸੀ.ਐੱਸ. ਦਾ ਇਮਤਿਹਾਨ ਪਾਸ ਕਰਕੇ ਜੱਜ ਨਿਯੁਕਤ ਹੋਈ ਹੈ, ਨੇ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਗੁਰੂ ਦਾ ਸ਼ੁਕਰਾਨਾ ਕੀਤਾ। ਬਾਅਦ ਵਿੱਚ ਉਨ੍ਹਾਂ ਦੇ ਪਿਤਾ ਜਸਵੰਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਜੱਦੀ ਪਿੰਡ ਸਮਰਾਲਾ ਨੇੜੇ ਪਪੜੌਦੀ ਹੈ, ਜਦਕਿ ਉਹ ਲੰਮੇ ਸਮੇਂ ਤੋਂ ਪੰਚਾਇਤ ਰਾਜ ਵਿਭਾਗ ਮਾਛੀਵਾੜਾ ਵਿਖੇ ਲੰਮਾ ਸਮਾਂ ਜੇ.ਈ. ਦੀਆਂ ਸੇਵਾਵਾਂ ਨਿਭਾਅ ਚੁੱਕੇ ਹਨ ਤੇ ਹੁਣ ਉਹ ਐੱਸ.ਡੀ.ਓ. ਬਣ ਕੇ ਨਵਾਂਸ਼ਹਿਰ ਵਿਖੇ ਕੰਮ ਕਰ ਰਹੇ ਹਨ। ਉਨ੍ਹਾਂ ਆਪਣੀ ਨਵ-ਨਿਯੁਕਤ ਜੱਜ ਲੜਕੀ ਬਾਰੇ ਦੱਸਿਆ ਕਿ ਬੇਟੀ ਪ੍ਰਭਜੋਤ ਕੌਰ ਪਹਿਲਾਂ ਤੋਂ ਹੀ ਪੜ੍ਹਾਈ ਵਿੱਚ ਹੁਸ਼ਿਆਰ ਸੀ, ਜਿਸ ਨੇ ਮੁੱਢਲੀ ਵਿੱਦਿਆ ਅਕਾਲ ਅਕੈਡਮੀ, ਢੀਂਡਸਾ ਤੇ ਕ੍ਰਿਪਾਲ ਸਾਗਰ ਅਕੈਡਮੀ, ਰਾਹੋਂ ਤੋਂ ਪ੍ਰਾਪਤ ਕੀਤੀ, ਜਦਕਿ ਉੱਚ ਵਿੱਦਿਆ ਬੀ.ਏ, ਐੱਲ.ਐੱਲ.ਬੀ. ਰਾਜੀਵ ਗਾਂਧੀ ਨੈਸ਼ਨਲ ਲਾਅ ਯੂਨੀਵਰਸਿਟੀ ਪਟਿਆਲਾ ਤੋਂ ਕੀਤੀ। ਬਾਅਦ ਵਿੱਚ ਉਸਨੇ ਪੀ.ਸੀ.ਐੱਸ. ਦੀ ਉੱਚ ਵਿਦਿਆ ਲਈ ਇਮਤਿਹਾਨ ਦਿੱਤਾ, ਜਿਸ ਵਿਚ ਉਹ ਚੰਗੇ ਅੰਕ ਲੈ ਕੇ ਪਾਸ ਹੋਈ, ਜਿਸ ਨੂੰ ਸਰਕਾਰ ਵਲੋਂ ਜੱਜ ਨਿਯੁਕਤ ਕੀਤਾ ਗਿਆ ਹੈ। ਬਾਅਦ ਵਿੱਚ ਪ੍ਰਭਜੋਤ ਕੌਰ ਨੇ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ। ਉਹ ਇੱਥੇ ਗੁਰੂ ਘਰ ਪਹੁੰਚ ਕੇ ਗੁਰੂ ਦਾ ਸ਼ੁਕਰਾਨਾ ਕਰਨ ਆਏ ਹਨ।

# ਅਭਿਆਨ ਫਾਊਂਡੇਸ਼ਨ ਵੱਲੋਂ ਔਰਤਾਂ ਦੇ ਆਰਥਕ ਸਸ਼ਕਤੀਕਰਨ ਨੂੰ ਉਤਸ਼ਾਹਤ ਕਰਨ ਦੀ ਪਹਿਲਕਦਮੀ



**ਸੰਗਰੂਰ (ਪ੍ਰਵੀਨ ਸਿੰਘ)**-ਅਭਿਆਨ ਫਾਊਂਡੇਸ਼ਨ ਨੇ ਸੰਗਰੂਰ ਜ਼ਿਲ੍ਹੇ ਵਿੱਚ ਔਰਤਾਂ ਵਿੱਚ ਆਰਥਕ ਸ਼ਕਤੀਕਰਨ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਇੱਕ ਮਹੱਤਵਪੂਰਨ ਯਤਨ ਸ਼ੁਰੂ ਕੀਤਾ ਹੈ। ਸਮਾਜਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਸਹਿਯੋਗ ਨਾਲ, ਅਭਿਆਨ ਫਾਊਂਡੇਸ਼ਨ ਨੇ ਸੰਗਰੂਰ ਜ਼ਿਲ੍ਹੇ ਦੇ ਪਿੰਡ ਬਡਰੁੱਖਾਂ ਵਿੱਚ ਸਿਲਾਈ ਅਤੇ ਟੇਲਰਿੰਗ ਪ੍ਰੋਜੈਕਟ ਸ਼ੁਰੂ ਕੀਤਾ ਸੀ ਜਿੱਥੇ ਤਕਰੀਬਨ 80 ਔਰਤਾਂ ਨੂੰ ਪਹਿਲਕਦਮੀ ਵਿੱਚ ਦੋ ਬੈਚਾਂ ਲਗਾ ਕੇ ਸਿਲਾਈ ਦੀ ਸਿਖਲਾਈ ਦਿੱਤੀ ਗਈ ਸੀ। ਇਸ ਤੋਂ ਇਲਾਵਾ ਇਨ੍ਹਾਂ ਸਿਖਲਾਈ ਸੈਸ਼ਨਾਂ ਦੇ ਬਾਅਦ, ਅਭਿਆਨ ਫਾਊਂਡੇਸ਼ਨ ਹੁਨਰਮੰਦ ਮਹਿਲਾਵਾਂ ਦੇ ਸੈਲਫ਼ ਹੈਲਪ ਗਰੁੱਪ ਬਣਾ ਕੇ ਉਨ੍ਹਾਂ ਦੇ ਆਰਥਕ ਸਸ਼ਕਤੀਕਰਨ ਦੀ ਪਹਿਲ ਕਦਮੀ ਕੀਤੀ ਗਈ ਸੀ। ਸਿਖਲਾਈ ਪ੍ਰੋਗਰਾਮ ਨੂੰ ਸਫਲਤਾਪੂਰਵਕ ਪੂਰਾ ਕਰਨ 'ਤੇ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਸੌਰਵ ਬਾਂਸਲ ਨੇ ਭਾਗ ਲੈਣ ਵਾਲੀਆਂ ਔਰਤਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਅਭਿਆਨ ਫਾਊਂਡੇਸ਼ਨ ਨੇ ਹੁਨਰਮੰਦ ਔਰਤਾਂ ਨੂੰ ਉਨ੍ਹਾਂ ਦੇ ਆਰਥਕ ਸਸ਼ਕਤੀਕਰਨ ਲਈ ਸਰਕਾਰੀ ਸਕੂਲ ਦੀਆਂ ਵਰਦੀਆਂ ਦੀ ਸਿਲਾਈ ਲਈ ਕੰਮ ਵੀ ਦਿਵਾਇਗੀ। ਇਸ ਮੌਕੇ ਅਭਿਆਨ ਫਾਊਂਡੇਸ਼ਨ ਦੇ ਸੁਪਰਵਾਈਜ਼ਰ ਰਣਯੋਧਵੀਰ ਸਿੰਘ ਅਤੇ ਟਰੇਨਰ ਗੁਰਮੀਤ ਕੌਰ ਨੇ ਹਾਜ਼ਰੀ ਭਰੀ।

# ਪਰਵਾਰਕ ਮਿਲਣੀ ਆਪਸੀ ਭਾਈਚਾਰਕ ਸਾਂਝ ਲਈ ਲਾਭਦਾਇਕ : ਅਰਜਿੰਦਰ ਸਿੰਘ




**ਸੰਗਰੂਰ (ਪ੍ਰਵੀਨ ਸਿੰਘ)**

ਅਫ਼ਸਰ ਕਲੋਨੀ ਪਾਰਕ ਵਿਖੇ ਪਾਰਕ ਦੀ ਤੀਜੀ ਵਰ੍ਹੇ ਗੰਢ 'ਤੇ ਨਵੇਂ ਸਾਲ ਦੀ ਖੁਸ਼ੀ ਵਿੱਚ ਪਰਵਾਰਕ ਮਿਲਣੀ ਸਮਾਗਮ ਕੀਤਾ ਗਿਆ। ਇਸ ਦੇ ਮੁੱਖ ਮਹਿਮਾਨ ਪ੍ਰਿੰਸੀਪਲ ਅਰਜਿੰਦਰ ਸਿੰਘ ਸਨ। ਪਾਰਕ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਮਾਸਟਰ ਪਰਮ ਵੇਦ ਨੇ ਇਸ ਵਿੱਚ ਸ਼ਾਮਲ ਸਾਰਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਇਸ ਦਾ ਉਦੇਸ਼ ਭਾਈਚਾਰਕ ਸਾਂਝ ਨੂੰ ਪੱਕੀ ਕਰਨਾ, ਆਪਸੀ ਪ੍ਰੇਮ ਪਿਆਰ ਮਿਲਵਰਤਨ, ਸਹਿਯੋਗ ਤੇ ਪਾਰਕ ਪ੍ਰਤੀ ਲਗਾਅ ਵਧਾਉਣਾ ਹੈ। ਇਸ ਵਿੱਚ 100 ਦੇ ਲਗਭਗ ਪਰਵਾਰਾਂ ਨੇ ਭਾਗ ਲਿਆ। ਭਾਨਾ ਸਹਾਰਨਾ ਨੇ ਜਾਦੂ ਸ਼ੋਅ ਪੇਸ਼ ਕੀਤਾ। ਉਨ੍ਹਾਂ ਟਰਿੱਕਾਂ ਰਾਹੀਂ ਹਾਜ਼ਰੀਨ ਦਾ ਭਰਵਾਂ ਮਨੋਰੰਜਨ ਕੀਤਾ। ਮੁੱਖ ਮਹਿਮਾਨ ਪ੍ਰਿੰਸੀਪਲ ਅਰਜਿੰਦਰ ਸਿੰਘ ਨੇ ਪਰਵਾਰਕ ਮਿਲਣੀ 'ਤੇ ਪ੍ਰਬੰਧਕਾਂ ਦੀ ਸ਼ਲਾਘਾ ਕਰਦਿਆਂ ਇਸ ਨੂੰ ਆਪਸੀ ਮਿਲਵਰਤਨ ਤੇ ਭਾਈਚਾਰਕ ਸਾਂਝ ਲਈ ਅਤੀ ਲਾਭਦਾਇਕ ਦੱਸਿਆ। ਇਸ ਪਰਵਾਰਕ ਮਿਲਣੀ ਵਿੱਚ ਐਡਵੋਕੇਟ ਕੁਲਦੀਪ ਜੈਨ, ਐਡਵੋਕੇਟ ਰਵੀ, ਐਡਵੋਕੇਟ ਖੇਮ ਚੰਦ ਰਾਓ, ਐਡਵੋਕੇਟ ਹਰਿੰਦਰ ਸਿੰਘ ਜਹਾਂਗੀਰ, ਐਡਵੋਕੇਟ ਹਰਿੰਦਰ ਕੁਮਾਰ ਸਿੰਗਲਾ, ਐਡਵੋਕੇਟ ਹਿਤੇਸ਼ ਜਿੰਦਲ, ਕੁਲਦੀਪ ਜੋਸ਼ੀ, ਜੰਗ ਸਿੰਘ, ਪੁਲਸ ਇੰਸਪੈਕਟਰ ਤਰਸੇਮ ਰਾਮ, ਡਾਕਟਰ ਓਮ ਪ੍ਰਕਾਸ਼ ਖੰਗਵਾਲ, ਪੁਲਸ ਇੰਸਪੈਕਟਰ ਵਰਿੰਦਰ ਸ਼ਰਮਾ, ਕੌਰ ਸਿੰਘ ਸਰਾਂ ਸਰੀ ਆਦਿ ਪਰਵਾਰਾਂ ਨੇ ਸ਼ਮੂਲੀਅਤ ਕਰਕੇ ਆਪਣੇ ਪਰਵਾਰ ਬਾਰੇ ਜਾਣਕਾਰੀ ਦਿੱਤੀ। ਅਫ਼ਸਰ ਕਲੋਨੀ ਦੇ ਸਰਪੰਚ ਡਾਕਟਰ ਸੁਰਿੰਦਰ ਭਿੰਡਰ ਨੇ ਮਿਲਣੀ ਵਿੱਚ ਸ਼ਾਮਲ ਸਾਰਿਆਂ ਦਾ ਧੰਨਵਾਦ ਕਰਦਿਆਂ ਪਾਰਕ ਦੇ ਵਿਕਾਸ ਵਿੱਚ ਹਰ ਤਰ੍ਹਾਂ ਦਾ ਸਹਿਯੋਗ ਕਰਨ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਲੜਕੇ ਗੁਰਸ਼ੇਰ ਸਿੰਘ ਰਾਓ, ਜੋ ਅਲੀਗੜ੍ਹ ਮੁਸਲਿਮ ਯੂਨੀਵਰਸਿਟੀ ਯੂ ਪੀ ਵਿਖੇ ਹੁਣੇ ਹੋਈਆਂ ਸੀਨੀਅਰ ਨੈਸ਼ਨਲ ਖੇਡਾਂ ਵਿੱਚ ਸਕੇਟਿੰਗ ਹਾਕੀ ਵਿੱਚ ਬਰੌਂਜ ਮੈਡਲ ਜੇਤੂ ਨੂੰ ਸਨਮਾਨਤ ਕੀਤਾ ਗਿਆ। ਪਾਰਕ ਪ੍ਰਬੰਧਕ ਕਮੇਟੀ ਦੇ ਵਿੱਤ ਸਕੱਤਰ ਲੈਕਚਰਾਰ ਕਰਿਸ਼ਨ ਸਿੰਘ ਨੇ ਪਾਰਕ ਦੇ ਵਿਕਾਸ ਲਈ ਆਰਥਿਕ ਸਹਿਯੋਗ ਕਰਨ ਵਾਲੇ ਤੇ ਮਿਲਣੀ ਵਿੱਚ ਸ਼ਾਮਲ ਸਾਰੇ ਪਰਵਾਰਾਂ ਦਾ ਧੰਨਵਾਦ ਕੀਤਾ।

# ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ ਨਾਲ ਕੀਤਾ ਗਿਆ ਘੋਰ ਵਿਤਕਰਾ : ਲੱਧੜ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਭਾਜਪਾ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਐਸ.ਆਰ.ਲੱਧੜ ਨੇ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ ਨਾਲ ਕੀਤੇ ਗਏ ਘੋਰ ਵਿਤਕਰੇ 'ਤੇ ਭਗਵੰਤ ਮਾਨ ਸਰਕਾਰ ਨੂੰ ਕਰੜੇ ਹੱਥੀਂ ਲੈਂਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਨੇ 28 ਕਾਰਪੋਰੇਸ਼ਨਾਂ ਦੇ ਚੇਅਰਮੈਨ/ਵਾਈਸਚੇਅਰਮੈਨ/ਡਾਇਰੈਕਟਰ ਤੇ ਮੈਂਬਰ ਨਾਮਜ਼ਦ ਕੀਤੇ। ਇੱਕ ਵੀ ਕਾਰਪੋਰੇਸ਼ਨ ਵਿੱਚ ਪੰਜਾਬ ਦੀ 35% ਵਸੋਂ ਨੂੰ ਨੁਮਾਇੰਦਗੀ ਨਹੀਂ ਦਿੱਤੀ।ਸਫ਼ਾਈ ਕ੍ਰਮਚਾਰੀ ਕਮਿਸ਼ਨ ਨੂੰ ਛੱਡ ਕੇ 150 ਦੇ ਕਰੀਬ ਨਿਯੁਕਤੀਆਂ ਵਿੱਚ ਅਨੁਸੂਚਿਤ ਜਾਤੀਆਂ ਦੀ 35 ਪ੍ਰਤੀਸ਼ਤ ਵੱਸੋਂ ਨੂੰ ਠੇਂਗਾ ਦਿਖਾਇਆ ਗਿਆ। ਇੱਥੋਂ ਤੱਕ ਕਿ ਅਨੁਸੂਚਿਤ ਜਾਤੀ ਕਮਿਸ਼ਨ ਦਾ ਨਾ ਤਾਂ ਚੇਅਰਮੈਨ ਲਾਇਆ ਅਤੇ ਨਾ ਹੀ ਮੈਂਬਰਾਂ ਦੀ ਨੌਮੀਨੇਸ਼ਨ ਹੀ ਕੀਤੀ ਹੈ।ਮਾਨ ਸਰਕਾਰ ਅਨੁਸੂਚਿਤ ਜਾਤੀ ਲੋਕਾਂ ਨੂੰ ਨਫ਼ਰਤ ਕਰਦੀ ਹੈ ਇਹ ਸਾਫ਼ ਜ਼ਾਹਰ ਹੋ ਗਿਆ ਹੈ।ਪੇਂਡੂ ਵਿਕਾਸ ਮਹਿਕਮੇ ਵੱਲੋਂ ਜਾਰੀ ਇੱਕ ਤਿਹਾਈ ਜ਼ਮੀਨ ਦੀ ਬੋਲੀ ਸਬੰਧੀ ਮਾਨ ਸਰਕਾਰ ਨੇ ਮਾਰਚ 2022 ਵਿੱਚ ਆਉਂਦੇ ਸਾਰ ਦਲਿਤਾਂ ਖ਼ਿਲਾਫ਼ ਫੈਸਲਾ ਲਿਆ ਤੇ ਉਨ੍ਹਾਂ ਨੂੰ ਜ਼ਮੀਨ ਦਾ ਤੀਜਾ ਹਿੱਸਾ ਲੈਣ ਤੋਂ ਵਾਂਝਿਆਂ ਕਰਨ ਲਈ ਕਦਮ ਚੁੱਕਿਆ।ਸੱਤ ਰਾਜ ਸਭਾ ਮੈਂਬਰ ਨਾਮਜ਼ਦ ਕੀਤੇ ਪਰ ਐਸ ਸੀ ਕੋਈ ਨਹੀਂ ਕੀਤਾ।ਅਨੁਸੂਚਿਤ ਜਾਤੀ ਕਮਿਸ਼ਨ ਦੇ ਮੈਂਬਰ ਪੰਦਰਾਂ ਤੋਂ ਘਟਾ ਕੇ ਪੰਜ ਕਰ ਦਿੱਤੇ।158 ਲਾਅ ਅਫ਼ਸਰ ਰੱਖੇ, ਪਰ ਇੱਕ ਵੀ ਐਸ ਸੀ ਨਹੀਂ।ਜੱਜਾਂ ਦੀ ਭਰਤੀ 'ਤੇ 45% ਨੰਬਰਾਂ ਦੀ ਸ਼ਰਤ ਲਾਈ ਹੋਈ ਹੈ ਕਿ ਜੇਕਰ ਲਿਖਤੀ ਟੈਸਟ ਵਿੱਚ 45% ਤੋਂ ਨੰਬਰ ਘੱਟ ਆਏ ਤਾਂ ਇੰਟਰਵਿਊ ਲਈ ਨਹੀਂ ਬੁਲਾਇਆ ਜਾਵੇਗਾ।

ਐਸ. ਆਰ. ਲੱਧੜ ਨੇ ਕਿਹਾ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਗਡਵਾਸੂ ਵਿੱਚ ਇੱਕ ਜਾਤੀ ਦਾ ਰਾਜ ਚੱਲ ਰਿਹਾ ਹੈ ਤੇ ਅਨੁਸੂਚਿਤ ਜਾਤੀਆਂ ਲਈ ਰਾਖਵਾਂਕਰਣ ਜ਼ੀਰੋ ਹੈ, ਭਾਵੇਂ ਦੇਸ਼ ਦੀ ਹਰ ਯੂਨੀਵਰਸਿਟੀ ਰਾਖਵਾਂਕਰਣ ਦੇ ਰਹੀ ਹੈ, ਪਰ ਪੰਜਾਬ ਨਹੀਂ।ਪੰਜਾਬ ਵਿੱਚ ਸੰਵਿਧਾਨ ਦੀ 85ਵੀਂ ਸੋਧ ਲਾਗੂ ਨਹੀਂ ਹੈ, ਜਦੋਂ ਕਿ ਵਾਜਪਾਈ ਸਰਕਾਰ ਨੇ ਕੇਂਦਰ ਵਿੱਚ ਬੀਹ ਸਾਲ ਪਹਿਲਾਂ ਇਹ ਸੋਧ ਲਾਗੂ ਕਰ ਦਿੱਤੀ ਸੀ।ਕੀ ਇਹ ਬਾਬੇ ਨਾਨਕ ਦੀ ਵਿਚਾਰਧਾਰਾਵਾਲੀ ਸਰਕਾਰ ਹੈ? ਕੀ ਇਹ ਬਾਬਾ ਸਾਹਿਬ ਅੰਬੇਡਕਰ ਦੀ ਵਿਚਾਰਧਾਰਾ ਵਾਲੀ ਸਰਕਾਰ ਹੈ? ਕੇਜਰੀਵਾਲ ਤੇ ਭਗਵੰਤ ਮਾਨ ਜਾਤੀਵਾਦੀ ਮਾਨਸਿਕਤਾ ਤੋਂ ਬੁਰੀ ਤਰ੍ਹਾਂ ਗ੍ਰਸਤ ਹਨ।

# ਗੁਰੂ ਨਾਨਕ ਨੈਸ਼ਨਲ ਕਾਲਜ ਨੇ ਅਕਾਦਮਿਕ ਪ੍ਰਾਪਤੀਆਂ 'ਚ ਕੀਤਾ ਵਾਧਾ



**ਦੋਰਾਹਾ (ਪੱਤਰ ਪ੍ਰੇਰਕ)**-ਗੁਰੂ ਨਾਨਕ ਨੈਸ਼ਨਲ ਕਾਲਜ ਦੇ ਪੰਜਾਬੀ ਵਿਭਾਗ ਦੇ ਅਸਿਸਟੈਂਟ ਪ੍ਰੋਫ਼ੈਸਰ ਡਾ. ਗੁਰਪ੍ਰੀਤ ਸਿੰਘ ਨੇ ਪੀ-ਐੱਚ. ਡੀ ਦੀ ਡਿਗਰੀ ਹਾਸਿਲ ਕਰਦਿਆਂ ਕਾਲਜ ਦੀਆਂ ਅਕਾਦਮਿਕ ਪ੍ਰਾਪਤੀਆਂ ਵਿੱਚ ਵਾਧਾ ਕੀਤਾ ਹੈ। ਕਾਲਜ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਦੱਸਿਆ ਕਿ ਗੁਰੂ ਨਾਨਕ ਨੈਸ਼ਨਲ ਕਾਲਜ ਇਲਾਕੇ ਦੇ ਵਿਦਿਆਰਥੀਆਂ ਨੂੰ ਉੱਤਮ ਦਰਜੇ ਦੀ ਉਚੇਰੀ ਸਿੱਖਿਆ ਮੁਹੱਈਆ ਕਰਾਉਣ ਲਈ ਵਚਨਬੱਧ ਹੈ ਤੇ ਕਾਲਜ ਫੈਕਲਟੀ ਨਿਰੰਤਰ ਆਪਣੀਆਂ ਅਕਾਦਮਿਕ ਪ੍ਰਾਪਤੀਆਂ ਵਿੱਚ ਵਾਧਾ ਕਰਨ ਲਈ ਯਤਨਸ਼ੀਲ ਰਹਿੰਦੀ ਹੈ। ਇਨ੍ਹਾਂ ਯਤਨਾਂ ਤਹਿਤ ਹੀ ਪੰਜਾਬੀ ਵਿਭਾਗ ਵਿੱਚ ਬਤੌਰ ਅਸਿਸਟੈਂਟ ਪ੍ਰੋਫ਼ੈਸਰ ਸੇਵਾ ਨਿਭਾ ਰਹੇ ਡਾ. ਗੁਰਪ੍ਰੀਤ ਸਿੰਘ ਨੇ ਸਾਲ 2022 ਵਿੱਚ 'ਇੱਕੀਵੀਂ ਸਦੀ ਦੀ ਪੰਜਾਬੀ ਗ਼ਜ਼ਲ ਵਿੱਚ ਵਿਸ਼ਵ ਚੇਤਨਾ' ਵਿਸ਼ੇ ਉੱਤੇ ਡਾ. ਹਰਪ੍ਰੀਤ ਸਿੰਘ ਦੀ ਨਿਗਰਾਨੀ ਹੇਠ ਪੀ-ਐੱਚ. ਡੀ ਦੀ ਡਿਗਰੀ ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ, ਜਲੰਧਰ ਤੋਂ ਮੁਕੰਮਲ ਕੀਤੀ ਅਤੇ ਦੋ ਦਿਨ ਪਹਿਲਾਂ 25 ਫਰਵਰੀ ਨੂੰ ਡਾ. ਗੁਰਪ੍ਰੀਤ ਸਿੰਘ ਨੇ ਲਵਲੀ ਯੂਨੀਵਰਸਿਟੀ ਦੁਆਰਾ ਆਯਜਿਤ 11ਵੀਂ ਕਾਨਵੋਕੇਸ਼ਨ ਵਿੱਚ ਆਸਟ੍ਰੇਲੀਆ ਦੇ 28ਵੇਂ ਪ੍ਰਧਾਨ ਮੰਤਰੀ ਮਿਸਟਰ ਟੋਨੀ ਐਬਟ ਅਤੇ ਯੂਨੀਵਰਸਿਟੀ ਚਾਂਸਲਰ ਤੇ ਸੰਸਦ ਮੈਂਬਰ ਸ਼੍ਰੀ ਅਸ਼ੋਕ ਮਿੱਤਲ ਦੇ ਕਰਕਮਲਾਂ ਰਾਹੀਂ ਪੀ ਐੱਚ. ਡੀ ਦੀ ਡਿਗਰੀ ਪ੍ਰਾਪਤ ਕੀਤੀ।

# ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਸੂਬਾ ਸਰਕਾਰ ਯਤਨਸ਼ੀਲ : ਵਿਧਾਇਕ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਪਿੰਡ ਗੋਨਿਆਣਾ ਵਿਖੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਨੌਜਵਾਨਾਂ ਵੱਲੋਂ 6ਵਾਂ ਸ਼ਾਨਦਾਰ ਕ੍ਰਿਕਟ ਟੂਰਨਾਮੈਂਟ ਕਰਾਇਆ ਗਿਆ, ਜਿਸ ਵਿੱਚ ਪੰਜਾਬ ਤੋਂ ਇਲਾਵਾ ਰਾਜਸਥਾਨ ਅਤੇ ਹਰਿਆਣਾ ਤੋਂ ਵੀ ਟੀਮਾਂ ਨੇ ਭਾਗ ਲਿਆ।ਟੂਰਨਾਮੈਂਟ ਦੇ ਸਮਾਪਤੀ ਸਮਾਗਮ ਦੀ ਪ੍ਰਧਾਨਗੀ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਕੀਤੀ ਗਈ।ਟੂਰਨਾਮੈਂਟ ਦੇ ਸ਼ੁਰੂਆਤ ਵਿੱਚ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਖਿਡਾਰੀਆਂ ਨਾਲ ਜਾਣ ਪਛਾਣ ਕਰਨ ਉਪਰੰਤ ਆਪਣੇ ਸੰਬੋਧਨ ਵਿੱਚ ਆਖਿਆ ਕਿ ਸੂਬਾ ਸਰਕਾਰ ਵੀ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਪਿੰਡ ਪਿੰਡ ਵਿੱਚ ਗਰਾਊਂਡ ਬਣਵਾ ਰਹੀ ਹੈ, ਤਾਂ ਜੁ ਨੌਜਵਾਨਾਂ ਨੂੰ ਖੇਡਾਂ ਖੇਡਣ ਲਈ ਕੋਈ ਦਿੱਕਤ ਪੇਸ਼ ਨਾ ਆਵੇ।ਉਨ੍ਹਾਂ ਨੌਜਵਾਨਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਆਖਿਆ ਕਿ ਨੌਜਵਾਨ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਵੱਧ ਚੜ੍ਹ ਕੇ ਭਾਗ ਲੈਣ, ਕਿਉਂਕਿ ਜਿੱਥੇ ਪੜ੍ਹਾਈ ਦੇ ਨਾਲ ਮਾਨਸਿਕ ਵਿਕਾਸ ਹੁੰਦਾ ਹੈ, ਉੱਥੇ ਹੀ ਖੇਡਾਂ ਨਾਲ ਸਰੀਰਕ ਵਿਕਾਸ ਹੁੰਦਾ ਹੈ।ਉਨ੍ਹਾਂ ਆਪਣੇ ਵੱਲੋਂ 11 ਹਜ਼ਾਰ ਰੁਪਏ ਦੀ ਨਕਦ ਰਾਸ਼ੀ ਪ੍ਰਬੰਧਕੀ ਟੀਮ ਨੂੰ ਸੌਂਪੀ।ਹਰਮੇਲ ਸਿੰਘ, ਹਰਪ੍ਰੀਤ ਸਿੰਘ, ਸਾਬੂ ਢਿੱਲੋਂ, ਸਰਪੰਚ ਦੇਸਰਾਜ ਅਤੇ ਬੇਅੰਤ ਸਿੰਘ ਨੇ ਦੱਸਿਆ ਕਿ ਚਾਰ ਦਿਨ ਲਗਾਤਾਰ ਚੱਲੇ ਇਸ ਕ੍ਰਿਕਟ ਟੂਰਨਾਮੈਂਟ ਦੌਰਾਨ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕਰਦਿਆਂ 51000 ਰੁਪਏ ਅਤੇ ਟਰਾਫੀ ਤੇ ਆਪਣੇ ਕਬਜ਼ਾ ਜਮਾਇਆ, ਜਦਕਿ ਦੂਜਾ ਇਨਾਮ ਮੁਕਤਸਰ ਦੀ ਟੀਮ ਨੇ 31000 ਰੁਪਏ ਅਤੇ ਟਰਾਫ਼ੀ ਆਪਣੇ ਵੱਲ ਕੀਤੀ।ਇਸ ਤੋਂ ਇਲਾਵਾ ਤੀਜਾ ਇਨਾਮ ਪਿੰਡ ਗੋਨਿਆਣਾਂ ਦੀ ਟੀਮ ਅਤੇ ਚੌਥਾ ਇਨਾਮ ਗੰਗਾਨਗਰ ਦੀ ਟੀਮ ਨੇ ਪ੍ਰਾਪਤ ਕਰਦਿਆਂ 11000 ਸਮੇਤ ਟਰਾਫ਼ੀ 'ਤੇ ਆਪਣਾ ਹੱਕ ਜਮਾਇਆ।ਇਸ ਦੌਰਾਨ ਮੈਨ ਆਫ਼ ਦੀ ਸੀਰੀਜ ਹਿਰਨਾਵਾਲੀ ਤੋਂ ਖਿਡਾਰੀ ਮਨੂੰ ਨੂੰ ਘੋੜਾ ਦੇ ਕੇ ਸਨਮਾਨਤ ਕੀਤਾ ਗਿਆ।ਪ੍ਰਬੰਧਕੀ ਟੀਮ ਨੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

# ਸ੍ਰੀ ਹੇਮਕੁੰਟ ਇੰਟਰਨੈਸ਼ਨਲ ਸਕੂਲ ਨੇ ਸ਼ਾਨਦਾਰ ਭਾਰਤ ਦੇ ਥੀਮ ਨਾਲ ਕਰਾਇਆ ਸਲਾਨਾ ਸਮਾਰੋਹ



**ਕੋਟ ਈਸੇ ਖਾਂ (ਅਰੋੜਾ)**

ਸ਼੍ਰੀ ਹੇਮਕੁੰਟ ਇੰਟਰਨੈਸ਼ਨਲ ਸਕੂਲ, ਕੋਟ-ਈਸੇ-ਖਾਂ ਨੇ 26 ਫਰਵਰੀ ਨੂੰ ਸ਼ਾਨਦਾਰ ਭਾਰਤ ਦੇ ਥੀਮ ਦੇ ਨਾਲ ਆਪਣਾ ਦੂਜਾ ਸਲਾਨਾ ਸਮਾਰੋਹ ਸ਼ਾਨਦਾਰ ਜੋਸ਼ ਅਤੇ ਰੌਣਕ ਦੇ ਨਾਲ ਮਨਾਇਆ।ਇਸ ਮੌਕੇ ਮੁੱਖ ਮਹਿਮਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੈਲਾ ਦੇ ਪ੍ਰਿੰਸੀਪਲ ਸ੍ਰੀ ਵਿਨੋਦ ਸ਼ਰਮਾ ਨੇ ਸ਼ਮਾ ਰੌਸ਼ਨ ਕਰਕੇ ਪ੍ਰੋਗਰਾਮ ਦਾ ਉਦਘਾਟਨ ਕੀਤਾ।ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਮੈਨੇਜਿੰਗ ਡਾਇਰੈਕਟਰ ਸ੍ਰੀਮਤੀ ਰਣਜੀਤ ਕੌਰ ਸੰਧੂ ਤੇ ਪ੍ਰਿੰਸੀਪਲ ਸ੍ਰੀਮਤੀ ਸੋਨੀਆ ਸ਼ਰਮਾ ਨੇ ਦੇਵੀ ਸਰਸਵਤੀ ਦਾ ਆਸ਼ੀਰਵਾਦ ਲੈਣ ਲਈ ਸ਼ਮ੍ਹਾ ਰੌਸ਼ਨ ਕਰਕੇ ਸਮਾਗਮ ਦੀ ਸ਼ੁਰੂਆਤ ਕੀਤੀ।

ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਆਧੁਨਿਕ ਤੋਂ ਲੈ ਕੇ ਰਵਾਇਤੀ ਪੇਸ਼ਕਾਰੀਆਂ ਨਾਲ ਦਰਸ਼ਕਾਂ ਦਾ ਮਨੋਰੰਜਨ ਕੀਤਾ।ਸਕੂਲ ਦੇ ਕੋਆਇਰ ਗਰੁੱਪ ਵੱਲੋਂ ਸ਼ਬਦ ਗਾਇਨ ਦੀ ਰੂਹਾਨੀ ਪੇਸ਼ਕਾਰੀ ਨਾਲ ਸ਼ੁਰੂਆਤ ਕੀਤੀ ਗਈ।ਵਿਦਿਆਰਥੀਆਂ ਨੇ ਆਪਣੇ ਪ੍ਰਦਰਸ਼ਨ ਰਾਹੀਂ ਸਮਾਗਮ ਦੀ ਥੀਮ ਨੂੰ ਦਰਸਾਇਆ।

ਕਿੰਡਰਗਾਰਟਨ ਨੇ ਬ੍ਰਾਜ਼ੀਲ, ਦੱਖਣੀ ਅਫ਼ਰੀਕਾ ਦੇ ਲੋਕ ਨਾਚ ਦੁਆਰਾ ਪੱਛਮੀ ਸੱਭਿਆਚਾਰ ਨੂੰ ਦਿਖਾਇਆ। ਸੀਨੀਅਰ ਵਿਦਿਆਰਥੀਆਂ ਨੇ ਅਵਿਸ਼ਵਾਸਯੋਗ ਭਾਰਤ ਦੇ ਵਿਕਾਸ ਤੋਂ ਵਿਕਾਸ ਦੇ ਪੜਾਅ ਤੱਕ ਦਾ ਪ੍ਰਦਰਸ਼ਨ ਕੀਤਾ।ਮਹਿਲਾ ਸਸ਼ਕਤੀਕਰਨ ਨੂੰ ਝਾਂਸੀ ਕੀ ਰਾਣੀ ਦੁਆਰਾ, ਵੱਖ-ਵੱਖ ਧਰਮਾਂ ਦੀ ਧਾਰਮਿਕ ਇਕਸੁਰਤਾ ਨੂੰ ਦਰਸਾਉਂਦੀਆਂ ਪ੍ਰਦਰਸ਼ਨੀਆਂ ਨੇ ਸਭ ਨੂੰ ਮੋਹ ਲਿਆ।ਉਨ੍ਹਾਂ ਨੇ ਭਗਤ ਸਿੰਘ ਅਤੇ ਫੌਜੀ ਟੁਕੜੀ ਦਾ ਨਾਚ ਪੇਸ਼ ਕਰਕੇ ਦੇਸ਼ ਭਗਤੀ ਰਾਹੀਂ ਅਦੁੱਤੀ ਭਾਰਤ ਨੂੰ ਦਿਖਾਇਆ। ਸਾਡੇ ਵਿਦਿਆਰਥੀਆਂ ਨੇ ਵੱਖ-ਵੱਖ ਖੇਤਰਾਂ ਦੇ ਸੱਭਿਆਚਾਰਾਂ ਦੇ ਨਾਚ ਪੇਸ਼ ਕਰਕੇ ਅਨੇਕਤਾ ਵਿੱਚ ਏਕਤਾ ਦਾ ਸੁੰਦਰ ਸੰਦੇਸ਼ ਦਿੱਤਾ ਤੇ ਅਖੀਰ ਵਿੱਚ ਭੰਗੜੇ ਅਤੇ ਗਿੱਧੇ ਰਾਹੀਂ ਭਾਰਤ ਦੇ ਸਰਵੋਤਮ ਸੂਬੇ ਪੰਜਾਬ ਨੂੰ ਬੜੇ ਉਤਸ਼ਾਹ ਨਾਲ ਦਿਖਾਇਆ ਗਿਆ।ਪ੍ਰਿੰਸੀਪਲ ਨੇ ਸਾਲ 2022-23 ਦੀ ਸਲਾਨਾ ਰਿਪੋਰਟ ਪੇਸ਼ ਕਰਨ ਦਾ ਆਨੰਦ ਲਿਆ ਤੇ ਹੋਣਹਾਰ ਵਿਦਿਆਰਥੀਆਂ ਨੂੰ ਪ੍ਰਬੰਧਕੀ ਕਮੇਟੀ ਵੱਲੋਂ ਅਕਾਦਮਿਕ ਦੇ ਨਾਲ-ਨਾਲ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਉੱਤਮਤਾ ਲਈ ਪੁਰਸਕਾਰ ਦਿੱਤੇ ਗਏ।ਚੇਅਰਮੈਨ ਕੁਲਵੰਤ ਸਿੰਘ ਸੰਧੂ ਤੇ ਮੈਨੇਜਿੰਗ ਡਾਇਰੈਕਟਰ ਸ੍ਰੀਮਤੀ ਰਣਜੀਤ ਕੌਰ ਸੰਧੂ ਨੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਸ਼ਲਾਘਾ ਕੀਤੀ ਤੇ ਸਟਾਫ਼ ਮੈਂਬਰਾਂ ਵੱਲੋਂ ਵਿਦਿਆਰਥੀਆਂ ਵਿੱਚ ਮੁਕਾਬਲੇ ਦੀ ਭਾਵਨਾ ਪੈਦਾ ਕਰਨ ਲਈ ਕੀਤੇ ਜਾ ਰਹੇ ਅਣਥੱਕ ਯਤਨਾਂ ਦੀ ਵੀ ਸ਼ਲਾਘਾ ਕੀਤੀ।ਪ੍ਰੋਗਰਾਮ ਦਾ ਅੰਤ ਰਾਸ਼ਟਰੀ ਗੀਤ ਦੇ ਬਾਅਦ ਧੰਨਵਾਦ ਦੇ ਪ੍ਰਸਤਾਵ ਦੇ ਨਾਲ ਹੋਇਆ।ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਸਾਲਾਨਾ ਦਿਵਸ ਸਮਾਰੋਹ ਵਿੱਚ ਹਾਜ਼ਰ ਸਾਰਿਆਂ ਨੂੰ ਨਿੱਘੀ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਭਾਜਪਾ ਦਾ ਹਰ ਵਰਕਰ ਸੇਵਾ ਭਾਵਨਾ ਨਾਲ ਪਾਰਟੀ ਨਾਲ ਜੁੜਦਾ : ਐਡਵੋਕੇਟ ਅਕਸ਼ੈ ਜਨਾਲੀਆ



**ਸੁਨਾਮ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**-ਐਡਵੋਕੇਟ ਅਕਸੈ ਜਨਾਲੀਆ ਦੇ ਪੁਰਾਣੇ ਮਿੱਤਰ ਤੇ ਸਾਬਕਾ ਪ੍ਰਧਾਨ ਮੰਤਰੀ ਆਸਟ੍ਰੇਲੀਆ ਟੋਨੀ ਐਬਟ ਚੰਡੀਗੜ੍ਹ ਵਿਖੇ ਆਪਸ 'ਚ ਮਿਲੇ। ਇਸ ਮੌਕੇ ਐਡਵੋਕੇਟ ਅਕਸ਼ੈ ਜਨਾਲੀਆ ਨੇ ਕਿਹਾ ਕਿ ਆਸਟ੍ਰੇਲੀਆ ਦੇ 28ਵੇਂ ਪ੍ਰਧਾਨ ਮੰਤਰੀ ਟੋਨੀ ਐਵਰਟ ਬਹੁਤ ਹੀ ਵਧੀਆ ਅਤੇ ਨੇਕ ਦਿਲ ਇਨਸਾਨ ਹਨ। ਮੇਰੇ ਵੱਲੋਂ 2020 ਦੇ ਵਿੱਚ ਕਰੋਨਾ ਸਮੇਂ ਦੇ ਦੌਰਾਨ ਟੋਨੀ ਅਬੋਟ ਦੇ ਨਾਲ ਮਿਲ ਕੇ 2250 ਦੇ ਕਰੀਬ ਲੋਕਾਂ ਨੂੰ ਭਾਰਤ ਤੋਂ ਆਸਟਰੇਲੀਆ ਦੇ ਵਿੱਚ ਪੁਚਾਉਣ ਲਈ ਕੰਮ ਕੀਤਾ ਗਿਆ ਸੀ, ਜਿਸ ਵਿੱਚ ਸਭ ਤੋਂ ਵੱਧ ਪੰਜਾਬੀ ਵਿਅਕਤੀ ਸੀ। ਉਨ੍ਹਾਂ ਕਿਹਾ ਕਿ ਬੀਜੇਪੀ ਦਾ ਹਰ ਵਰਕਰ ਪਾਰਟੀ ਨਾਲ ਸੇਵਾ ਭਾਵਨਾ ਨਾਲ ਜੁੜਦਾ ਹੈ ਅਤੇ ਸਮਾਜ ਦੀ ਸੇਵਾ ਕਰਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਉਹ ਆਸਟ੍ਰੇਲੀਆ ਵਿੱਚ ਦੋ ਮਹੀਨੇ ਲਈ ਗਏ ਸੀ ਤਾਂ 2000 ਤੋਂ ਵੱਧ ਲੋਕਾਂ ਨੂੰ ਮਿਲੇ ਸੀ, ਜਿਸ ਵਿੱਚ ਟੋਨੀ ਜੀ ਨਾਲ ਮਿਲ ਕੇ ਉਨ੍ਹਾਂ ਨੇ ਸਮਾਜ ਸੇਵਾ ਦੇ ਹੋਰ ਕੰਮਾਂ ਨੂੰ ਅੱਗੇ ਵਧਾਉਣ ਲਈ ਵਿਚਾਰ ਚਰਚਾ ਕੀਤੀ ਹੈ ਅਤੇ ਸਾਬਕਾ ਪ੍ਰਧਾਨ ਮੰਤਰੀ ਜੀ ਵੱਲੋਂ ਭਾਜਪਾ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਵਿਸੇਸ ਤੌਰ 'ਤੇ ਸਲਾਘਾ ਕੀਤੀ। ਸਾਬਕਾ ਪ੍ਰਧਾਨ ਮੰਤਰੀ ਨੇ ਕਿਹਾ ਕਿ ਐਡਵੋਕੇਟ ਅਕਸ਼ੈ ਜਨਾਲੀਆ ਨੇ ਕਰੋਨਾ ਸਮੇਂ ਦੇ ਦੌਰਾਨ ਲੋਕਾਂ ਦੀ ਕਾਫੀ ਮਦਦ ਕੀਤੀ, ਜਿਸ ਨੂੰ ਲੈ ਕੇ ਉਹ ਉਸ ਤੋਂ ਪ੍ਰਭਾਵਤ ਹਨ। ਇਸ ਮੌਕੇ ਉਥੇ ਐਡਵੋਕੇਟ ਅਕਸ਼ੈ ਜਨਾਲੀਏ ਦੇ ਭਰਾ ਮਯੰਕ ਬਾਂਸਲ ਵੀ ਮੌਜੂਦ ਸਨ।

# ਫਾਇਰ ਬ੍ਰਿਗੇਡ ਦੀ ਗੱਡੀ ਨੂੰ ਲੈ ਕੇ ਕਿਸਾਨਾਂ ਨੇ ਦਿੱਤਾ ਧਰਨਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਨਗਰ ਕੌਂਸਲ ਡੇਰਾ ਬਾਬਾ ਨਾਨਕ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀ ਫਾਇਰ ਬ੍ਰਿਗੇਡ ਦੀ ਗੱਡੀ ਨੂੰ ਡੇਰਾ ਬਾਬਾ ਨਾਨਕ ਵਿਖੇ ਰੱਖਣ ਅਤੇ ਬਟਾਲਾ ਨਾ ਜਾਣ ਦੇਣ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲਾ ਅਤੇ ਸਥਾਨਕ ਲੋਕਾਂ ਵੱਲੋਂ ਗੱਡੀ ਅੱਗੇ ਧਰਨਾ ਦਿੱਤਾ ਗਿਆ ਅਤੇ ਇਸ ਗੱਡੀ ਨੂੰ ਡੇਰਾ ਬਾਬਾ ਨਾਨਕ ਵਿਖੇ ਹੀ ਰੱਖਣ ਲਈ ਐਸ ਡੀ ਐਮ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਡੇਰਾ ਬਾਬਾ ਨਾਨਕ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ ਤੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲਾ ਦੇ ਬਲਾਕ ਪ੍ਰਧਾਨ ਸੁਖਦੇਵ ਸਿੰਘ ਤਪਾਲਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਸਮਾਗਮਾਂ ਮੌਕੇ 2019 ਵਿੱਚ ਸਥਾਨਕ ਲੋਕਾਂ ਦੀ ਮੰਗ 'ਤੇ ਡੇਰਾ ਬਾਬਾ ਨਾਨਕ ਨਗਰ ਕੌਂਸਲ ਨੂੰ ਫਾਇਰ ਬ੍ਰਿਗੇਡ ਦੀ ਗੱਡੀ ਮੁਹੱਇਆਂ ਕਰਵਾਈ ਗਈ ਸੀ ਅਤੇ ਇਸ ਸੰਬੰਧੀ 14 ਮੈਬਰਾਂ ਦਾ ਸਟਾਫ ਵੀ ਭਰਤੀ ਕੀਤਾ ਗਿਆ ਸੀ , ਪਰ ਨਗਰ ਕੌਂਸਲ ਵੱਲੋਂ ਪਿਛਲੇ 22 ਮਹੀਨਿਆਂ ਤੋਂ ਨਾ ਤਾਂ ਸਟਾਫ ਨੂੰ ਤਨਖਾਹਾਂ ਦਿੱਤੀਆਂ ਸਗੋਂ ਅੱਜ ਇਸ ਦੇ ਉਲਟ ਕਾਰਜ ਸਾਧਕ ਅਫਸਰ ਵੱਲੋਂ ਫਾਇਰ ਬ੍ਰਿਗੇਡ ਦੀ ਗੱਡੀ ਨੂੰ ਵੀ ਨਗਰ ਕੌਂਸਲ ਬਟਾਲਾ ਨੂੰ ਭੇਜਣ ਲਈ ਫਰਮਾਨ ਜਾਰੀ ਕਰ ਦਿੱਤਾ ਗਿਆ। ਇਸ ਦੀ ਭਿਣਕ ਕਿਸਾਨਾ ਅਤੇ ਸਥਾਨਕ ਲੋਕਾਂ ਨੂੰ ਪੈ ਗਈ, ਕਿਸਾਨਾ ਵੱਲੋਂ ਫਾਇਰ ਬ੍ਰਿਗੇਡ ਦੀ ਗੱਡੀ ਅੱਗੇ ਧਰਨਾ ਦੇਣ ਤੋਂ ਬਾਅਦ ਇਸ ਗੱਡੀ ਨੂੰ ਰੋਕਣ ਲਈ ਡੇਰਾ ਬਾਬਾ ਨਾਨਕ ਦੇ ਐਸ ਡੀ ਐਮ ਹਰਦੀਪ ਸਿੰਘ ਨੂੰ ਮੰਗ ਪੱਤਰ ਦਿੱਤਾ ਗਿਆ ਤੇ ਮੰਗ ਕੀਤੀ ਗਈ ਕਿ ਇਸ ਗੱਡੀ ਨੂੰ ਬਟਾਲਾ ਨਾ ਜਾਣ ਦਿੱਤਾ ਜਾਵੇ ਅਤੇ ਫਾਇਰ ਬ੍ਰਿਗੇਡ ਮੁਲਾਜਮਾਂ ਦੀਆਂ ਤਨਖਾਹਾਂ ਵੀ ਜਾਰੀ ਕੀਤੀਆਂ ਜਾਣ। ਐਸ ਡੀ ਐਮ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਫਾਇਰ ਬ੍ਰਿਗੇਡ ਦੀ ਗੱਡੀ ਸੰਬੰਧੀ ਸਾਰਾ ਰਿਕਾਰਡ ਪੇਸ਼ ਕਰਨ ਲਈ ਕਿਹਾ ਗਿਆ ਹੈ ਅਤੇ ਇਸ ਗੱਡੀ ਨੂੰ ਬਟਾਲਾ ਨਹੀ ਜਾਣ ਦਿੱਤਾ ਜਾਵੇਗਾ। ਇਸ ਮੌਕੇ ਨਾਇਬ ਤਹਿਸੀਲਦਾਰ ਕਰਮਬੀਰ, ਸਟੈਨੋ ਸੰਜੀਵ ਕੁਮਾਰ, ਭਗਵੰਤ ਸਿੰਘ ਮਾਨ, ਬਾਬਾ ਜੋਗਿੰਦਰ ਸਿੰਘ ਤਪਾਲਾ, ਜੋਗਾ ਸਿੰਘ ਮਾਨ, ਗੁਲਜਾਰ ਸਿੰਘ, ਸੁੱਚਾ ਸਿੰਘ, ਸੁਰਜੀਤ ਸਿੰਘ, ਬਲਜਿੰਦਰ ਸਿੰਘ, ਜਸਬੀਰ ਸਿੰਘ, ਚਰਨ ਸਿੰਘ, ਚੰਦ ਸਿੰਘ, ਅਜੀਤ ਸਿੰਘ ਸਮਰਾ, ਫਾਇਰ ਅਫਸਰ ਭੁਪਿੰਦਰ ਨਾਥ, ਫਾਇਰ ਮੈਨ ਜਗਤਾਰ ਸਿੰਘ, ਨਵਨੀਤ ਸਿੰਘ,ਮੁਨੀਸ ਕੁਮਾਰ, ਸੱਚਦੀਪ, ਗੁਰਪਿੰਦਰ ਸਿੰਘ, ਪੂਰਨ ਸਿੰਘ, ਸੰਦੀਪ ਸਿੰਘ, ਦਲਜੀਤ ਸਿੰਘ, ਪਲਵਿੰਦਰ ਸਿੰਘ, ਡਰਾਇਵਰ ਸਕੱਤਰ ਸਿੰਘ, ਰਵਿੰਦਰ ਸਿੰਘ, ਗੁਰਵਿੰਦਰ ਸਿੰਘ, ਸਿਕੰਦਰ ਸਿੰਘ ਆਦਿ ਹਾਜ਼ਰ ਸਨ।

# ਬਹਿਲ ਨੇ ਡੇਰਾ ਬਾਬਾ ਨਾਨਕ ਰੋਡ 'ਤੇ ਲੁੱਕ ਪਾਉਣ ਦੀ ਸ਼ੁਰੂਆਤ ਕਰਵਾਈ



ਗੁਰਦਾਸਪੁਰ, (ਦਿਨੇਸ਼ ਕੁਮਾਰ)- ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਦੀਆਂ ਕੋਸ਼ਿਸ਼ਾਂ ਸਦਕਾ ਗੁਰਦਾਸਪੁਰ ਸ਼ਹਿਰ ਵਿੱਚ ਸਥਿਤ ਡੇਰਾ ਬਾਬਾ ਨਾਨਕ ਰੋਡ ਤੋਂ ਨਬੀਪੁਰ ਬਾਈਪਾਸ ਤੱਕ ਸੜਕ ਉੱਪਰ ਲੁੱਕ ਪਾਉਣ ਦਾ ਕੰਮ ਸ਼ੁਰੂ ਹੋ ਗਿਆ ਹੈ। ਸੜਕ ਉੱਪਰ ਲੁੱਕ ਪਾਉਣ ਦੇ ਇਸ ਕੰਮ ਨੂੰ ਤਿੰਨ ਦਿਨਾਂ ਵਿੱਚ ਮੁਕੰਮਲ ਕਰ ਲਿਆ ਜਾਵੇਗਾ।

ਸੜਕ ਉੱਪਰ ਲੁੱਕ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਨ ਮੌਕੇ ਚੇਅਰਮੈਨ ਰਮਨ ਬਹਿਲ ਨੇ ਦੱਸਿਆ ਕਿ ਕਾਹਨੂੰਵਾਨ ਚੌਂਕ ਤੋਂ ਡੇਰਾ ਬਾਬਾ ਨਾਨਕ ਰੋਡ ਰਾਹੀਂ ਨਬੀਪੁਰ ਬਾਈਪਾਸ ਤੱਕ ਸੜਕ ਅਤੇ ਨਾਲ ਹੀ ਨਬੀਪੁਰ ਬਾਈਪਾਸ ਦੀ ਸੜਕ ਦੀ ਕੁੱਲ ਲੰਬਾਈ 6 ਕਿੱਲੋਮੀਟਰ ਬਣਦੀ ਹੈ ਅਤੇ ਇਸ ਸੜਕ ਉੱਪਰ 3.21 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ 4 ਕਿੱਲੋਮੀਟਰ ਨਬੀਪੁਰ ਬਾਈਪਾਸ ਦੀ ਸੜਕ ਉੱਪਰ ਲੁੱਕ ਪਾਉਣ ਦਾ ਕੰਮ ਪਹਿਲਾਂ ਹੀ ਮੁਕੰਮਲ ਕਰ ਲਿਆ ਗਿਆ ਅਤੇ ਅੱਜ ਨਬੀਪੁਰ ਬਾਈਪਾਸ ਤੋਂ ਸ਼ਹਿਰ ਵੱਲ ਨੂੰ ਡੇਰਾ ਬਾਬਾ ਨਾਨਕ ਰੋਡ ਦੇ ਦੋ ਕਿਲੋਮੀਟਰ ਟੋਟੇ ਉੱਪਰ ਵੀ ਲੁੱਕ ਪਾਉਣ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ।

ਉਨ੍ਹਾਂ ਕਿਹਾ ਕਿ ਲੁੱਕ ਪਾਉਣ ਦੇ ਇਸ ਕੰਮ ਨੂੰ 3 ਦਿਨਾਂ ਵਿੱਚ ਸੰਗ ਯਾਤਰਾ ਆਉਣ ਤੋਂ ਪਹਿਲਾਂ ਮੁਕੰਮਲ ਕਰ ਲਿਆ ਜਾਵੇਗਾ। ਇਸ ਮੌਕੇ ਰਮਨ ਬਹਿਲ ਦੇ ਨਾਲ ਮਾਰਕੀਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ ਤੋਂ ਇਲਾਵਾ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀ ਅਤੇ ਇਲਾਕੇ ਦੇ ਮੋਹਤਬਰ ਹਾਜ਼ਰ ਸਨ।

# ਫੌਜੀ ਜਵਾਨਾਂ 50 ਸਾਲਾ ਤੋਪਖਾਨਾ ਦੀ 268 ਫੀਲਡ ਰੈਜਮੈਂਟ ਦੀ ਗੋਲਡਨ ਜੁਬਲੀ ਮਨਾਈ



**ਚੋਹਲਾ ਸਾਹਿਬ (ਰਮਨ ਚੱਡਾ)**-268 ਫੀਲਡ ਰੈਜਮੈਂਟ ਤੋਪਖਾਨਾ ਦੀ 50 ਸਾਲ ਪੂਰੇ ਹੋਣ 'ਤੇ ਹਾਜ਼ਰ ਅਫਸਰ ਜੇ ਸੀ ਓ ਜਵਾਨ ਅਤੇ ਰਿਟਾਇਰ ਅਫਸਰ ਜੇ ਸੀ ਓ ਔਰ ਜਵਾਨਾ ਨੇ ਮਿਲ ਕਰ ਬੜੀ ਧੂਮਧਾਮ ਦੇ ਨਾਲ ਗੋਲਡਜੁਬਲੀ ਮਨਾਈ। ਇਹ ਜਾਣਕਾਰੀ ਪੱਤਰਕਾਰਾਂ ਨਾਲ ਗਲਬਾਤ ਦੌਰਾਨ ਸੂਬੇਦਾਰ ਮੇਜਰ ਹਰਦੀਪ ਸਿੰਘ ਚੋਹਲਾ ਸਾਹਿਬ ਨੇ ਦਿੱਤੀ। ਅੱਗੇ ਜਾਣਕਾਰੀ ਦਿੰਦੇ ਹੋਏ ਸੂਬੇਦਾਰ ਮੇਜਰ ਹਰਦੀਪ ਸਿੰਘ ਨੇ ਦੱਸਿਆ ਕਿ ਇਸ ਰੈਜਮੈਂਟ ਵਿੱਚ ਆਲ ਇੰਡੀਆ ਦੇ ਹਰ ਵਰਗ ਦੇ ਲੋਕ ਹਨ ਜੋ ਕੀ ਆਪਸ ਵਿੱਚ ਬਹੁਤ ਪਿਆਰ ਨਾਲ ਰਹਿਦੇ ਹਨ ਇਸ ਰੈਜਮੈਂਟ ਦੇ ਇਸ ਸਮੇ ਕਮਾਂਡਿੰਗ ਅਫਸਰ ਕਰਨਲ ਅਨਿਲ ਧਿਮੀਨ ਹੈ ਅਤੇ ਸੂਬੇਦਾਰ ਮੇਜਰ ਆਰ ਐਸ ਮੂਰਤੀ ਹੈ।

ਓਹਨਾਂ ਦੱਸਿਆ ਕਿ ਦੇਸ਼ ਦੀ ਰਖਵਾਲੀ ਕਰਨ ਸਮੇਂ ਫੌਜ ਆਪਣੀ ਜਾਨ ਦੀ ਪਰਵਾਹ ਕੀਤੇ ਬਿਨਾਂ ਬਾਰਡਰਾਂ ਤੇ ਰਾਤ ਦਿਨ ਡਿਊਟੀ ਨਿਭਾਉਂਦੇ ਹਨ ਅਤੇ ਫੌਜੀ ਜਵਾਨਾਂ ਦੀਆਂ ਸ਼ਹੀਦੀਆਂ ਕਾਰਨ ਹੀ ਦੇਸ਼ ਦੇ ਲੋਕ ਸੁੱਖ ਦਾ ਸਾਹ ਲੈਂਦੇ ਹੋਏ ਆਪਣੀਆਂ ਖੁਸ਼ੀਆਂ ਦਾ ਆਨੰਦ ਮਾਨਦੇ ਹਨ। ਓਹਨਾਂ ਦੱਸਿਆ ਕਿ ਦੇਸ਼ ਵਾਸੀਆਂ ਨੂੰ ਫੌਜੀ ਜਵਾਨਾਂ ਦਾ ਦਿਲੋਂ ਸਤਿਕਾਰ ਕਰਨਾ ਚਾਹੀਦਾ ਹੈ ਕਿਉਂਕਿ ਫੌਜੀ ਜਵਾਨ ਦੇਸ਼ ਦੇ ਲੋਕਾਂ ਦੀ ਜਾਨ ਦੀ ਹਿਫਾਜਤ ਲਈ ਆਪਣੀਆਂ ਜਾਨਾਂ ਹੱਸਦੇ ਹੱਸਦੇ ਵਾਰ ਦਿੰਦੇ ਹਨ।

ਇਸ ਸਮੇ ਹਾਜਰ ਹੋਏ ਜਰਲ ਜੀ ਮੂਰਲੀ ਜਰਨਲ ਨਿਮੇਸ ਸੂਕਲਾ ਜਰਨਲ ਰੋਪੇਸ ਮਹਿਤਾ ਕਰਨਲ ਐਮ ਸੀ ਰਾਓਂ, ਐਸ ਐਸ ਮਿਨਾਸ ਸੂਬੇਦਾਰ ਮੇਜਰ ਹਰਦੀਪ ਚੋਹਲਾ ਸਾਹਿਬ ਕੈਪਟਨ ਗੁਰਮੇਜ ਸਿੰਘ ਸੂਬੇਦਾਰ ਲਖਬੀਰ ਸਿੰਘ ਹੋਲਦਾਰ ਬਲਜੀਤ ਸਿੰਘ ਹੋਲਦਾਰ ਸਪਿੰਦਰ ਸਿੰਘ ਹਰਕੰਵਲਜੀਤ ਸਿੰਘ ਹੋਲਦਾਰ ਮਨਦੀਪ ਸਿੰਘ ਅਤੇ ਹੋਰ ਵੀ ਸੈਨਿਕ ਹਾਜ਼ਰ ਸਨ।

# ਸਾਂਝੇ ਸਰਚ ਅਪ੍ਰੇਸ਼ਨ ਦੌਰਾਨ ਬਰਾਮਦ ਪਾਕਿ ਡਰੋਨ



ਭਿੱਖੀਵਿੰਡ/ ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)-ਦੇਸ਼ ਵਿਰੋਧੀ ਤਾਕਤਾਂ ਅਤੇ ਸਮਾਜ 'ਚ ਉਥਲ-ਪੁਥਲ ਮਚਾਉਣ ਵਾਲਿਆਂ ਦੀਆਂ ਸਾਜ਼ਿਸ਼ਾਂ ਨੂੰ ਨਾਕਾਮ ਕਰਨ ਲਈ ਬੀ ਐਸ ਐਫ ਅਤੇ ਪੰਜਾਬ ਪੁਲਸ ਵੱਲੋਂ ਸਾਂਝੇ ਤਲਾਸ਼ੀ ਅਭਿਆਨ ਚਲਾਏ ਜਾ ਰਹੇ ਹਨ। ਇਸੇ ਲੜੀ ਤਹਿਤ ਜਦੋਂ ਬੀ ਐਸ ਐਫ ਤੇ ਖੇਮਕਰਨ ਪੁਲਸ ਵੱਲੋਂ ਸ਼ੱਕੀ ਡ੍ਰੋਨ ਦੀ ਗਤੀਵਿਧੀਆਂ ਸੰਬੰਧੀ ਸੂਚਨਾ ਮਿਲਣ ਮਗਰੋਂ ਸਮਾਂ 7:40 ਵਜੇ ਖੇਮਕਰਨ ਸਰਹੱਦ ਨੇੜੇ ਬੀ ਓ ਪੀ ਕੇ ਕੇ ਬੈਰੀਅਰ 'ਤੇ ਪਿੰਡ ਕਲਸ ਨੇੜੇ ਸਰਚ ਅਭਿਆਨ ਚਲਾਇਆ ਗਿਆ ਤਾਂ ਉਨ੍ਹਾਂ ਨੂੰ ਉਥੋਂ ਚੀਨ ਦਾ ਬਣਿਆ ਪਾਕਿਸਤਾਨੀ ਡ੍ਰੋਨ ਬਰਾਮਦ ਹੋਇਆ।

ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸਬ ਡਵੀਜਨ ਭਿੱਖੀਵਿੰਡ ਦੇ ਡੀ ਐਸ ਪੀ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਖੇਮਕਰਨ ਪੁਲਸ ਨੇ ਗੁਪਤ ਸੋਰਸਿਜ ਤੋਂ ਮਿਲੀ ਸੂਚਨਾ ਦੇ ਅਧਾਰ 'ਤੇ ਜਦੋਂ ਸਰਹੱਦੀ ਪਿੰਡ ਕਲਸਾਂ ਵਿਖੇ ਬੀ ਐਸ ਐਫ ਦੇ ਸਹਿਯੋਗ ਨਾਲ ਸਰਚ ਅਭਿਆਨ ਚਲਾਇਆ ਤਾਂ ਉਨ੍ਹਾਂ ਨੂੰ ਰਾਜੋਕੇ ਦੇ ਵਸਨੀਕ ਹਰਜਿੰਦਰ ਸਿੰਘ ਪੁੱਤਰ ਕਾਬਲ ਸਿੰਘ ਦੇ ਖੇਤਾਂ 'ਚੋਂ ਚੀਨ ਦਾ ਬਣਿਆ ਡ੍ਰੋਨ ਬਰਾਮਦ ਹੋਇਆ, ਜਿਸ ਸੰਬੰਧੀ ਥਾਣਾ ਖੇਮਕਰਨ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ। ਡੀਐੱਸਪੀ ਭਿੱਖੀਵਿੰਡ ਨੇ ਦੱਸਿਆ ਕਿ ਡ੍ਰੋਨ ਨੂੰ ਕਬਜੇ ਵਿੱਚ ਲੈ ਕੇ ਕੀਤੀ ਗਈ ਇਨਵੈਸਟੀਗੇਸ਼ਨ 'ਚ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਪਾਬੰਦੀਸ਼ੁਦਾ ਸਮੱਗਰੀ ਬਰਾਮਦਗੀ ਨਹੀਂ ਹੋਈ ਹੈ। ਉਨ੍ਹਾਂ ਦੱਸਿਆ ਕਿ ਸ਼ੱਕੀ ਇਲਾਕੇ ਵਿੱਚ ਸਰਚ ਅਭਿਆਨ ਹਾਲੇ ਵੀ ਜਾਰੀ ਹੈ।

# ਪੇਂਡੂ ਬੇਰੁਜ਼ਗਾਰ ਨੌਜਵਾਨਾਂ ਲਈ ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ 11 ਤੋਂ



ਗੁਰਦਾਸਪੁਰ, (ਜਨਕ ਮਹਾਜਨ)- ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜਲ, ਕਮਰਾ ਨੰਬਰ 508 ਵਿਖੇ 7 ਮਾਰਚ ਤੱਕ ਅਰਜ਼ੀਆਂ ਦੇ ਸਕਦੇ ਹਨ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਵਰਿਆਮ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ 2 ਹਫ਼ਤੇ ਦੀ ਡੇਅਰੀ ਸਿਖਲਾਈ 11 ਮਾਰਚ 2024 ਤੋਂ ਡੇਅਰੀ ਸਿਖ਼ਲਾਈ ਤੇ ਵਿਸਥਾਰ ਕੇਂਦਰ, ਵੇਰਕਾ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ ਮੁਫ਼ਤ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ ਜੋ ਘੱਟੋ-ਘੱਟ 5ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ।

ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਸਿਖਲਾਈ ਉਪਰੰਤ ਵਿਭਾਗ ਵੱਲੋਂ ਸਬੰਧਤਾਂ ਨੂੰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ 25 ਫੀਸਦੀ ਜਨਰਲ ਅਤੇ 33 ਫੀਸਦੀ ਅ.ਜਾਤੀ. ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ ਅਤੇ ਨਾਲ ਮੁਦਰਾ ਲੋਨ ਦੀ ਸਹੂਲਤ ਪ੍ਰਾਪਤ ਕੀਤੀ ਜਾ ਸਕਦੀ ਹੈ।

# 40 ਸਾਲ ਬਾਅਦ ਅੱਪਗ੍ਰੇਡ ਹੋਵੇਗਾ ਜੰਡਿਆਲਾ ਗੁਰੂ ਦਾ ਬਿਜਲੀ ਸਬ-ਸਟੇਸ਼ਨ : ਈ ਟੀ ਓ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਜੰਡਿਆਲਾ ਗੁਰੂ ਦਾ ਬਿਜਲੀ ਸਬ ਸਟੇਸਨ ਜੋ ਕਿ 132 ਕੇ ਵੀ ਸਮਰੱਥਾ ਦਾ ਸੀ ਨੂੰ 40 ਸਾਲ ਬਾਅਦ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ 220 ਕੇ ਵੀ ਸਬ ਸਟੇਸਨ ਵਜੋਂ ਅਪਗ੍ਰੇਡ ਕੀਤਾ ਜਾ ਰਿਹਾ ਹੈ। ਜਿਸ ਨਾਲ ਕੇਵਲ ਜੰਡਿਆਲਾ ਹੀ ਨਹੀਂ ਬਲਕਿ ਇਸਦੇ ਨਾਲ ਲਗਦੇ ਵੱਡੇ ਇਲਾਕੇ ਵਿੱਚ ਬਿਜਲੀ ਸਪਲਾਈ ਦਾ ਸੁਧਾਰ ਹੋ ਜਾਵੇਗਾ।

ਉਕਤ ਪ੍ਰਗਟਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਲੋਕ ਨਿਰਮਾਣ ਅਤੇ ਬਿਜਲੀ ਵਿਭਾਗ ਨੇ ਇਸ ਸਬ ਸਟੇਸਨ ਨੂੰ ਅਪਗ੍ਰੇਡ ਕਰਨ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨਾਂ ਦੱਸਿਆ ਕਿ ਜੰਡਿਆਲਾ ਗੁਰੂ ਵਿਖੇ ਪਹਿਲਾਂ ਲੱਗੇ 132 ਕੇ ਵੀ ਗਰਿਡ ਸਬ ਸਟੇਸ਼ਨ ਨੂੰ ਪੀ ਐਸ ਟੀ ਸੀ ਐਲ ਦੁਆਰਾ 41.79 ਕਰੋੜ ਦੀ ਲਾਗਤ ਨਾਲ ਅਪਗ੍ਰੇਡ ਕਰਨ ਦੀ ਕੰਮ ਸ਼ੁਰੂ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਦੋ ਸਾਲਾਂ ਵਿੱਚ ਬਿਜਲੀ ਦੇ ਵੱਡੇ ਕੰਮ ਲੋਕਾਂ ਲਈ ਕੀਤੇ ਗਏ ਹਨ। ਜਿਨ੍ਹਾਂ ਵਿੱਚ ਮੁਫਤ ਬਿਜਲੀ ਸਪਲਾਈ ਅਤੇ ਗੋਇੰਦਵਾਲ ਸਾਹਿਬ ਦੇ ਨਿੱਜੀ ਥਰਮਲ ਪਲਾਂਟ ਨੂੰ ਸਰਕਾਰ ਵਲੋਂ ਖਰੀਦਣਾ ਸ਼ਾਮਲ ਹਨ। ਇਸ ਤੋਂ ਇਲਾਵਾ ਬਿਜਲੀ ਵਿਭਾਗ ਜੋ ਕਿ ਪਹਿਲਾਂ 1800 ਕਰੋੜ ਰੁਪਏ ਦੇ ਘਾਟੇ 'ਚ ਸੀ ਹੁਣ 564 ਕਰੋੜ ਰੁਪਏ ਮੁਨਾਫੇ ਵਿੱਚ ਲਿਆਂਦਾ ਗਿਆ।

ਉਨਾਂ ਕਿਹਾ ਕਿ ਇਸ ਨਾਲ 132 ਕੇ ਵੀ ਗਰਿਡ ਸਬ ਸਟੇਸਨ ਜੰਡਿਆਲਾ ਗੁਰੂ, 66 ਕੇ ਵੀ ਗਰਿਡ ਸਬਸਟੇਸ਼ਨ ਮਾਨਾਵਾਲਾਂ ਅਤੇ 66 ਕੇ ਵੀ ਗਰਿਡ ਸਬਸਟੇਸਨ ਫੋਕਲ ਪੁਆਇੰਟ ਅਧੀਨ ਆ ਰਹੀਆ ਵੱਖ-ਵੱਖ ਰਿਹਾਇਸ਼ੀ ਕਲੋਨੀਆ, ਸਰਕਾਰੀ ਹਸਪਤਾਲ, ਵਿੱਦਿਅਕ ਅਦਾਰੇ ਅਤੇ ਵੱਡੇ-ਵੱਡੇ ਉਦਯੋਗਿਕ/ਵਪਾਰਿਕ ਅਦਾਰਿਆ ਨੂੰ ਬਿਹਤਰ ਬਿਜਲੀ ਸਪਲਾਈ/ਕੁਨੈਕਸ਼ਨ ਦੇਣ ਲਈ ਸਿਸਟਮ ਵਿਚ ਸੁਧਾਰ ਹੋ ਜਾਵੇਗਾ। ਇਸ ਨਾਲ ਇਹਨਾ ਸਬ ਸਟੇਸਨ ਤੋਂ ਚਲਦੇ 41 ਨੰ: 11 ਕੇ ਵੀ ਫੀਡਰਾ ਉਪਰ ਆਉਂਦੇ ਜੰਡਿਆਲਾ ਗੁਰੂ ਸ਼ਹਿਰ ਅਤੇ 35 ਨੰ: ਪਿੰਡ ਗਹਿਰੀ, ਗਦਲੀ, ਭੰਗਵਾਂ, ਦੇਵੀਦਾਸਪੁਰ, ਧੀਰੇਕੋਟ, ਧਾਰੜ, ਸੇਖਫੱਤਾ, ਤਾਰਾਗੜ੍ਹ, ਮੱਲੀਆ, ਨਿਊ ਫੋਕਲ ਪੁਆਇੰਟ ਵੱਲਾ, ਖਾਨਕੋਟ, ਮਾਨਾਵਾਲਾ ਖੁਰਦ, ਜਾਣੀਆ, ਗੋਰੇਵਾਲ, ਗੁਨੋਵਾਲ, ਬੁੱਤ, ਅਮਰਕੋਟ, ਵਡਾਲੀ, ਮਾਨਾਵਾਲਾ, ਰੱਖ ਮਾਨਾਵਾਲਾ, ਮੇਹਰਬਾਨਪੁਰਾ, ਨਿੱਜਰਪੁਰਾ, ਨਵਾਕੋਟ, ਬਿਸੰਬਰਪੁਰਾ, ਰਾਜੇਵਾਲ, ਸੁੱਖੇਵਾਲ, ਠੱਠੀਆ, ਝੀਤੇ ਕਲਾਂ, ਝੀਤੇ ਖੁਰਦ, ਰੱਖ ਝੀਤਾ, ਭਗਤੂਪੁਰਾ, ਰਾਮਪੁਰਾ, ਦਬੁਰਜੀ, ਪੰਡੋਰੀ, ਜਰਨੈਲ ਸਿੰਘ ਵਾਲਾ ਮਹਿਮਾ ਆਦਿ ਨੂੰ ਬਿਜਲੀ ਦੀ ਨਿਰੰਤਰ ਸਪਲਾਈ ਵਿਚ ਹੋਰ ਸੁਧਾਰ ਹੋਵੇਗਾ ਅਤੇ ਬਿਜਲੀ ਨੈਟਵਰਕ ਪਹਿਲਾਂ ਨਾਲੋਂ ਜਿਆਦਾ ਮਜ਼ਬੂਤ ਹੋਵੇਗਾ। ਹਰਭਜਨ ਸਿੰਘ ਨੇ ਕਿਹਾ ਕਿ ਨਵੇ 220 ਕੇ ਵੀ ਗਰਿਡ ਸਬਸਟੇਸਨ ਜੰਡਿਆਲਾ ਗੁਰੂ ਦੇ ਬਣਨ ਨਾਲ ਖਪਤਕਾਰਾਂ ਨੂੰ ਨਿਰਵਿਘਨ ਅਤੇ ਵੱਧ ਬਿਜਲੀ ਸਪਲਾਈ ਦਿੱਤੀ ਜਾ ਸਕੇਗੀ।

# ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਰੋਸ ਪ੍ਰਦਰਸ਼ਨ 5 ਨੂੰ



ਗੁਰਦਾਸਪੁਰ (ਜਨਕ ਮਹਾਜਨ)- ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵਲੋਂ ਸੂਬੇ ਦੀਆਂ 54 ਹਜ਼ਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਨੂੰ ਲੈ ਕੇ ਜੋ ਰੋਸ ਪ੍ਰਦਰਸ਼ਨ 3 ਮਾਰਚ ਨੂੰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੀ ਮੰਤਰੀ ਡਾਕਟਰ ਬਲਜੀਤ ਕੌਰ ਦੇ ਹਲਕੇ ਮਲੋਟ ਵਿਖੇ ਕੀਤਾ ਜਾਣਾ ਸੀ ਪਰ ਹੁਣ ਉਹ ਪ੍ਰੋਗਰਾਮ ਬਦਲ ਕੇ 5 ਮਾਰਚ ਨੂੰ ਮਲੋਟ ਦੀ ਥਾਂ ਚੰਡੀਗੜ੍ਹ ਵਿਖੇ ਰੱਖ ਦਿੱਤਾ ਗਿਆ ਹੈ ਤੇ ਹਜ਼ਾਰਾਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ 5 ਮਾਰਚ ਨੂੰ ਚੰਡੀਗੜ੍ਹ ਵਿਖੇ ਪੁੱਜ ਕੇ ਪੰਜਾਬ ਵਿਧਾਨ ਸਭਾ ਦਾ ਘਿਰਾਓ ਕਰਨਗੀਆਂ ਤੇ ਰੋਸ ਪ੍ਰਦਰਸ਼ਨ ਕਰਨਗੀਆਂ। ਇਹ ਜਾਣਕਾਰੀ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਸੁਨਿਰਮਲ ਕੌਰ ਨੇ ਦਿੱਤੀ।

ਉਨ੍ਹਾਂ ਕਿਹਾ ਕਿ 1 ਮਾਰਚ ਤੋਂ ਬੱਜਟ ਸੈਸ਼ਨ ਸ਼ੁਰੂ ਹੋ ਰਿਹਾ ਹੈ, ਇਸੇ ਕਰਕੇ ਪ੍ਰੋਗਰਾਮ ਵਿੱਚ ਤਬਦੀਲੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਬੰਧਿਤ ਮਹਿਕਮੇ ਵੱਲੋਂ ਵਾਰ ਵਾਰ ਜਥੇਬੰਦੀ ਦੀਆਂ ਆਗੂਆਂ ਨਾਲ ਮੀਟਿੰਗਾਂ ਕਰਕੇ ਮੰਗਾਂ ਦਾ ਨਿਪਟਾਰਾ ਨਹੀਂ ਕੀਤਾ ਜਾ ਰਿਹਾ ਜਿਸ ਕਰਕੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵਿੱਚ ਪੰਜਾਬ ਸਰਕਾਰ ਦੇ ਖਿਲਾਫ ਗੁੱਸੇ ਦੀ ਲਹਿਰ ਹੈ। ਸੁਨਿਰਮਲ ਕੌਰ ਨੇ ਮੰਗ ਕੀਤੀ ਕਿ ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਅਤੇ ਹੈਲਪਰਾਂ ਨੂੰ ਬਣਦਾ ਗਰੇਡ ਦਿੱਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਵਰਕਰਾਂ ਤੇ ਹੈਲਪਰਾਂ ਦੀਆਂ ਸਾਰੀਆਂ ਮੰਗਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ।

# ਗੁਰਦੁਆਰਾ ਬੇਰ ਸਾਹਿਬ ਵਿਖੇ ਨਤਮਸਤਕ ਹੋਣ ਆਈ ਬਜ਼ੁਰਗ ਮਹਿਲਾ ਦੀ ਮੌਤ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸੁਲਤਾਨਪੁਰ ਲੋਧੀ ਦੇ ਇਤਿਹਾਸਿਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਇੱਕ 65 ਸਾਲ਼ਾ ਬਜ਼ੁਰਗ ਹਰਵਿੰਦਰ ਕੌਰ ਪਤਨੀ ਜਗਦੇਵ ਸਿੰਘ ਪਿੰਡ ਰੰਗੀਆਂ ਧੂਰੀ ਜ਼ਿਲ੍ਹਾ ਸੰਗਰੂਰ ਨਤਮਸਤਕ ਹੋਣ ਲਈ ਆਪਣੇ ਪਰਵਾਰ ਸਮੇਤ ਦਰਬਾਰ ਸਾਹਿਬ ਦੇ ਅੰਦਰ ਜਦੋਂ ਦਾਖਲ ਹੋਣ ਲੱਗਦੀ ਹੈ ਤਾਂ ਉਸ ਵੇਲੇ ਉਹ ਚੱਕਰ ਖਾ ਕੇ ਡਿੱਗ ਜਾਂਦੀ ਹੈ।ਬਾਅਦ ਵਿੱਚ ਜਦੋਂ ਪਰਵਾਰ ਵੱਲੋਂ ਉਸ ਬਜ਼ੁਰਗ ਮਾਤਾ ਨੂੰ ਕੁਝ ਨੇੜਲੇ ਲੋਕਾਂ ਦੀ ਸਹਾਇਤਾ ਦੇ ਨਾਲ ਹਸਪਤਾਲ ਲਿਜਾਇਆ ਜਾਂਦਾ ਹੈ ਤਾਂ ਪਤਾ ਚੱਲਦਾ ਹੈ ਕਿ ਉਸ ਦੀ ਹਾਰਟ ਅਟੈਕ ਆਉਣ ਕਾਰਨ ਮੌਤ ਹੋ ਜਾਂਦੀ ਹੈ।

ਦਰਅਸਲ ਇਹ ਅਜੀਬੋ ਗਰੀਬ ਘਟਨਾ ਸੁਲਤਾਨਪੁਰ ਲੋਧੀ ਦੇ ਇਤਿਹਾਸਿਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਹੋਈ। ਮੌਕੇ ਤੋਂ ਮੌਜੂਦ ਲੋਕਾਂ ਵੱਲੋਂ ਦੱਸਿਆ ਗਿਆ ਕਿ ਇਸ ਬਜ਼ੁਰਗ ਮਾਤਾ ਦੇ ਨਾਲ ਉਸ ਦਾ ਪਰਵਾਰ ਵੀ ਨਤਮਸਤਕ ਹੋਣ ਲਈ ਆਇਆ ਹੋਇਆ ਸੀ ਅਤੇ ਕਿਸੇ ਕੇਸ ਵਿੱਚੋਂ ਬਰੀ ਹੋਣ ਦੀ ਖੁਸ਼ੀ ਵਿੱਚ ਉਹ ਮਾਲਕ ਦੇ ਦਰਬਾਰ 'ਤੇ ਸ਼ੁਕਰਾਨਾ ਕਰਨ ਲਈ ਆਏ ਹੋਏ ਸਨ।

# ਇੰਸਪੈਕਟਰ ਰਾਜਿੰਦਰ ਕੌਰ ਨੇ ਥਾਣਾ ਝਬਾਲ ਦਾ ਚਾਰਜ ਸੰਭਾਲਿਆ



ਝਬਾਲ (ਹਰਜਿੰਦਰ ਸਿੰਘ ਸੋਨੀ)-ਪੰਜਾਬ ਪੁਲਸ ਦੇ ਉੱਚ ਅਧਿਕਾਰੀਆਂ ਦੇ ਹੁਕਮਾਂ ਕਰਦਿਆਂ ਇੰਸਪੈਕਟਰ ਰਾਜਿੰਦਰ ਕੌਰ ਨੇ ਥਾਣਾ ਝਬਾਲ ਦਾ ਚਾਰਜ ਸੰਭਾਲ ਲਿਆ ਇਸ ਮੌਕੇ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਇਲਾਕੇ 'ਚ ਅਮਨਸ਼ਾਂਤੀ ਪੂਰੀ ਤਰਾਂ ਬਰਕਰਾਰ ਰੱਖੀ ਜਾਵੇਗੀ ਕਿਸੇ ਨੂੰ ਵੀ ਕਾਨੂੰਨ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਥਾਣੇ ਵਿੱਚ ਆਉਣ ਵਾਲੇ ਹਰ ਇੱਕ ਆਮ ਤੇ ਖਾਸ ਨੂੰ ਇਨਸਾਫ ਦਿੱਤਾ ਕਿਸੇ ਨਾਲ ਵੀ ਬੇਇਨਸਾਫੀ ਨਹੀਂ ਕੀਤੀ ਜਾਵੇਗੀ। ਉਨ੍ਹਾਂ ਇਲਾਕੇ ਵਿੱਚ ਇੱਕ ਨਸ਼ਾ ਤਸਕਰ ਨੂੰ ਚੇਤਾਵਨੀ ਦਿੰਦੇ ਕਿਹਾ ਕਿ ਉਹ ਨਸ਼ੇ ਦਾ ਕਾਰੋਬਾਰ ਛੱਡ ਕੇ ਮਿਹਨਤ ਦੀ ਕਮਾਈ ਕਰਨ ਨਹੀਂ ਤਾਂ ਜੇਲ੍ਹ ਵਿੱਚ ਬੰਦ ਕੀਤਾ ਜਾਵੇਗਾ। ਥਾਣੇ ਵਿੱਚ ਪੁਰਾਣੇ ਪਏ ਕੇਸਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਹੋਰ ਮੁਲਾਜ਼ਮ ਹਾਜ਼ਰ ਸਨ।

# ਸਨੋ ਮੈਰਾਥਨ ਦਾ ਤੀਜਾ ਐਡੀਸਨ 10 ਮਾਰਚ ਨੂੰ ਸਿਸੂ, ਲਾਹੌਲ 'ਚ ਕੀਤਾ ਜਾਵੇਗਾ ਆਯੋਜਿਤ

ਜਲੰਧਰ/ਲੁਧਿਆਣਾ : ਸਨੋ ਮੈਰਾਥਨ ਦਾ ਤੀਜਾ ਐਡੀਸਨ 10 ਮਾਰਚ ਨੂੰ ਲਾਹੌਲ ਅਤੇ ਸਪਿਤੀ ਜਿ?ਲ੍ਹੇ ਦੇ ਸਿਸੂ ਵਿਖੇ ਆਯੋਜਿਤ ਕੀਤਾ ਜਾਵੇਗਾ। ਇਹ ਵਿਸਵ ਵੱਕਾਰੀ ਸਨੋ ਮੈਰਾਥਨ ਰੀਚ ਇੰਡੀਆ, ਹਿਮਾਚਲ ਟੂਰਿਜਮ ਅਤੇ ਜਿ?ਲ੍ਹਾ ਪ੍ਰਸਾਸਨ ਦੇ ਸਾਂਝੇ ਸਹਿਯੋਗ ਨਾਲ ਕਰਵਾਈ ਜਾ ਰਹੀ ਹੈ। ਮੁੱਖ ਪ੍ਰਬੰਧਕ ਰਾਜੀਵ ਕੁਮਾਰ ਨੇ ਦੱਸਿਆ ਕਿ ਸਮਾਗਮ ਦੀਆਂ ਲਗਭਗ ਸਾਰੀਆਂ ਤਿਆਰੀਆਂ ਯੋਜਨਾਬੱਧ ਤਰੀਕੇ ਨਾਲ ਮੁਕੰਮਲ ਕਰ ਲਈਆਂ ਗਈਆਂ ਹਨ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਨਾਲੀ ਨੇੜੇ ਕਰੀਬ ਦਸ ਹਜਾਰ ਫੁੱਟ ਦੀ ਉਚਾਈ 'ਤੇ ਸਥਿਤ ਅਟਲ ਸੁਰੰਗ ਦੇ ਉੱਤਰੀ ਪੋਰਟਲ ਸਿਰੇ 'ਤੇ ਸਥਿਤ ਸੀਸੂ ਵਿਖੇ ਮੈਰਾਥਨ ਦਾ ਆਯੋਜਨ ਕੀਤਾ ਜਾ ਰਿਹਾ ਹੈ । ਇਹ ਮੈਰਾਥਨ ਚਾਰ ਵਰਗਾਂ ਵਿੱਚ ਕਰਵਾਈ ਜਾ ਰਹੀ ਹੈ ਜਿਸ ਵਿੱਚ 42 ਕਿਲੋਮੀਟਰ ਫੁਲ ਮੈਰਾਥਨ, 21 ਕਿਲੋਮੀਟਰ ਹਾਫ ਮੈਰਾਥਨ, ਦਸ ਕਿਲੋਮੀਟਰ ਅਤੇ ਪੰਜ ਕਿਲੋਮੀਟਰ। ਨੇਵੀ ਦੇ 25 ਜਵਾਨਾਂ ਨੇ ਇਸ ਮੈਰਾਥਨ ਵਿੱਚ ਭਾਗ ਲੈਣ ਦੀ ਪੁਸਟੀ ਕੀਤੀ ਹੈ।

# ਪ੍ਰਿੰਸੀਪਲ ਅਮਨਪ੍ਰੀਤ ਕੌਰ ਤੇ ਪੰਜਾਬੀ ਵਿਭਾਗ ਦੇ ਮੁਖੀ ਪੂਨਮ 'ਸ਼ੁਭਕਰਮਨ' ਪੁਰਸਕਾਰ ਨਾਲ ਸਨਮਾਨਤ



ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ) : ਬ੍ਰਿਟਾਨਿਕਾ ਕੰਪਲੈਕਸ ਲੁਧਿਆਣਾ ਵਿਖੇ ਗੁਣਤਾਸ ਚੇਤਨਾ ਵਿਦਿਅਕ ਕਾਨਫਰੰਸ ਵਿੱਚ ਅਕਾਲ ਗਲੈਕਸੀ ਕਾਨਵੈਂਟ ਸਕੂਲ ਲੋਹੀਆਂ ਖਾਸ ਦੇ ਮੈਡਮ ਪ੍ਰਿੰਸੀਪਲ ਅਮਨਪ੍ਰੀਤ ਕੌਰ ਅਤੇ ਪੰਜਾਬੀ ਵਿਭਾਗ ਦੇ ਮੁਖੀ ਮੈਡਮ ਪੂਨਮ ਨੂੰ ਸ਼ੁਭ ਕਰਮਨ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ।ਪ੍ਰਾਈਵੇਟ ਸਕੂਲ ਐਸੋਸੀਏਸ਼ਨ ਦੇ ਪ੍ਰਧਾਨ ਸਰਦਾਰ ਜਗਜੀਤ ਸਿੰਘ ਧੂਰੀ ਦੀ ਯੋਗ ਅਗਵਾਈ ਹੇਠ ਕੋਮਾਂਤਰੀ ਮਾਂ ਬੋਲੀ ਦਿਵਸ ਦੇ ਮੌਕੇ ਬ੍ਰਿਟਾਨਿਕਾ ਕੰਪਲੈਕਸ ਲੁਧਿਆਣਾ ਵਿਖੇ ਗੁਣਤਾਸ ਚੇਤਨਾ ਵਿਦਿਆਕ ਕਾਨਫਰੰਸ ਆਯੋਜਿਤ ਕੀਤੀ ਗਈ।ਇਸ ਕਾਨਫਰੰਸ ਵਿੱਚ ਅਕਾਲ ਗਲੈਕਸੀ ਇਕੋਨਮੈਂਟ ਸਕੂਲ ਲੋਹੀਆਂ ਖਾਸ ਤੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਅਤੇ ਸੰਸਥਾ ਦੇ ਪੰਜਾਬੀ ਵਿਭਾਗ ਦੇ ਮੁਖੀ ਮੈਡਮ ਪੂਨਮ ਨੂੰ ਸ਼ੁਭਕਰਮਨ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ।ਇਸ ਕਾਨਫਰੰਸ ਵਿੱਚ ਡਾਕਟਰ ਕੁਲਵੰਤ ਸਿੰਘ ਧਾਲੀਵਾਲ (ਗਲੋਬਲ ਅੰਬੈਸਡਰ ਆਫ ਵਰਡ ਕੈਂਸਰ ਕੇਅਰ), ਪ੍ਰੋਫੈਸਰ ਸਤੀਸ਼ ਕੁਮਾਰ ਵਰਮਾ (ਸਾਬਕਾ ਡੀਨ ਅਤੇ ਮੁਖੀ ਪੰਜਾਬੀ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ) ਅਤੇ ਡਾਕਟਰ ਸੁਰਜੀਤ ਪਾਤਰ (ਪਦਮ ਸ੍ਰੀ ਪ੍ਰਧਾਨ ਪੰਜਾਬ ਆਰਟ ਕੌਂਸਲ) ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਕਾਨਫਰੰਸ ਵਿੱਚ ਡਾਕਟਰ ਜਗਜੀਤ ਸਿੰਘ ਧੂਰੀ ਦੁਆਰਾ ਆਪਣੀ ਮਾਂ ਬੋਲੀ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ ਪ੍ਰੇਰਿਤ ਕੀਤਾ ਗਿਆ ਅਤੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਗੁਣਤਾਸ ਚੇਤਨਾ ਦੁਆਰਾ ਪੰਜਾਬੀ ਭਾਸ਼ਾ ਅਤੇ ਪੰਜਾਬੀ ਅਮੀਰ ਸੱਭਿਆਚਾਰ ਨੂੰ ਸਾਂਭਣ ਦੇ ਯਤਨ ਕੀਤੇ ਜਾ ਰਹੇ ਹਨ। ਪਿਛਲੇ ਤਿੰਨ ਸਾਲਾਂ ਤੋਂ ਗੁਣਤਾਸ ਸਿਰਲੇਖ ਹੇਠ ਪੰਜਾਬੀ ਪਾਠ ਪੁਸਤਕਾਂ ਰਾਹੀਂ ਵਿਦਿਆਰਥੀਆਂ ਨੂੰ ਪੰਜਾਬ ਦੇ ਅਮੀਰ ਵਿਰਸੇ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ।

# ਤਿੰਨ ਅਧਿਆਪਕ ਹੈੱਡ-ਟੀਚਰ ਤੋਂ ਸੀ ਐੱਚ ਟੀ ਬਣੇ



ਪਠਾਨਕੋਟ, ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ) ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਜਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ ਸਿੱਖਿਆ) ਪਠਾਨਕੋਟ ਹਰਭਗਵੰਤ ਸਿੰਘ ਵੱਲੋਂ ਤਿੰਨ ਹੈੱਡ ਟੀਚਰਜ਼ (ਯਗਧਰ ਸ਼ਰਮਾ, ਕੰਵਲਜੀਤ ਸਿੰਘ ਅਤੇ ਬਾਵਾ ਸਿੰਘ) ਨੂੰ ਪ੍ਰਮੋਟ ਕਰਕੇ ਸੈਂਟਰ ਹੈੱਡ ਟੀਚਰ ਦਾ ਅਹੁਦਾ ਸੰਭਾਲਣ ਦਾ ਪੱਤਰ ਸੌਂਪਿਆ।

ਇਸ ਮੌਕੇ ਜਿਲ੍ਹਾ ਸਿੱਖਿਆ ਅਫ਼ਸਰ ਹਰਭਗਵੰਤ ਸਿੰਘ ਨੇ ਪ੍ਰਮੋਟ ਹੋਏ ਸੈਂਟਰ ਹੈੱਡ ਟੀਚਰਜ਼ ਨੂੰ ਵਧਾਈ ਦਿੰਦਿਆ ਕਿਹਾ ਕਿ ਉਹ ਆਪਣਾ ਅਹੁਦਾ ਜਿੰਮੇਵਾਰੀ ਨਾਲ ਨਿਭਾਉਣ ਅਤੇ ਇਸ ਵੇਲੇ ਵਿਭਾਗ ਵਲੋਂ ਚਲਾਈ ਜਾ ਰਹੀ ਦਾਖਲਾ ਮੁੰਹਿਮ ਵਿੱਚ ਵੱਧ ਤੋ ਵੱਧ ਨਵਾਂ ਦਾਖਲਾ ਕਰਕੇ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਦਾ ਯਤਨ ਕਰਨ। ਇਸ ਮੌਕੇ ਉੱਪ ਜਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ ਸਿੱਖਿਆ) ਪਠਾਨਕੋਟ ਡੀ ਜੀ ਸਿੰਘ ਨੇ ਵੀ ਪ੍ਰਮੋਟ ਹੋਏ ਅਧਿਆਪਕਾਂ ਨੂੰ ਵਧਾਈ ਦਿੱਤੀ। ਇਸ ਮੌਕੇ ਬੀਪੀਈਓ ਪਠਾਨਕੋਟ-2 ਨਰੇਸ਼ ਪਨਿਆੜ, ਪੰਕਜ਼ ਅਰੋੜਾ ਬੀ ਪੀ ਈ ਓ ਪਠਾਨਕੋਟ-1, ਰਾਕੇਸ਼ ਠਾਕੁਰ ਬੀ ਪੀ ਈ ਓ ਧਾਰ-2, ਕੈਲਾਸ਼ ਚੰਦਰ ਸੀ ਐਚ ਟੀ, ਰਾਜੇਸ਼ ਡੋਗਰਾ ਸੀਨੀਅਰ ਸਹਾਇਕ, ਰਾਜੇਸ਼ ਕੁਮਾਰ ਜੂਨੀਅਰ ਸਹਾਇਕ ਅਤੇ ਰਵੀਕਾਂਤ ਦਿਗਪਾਲ ਮੀਤ ਪ੍ਰਧਾਨ ਈਟੀਯੂ ਪੰਜਾਬ ਅਤੇ ਸ੍ਰੀ ਵਿਨੋਦ ਕੁਮਾਰ ਜਿਲ੍ਹਾ ਪ੍ਰਧਾਨ ਐਲ਼ੀਮੈਂਟਰੀ ਟੀਚਰਜ਼ ਯੂਨੀਅਨ ਪਠਾਨਕੋਟ ਵਿਸ਼ੇਸ਼ ਤੌਰ ਹਾਜ਼ਰ ਹੋਏ। ਐਲੀਮੈਂਟਰੀ ਟੀਚਰਜ਼ ਯੂਨੀਅਨ ਪਠਾਨਕੋਟ ਵੱਲੋਂ ਪ੍ਰਮੋਟ ਹੋਏ ਸੈਂਟਰ ਹੈੱਡ ਟੀਚਰਜ਼ ਨੂੰ ਵਧਾਈ ਦਿੱਤੀ ਗਈ।

# ਪਰਨੋਡ ਰਿਕਾਰਡ ਇੰਡੀਆ ਦਾ ਪਹਿਲਾ ਲਗਜ਼ਰੀ ਇੰਡੀਅਨ ਸਿੰਗਲ ਮਾਲਟ ਲਾਂਚ

ਅੰਮ੍ਰਿਤਸਰ, ਲੁਧਿਆਣਾ : ਪਰਨੋਡ ਰਿਕਾਰਡ ਇੰਡੀਆ ਦਾ ਲਗਜ਼ਰੀ ਇੰਡੀਅਨ ਸਿੰਗਲ ਮਾਲਟ ਲੰਬਕਾਰ 77 ਦੁਬਈ ਵਿੱਚ ਲਾਂਚ ਕੀਤਾ ਗਿਆ। ਭਾਰਤ ਦੇ ਸਭ ਤੋਂ ਵਧੀਆ ਮਾਲਟ ਨੂੰ ਦੁਨੀਆ ਵਿੱਚ ਪੇਸ਼ ਕਰਦੇ ਹੋਏ, ਬ੍ਰਾਂਡ ਨੇ ਆਪਣੇ ਵਿਸਥਾਰ ਦਾ ਐਲਾਨ ਕੀਤਾ। ਭਾਰਤੀ ਲਗਜ਼ਰੀ ਦੇ ਮਾਹਰਾਂ ਨੂੰ ਪੇਸ਼ ਕੀਤੀ ਗਈ, ਇਸ ਸ਼ਾਮ ਨੇ ਦੇਸ਼ ਦੇ ਅਮੀਰ ਸੱਭਿਆਚਾਰ, ਇਤਿਹਾਸਕ ਕਾਰੀਗਰੀ ਅਤੇ ਵਿਦੇਸ਼ੀ ਭਾਵਨਾ ਨੂੰ ਦਰਸਾਇਆ। ਇਹ ਉਸ ਲਾਈਨ ਨੂੰ ਦਰਸਾਉਂਦਾ ਹੈ ਜੋ ਭਾਰਤ ਦੇ ਦਿਲ ਅਤੇ ਆਤਮਾ ਵਿੱਚੋਂ ਲੰਘਦੀ ਹੈ ਅਤੇ ਜਿਸਦੇ ਬਾਅਦ ਬ੍ਰਾਂਡ ਦਾ ਨਾਮ ਰੱਖਿਆ ਗਿਆ ਹੈ। ਇਸ ਮੌਕੇ ਨੇ ਮਨਮੋਹਕ ਫੈਸ਼ਨ ਸ਼ੋਅ ਰਾਹੀਂ ਇੰਡੀਆ ਰੀਮੈਜਿਨਡ ਦੇ ਬ੍ਰਾਂਡ ਦੇ ਵਿਜ਼ਨ ਨੂੰ ਉਜਾਗਰ ਕੀਤਾ।ਫੈਸ਼ਨ ਸ਼ੋਅ ਨੂੰ ਜੇਜੇ ਵਲਾਇਆ, ਵਰੁਣ ਬਹਿਲ, ਰਾਜੇਸ਼ ਪ੍ਰਤਾਪ ਸਿੰਘ ਅਤੇ ਸ਼ਾਂਤਨੂ ਅਤੇ ਨਿਖਿਲ ਵਰਗੇ ਹੋਰ ਉੱਘੇ ਡਿਜ਼ਾਈਨਰਾਂ ਦੇ ਨਾਲ ਮਸ਼ਹੂਰ ਡਿਜ਼ਾਈਨਰ ਆਸ਼ੀਸ਼ ਸੋਨੀ ਦੁਆਰਾ ਤਿਆਰ ਕੀਤਾ ਗਿਆ ਸੀ।ਇਸ ਮੌਕੇ ਜੀਵਨ ਦੇ ਵੱਖ-ਵੱਖ ਖੇਤਰਾਂ ਦੀਆਂ ਉੱਘੀਆਂ ਸ਼ਖਸੀਅਤਾਂ ਜ਼ਹੀਰ ਖਾਨ, ਸਾਗਰਿਕਾ ਘਾਟਗੇ, ਕਨਿਕਾ ਕਪੂਰ, ਉੱਜਵਲਾ ਰਾਉਤ ਅਤੇ ਫਰਹਾਨਾ ਬੋਡੀ ਮੌਜੂਦ ਸਨ।

# ਮੰਮਣਕੇ ਵੱਲੋਂ ਖੇਤੀ ਬਜਟ ਵਧਾ ਕੇ 5 ਗੁਣਾਂ ਕੀਤੇ ਜਾਣ ਲਈ ਪ੍ਰਧਾਨ ਮੰਤਰੀ ਦਾ ਸਵਾਗਤ



ਅਜਨਾਲਾ **(ਸੁਖਤਿੰਦਰ ਸਿੰਘ ਰਾਜੂ)**- ਪੰਜਾਬ ਬੁਲਾਰਾ ਭਾਜਪਾ ਤੇ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਪ੍ਰੋ. ਗੁਰਵਿੰਦਰ ਸਿੰਘ ਮੰਮਣਕੇ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪੰਜਾਬ ਸਮੇਤ ਦੇਸ਼ ਭਰ ਦੇ 9 ਕਰੋੜ ਕਿਸਾਨਾਂ ਦੇ ਖਾਤਿਆਂ 'ਚ ਸਨਮਾਨ ਰਾਸ਼ੀ ਵਜੋਂ 21 ਹਜਾਰ ਕਰੋੜ ਰੁਪਏ ਜਮ੍ਹਾਂ ਕਰਵਾਏ ਜਾਣ ਦਾ ਪੰਜਾਬ ਭਾਜਪਾ ਵੱਲੋਂ ਸਵਾਗਤ ਕਰਦਿਆਂ ਕਿਹਾ ਕਿ ਕੇਂਦਰੀ ਮੋਦੀ ਸਰਕਾਰ ਦੀ ਹਮੇਸ਼ਾਂ ਤਰਜੀਹ ਰਹੀ ਹੈ ਕਿ ਕਿਸਾਨਾ ਨੂੰ ਮਜਬੂਤ ਅਤੇ ਖੁਸ਼ਹਾਲ ਬਣਾਇਆ ਜਾਵੇ। ਜਿਸ ਤਹਿਤ ਮੋਦੀ ਸਰਕਾਰ ਵੱਲੋਂ ਸਾਬਕਾ ਕੇਂਦਰੀ ਕਾਂਗਰਸ ਸਰਕਾਰ ਵੱਲੋਂ ਖੇਤੀ ਲਈ ਰੱਖੇ ਜਾਂਦੇ ਰਹੇ 22 ਹਜ਼ਾਰ ਕਰੋੜ ਰੁਪਏ ਬਜਟ ਦੇ ਮੁਕਾਬਲੇ ਕਿਸਾਨਾਂ ਨੂੰ ਫਸਲਾਂ ਦੀ ਲਾਗਤ ਦਾ ਡੇਢ ਗੁਣਾਂ ਐਮ ਐਸ ਪੀ ਦੇਣ ਸਮੇਤ ਹੋਰ ਕਿਸਾਨ ਭਲਾਈ ਸਕੀਮਾਂ ਲਈ ਕੇਂਦਰੀ ਖੇਤੀ ਬਜਟ ਮੋਦੀ ਸਰਕਾਰ ਵੱਲੋਂ ਵਧਾ ਕੇ 1.20 ਲੱਖ ਕਰੋੜ ਰੁਪਏ ਕੀਤਾ ਹੈ ਜਦੋਂਕਿ ਲਾਗੂ ਕੀਤੀ ਗਈ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਤਹਿਤ 16 ਕਰੋੜ ਤੋਂ ਵਧੇਰੇ ਪ੍ਰਭਾਵਿਤ ਕਿਸਾਨਾਂ ਨੂੰ ਉਨ੍ਹਾਂ ਦੀਆਂ ਕੁਦਰਤੀ ਆਫਤਾਂ ਨਾਲ ਨੁਕਸਾਨੀਆਂ ਗਈਆਂ ਫਸਲਾਂ ਦੀ ਬੀਮਾ ਰਾਸ਼ੀ ਵਜੋਂ 1.56 ਲੱਖ ਕਰੋੜ ਰੁਪਏ ਰਾਸ਼ੀ ਦਾ ਭੁਗਤਾਨ ਕੀਤਾ ਹੈ। ਜੋ ਆਪਣੇ ਆਪ ਵਿੱਚ ਇਕ ਬਾ-ਕਮਾਲ ਕਿਸਾਨ ਹਿਤੂ ਕਾਰਗੁਜਾਰੀ ਹੈ। ਉਨ੍ਹਾਂ ਨੇ ਦਾਅਵਾ ਕੀਤਾ ਕਿ ਆਉਂਦੀਆਂ ਲੋਕ ਸਭਾ ਚੋਣਾਂ 'ਚ ਦੇਸ਼ਵਾਸੀ ਤੀਸਰੀ ਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ 'ਚ ਐਨ ਡੀ ਏ ਸਰਕਾਰ ਬਨਾਉਣ ਲਈ 400 ਸੀਟਾਂ ਦੀ ਜਿੱਤ ਦਾ ਅਸ਼ੀਰਵਾਦ ਦੇਣ ਜਾ ਰਹੇ ਹਨ। ਜਿਸ 'ਚ ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਦਾ ਵੀ ਵੱਡਾ ਜੇਤੂ ਯੋਗਦਾਨ ਹੋਵੇਗਾ।

# ਪੰਜਾਬ ਸਰਕਾਰ ਨੌਜਵਾਨ ਪੀੜ੍ਹੀ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਵਚਨਬੱਧ: ਸ਼ੈਰੀ ਕਲਸੀ

ਬਟਾਲਾ (ਡਾ. ਮਲਵਿੰਦਰ ਸਿੰਘ)- ਵਿਧਾਇਕ ਅਮਨਸ਼ੇਰ ਸਿੰਘ ਕਲਸੀ ਵੱਲੋਂ ਬਟਾਲਾ ਹਲਕੇ ਅੰਦਰ ਕਰਵਾਏ ਜਾ ਰਹੇ ਵਿਕਾਸ ਲੜੀ ਦੇ ਕੰਮਾਂ ਤਹਿਤ ਪਿੰਡ ਡੱਲਾ ਵਿਖੇ ਸ਼ਾਨਦਾਰ ਅਤਿ ਆਧੁਨਿਕ ਖੇਡ ਸਟੇਡੀਅਮ, ਖਿਡਾਰੀਆਂ ਨੂੰ ਸਮਰਪਿਤ ਕੀਤਾ ਗਿਆ। ਇਸ ਮੌਕੇ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਕਿਹਾ ਕਿ ਇਸ ਨਵੇਂ ਬਣੇ ਖੇਡ ਸਟੇਡੀਅਮ ਦੀ ਜਗ੍ਹਾ ਪਹਿਲਾਂ ਛੱਪੜ ਸੀ ਪਰ ਇਸ ਛੱਪੜ ਦੀ ਜਗ੍ਹਾ ਹੁਣ ਖਿਡਾਰੀਆਂ ਦੇ ਖੇਡਣ ਲਈ ਨਵਾਂ ਅਤਿ ਆਧੁਨਿਕ ਖੇਡ ਸਟੇਡੀਅਮ ਉਸਾਰ ਕੇ ਦਿੱਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਵਿਸ਼ੇਸ ਉਪਰਾਲੇ ਕੀਤੇ ਗਏ ਹਨ, ਜਿਸ ਦੇ ਚਲਦਿਆਂ ਨੌਜਵਾਨਾਂ ਨੂੰ ਖੇਡਣ ਲਈ ਖੇਡ ਸਟੇਡੀਅਮ ਉਸਾਰ ਕੇ ਦਿੱਤਾ ਗਿਆ ਹੈ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਇਸ ਖੇਡ ਸਟੇਡੀਅਮ ਵਿੱਚ ਖਿਡਾਰੀਆਂ ਦੇ ਖੇਡਣ ਲਈ ਕਬੱਡੀ, ਵਾਲੀਬਾਲ, ਜਿੰਮ ਆਦਿ ਤੋਂ ਇਲਾਵਾ ਪਾਰਕ ਦੀ ਉਸਾਰੀ ਕਰਵਾਈ ਗਈ ਹੈ, ਜਿਸ ਵਿੱਚ ਸਵੇਰੇ-ਸ਼ਾਮ ਲੋਕ ਸੈਰ ਕਰ ਸਕਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਦਿਲੀ ਇੱਛਾ ਹੈ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ ਜਾਵੇ ਅਤੇ ਤਾਂ ਜੋ ਉਹ ਆਪਣੇ ਹਲਕੇ, ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਮਾੜੀ ਅਲਾਮਤ ਤੋਂ ਦੂਰ ਕਰਨ ਲਈ ਪੰਜਾਬ ਸਰਕਾਰ ਵਲੋਂ ਨੌਜਵਾਨਾਂ ਨੂੰ ਖੇਡ ਸੱਭਿਆਚਾਰ ਨਾਲ ਜੋੜਿਆ ਜਾ ਰਿਹਾ ਹੈ ਅਤੇ ਖੇਡਣ ਲਈ ਸੁਖਾਵਾਂ ਮਾਹੌਲ ਪ੍ਰਦਾਨ ਕੀਤਾ ਗਿਆ ਹੈ। ਇਸ ਮੌਕੇ ਡੀਡੀਪੀਓ ਸਤੀਸ਼ ਕੁਮਾਰ, ਜਿੰਦਰਪਾਲ ਸਿੰਘ ਸੈਕਟਰੀ ਜ਼ਿਲ੍ਹਾ ਪ੍ਰੀਸ਼ਦ, ਬੀਡੀਪੀਓ ਗੁਰਪ੍ਰੀਤ ਸਿੰਘ ਸਮੇਤ ਆਪ ਆਪ ਪਾਰਟੀ ਦੇ ਆਗੂ, ਵਰਕਰ, ਵਾਲੰਟੀਅਰ ਅਤੇ ਇਲਾਕੇ ਦੇ ਲੋਕ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਸੇਵਕਪਾਲ ਸਿੰਘ ਨੂੰ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦਾ ਡਾਇਰੈਕਟਰ ਨਿਯੁਕਤ ਕਰਨ 'ਤੇ ਖੁਸ਼ੀ ਦਾ ਪ੍ਰਗਟਾਵਾ



ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲੀ) ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਵੱਖ-ਵੱਖ ਕਾਰਪੋਰੇਸ਼ਨ ਦ ਚੇਅਰਮੈਨ ਉਪ ਚੇਅਰਮੈਨ ਡਾਇਰੈਕਟਰ ਅਤੇ ਮੈਂਬਰ ਸਾਹਿਬਾਨ ਨਿਯੁਕਤ ਕੀਤੇ ਗਏ, ਜਿਸ ਦੇ ਚਲਦਿਆਂ ਮਾਨ ਸਰਕਾਰ ਵੱਲੋਂ ਗੁਰਸੇਵਕ ਸਿੰਘ ਝੰਡੇਰ ਮਹਾਂਪੁਰਖਾਂ ਨੂੰ ਮਾਨ ਸਰਕਾਰ ਵੱਲੋਂ ਸੇਵਕਪਾਲ ਸਿੰਘ ਝੰਡੇਰ ਨੂੰ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਦਾ ਡਾਇਰੈਕਟਰ ਨਿਯੁਕਤ ਇਸ ਵਿਕਾਰੀ ਅਹੁਦੇ ਨਾਲ ਨਵਾਜਿਆ। ਖਬਰ ਮਿਲਦੇ ਸਾਰ ਹੀ ਇਲਾਕੇ ਦੀ ਆਮ ਪਾਰਟੀ ਦੇ ਵਰਕਰ ਵੱਡੀ ਗਿਣਤੀ 'ਚ ਸੇਵਕਪਾਲ ਸਿੰਘ ਅਤੇ ਉਸਦੇ ਪਰਵਾਰ ਨੂੰ ਵਧਾਈ ਦੇਣ ਲਈ ਉਸਦੇ ਘਰ ਪਹੁੰਚ ਗਏ ਵੇਖਦਿਆਂ ਹੀ ਵੇਖਦਿਆਂ ਵਧਾਈ ਦੇਣ ਵਾਲਿਆਂ ਦਾ ਬੜਾ ਵੱਡਾ ਤਾਂਤਾ ਲਗ ਗਿਆ।

ਇਸ ਸਮੇਂ ਸੇਵਕਪਾਲ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆ ਉਹਨਾਂ ਨੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਪਾਠਕ ਅਤੇ ਸਮੁੱਚੀ ਮੈਨੇਜਮੈਂਟ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਪਾਰਟੀ ਦੁਆਰਾ ਦਿੱਤੀ ਗਈ ਇਸ ਜਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਹਨਾਂ ਨੂੰ ਵਧਾਈ ਦੇਣ ਵਾਲਿਆਂ ਵਿੱਚ ਹੋਰਨਾਂ ਤੋਂ ਇਲਾਵਾ ਬਾਬਾ ਗੁਰਪ੍ਰੀਤ ਸਿੰਘ ਕਰਤਾਰ ਸਿੰਘ ਮੱਲੀ ਬਾਬਾ ਗੁਰਭੇਜ ਸਿੰਘ ਬਾਬਾ ਹਰਦੀਪ ਸਿੰਘ, ਸੁਖਬੀਰ ਸਿੰਘ ਹਰਜੀ, ਕਪਤਾਨ ਸਿੰਘ, ਮੋਹਕਮ ਸਿੰਘ, ਸਤਿੰਦਰਜੀਤ ਸਿੰਘ, ਜਰਮਨਜੀਤ ਸਿੰਘ, ਕਾਬੁਲ ਸਿੰਘ ਮੱਲ੍ਹੀ, ਰਣਜੀਤ ਸਿੰਘ ਭੁੱਲਰ, ਅਰਸਦੀਪ ਸਿੰਘ, ਪਰਜਿੰਦਰ ਸਿੰਘ, ਲੱਖਾ ਸਿੰਘ ਖਡੂਰ ਸਾਹਿਬ, ਬਾਬਾ ਗੁਰਾ ਸਿੰਘ, ਜਸਵਿੰਦਰ ਸਿੰਘ ਝੰਡੇਰ, ਗੁਰਵਿੰਦਰ ਸਿੰਘ ਸਰਹਾਲੀ, ਹਰਦੀਪ ਸਿੰਘ ਸ਼ੁੱਭ, ਕਰਤਾਰ ਸਿੰਘ ਮੱਲ੍ਹੀ, ਗੁਰਦਿਆਲ ਸਿੰਘ ਭੈਲ, ਲਾਡੀ ਭੈਲ, ਗੁਰਨਾਮ ਸਿੰਘ ਮੈਂਬਰ, ਸੁਰਜੀਤ ਸਿੰਘ ਮੈਂਬਰ, ਸਰਪੰਚ ਜੁਝਾਰ ਸਿੰਘ, ਡਾ. ਹਰਪਾਲ ਸਿੰਘ, ਬਲਰਾਜ ਸਿੰਘ, ਰਵੀਸੇਰ ਸਿੰਘ, ਸ਼ੇਰਾ, ਪਰਮਜੀਤ ਸਿੰਘ ਢੋਟਿਆ ਆਦਿ ਹਾਜ਼ਰ ਸਨ।

# ਐੱਨ ਐੱਸ ਐੱਸ ਯੂਨਿਟ ਨੇ ਰਾਸ਼ਟਰੀ ਵਿਗਿਆਨ ਦਿਵਸ ਮਨਾਇਆ



ਝਬਾਲ (ਹਰਜਿੰਦਰ ਸਿੰਘ ਸੋਨੀ) ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਗੱਗੋਬੂਆ ਜਿਲ੍ਹਾ ਤਰਨ ਤਾਰਨ ਵਿਖੇ ਐਨ ਐਸ ਐਸ ਯੂਨਿਟ ਵੱਲੋਂ ਰਾਸ਼ਟਰੀ ਵਿਗਿਆਨ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਐਨ ਐਸ ਐਸ ਪ੍ਰੋਗਰਾਮ ਅਫਸਰ ਲੈਕਚਰਾਰ ਸਰਤਾਜ ਸਿੰਘ ਨੇ ਵਿਦਿਆਰਥੀਆਂ ਨੂੰ ਰਾਸ਼ਟਰੀ ਵਿਗਿਆਨ ਦਿਵਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਰਾਸ਼ਟਰ ਦੇ ਨਿਰਮਾਣ 'ਚ ਵਿਗਿਆਨੀਆਂ ਦੇ ਯੋਗਦਾਨ ਬਾਰੇ ਬੱਚਿਆਂ ਨੂੰ ਜਾਣੂ ਕਰਵਾਇਆ। ਐਨ ਐਸ ਐਸ ਯੂਨਿਟ ਦੇ ਵਿਦਿਆਰਥੀਆਂ ਦੁਆਰਾ ਵਿਗਿਆਨ ਨਾਲ ਸੰਬੰਧਿਤ ਕਵਿਤਾਵਾਂ ਪੜ੍ਹੀਆਂ ਗਈਆਂ ਅਤੇ ਲੈਕਚਰ ਦਿੱਤੇ ਗਏ। ਇਸ ਮੌਕੇ ਰਾਸ਼ਟਰੀ ਵਿਗਿਆਨ ਦਿਵਸ ਨੂੰ ਸਮਰਪਿਤ ਪੇਂਟਿੰਗ ਮੁਕਾਬਲੇ ਵੀ ਕਰਵਾਏ ਗਏ ਅਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਪ੍ਰਿੰਸੀਪਲ ਸ੍ਰੀਮਤੀ ਅਨੁ ਮੋਂਗਾ ਨੇ ਵਿਦਿਆਰਥੀਆਂ ਨੂੰ ਵਿਗਿਆਨਿਕ ਸੋਚ ਅਪਣਾਉਣ ਲਈ ਕਿਹਾ ਅਤੇ ਆਪਣੇ ਆਲੇ ਦੁਆਲੇ ਹੋ ਰਹੇ ਵੱਖ-ਵੱਖ ਵਰਤਾਰਿਆਂ ਨੂੰ ਬਰੀਕੀ ਨਾਲ ਵਾਚ ਕੇ ਇਹਨਾਂ ਵਿੱਚ ਛੁਪਿਆ ਵਿਗਿਆਨ ਲੱਭਣ ਦਾ ਸੁਨੇਹਾ ਦਿੱਤਾ ਤਾਂ ਕਿ ਵਿਗਿਆਨਕ ਸਮਝ ਪੈਦਾ ਹੋ ਸਕੇ। ਇਸ ਮੌਕੇ ਲੈਕਚਰਾਰ ਪ੍ਰਭਜੀਤ ਸਿੰਘ ਅਤੇ ਸੁਖਵੰਤ ਸਿੰਘ ਨੇ ਵੀ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਇਸ ਉਪਰੰਤ ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਗਏ ਵੱਖ-ਵੱਖ ਸਾਇੰਸ ਮਾਡਲਾਂ ਦੀ ਪ੍ਰਦਰਸਨੀ ਵੀ ਲਗਾਈ ਗਈ। ਇਸ ਮੌਕੇ ਸ੍ਰ ਤਜਿੰਦਰ ਪਾਲ ਸਿੰਘ ਗੁਰਵਿੰਦਰ ਸਿੰਘ ਸੁਖਚੈਨ ਸਿੰਘ ਨਿਰਮਲ ਸਿੰਘ, ਮਨੋਜ ਕੁਮਾਰ, ਮਿਸ ਸਿਮਰਨਜੋਤ ਕੌਰ, ਮਿਸ ਸਿਮਰਨਜੀਤ ਕੌਰ, ਬਰਿੰਦਰ ਕੌਰ ਹਰਜੀਤ ਕੌਰ, ਸੁਖਰਾਜ ਕੌਰ, ਨਵਦੀਪ ਮਾਹਲਾ ਆਦਿ ਵੀ ਹਾਜ਼ਰ ਸਨ।

# ਸੁਖਜਿੰਦਰਾ ਗਰੁੱਪ ਆਫ ਇੰਸਟੀਚਿਊਟ ਗੁਰਦਾਸਪੁਰ ਵਿਖੇ ਕਾਊਂਟਿੰਗ ਸੈਂਟਰ ਸਥਾਪਤ ਹੋਵੇਗਾ



ਗੁਰਦਾਸਪੁਰ, (ਦਿਨੇਸ਼ ਕੁਮਾਰ) ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੁਖਜਿੰਦਰਾ ਗਰੁੱਪ ਆਫ਼ ਇੰਸਟੀਚਿਊਟ ਗੁਰਦਾਸਪੁਰ ਵਿਖੇ ਕਾਊਂਟਿੰਗ ਸੈਂਟਰ ਸਥਾਪਤ ਕੀਤਾ ਜਾਵੇਗਾ।ਇਸ ਕਾਊਂਟਿੰਗ ਸੈਂਟਰ ਦੀ ਇਮਾਰਤ ਦਾ ਮੁਆਇਨਾ ਕਰਨ ਦੇ ਨਾਲ ਓਥੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਐੱਸ ਐੱਸ ਪੀ ਗੁਰਦਾਸਪੁਰ ਹਰੀਸ਼ ਦਾਯਮਾ, ਐੱਸ.ਐੱਸ.ਪੀ. ਬਟਾਲਾ ਮੈਡਮ ਅਸ਼ਵਨੀ ਗੋਟਿਆਲ, ਵਧੀਕ ਡਿਪਟੀ ਕਮਿਸ਼ਨਰ ਸੁਭਾਸ਼ ਚੰਦਰ, ਚੋਣ ਤਹਿਸੀਲਦਾਰ ਮਨਜਿੰਦਰ ਸਿੰਘ ਬਾਜਵਾ ਅਤੇ ਜ਼ਿਲ੍ਹੇ ਦੇ ਸਮੂਹ ਈ ਆਰ ਓਜ਼ ਨਾਲ ਸੁਖਜਿੰਦਰਾ ਗਰੁੱਪ ਆਫ਼ ਇੰਸਟੀਚਿਊਟ ਦਾ ਦੌਰਾ ਕੀਤਾ ਗਿਆ।

ਡਾ. ਹਿਮਾਂਸ਼ੂ ਅਗਰਵਾਲ ਨੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਕਾਊਂਟਿੰਗ ਸੈਂਟਰ ਸਥਾਪਤ ਕੀਤਾ ਜਾਵੇਗਾ ਅਤੇ ਜੋ ਵੀ ਪ੍ਰਬੰਧ ਲੋੜੀਂਦੇ ਹੋਣਗੇ ਉਹ ਸਮਾਂ ਰਹਿੰਦੇ ਪੂਰੇ ਕਰ ਲਏ ਜਾਣਗੇ। ਇਸਦੇ ਨਾਲ ਹੀ ਉਨ੍ਹਾਂ ਨੇ ਕਾਊਂਟਿੰਗ ਸੈਂਟਰ ਵਿੱਚ ਬਣਨ ਵਾਲੇ ਮੀਡੀਆ ਸੈਂਟਰ ਦਾ ਜਾਇਜ਼ਾ ਵੀ ਲਿਆ।

**ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼**

# ਮੁਲਾਜ਼ਮ ਹਿੱਤਾਂ ਦੇ ਪਹਿਰੇਦਾਰ ਸਨ ਬਲਵਿੰਦਰ ਸਿੰਘ ਸੰਧੂ



ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਬਲਵਿੰਦਰ ਸਿੰਘ ਸੰਧੂ ਹਮੇਸ਼ਾ ਹੀ ਮੁਲਾਜ਼ਮ ਵਰਗ ਦੇ ਹਿੱਤਾਂ ਲਈ ਪਹਿਲ ਦੇ ਆਧਾਰ 'ਤੇ ਲੜਦੇ ਹੋਏ ਨਜ਼ਰ ਆਏ। ਬਲਵਿੰਦਰ ਸਿੰਘ ਸੰਧੂ ਦਾ ਜਨਮ 05- 05-1964 ਨੂੰ ਉਹਨਾ ਦੇ ਜੱਦੀ ਪਿੰਡ ਪਠਾਣ ਮਾਜਰਾ, ਜ਼ਿਲ੍ਹਾ ਪਟਿਆਲਾ ਵਿਖੇ ਪਿਤਾ ਲੱਖਾ ਸਿੰਘ ਅਤੇ ਮਾਤਾ ਭਜਨ ਕੌਰ ਦੇ ਘਰ ਵਿਖੇ ਹੋਇਆ। 1980 ਵਿਚ ਮੈਟ੍ਰਿਕ ਪਾਸ ਕਰਨ ਤੋਂ ਬਾਅਦ ਸਾਥੀ ਜੀ ਘਰ ਦੀਆਂ ਆਰਥਕ ਤੰਗੀਆਂ ਕਾਰਨ ਅੱਗੇ ਪੜ੍ਹਾਈ ਜਾਰੀ ਨਹੀਂ ਰੱਖ ਸਕੇ ਅਤੇ 1982 ਬਿਜਲੀ ਬੋਰਡ ਵਿਚ ਡੇਲੀਵੇਜ ਦੇ ਤੌਰ 'ਤੇ ਭਰਤੀ ਹੋ ਗਏ। ਜਥੇਬੰਦੀ ਵਿੱਚ ਕੰਮ ਕਰਨ ਦੀ ਭਾਵਨਾ ਕਾਰਨ ਸਾਥੀ ਜੀ ਕਾਮਰੇਡ ਭਗਵਾਨ ਸਿੰਘ ਅਣਖੀ ਦੇ ਦਿਸ਼ਾ-ਨਿਰਦੇਸ਼ ਅਤੇ ਦਰਸ਼ਨ ਸਿੰਘ ਬਾਗੀ ਦੀ ਯੋਗ ਅਗਵਾਈ ਕਰਕੇ ਬਿਜਲੀ ਮੁਲਾਜ਼ਮਾਂ ਦੀ ਸਭ ਤੋਂ ਮੋਹਰੀ ਜਥੇਬੰਦੀ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਵਿਚ ਸ਼ਾਮਲ ਹੋ ਗਏ। 1985 ਵਿਚ ਸਾਥੀ ਸਬ-ਡਵੀਜ਼ਨ ਦੇ ਅਹੁਦੇਦਾਰ ਚੁਣੇ ਗਏ। 05-09-1986 ਨੂੰ ਸਾਥੀ ਦੀ ਤਰੱਕੀ ਵਰਕਚਾਰਜ ਟੀ ਮੇਟ ਦੇ ਤੌਰ 'ਤੇ ਹੋ ਗਈ। ਇਸ ਸਮੇਂ ਤੱਕ ਸਾਥੀ ਜੀ ਪੂਰਨ ਰੂਪ ਵਿਚ ਜਥੇਬੰਦੀ ਦੀ ਅਗਵਾਈ ਕਰਨ ਲੱਗ ਪਏ ਸਨ। 04-12-1992 ਨੂੰ ਸਾਥੀ ਜੀ ਦੀ ਤਰੱਕੀ ਸਹਾਇਕ ਲਾਈਨਮੈਨ ਦੀ ਹੋਣ ਕਰਕੇ ਇਹਨਾ ਦੀ ਬਦਲੀ ਸ੍ਰੀ ਮੁਕਤਸਰ ਸਾਹਿਬ ਵਿਖੇ ਹੋ ਗਈ। ਸਾਥੀ ਜੀ 03-04-1993 ਨੂੰ ਵਾਪਸ ਪਟਿਆਲਾ ਆ ਗਏ। 1994 ਤੋਂ 2010 ਤੱਕ ਸਾਥੀ ਜੀ ਲਗਾਤਾਰ 16 ਸਾਲ ਡਵੀਜ਼ਨ ਪ੍ਰਧਾਨ ਦੇ ਅਹੁਦੇ 'ਤੇ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਦੇ ਰਹੇ। ਇਸ ਦਰਮਿਆਨ ਹੀ ਸਾਥੀ ਦੀ ਸ਼ਾਦੀ 27-03-1990 ਨੂੰ ਜਸਵਿੰਦਰ ਕੌਰ ਪੁੱਤਰੀ ਮੋਹਿੰਦਰ ਸਿੰਘ ਕਸੇਲ ਨਾਲ਼ ਹੋਈ। ਆਪ ਜੀ ਦੇ ਘਰ ਦੋ ਬੇਟੀਆਂ ਅਤੇ ਇਕ ਬੇਟੇ ਨੇ ਜਨਮ ਲਿਆ।

ਸਾਥੀ ਦੀ ਵੱਡੀ ਬੇਟੀ ਗਗਨਦੀਪ ਕੌਰ ਬੀ ਟੈਕ ਕਰਕੇ ਆਸਟਰੇਲੀਆ ਵਿਚ ਰਹਿ ਰਹੀ ਹੈ। ਛੋਟੀ ਬੇਟੀ ਰਜਨਦੀਪ ਕੌਰ ਬੀ ਏ, ਐੱਲ ਐੱਲ ਬੀ, ਐੱਲ ਐੱਲ ਐੱਮ ਕਰਨ ਤੋਂ ਬਾਅਦ ਪ੍ਰਾਈਵੇਟ ਕੰਪਨੀ ਵਿਚ ਜੌਬ ਕਰ ਰਹੀ ਹੈ। ਬੇਟਾ ਬੀ ਏ ਕਰਨ ਤੋਂ ਬਾਅਦ ਪੰਜਾਬ ਪੁਲਸ ਵਿਚ ਨੌਕਰੀ ਕਰ ਰਿਹਾ ਹੈ। ਸਾਲ 2010 ਵਿਚ ਜਰਨੈਲ ਸਿੰਘ ਸਰਕਲ ਸਕੱਤਰ ਪਟਿਆਲਾ ਦੀ ਐਕਸੀਡੈਂਟ ਵਿੱਚ ਮੌਤ ਹੋ ਜਾਣ ਕਾਰਨ ਬਲਵਿੰਦਰ ਸਿੰਘ ਸੰਧੂ ਨੂੰ ਪਟਿਆਲਾ ਸਰਕਲ ਦਾ ਸਕੱਤਰ ਚੁਣ ਲਿਆ ਗਿਆ। ਸਾਲ 2010 ਵਿਚ ਹੀ ਪੰਜਾਬ ਦੇ ਡੈਲੀਗੇਟ ਅਜਲਾਸ ਵਿਚ ਸਾਥੀ ਜੀ ਨੂੰ ਪੰਜਾਬ ਦਾ ਜਥੇਬੰਦਕ ਸਕੱਤਰ ਚੁਣ ਲਿਆ ਗਿਆ। 2014 ਦੇ ਪੰਜਾਬ ਦੇ ਡੈਲੀਗੇਟ ਅਜਲਾਸ ਵਿਚ ਸਾਥੀ ਪੰਜਾਬ ਦੇ ਮੀਤ ਪ੍ਰਧਾਨ ਚੁਣੇ ਗਏ। ਸਾਥੀ ਦੀ ਅਣਥੱਕ ਮਿਹਨਤ, ਇਮਾਨਦਾਰੀ ਅਤੇ ਸੂਝ-ਬੂਝ ਦੇ ਕਾਰਨ ਸਾਥੀ ਜੀ 2018 ਵਿਚ ਸਰਬਸੰਮਤੀ ਨਾਲ ਪੰਜਾਬ ਦੇ ਪ੍ਰਧਾਨ ਚੁਣੇ ਗਏ। ਇਸ ਦੇ ਨਾਲ ਹੀ ਸਮੁੱਚੇ ਬਿਜਲੀ ਮੁਲਾਜ਼ਮਾਂ ਦੀ ਸਾਂਝੀ ਜਥੇਬੰਦੀ ਪੀ ਐੱਸ ਈ ਬੀ ਇੰਪਲਾਈਜ਼ ਜਾਇੰਟ ਫੋਰਮ ਪੰਜਾਬ ਦੇ ਮੈਂਬਰ ਵੀ ਚੁਣੇ ਗਏ। ਸਾਥੀ ਜੀ ਹਮੇਸ਼ਾ ਪੰਜਾਬ ਸਰਕਾਰ ਅਤੇ ਦੋਨੋਂ ਬਿਜਲੀ ਕਾਰਪੋਰੇਸ਼ਨਾਂ ਦੀਆਂ ਮੈਨੇਜਮੈਂਟਾਂ ਖਿਲਾਫ ਲਗਾਤਾਰ ਸੰਘਰਸ਼ ਕਰਦੇ ਰਹੇ। ਸਾਥੀ ਨੇ ਦੋਨੋਂ ਬਿਜਲੀ ਕਾਰਪੋਰੇਸ਼ਨਾਂ ਦੀਆਂ ਮੈਨੇਜਮੈਂਟਾਂ ਨਾਲ਼ ਅਨੇਕਾਂ ਇਤਿਹਾਸਕ ਸਮਝੌਤੇ ਕੀਤੇ। ਸਾਥੀ ਜੀ ਭਾਵੇਂ 31-05-2022 ਨੂੰ ਸੇਵਾ-ਮੁਕਤ ਹੋ ਗਏ, ਰ ਫਿਰ ਵੀ ਉਹ ਲਗਾਤਾਰ ਬਿਜਲੀ ਮੁਲਾਜ਼ਮਾਂ ਦੇ ਮਸਲਿਆਂ ਲਈ ਲੜਦੇ ਰਹੇ। ਸਾਥੀ ਨੇ ਅਪਣੇ ਅੰਤਮ ਸਵਾਸ ਵੀ 20-02-2024 ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਸਾਹਮਣੇ ਅੰਮ੍ਰਿਤਸਰ ਵਿਖੇ ਦਿੱਤੇ ਜਾ ਰਹੇ ਧਰਨੇ ਵਿਚ ਪੂਰੇ ਕੀਤੇ। ਐਸਾ ਸੁਭਾਗ ਵਿਰਲੇ ਲੋਕਾਂ ਦੇ ਹਿੱਸੇ ਹੀ ਆਉਂਦਾ ਹੈ।

ਸਾਥੀ ਨਮਿਤ ਸ਼ਰਧਾਂਜਲੀ ਸਮਾਗਮ 29 ਫਰਵਰੀ (ਵੀਰਵਾਰ) ਨੂੰ ਦੇਵੀਗੜ੍ਹ-ਰੋਹੜ ਜੰਗੀਰ 'ਤੇ ਪੈਂਦੇ ਪਿੰਡ ਘੜਾਮ, ਨੇੜੇ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਹੋਵੇਗਾ। ਸਮੂਹ ਕਰਮਚਾਰੀਆਂ ਨੂੰ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ।

**—ਜਬਲਜੀਤ ਸਿੰਘ ਮੋਦਲਾ, ਜਨਰਲ ਸਕੱਤਰ ਪੰਜਾਬ ਤੇ ਸਮੂਹ ਸਟੇਟ ਵਰਕਿੰਗ ਕਮੇਟੀ ਮੈਂਬਰ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ**

# ਮੇਹਰਚੰਦ ਦਾ ਕਾਲਜ ਪੀ ਟੀ ਆਈ ਐੱਸ ਯੁਵਕ ਮੇਲੇ 'ਚ ਸ਼ਾਨਦਾਰ ਪ੍ਰਦਰਸ਼ਨ



ਜਲੰਧਰ ( ਸ਼ੈਲੀ ਐਲਬਰਟ)- ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਰਹਿਨੁਮਾਈ ਹੇਠ ਮੇਹਰਚੰਦ ਪਾਲੀਟੈਕਨਿਕ ਕਾਲਜ ਦੇ ਵਿਦਿਆਰਥੀਆਂ ਨੇ ਪੀ ਟੀ ਆਈ ਐਸ ਯੁਵਕ ਮੇਲੇ 2024 ਵਿੱਚ ਹਿੱਸਾ ਲੈ ਕੇ ਇਵੈਂਟ ਕੋਰੀਉਗ੍ਰਾਫੀ 'ਚ ਦੂਜਾ ਅਤੇ ਇਵੈਂਟ ਸ਼ਬਦ ਗਾਇਨ ਵਿੱਚ ਤੀਜਾ ਸਥਾਨ ਹਾਸਲ ਕੀਤਾ। ਕੋਰੀਉਗ੍ਰਾਫੀ ਮੁਕਾਬਲੇ 'ਚ ਇਤੀਸ਼ਾ, ਸ਼ੌਰਿਅ, ਰਾਹੁਲ ਯਾਦਵ, ਬੰਧਨ ਕੁਮਾਰ, ਸਿਮਰਨ ਅਤੇ ਅੰਕੁਰ ਨੇ ਪ੍ਰਦਰਸ਼ਨ ਕੀਤਾ। ਸ਼ਬਦ ਗਾਇਨ ਮੁਕਾਬਲੇ 'ਚ ਗੁਰਕਿਰਤ ਸਿੰਘ, ਪ੍ਰਭਨੂਰ ਸਿੰਘ ਅਤੇ ਨਿਖਿਲ ਮਲਹੋਤਰਾ ਸ਼ਾਮਲ ਸਨ। ਇਹ ਮੁਕਾਬਲੇ 21 ਫਰਵਰੀ ਤੋਂ 23 ਫਰਵਰੀ ਤੱਕ ਹਰਪਾਲ ਟਿਵਾਨਾ ਆਡੀਟੋਰੀਅਮ ਵਿਖੇ ਜੀ ਪੀ ਸੀ ਪਟਿਆਲਾ ਵੱਲੋਂ ਕਰਵਾਇਆ ਗਿਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਮੇਜਰ ਪੰਕਜ ਗੁਪਤਾ (ਪ੍ਰਧਾਨ ਕਲਚਰਲ ਸੋਸਾਇਟੀ), ਕਸ਼ਮੀਰ ਕੁਮਾਰ (ਖੇਡ ਪ੍ਰਧਾਨ), ਮਿਸ ਪ੍ਰੀਤ ਕੰਵਲ (ਇੰਚਾਰਜ), ਮਨੀਸ਼ ਸਚਦੇਵਾ (ਇੰਚਾਰਜ), ਮਿਸ ਦੇਵਿਕਾ ਅਤੇ ਮਿਸ ਮਨਿੰਦਰ ਕੌਰ ਦੇ ਵਿਦਿਆਰਥੀਆਂ ਪ੍ਰਤੀ ਕੀਤੇ ਗਏ ਅਣਥਕ ਯਤਨਾਂ ਦੀ ਸ਼ਲਾਘਾ ਕੀਤੀ। ਵਿਦਿਆਰਥੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

# ਮਾਤਾ ਦਰਸ਼ਨ ਕੌਰ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਰੋਹ ਭਲਕੇ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਬੀਤੀ 21 ਫਰਵਰੀ 2024 ਦੀ ਸਵੇਰ ਨੂੰ ਮਾਤਾ ਦਰਸ਼ਨ ਕੌਰ ਭਾਵੇਂ ਹਮੇਸ਼ਾ ਲਈ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਹਨ, ਪਰ ਉਸਦੀ ਮਮਤਾ ਅਤੇ ਮੋਹ ਦੀ ਗੂੜ੍ਹੀ ਛਾਂ ਮਾਨਣ ਵਾਲਿਆਂ ਦੇ ਚੇਤਿਆਂ ਵਿੱਚ ਉਹ ਸਦਾ ਵੱਸਦੀ ਰਹੇਗੀ। ਬੀਬੀ ਦਰਸ਼ਨ ਕੌਰ ਕਿਰਤ ਕਰਨ ਅਤੇ ਨਾਮ ਸਿਮਰਨ ਨੂੰ ਅਹਿਮੀਅਤ ਦੇਣ ਵਾਲੇ ਸਨ। ਆਪ ਜੀ ਦਾ ਵਿਆਹ ਉਸ ਸਮੇਂ ਦੇ ਰਿਵਾਜ਼ ਅਨੁਸਾਰ ਸਰਦਾਰ ਕਿਰਪਾਲ ਸਿੰਘ ਪਿੰਡ ਭੀਮ ਕਦੀਮ ਦੇ ਨਾਲ ਹੋ ਹੋਇਆ। ਇਹਨਾਂ ਦੇ ਕੁਖੋਂ ਤਿੰਨ ਪੁੱਤਰ ਅਤੇ ਦੋ ਧੀਆਂ ਨੇ ਜਨਮ ਲਿਆ। ਆਪ ਜੀ ਦੇ ਵੱਡੇ ਪੁੱਤਰ ਰਣਜੀਤ ਸਿੰਘ ਸੈਣੀ ਚੰਗੇ ਪੜ੍ਹ ਲਿਖ ਕੇ ਐੱਸ ਡੀ ਐੱਮ ਸੁਲਤਾਨਪੁਰ ਲੋਧੀ ਵਿਖੇ ਬਤੌਰ ਰੀਡਰ ਦੀ ਨੌਕਰੀ ਕਰ ਰਹੇ ਹਨ। ਮਾਤਾ ਦਰਸ਼ਨ ਕੌਰ ਨੇ ਧਾਰਮਿਕ ਜੀਵਨ ਜਿਉਣ ਅਤੇ ਧਾਰਮਿਕ ਵੀਚਾਰਾਂ ਨੂੰ ਤਰਜੀਹ ਦਿੱਤੀ। 65 ਸਾਲਾਂ ਮਾਤਾ ਦਰਸ਼ਨ ਕੌਰ ਅਚਾਨਕ ਅਕਾਲ ਚਲਾਣਾ ਕਰ ਗਏ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰਾਖਵੇਂ ਗਏ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਮਿਤੀ 1 ਮਾਰਚ ਦਿਨ ਸ਼ੁੱਕਰਵਾਰ ਨੂੰ ਉਹਨਾਂ ਦੇ ਗ੍ਰਹਿ ਵਿਖੇ ਪਿੰਡ ਭੀਮ ਕਦੀਮ ਤਹਿਸੀਲ ਸੁਲਤਾਨਪੁਰ ਲੋਧੀ ਜ਼ਿਲ੍ਹਾ ਕਪੂਰਥਲਾ ਵਿਖੇ ਦੁਪਿਹਰ 1 ਵਜੇ ਹੋਵੇਗੀ।

# ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਪੰਜਾਬ ਵਿਧਾਨ ਸਭਾ ਦਾ ਘਿਰਾਓ 5 ਨੂੰ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਸੂਬੇ ਦੀਆਂ 54 ਹਜ਼ਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਨੂੰ ਲੈ ਕੇ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੀ ਅਗਵਾਈ ਹੇਠ 5 ਮਾਰਚ ਨੂੰ ਚੰਡੀਗੜ੍ਹ ਵਿਖੇ ਪੰਜਾਬ ਵਿਧਾਨ ਸਭਾ ਦਾ ਘਿਰਾਓ ਕੀਤਾ ਜਾਵੇਗਾ ਤੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

ਇਹ ਜਾਣਕਾਰੀ ਯੂਨੀਅਨ ਦੀ ਜ਼ਿਲਾ/ਬਲਾਕ ਪ੍ਰਧਾਨ ਨੇ ਦਿੱਤੀ। ਉਹਨਾਂ ਕਿਹਾ ਕਿ ਸਬੰਧਿਤ ਮਹਿਕਮੇ ਵੱਲੋਂ ਵਾਰ ਵਾਰ ਜਥੇਬੰਦੀ ਦੀਆਂ ਆਗੂਆਂ ਨਾਲ ਮੀਟਿੰਗਾਂ ਕਰਕੇ ਮੰਗਾਂ ਦਾ ਨਿਪਟਾਰਾ ਨਹੀਂ ਕੀਤਾ ਜਾ ਰਿਹਾ। ਜਿਸ ਕਰਕੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵਿੱਚ ਪੰਜਾਬ ਸਰਕਾਰ ਦੇ ਖਿਲਾਫ ਗੁੱਸੇ ਦੀ ਲਹਿਰ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦਾ ਫੈਸਲਾ ਹੈ ਕਿ ਤਿੰਨ ਸਾਲ ਦੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕੀਤਾ ਜਾਵੇਗਾ ਅਤੇ ਇਹ ਬੱਚੇ ਸਕੂਲਾਂ ਵਿੱਚ ਦਾਖਲ ਕੀਤੇ ਜਾ ਰਹੇ ਹਨ। ਜਿਸ ਦਾ ਜਥੇਬੰਦੀ ਸਖਤ ਵਿਰੋਧ ਕਰਦੀ ਹੈ। ਕਿਉਂਕਿ ਪੰਜਾਬ ਸਰਕਾਰ ਆਂਗਣਵਾੜੀ ਸੈਂਟਰਾਂ ਦੇ ਬੱਚੇ ਖੋਹ ਰਹੀ ਹੈ। ਉਹਨਾਂ ਮੰਗ ਕੀਤੀ ਕਿ ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਅਤੇ ਹੈਲਪਰਾਂ ਨੂੰ ਬਣਦਾ ਗਰੇਡ ਦਿੱਤਾ ਜਾਵੇ। ਉਹਨਾਂ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਆਂਗਣਵਾੜੀ ਵਰਕਰਾਂ ਨਾਲ ਧੋਖਾ ਕਰ ਰਹੀ ਹੈ ਤੇ ਉਹਨਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਨਹੀਂ ਦਿੱਤਾ ਜਾ ਰਿਹਾ।

# ਕਾਂਗਰਸੀ ਵਰਕਰਾਂ ਵੱਲੋਂ ਗਿਲਜ਼ੀਆਂ ਦੀ ਅਗਵਾਈ 'ਚ ਕੱਢਿਆ ਟ੍ਰੈਕਟਰ ਮਾਰਚ



**ਟਾਂਡਾ ਉੜਮੁੜ, (ਉਂਕਾਰ ਸਿੰਘ, ਜਸਵਿੰਦਰ ਸੰਧੂ)**-ਕਾਂਗਰਸੀ ਵਰਕਰਾਂ ਵੱਲੋਂ ਟਾਂਡਾ 'ਚ ਕਿਸਾਨਾਂ ਦੀ ਹਮਾਇਤ ਵਿੱਚ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜ਼ੀਆਂ ਦੀ ਅਗਵਾਈ 'ਚ ਵਿਸ਼ਾਲ ਟਰੈਕਟਰ ਮਾਰਚ ਕੱਢਿਆ ਗਿਆ। ਇਸ ਕਿਸਾਨੀ ਬਚਾਓ ਮਾਰਚ ਵਿੱਚ ਵੱਡੀ ਗਿਣਤੀ ਵਿਚ ਕਿਸਾਨ 200 ਤੋਂ ਵੱਧ ਟਰੈਕਟਰ ਲੈ ਕੇ ਪਹੁੰਚੇ। ਅਨਾਜ ਮੰਡੀ ਟਾਂਡਾ ਵਿੱਚ ਇਕੱਤਰ ਹੋਏ ਕਾਂਗਰਸੀ ਕਾਰਕੁੰਨਾਂ ਨੇ ਮੌਕੇ ਮੋਦੀ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਦਾ ਵਿਰੋਧ ਕਰਦੇ ਹੋਏ ਮੋਦੀ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ। ਇਸ ਮੌਕੇ ਸਮੂਹ ਵਰਕਰਾਂ ਨੇ ਕਿਸਾਨਾਂ ਦੀਆਂ ਹੱਕੀ ਮੰਗਾਂ ਦੇ ਹੱਕ 'ਚ ਅਵਾਜ਼ ਬੁਲੰਦ ਕਰਦੇ ਹੋਏ ਉਨ੍ਹਾਂ ਦੇ ਅੰਦੋਲਨ ਦੀ ਹਮਾਇਤ ਕੀਤੀ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਮੋਦੀ ਸਰਕਾਰ ਵੱਲੋਂ ਕਿਸਾਨਾਂ ਨਾਲ ਕੀਤੀ ਗਈ ਧੱਕੇਸ਼ਾਹੀ ਦਾ ਜ਼ੋਰਦਾਰ ਵਿਰੋਧ ਕਰਦੇ ਹੋਏ ਆਖਿਆ ਕਿ ਕਾਂਗਰਸ ਪਾਰਟੀ ਅੰਨਦਾਤਿਆ ਦੇ ਨਾਲ ਮੋਢੇ ਨਾਲ ਮੋੜਾ ਲਾ ਕੇ ਖੜੀ ਹੈ। ਇਸ ਮੌਕੇ ਸਾਬਕਾ ਮੰਤਰੀ ਗਿਲਜ਼ੀਆਂ ਨੇ ਆਖਿਆ ਕਿ ਕਾਂਗਰਸ ਕੌਮੀ ਅਤੇ ਸੂਬਾ ਲੀਡਰਸ਼ਿਪ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਕੱਢੇ ਗਏ ਇਸ ਕਿਸਾਨੀ ਬਚਾਓ ਟਰੈਕਟਰ ਮਾਰਚ ਰਾਹੀਂ ਕਾਂਗਰਸ ਪਾਰਟੀ ਨੇ ਦੱਸਿਆ ਹੈ ਕਿ ਉਹ ਕਿਸਾਨਾਂ ਦੇ ਨਾਲ ਖੜੀ ਹੈ। ਇਸ ਮੌਕੇ ਬਲਾਕ ਪ੍ਰਧਾਨ ਅਵਤਾਰ ਸਿੰਘ ਖੋਖਰ, ਜੋਗਿੰਦਰ ਸਿੰਘ ਗਿਲਜ਼ੀਆਂ, ਲੱਬਾ ਜਹੂਰਾ, ਅਜੀਤ ਪਾਲ ਸਿੰਘ, ਸੋਹਣ ਸਿੰਘ ਖੱਖ, ਪਰਵਿੰਦਰ ਸਹਿਬਾਜ਼ਪੁਰ, ਕੁਲਦੀਪ ਸਿੰਘ ਦੇਹਰੀਵਾਲ, ਸੁਖਵਿੰਦਰ ਜੀਤ ਸਿੰਘ ਬੀਰਾ, ਸੁਖਵਿੰਦਰ ਜੀਤ ਸਿੰਘ ਝਾਵਰ, ਰਵਿੰਦਰ ਪਾਲ ਸਿੰਘ ਗੋਰਾ, ਮਹਾਵੀਰ ਸਿੰਘ ਸੈਣੀ, ਹਰਦੀਪ ਸਿੰਘ ਪਿੰਕੀ, ਕਰਮਜੀਤ ਸਿੰਘ ਮਿੱਠਾ, ਗੋਲਡੀ ਕਲਿਆਣਪੁਰ, ਬਲਬੀਰ ਸਿੰਘ ਰਾਜਪੁਰ, ਕਸ਼ਮੀਰ ਸਿੰਘ ਮਸਤੀਵਾਲ, ਸਰਪੰਚ ਕੁਲਦੀਪ ਸਿੰਘ ਜੌਹਲ, ਕੁਲਵੰਤ ਸਿੰਘ, ਸਰਪੰਚ ਪਰਮਜੀਤ ਸਿੰਘ, ਸ਼ਿਵਦੀਪ ਸਿੰਘ ਸੰਧੂ, ਨੰਬਰਦਾਰ ਬਲਜੀਤ ਸਿੰਘ ਸੰਧੂ, ਰੇਸ਼ਮ ਸਿੰਘ, ਸੁਰਜੀਤ ਸਿੰਘ ਭਾਨਾ, ਕੁਲਜੀਤ ਸਿੰਘ ਖਾਨਪੁਰ, ਹਰਵਿੰਦਰ ਸਿੰਘ ਸਰਾਈ, ਬਲਕਾਰ ਸਿੰਘ, ਨਿਰਮਲ ਸਿੰਘ ਚੌਹਾਨ, ਚੰਚਲ ਸਿੰਘ ਬਾਹਗਾ, ਹਰਜਿੰਦਰ ਸਿੰਘ ਗਾਲੋਵਾਲ, ਗੁਰਵੀਰ ਸਿੰਘ ਰਿੰਕੂ, ਗੁਰਚਰਨ ਸਿੰਘ, ਹਰਪ੍ਰੀਤ ਸਿੰਘ ਕਾਕਾ, ਸਵਰਨ ਸਿੰਘ, ਮਨੀ ਸਹਿਬਾਜ਼ਪੁਰ, ਡਾ. ਭੀਮਾ ਦੇਹਰਿਵਾਲ ਆਦਿ ਮੌਜੂਦ ਸਨ।

# ਗੁਰੂ ਰਵਿਦਾਸ ਜੀ ਦਾ 647ਵਾਂ ਗੁਰਪੁਰਬ ਸ਼ਰਧਾ-ਪੂਰਵਕ ਮਨਾਇਆ




**ਆਦਮਪੁਰ (ਪਰਮਜੀਤ ਸਿੰਘ)** ਪ੍ਰਿਥਵੀ ਵੈਲਫੇਅਰ ਸੁਸਾਇਟੀ ਵੱਲੋਂ ਆਦਮਪੁਰ ਵਿਖੇ ਗੁਰੂ ਰਵਿਦਾਸ ਮਹਾਰਾਜ ਜੀ ਦਾ 647ਵਾਂ ਪ੍ਰਕਾਸ਼ ਪੁਰਬ ਬੂਟੇ ਲਗਾ ਕੇ ਮਨਾਇਆ ਗਿਆ। ਆਦਮਪੁਰ ਵਿਖੇ ਸੀਵਰ ਵਾਟਰ ਟਰੀਟਮੈਂਟ ਪਲਾਂਟ ਦੇ ਲਾਗੇ ਵੱਖ ਵੱਖ ਰਿਵਾਇਤੀ ਰੁਖਾਂ ਦੇ ਬੂਟੇ ਲਗਾਏ (ਪਿੱਪਲ, ਬੇਰ, ਲੁਗਾਠ, ਸੁਖਚੈਨ, ਜਾਮਣ, ਬਹੇੜਾ, ਬਕੈਣ)। ਇਸ ਮੌਕੇ ਤੇ ਸੰਸਥਾ ਦੇ ਪ੍ਰਧਾਨ ਹਰਿੰਦਰ ਸਿੰਘ ਨੇ ਸਮੂਹ ਸੰਗਤਾਂ ਨੂੰ ਸ਼੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸਭਨਾਂ ਨੂੰ ਇਹ ਉਪਰਾਲਾ ਕਰਨਾ ਚਾਹੀਦਾ ਹੈ ਕਿ ਹਰ ਤਿਉਹਾਰ ਹੈ। ਕੋਸ਼ਿਸ਼ ਕਰੋ ਕਿ ਵਾਤਾਵਰਣ ਲਈ ਕੁੱਝ ਨਾ ਕੁੱਝ ਜ਼ਰੂਰ ਬਣਦਾ ਯੋਗਦਾਨ ਪਾਈਏ। ਉਨ੍ਹਾਂ ਅਪੀਲ ਕੀਤੀ ਕਿ ਗੁਰੂ ਨਾਨਕ ਦੇਵ ਦੀ ਪਵਿੱਤਰ ਬਾਣੀ ਦੇ ਸੰਦੇਸ਼, 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' 'ਤੇ ਪਹਿਰਾ ਦਿੰਦਿਆਂ ਮਨਾਉਣ ਦਾ ਉਪਰਾਲਾ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇ ਵਾਤਾਵਰਣ ਸਾਫ਼ ਸੁਥਰਾ ਰਹੇਗਾ, ਧਰਤੀ ਤੇ ਵਾਤਾਵਰਣ ਦੀ ਹੋਂਦ ਦੇ ਨਾਲ ਹੀ ਮਨੁੱਖਾਂ ਅਤੇ ਸਾਰੇ ਹੀ ਜੀਵ ਜੰਤੂਆਂ ਦੀ ਹੋਂਦ ਜੁੜੀ ਹੈ। ਇਸ ਮੌਕੇ ਅਨੇਕ ਵਾਤਾਵਰਣ ਪ੍ਰੇਮੀ ਵੀ ਹਾਜ਼ਰ ਸਨ। ਸੁਖਪਾਲ ਸਿੰਘ ਗਾਜੀਪੁਰ, ਗੌਰਵ, ਰਾਜਕੁਮਾਰ ਗ੍ਰੈਜੂਏਟ, ਬਲਵਿੰਦਰ ਪਾਲ ਸਿੰਘ ਬੂਗਾ, ਅਵਤਾਰ ਸਿੰਘ ਮਸਾਣਿਆਂ, ਜੈਦੀਪ, ਨਰਿੰਦਰ ਪਾਲ ਸਿੰਘ (ਸਰਪੰਚ) ਅਤੇ ਸੀਵਰੇਜ ਮਹਿਕਮੇਂ ਦੇ ਅਧਿਕਾਰੀ ਆਦਿ ਸਮੇਤ ਅਨੇਕ ਇਲਾਵਾ ਨਿਵਾਸੀ ਵੀ ਹਾਜ਼ਰ ਹੋਏ। ਹਰਿੰਦਰ ਸਿੰਘ ਨੇ ਸਭਨਾਂ ਦਾ ਧੰਨਵਾਦ ਕੀਤਾ।

ਕੌਂਸਲਰ ਕੰਨੂੰ ਬਾਂਸਲ ਦੀ ਦੇਖ-ਰੇਖ ਹੇਠ ਉਹਨਾਂ ਦੇ ਸਮੂਹ ਬਾਂਸਲ ਪਰਵਾਰ ਵੱਲੋਂ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦੇ 647ਵੇਂ ਪ੍ਰਕਾਸ਼ ਪੁਰਬ ਮੌਕੇ ਸਾਲਾਨਾ ਲੰਗਰ ਲਗਾਇਆ ਗਿਆ। ਕੌਂਸਲਰ ਕਨੂੰ ਬਾਂਸਲ, ਅਕਾਸ਼ਦੀਪ ਆਸ਼ੂ ਬਾਂਸਲ, ਦਵਿੰਦਰ ਕੁਮਾਰ ਡੀ ਸੀ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦੇ 647ਵੇਂ ਪ੍ਰਕਾਸ਼ ਉਤਸਵ ਦੀ ਵਧਾਈ ਦਿੱਤੀ। ਇਸ ਮੌਕੇ ਸੰਗਤ 'ਚ ਲੰਗਰ ਵਰਤਾਉਣ ਦੀ ਸੇਵਾ ਅਕਾਸ਼ਦੀਪ ਆਸ਼ੂ, ਕੌਂਸਲਰ ਕਨੂੰ ਬਾਂਸਲ, ਦਵਿੰਦਰ ਕੁਮਾਰ ਡੀ ਸੀ, ਦਿਨਕਰ ਸਿੰਗਲਾ, ਬਬਲੂ, ਰਾਜੇਸ਼, ਹਰਨੇਕ, ਪੰਮੀ, ਅਜੇ ਦੇਵਗਨ, ਕੌਂਸਲਰ ਅਮਰੀਕ ਸਿੰਘ ਸਵੀਟੀ, ਕੌਂਸਲਰ ਸੁਰਿੰਦਰ ਪਾਲ ਸਿੱਧੂ, ਅਨੂ, ਮੀਨੂੰ, ਸੋਨੀਆ, ਸਰਬਜੀਤ ਸਿੰਘ, ਜੈ ਦੀਪ ਸਿੰਗਲਾ, ਕਿਰਨ, ਦੀਪੂ, ਡਿੰਪਲ ਅਤੇ ਹੋਰ ਪਤਵੰਤਿਆ ਨੇ ਕੀਤੀ।

# ਝੱਜਰ ਬਣੇਗਾ ਪੁਲਸ ਕਮਿਸ਼ਨਰੇਟ : ਮਨੋਹਰ ਲਾਲ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਝੱਜਰ ਨੂੰ ਪੁਲਸ ਕਮਿਸ਼ਨਰੇਟ ਬਣਾਉਣ, ਸਬਜੀ ਮੰਡੀ ਤੋਂ ਐਚ ਆਰ ਡੀ ਐਫ ਦੀ 1 ਫੀਸਦੀ ਫੀਸ ਨੂੰ ਖਤਮ ਕਰਨ, ਸਰਕਾਰੀ ਪਸ਼ੂਧਨ ਫਾਰਮ, ਹਿਸਾਰ ਦੇ 4 ਪਿੰਡਾਂ ਵਿੱਚ ਰਹਿ ਰਹੇ 2719 ਪਰਵਾਰਾਂ ਨੂੰ ਮਾਲਿਕਾਨਾ ਹੱਕ ਦੇਣ, ਮਿਸ਼ਨ ਹਰਿਆਣਾ 2047 ਲਈ ਹਾਈ ਲੇਵਲ ਟਾਸਕ ਫੋਰਸ ਦਾ ਗਠਨ ਕਰਨ ਦਾ ਐਲਾਨ ਕੀਤਾ।

ਮਨੋਹਰ ਲਾਲ ਨੇ ਕਿਹਾ ਕਿ ਕੌਮੀ ਰਾਜਧਾਨੀ ਦੇ ਨਾਲ ਲਗਦੇ ਝੱਜਰ ਜਿਲ੍ਹੇ ਨੂੰ ਹੁਣ ਪੁਲਸ ਕਮਿਸ਼ਨਰੇਟ ਬਣਾਇਆ ਜਾਵੇਗਾ। ਪੁਲਿਸ ਕਮਿਸ਼ਨਰ ਪੱਧਰ ਦੇ ਅਧਿਕਾਰੀ ਉੱਥੇ ਕਾਨੂੰਨ ਵਿਵਸਥਾ ਲਈ ਤੈਨਾਤ ਕੀਤੇ ਜਾਣਗੇ। ਇਸ ਤੋਂ ਪਹਿਲਾਂ, ਫਰੀਦਾਬਾਦ, ਗੁਰੂਗ੍ਰਾਮ, ਸੋਨੀਪਤ ਵਿਚ ਪੁਲਿਸ ਕਮਿਸ਼ਨਰੇਟ ਦੀ ਵਿਵਸਕਾ ਪਹਿਲਾਂ ਤੋਂ ਹੀ ਹੈ। ਮਨੋਹਰ ਲਾਲ ਨੇ ਐਲਾਨ ਕਰਦੇ ਹੋਏ ਕਿਹਾ ਕਿ ਸਾਲ 2030 ਤੱਕ ਹਰਿਆਣਾ ਰਾਜ ਨੇ ਲਗਾਤਰ ਵਿਕਾਸ ਟੀਚੇ ਨੂੰ ਹਾਸਲ ਕਰਨ ਦਾ ਵਿਜ਼ਨ ਹੈ।

# ਯੋਜਨਾ ਬੋਰਡ ਦੇ ਚੇਅਰਮੈਨ ਨੇ ਬਜ਼ੁਰਗਾਂ ਲਈ ਵੇਟਿੰਗ ਏਰੀਆ ਬਣਾਉਣ ਲਈ 2.70 ਲੱਖ ਰੁਪਏ ਦਿੱਤੇ



ਜਲੰਧਰ (ਸ਼ੈਲੀ ਐਲਬਰਟ) ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਨੇ ਐਸ ਐਸ ਪੀ ਦਫ਼ਤਰ ਵਿੱਚ ਬਜ਼ੁਰਗਾਂ ਲਈ ਵੇਟਿੰਗ ਏਰੀਆ ਬਣਾਉਣ ਲਈ 2.70 ਲੱਖ ਰੁਪਏ ਦੀ ਰਾਸ਼ੀ ਐਸ ਐਸ ਪੀ ਐਮ ਐਸ ਭੁੱਲਰ ਨੂੰ ਸੌਂਪੀ। ਇਹ ਰਾਸ਼ੀ ਇੱਥੇ ਬਜ਼ੁਰਗਾਂ ਲਈ ਕੁਰਸੀਆਂ ਆਦਿ ਲਗਾਉਣ ਵਿੱਚ ਖਰਚ ਕੀਤੀ ਜਾਵੇਗੀ। ਉਨ੍ਹਾਂ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੱਥੇ ਬਜ਼ੁਰਗਾਂ ਦੇ ਬੈਠਣ ਲਈ ਵੱਖਰੇ ਥਾਂ ਦੀ ਲੋੜ ਸੀ, ਜਿਸ ਦੇ ਮੱਦੇਨਜ਼ਰ ਉਨ੍ਹਾਂ ਨੇ ਇਹ ਰਾਸ਼ੀ ਐਸ.ਐਸ.ਪੀ ਦਫ਼ਤਰ ਨੂੰ ਸੌਂਪ ਦਿੱਤੀ ਹੈ ਤਾਂ ਜੋ ਬਜ਼ੁਰਗਾਂ ਦੇ ਬੈਠਣ ਦਾ ਪ੍ਰਬੰਧ ਜਲਦ ਤੋਂ ਜਲਦ ਕੀਤਾ ਜਾ ਸਕੇ। ਚੇਅਰਮੈਨ ਅੰਮ੍ਰਿਤਪਾਲ ਸਿੰਘ ਨੇ ਅੱਗੇ ਕਿਹਾ ਕਿ ਯੋਜਨਾ ਬੋਰਡ ਵੱਲੋਂ ਵੀ ਵਿਕਾਸ ਕਾਰਜਾਂ ਅਤੇ ਸਮਾਜ ਦੀ ਭਲਾਈ ਲਈ ਲਗਾਤਾਰ ਫੰਡ ਜਾਰੀ ਕੀਤੇ ਜਾ ਰਹੇ ਹਨ ਅਤੇ ਇਹ ਸਿਲਸਿਲਾ ਭਵਿੱਖ ਵਿੱਚ ਵੀ ਜਾਰੀ ਰਹੇਗਾ। ਇਸ ਮੌਕੇ ਐਸਪੀ ਸਰਬਜੀਤ ਰਾਏ, ਲੋਕ ਸਭਾ ਇੰਚਾਰਜ ਅਸ਼ਵਨੀ ਅਗਰਵਾਲ ਵੀ ਹਾਜ਼ਰ ਸਨ।

# ਬੂਟੇ ਲਗਾ ਕੇ ਮਨਾਇਆ ਗੁਰੂ ਰਵਿਦਾਸ ਦਾ ਪ੍ਰਕਾਸ਼ ਪੁਰਬ




**ਆਦਮਪੁਰ (ਪਰਮਜੀਤ ਸਿੰਘ)**:- ਪ੍ਰਿਥਵੀ ਵੈਲਫੇਅਰ ਸੋਸਾਇਟੀ ਵੱਲੋਂ ਗੁਰੂ ਰਵਿਦਾਸ ਮਹਾਰਾਜ ਜੀ ਦਾ 647ਵਾਂ ਪ੍ਰਕਾਸ਼ ਪੁਰਬ ਬੂਟੇ ਲਗਾ ਕੇ ਮਨਾਇਆ ਗਿਆ। ਆਦਮਪੁਰ ਵਿਖੇ ਸੀਵਰ ਵਾਟਰ ਟਰੀਟਮੈਂਟ ਪਲਾਂਟ ਦੇ ਲਾਗੇ ਵੱਖ ਵੱਖ ਰਿਵਾਇਤੀ ਰੁੱਖਾਂ ਦੇ ਬੂਟੇ ( ਪਿੱਪਲ , ਬੇਰ , ਲੁਗਾਠ , ਸੁਖਚੈਨ , ਜਾਮਣ , ਬਹੇੜਾ , ਬਕੈਣ , ਆਦਿ) ਲਗਾਏ ਗਏ। ਇਸ ਮੌਕੇ ਤੇ ਸੰਸਥਾ ਦੇ ਪ੍ਰਧਾਨ ਹਰਿੰਦਰ ਸਿੰਘ ਨੇ ਸਮੂਹ ਸੰਗਤਾਂ ਨੂੰ ਸ਼੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸਭਨਾਂ ਨੂੰ ਇਹ ਉਪਰਾਲਾ ਕਰਨਾ ਚਾਹੀਦਾ ਹੈ ਕਿ ਹਰ ਤਿਉਹਾਰ ਮਨਾਉ , ਪਰੰਤੂ ਕੋਸ਼ਿਸ਼ ਕਰੋ ਕਿ ਵਾਤਾਵਰਣ ਲਈ ਕੁੱਝ ਨਾ ਕੁੱਝ ਜ਼ਰੂਰ ਬਣਦਾ ਯੋਗਦਾਨ ਪਾਈਏ। ਧਰਤੀ ਤੇ ਵਾਤਾਵਰਣ ਦੀ ਹੋਂਦ ਦੇ ਨਾਲ ਹੀ ਮਨੁੱਖਾਂ ਅਤੇ ਸਾਰੇ ਹੀ ਜੀਵ ਜੰਤੂਆਂ ਦੀ ਹੋਂਦ ਜੁੜੀ ਹੈ। ਇਸ ਮੌਕੇ 'ਤੇ ਅਨੇਕ ਵਾਤਾਵਰਣ ਪ੍ਰੇਮੀ ਵੀ ਹਾਜ਼ਰ ਸਨ। ਸੁਖਪਾਲ ਸਿੰਘ ਗਾਜੀਪੁਰ , ਗੌਰਵ , ਰਾਜਕੁਮਾਰ ਗ੍ਰੈਜੂਏਟ , ਬਲਵਿੰਦਰ ਪਾਲ ਸਿੰਘ ਬੂਗਾ , ਅਵਤਾਰ ਸਿੰਘ ਮਸਾਣਿਆਂ, ਜੈਦੀਪ , ਨਰਿੰਦਰ ਪਾਲ ਸਿੰਘ ( ਸਰਪੰਚ ) ਅਤੇ ਸੀਵਰੇਜ ਮਹਿਕਮੇਂ ਦੇ ਅਧਿਕਾਰੀ ਆਦ ਸਮੇਤ ਅਨੇਕ ਇਲਾਵਾ ਨਿਵਾਸੀ ਵੀ ਹਾਜ਼ਰ ਹੋਏ।

**ਜਨਮ ਦਿਨ ਮੁਬਾਰਕ**



ਵਿਸ਼ਵ ਜੋਤ ਸਿੰਘ (ਹੁਸ਼ਿਆਰਪੁਰ)

**ਵਰ੍ਹੇਗੰਢ ਮੁਬਾਰਕ**



ਗੁਰਸੇਵਕ ਸਿੰਘ ਅਤੇ ਸੋਮਨਪ੍ਰੀਤ ਕੌਰ ਵਾਸੀ ਪਿੰਡ ਚੂਨੀ ਕਲਾਂ (ਫਤਿਹਗੜ੍ਹ ਸਾਹਿਬ) ਨੇ ਵਿਆਹ ਦੀ ਦੂਜੀ ਵਰ੍ਹੇਗੰਢ ਮਨਾਈ।

# ਗੁਰੂ ਰਵਿਦਾਸ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਕੀਰਤਨ ਦਰਬਾਰ ਸ਼ਰਧਾ-ਪੂਰਵਕ ਸੰਪੰਨ



**ਅੱਡਾ ਸਰਾਂ (ਜਸਵੀਰ ਕਾਜਲ)**-ਸ੍ਰੀ ਗੁਰੂ ਰਵਿਦਾਸ ਜੀ ਦੇ 647ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਮਹਾਨ ਕੀਰਤਨ ਦਰਬਾਰ ਅਤੇ ਨਗਰ ਕੀਰਤਨ ਪਿੰਡ ਗੋਰਾਇਆ ਵਿਖੇ ਸਜਾਇਆ ਗਿਆ। ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ ਢਾਡੀ ਅਤੇ ਕੀਰਤਨੀ ਜਥਿਆਂ ਨੇ ਹਾਜ਼ਰੀ ਭਰੀ। ਪ੍ਰਬੰਧਕ ਪ੍ਰੋ. ਕੁਲਵਿੰਦਰ ਸਿੰਘ ,ਸੁਖਜੀਤ ਸਿੰਘ ,ਡੀਐਸਪੀ ਗੋਪਾਲ ਸਿੰਘ, ਮਹੀਪ ਕੁਮਾਰ, ਸਾਬਕਾ ਸਰਪੰਚ ਜਗਜੀਤ ਸਿੰਘ, ਨਵਦੀਪ ਸਿੰਘ ,ਜਸਪਾਲ ਸਿੰਘ ਪਾਲਾ ,ਬਲਜੀਤ ਸਿੰਘ , ਰੋਹਿਤ ਅਵਤਾਰ ਸਿੰਘ ,ਸੁਖਜਿੰਦਰ ਸਿੰਘ ਪੱਪੂ ,ਸਰਬਜੀਤ ਸਿੰਘ ਸਾਬੀ, ਸਤਨਾਮ ਸਿੰਘ ਥਾਣੇਦਾਰ, ਨਸੀਬ ਸਿੰਘ ਗਿਰਦਾਵਰ ਨੇ ਦੱਸਿਆ ਕਿ ਪੂਰੇ ਨਗਰ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਸਜਾਇਆ ਗਿਆ ਅਤੇ ਐਤਵਾਰ ਨੂੰ ਮਹਾਨ ਕੀਰਤਨ ਦਰਬਾਰ ਵਿੱਚ ਮੀਰੀ ਪੀਰੀ ਯਮੁਨਾ ਨਗਰ ਜਗਾਧਰੀ ਵਾਲੀਆਂ ਬੀਬੀਆਂ ਦਾ ਜੱਥਾ, ਭਾਈ ਸੁਰਜੀਤ ਸਿੰਘ ਵਾਰਿਸ ਇੰਟਰਨੈਸ਼ਨਲ ਗੋਲਡ ਮੈਡਲਿਸਟ ਢਾਡੀ ਜਥਾ, ਭਾਈ ਹਰਭਜਨ ਸਿੰਘ ਸੋਤਲਾ ਕੀਰਤਨੀ ਜੱਥਾ, ਭਾਈ ਸੰਦੀਪ ਸਿੰਘ ਕੂੰਟਾਂ ਵਾਲੇ ਕੀਰਤਨੀ ਜੱਥਾ, ਗੁਰਸਿੱਖੀ ਕਲਾਸ ਝਿੰਗੜਕਲਾਂ ਕੀਰਤਨੀ ਜੱਥਾ, ਨੇ ਆਈਆਂ ਹੋਈਆਂ ਸੰਗਤਾਂ ਨੂੰ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਚਾਨਣਾ ਪਾਉਂਦਿਆਂ ਹੋਇਆਂ ਗੁਰ ਇਤਿਹਾਸ ਨਾਲ ਜੋੜਿਆ। ਸਟੇਜ ਸੈਕਟਰੀ ਦੀ ਸੇਵਾ ਪ੍ਰੋਫੈਸਰ ਗੁਰਮੀਤ ਸਿੰਘ ਨੇ ਨਿਭਾਈ।

ਉਹਨਾਂ ਦੱਸਿਆ ਨਗਰ ਨਿਵਾਸੀਆਂ ਅਤੇ ਪ੍ਰਵਾਸੀ ਭਾਰਤੀਆਂ ਦਾ ਵਿਸ਼ੇਸ਼ ਸਹਿਯੋਗੀ ਮਨਮੋਹਨ ਸਿੰਘ ਵਡਿਆਲ ,ਸ਼੍ਰੀਮਤੀ ਜਸਵੀਰ ਕੌਰ ਵਡਿਆਲ, ਜਰਨੈਲ ਸਿੰਘ ਵਡਿਆਲ, ਸ਼ਮਿੰਦਰਪਾਲ ਸਿੰਘ ਵਡਿਆਲ, ਏਕਮ ਵਡਿਆਲ, ਗੁਰਲੀਨ ਵਡਿਆਲ ,ਸੁਖਮਿੰਦਰ ਸਿੰਘ ਮੀਨੂ ,ਸ਼ਰਨਜੀਤ ਸਿੰਘ ਕਨੇਡਾ ,ਹਰਦੀਪ ਸਿੰਘ ਕਨੇਡਾ, ਦਵਿੰਦਰ ਸਿੰਘ ਨਿਊਜ਼ੀਲੈਂਡ ,ਚਰਨ ਕਮਲ ਕਨੇਡਾ , ਹਰਭਜਨ ਸਿੰਘ ਥਾਣੇਦਾਰ ,ਕੁਲਵਿੰਦਰ ਸਿੰਘ ਯੂਐਸਏ, ਸਰਬਜੀਤ ਸਿੰਘ, ਮਾਸਟਰ ਪਰਮਜੀਤ ਸਿੰਘ ,ਮਾਸਟਰ ਹਰਦੀਪ ਸਿੰਘ, ਪ੍ਰੀਤਮ ਦਾਸ ਬਾਵਾ, ਤਰਸੇਮ ਸਿੰਘ ਗਿਰਦਾਵਰ, ਹੈਪੀ ਗੋਰਾਇਆ ,ਸਿਮਾ ਗੋਰਾਇਆ , ਹਰਭਜਨ ਸਿੰਘ ਠੇਕੇਦਾਰ,ਪ੍ਰਭ, ਮੋਹਿਤ, ਰਜੀਵ, ਸੁਖਵੀਰ, ਕੁਲਵੀਰ, ਗਗਨ ,ਕੀਰਤ, ਹਰਜਸ, ਸਮਰ ,ਗੁਰਦੁਆਰਾ ਪ੍ਰਬੰਧਕ ਕਮੇਟੀ , ਸ਼ਹੀਦ ਰਜਿੰਦਰ ਸਿੰਘ ਸਪੋਰਟਸ ਕਲੱਬ ਗੋਰਾਇਆ , ਦਿਲਪ੍ਰੀਤ ਵਡਿਆਲ ,ਹਰਜੀਤ ਵਡਿਆਲ ,ਹਰਮਿੰਦਰ ਵਡਿਆਲ, ਅਤੇ ਨਗਰ ਦੀਆਂ ਸੰਗਤਾਂ ਦਾ ਵਿਸ਼ੇਸ਼ ਸਹਿਯੋਗ ਰਿਹਾ। ਸ੍ਰੀ ਗੁਰੂ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਚਾਹ, ਪਕੌੜਿਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।





## 31 ਦਸੰਬਰ 2023 ਨੂੰ ਖਤਮ ਤਿਮਾਹੀ ਅਤੇ ਨੌਮਾਹੀ ਲਈ ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ

(ਰੁਪਏ ਲੱਖਾਂ 'ਚ ਸਿਵਾਏ ਹੋਰ ਦੇ)

| ਲੜੀ ਨੰ. | ਵੇਰਵੇ | ਤਿਮਾਹੀ ਖਤਮ 31 ਦਸੰਬਰ 2023 ਅਣ-ਪੜਤਾਲੇ | ਤਿਮਾਹੀ ਖਤਮ 31 ਦਸੰਬਰ 2022 ਅਣ-ਪੜਤਾਲੇ | ਨੌਮਾਹੀ ਖਤਮ 31 ਦਸੰਬਰ 2023 ਅਣ-ਪੜਤਾਲੇ | ਨੌਮਾਹੀ ਖਤਮ 31 ਦਸੰਬਰ 2022 ਅਣ-ਪੜਤਾਲੇ | ਸਾਲ ਖਤਮ 31 ਦਸੰਬਰ 2023 ਪੜਤਾਲੇ |
|---|---|---|---|---|---|---|
| 1. | ਕਾਰੋਬਾਰਾਂ ਤੋਂ ਕੁੱਲ ਆਮਦਨ | 22,245 | 18,858 | 63,767 | 53,139 | 72,548 |
| 2. | ਮਿਆਦ ਲਈ ਸ਼ੁੱਧ ਲਾਭ/(ਹਾਨੀ) (ਟੈਕਸ ਤੋਂ ਪਹਿਲਾਂ, ਖਾਸ ਅਤੇ/ਜਾਂ ਅਸਧਾਰਨ ਵਸਤੂਆਂ) | 3,845 | 3,729 | 11,058 | 9,219 | 12,416 |
| 3. | ਟੈਕਸ ਤੋਂ ਪਹਿਲਾਂ ਮਿਆਦ ਲਈ ਸ਼ੁੱਧ ਲਾਭ/(ਹਾਨੀ) (ਖਾਸ ਅਤੇ/ਜਾਂ ਅਸਧਾਰਨ ਵਸਤੂਆਂ ਤੋਂ ਬਾਅਦ) | 3,845 | 3,729 | 11,058 | 9,219 | 12,416 |
| 4. | ਟੈਕਸ ਤੋਂ ਬਾਅਦ ਮਿਆਦ ਲਈ ਸ਼ੁੱਧ ਲਾਭ/(ਹਾਨੀ) (ਖਾਸ ਅਤੇ/ਜਾਂ ਅਸਧਾਰਨ ਵਸਤੂਆਂ ਤੋਂ ਬਾਅਦ) | 2,893 | 2,826 | 8,332 | 6,935 | 9,360 |
| 5. | ਮਿਆਦ ਲਈ ਕੁੱਲ ਵਿਆਪਕ ਆਮਦਨ [ਮਿਆਦ ਲਈ ਸ਼ਾਮਲ ਲਾਭ/(ਹਾਨੀ) (ਟੈਕਸ ਤੋਂ ਬਾਅਦ) ਅਤੇ ਹੋਰ ਵਿਆਪਕ ਆਮਦਨ (ਟੈਕਸ ਤੋਂ ਬਾਅਦ)] | Refer note (f) | Refer note (f) | Refer note (f) | Refer note (f) | Refer note (f) |
| 6. | ਇਕੁਇਟੀ ਸ਼ੇਅਰ ਕੈਪੀਟਲ ਦਾ ਭੁਗਤਾਨ | 3,543 | 3,425 | 3,543 | 3,425 | 3,425 |
| 7. | ਰਿਜ਼ਰਵਜ਼ (ਰੀਵੈਲੂਏਸ਼ਨ ਰਿਜ਼ਰਵ ਤੋਂ ਬਗੈਰ) | | | | | 57,636 |
| 8. | ਸਕਿਉਰਟੀਜ਼ ਪ੍ਰੀਮੀਅਮ ਅਕਾਊਂਟ | 27,906 | 22,764 | 27,906 | 22,764 | 22,764 |
| 9. | ਸ਼ੁੱਧ ਕੀਮਤ[1] | 74,335 | 58,564 | 74,335 | 58,564 | 61,061 |
| 10. | ਡੈਬਟ ਕੈਪੀਟਲ/ਬਕਾਇਆ ਡੈਬਟ ਦਾ ਭੁਗਤਾਨ | 52,951 | 51,093 | 52,951 | 51,093 | 72,138 |
| 11. | ਰੀਡੀਮੇਬਲ ਪਰੈਫਰੈਂਸ ਸ਼ੇਅਰਾਂ[2] ਦਾ ਬਕਾਇਆ | - | - | - | - | - |
| 12. | ਡੈਬਟ ਇਕੁਇਟੀ ਅਨੁਪਾਤ[3] | 0.71 | 0.87 | 0.71 | 0.87 | 1.18 |
| 13 | ਕਮਾਈ ਹਰੇਕ ਸ਼ੇਅਰ (ਹਰੇਕ ਰੁਪਏ 10/- ਦੀ) ਚਾਲੂ ਕਾਰੋਬਾਰਾਂ ਵਾਸਤੇ) | | | | | |
| | 13.1 ਬੇਸਿਕ ਰੁਪਏ (ਗੈਰ-ਵਾਰਸ਼ਿਕ) | 7.92 | 8.25 | 23.77 | 20.27 | 27.35 |
| | 13.2 ਡਲਿਊਟਿਡ ਰੁਪਏ (ਗੈਰ-ਵਾਰਸ਼ਿਕ) | 7.86 | 8.21 | 23.58 | 20.18 | 27.21 |
| 14. | ਕੈਪੀਟਲ ਰੀਡੈਂਪਸ਼ਨ ਰਿਜ਼ਰਵ[4] | - | - | - | - | - |
| 15. | ਡਿਵੈਂਚਰ ਰੀਡੈਂਪਸ਼ਨ ਰਿਜ਼ਰਵ[4] | - | - | - | - | - |
| 16. | ਡੈਬਟ ਸਰਵਿਸ ਕਵਰੇਜ ਰੇਸ਼ੋ[5] | - | - | - | - | - |
| 17. | ਇੰਟਰੈਸਟ ਸਰਵਿਸ ਕਵਰੇਜ ਰੇਸ਼ੋ[5] | - | - | - | - | - |

(1) ਨੈੱਟ ਕੀਮਤ (ਵਰਥ) ਦਾ ਮਤਲਬ ਹੈ ਕੁੱਲ ਜਮ੍ਹਾ ਹਾਨੀਆਂ ਦੀ ਕੁੱਲ ਕੀਮਤ ਸ਼ੇਅਰ ਕੈਪੀਟਲ ਅਤੇ ਸਾਰੇ ਰਿਜ਼ਰਵਜ਼ ਜੋ ਲਾਭ ਅਤੇ ਸਕਿਉਰਟੀ ਪ੍ਰੀਮੀਅਮ ਅਕਾਊਂਟ 'ਚ ਸਿਰਜਤ ਕੀਤੇ ਗਏ ਅਤੇ ਡੈਬਟ ਜਾਂ ਕ੍ਰੈਡਿਟ ਬਕਾਇਆ ਲਾਭ ਅਤੇ ਹਾਨੀ ਅਕਾਊਂਟ, ਸਥਗਤ ਖਰਚੇ ਅਤੇ ਮਿਸਲੇਨੀਅਸ ਖਰਚੇ ਜੋ ਲਿਖੇ ਨਹੀਂ ਗਏ, ਜੋ ਬੈਲੈਂਸ਼ ਸ਼ੀਟ ਮੁਤਾਬਕ ਹਨ, ਪਰ ਜੋ ਐਸਟਸ ਦੀ ਰੀਵੈਲੂਏਸ਼ਨ ਦੇ ਸਿਰਜੇ ਗਏ ਰਿਜ਼ਰਵ ਸ਼ਾਮਲ ਨਹੀਂ ਡੈਪਰੀਜੇਸ਼ਨ ਅਤੇ ਏਕੀਕਰਨ ਦੇ ਰਾਈਟ ਬੈਕ ਹਨ।
(2) ਬੈਂਕ ਨੇ ਕੋਈ ਵੀ ਰੀਡੀਮੇਬਲ ਪ੍ਰੈਫਰੈਂਸ ਸ਼ੇਅਰ ਜਾਰੀ ਨਹੀਂ ਕੀਤੇ।
(3) ਡੈਬਟ-ਇਕੁਇਟੀ ਰੇਸ਼ੋ ਦਾ ਮਤਲਬ ਸ਼ੇਅਰ ਕੈਪੀਟਲ ਜਮ੍ਹਾ ਰਿਜਰਵਜ਼ ਦਾ ਕੁੱਲ ਉਧਾਰ।
(4) ਕੰਪਨੀਜ਼ ਐਕਟ 2013 ਅਨੁਸਾਰ, ਬੈਂਕ ਸਿਰਜਤ ਕੈਪੀਟਲ/ਡਿਵੈਂਚਰਜ਼ ਰੀਡੈਪਸ਼ਨ ਰਿਜ਼ਰਵ ਦੀ ਲੋੜ ਨਹੀਂ ਸਮਝਦਾ। ਫਿਰ ਵੀ ਬੈਂਕ ਨੇ ਬੀ ਐਸ ਈ ਲਿਮਟਿਡ ਨਾਲ ਰਿਕਵਰੀ ਐਕਪੈਂਸ ਫੰਡ ਸਿਰਜਤ ਕੀਤੇ ਹਨ।
(5) ਬੈਂਕਿੰਗ ਕੰਪਨੀ ਦੇ ਹੁੰਦੇ ਹੋਏ ਸੇਬੀ (ਲਿਸਟਿੰਗ ਆਬਲੀਕੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟ) ਰੈਗੂਲੇਸ਼ਨਜ਼ 2015 ਮੁਤਾਬਕ ਡਿਸਕਲੋਜ਼ਰ ਲਾਗੂ ਨਹੀਂ।

ਟਿੱਪਣੀਆਂ : (ਏ) ਉਪਰੋਕਤ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼ 2015 ਦੇ ਰੈਜੂਲੇਸ਼ਨ 33 ਅਤੇ 52 ਤਹਿਤ ਸਟਾਕ ਐਕਸਚੇਂਜ ਕੋਈ ਦਾਇਰ ਵਿਸਥਾਰਤ ਵਿੱਤੀ ਨਤੀਜਿਆਂ ਦਾ ਸਾਰ ਹੈ। ਵਿੱਤੀ ਨਤੀਜਿਆਂ ਦੇ ਮੁਕੰਮਲ ਫਾਰਮੈਟ ਦਾ ਸਾਰ ਸਟਾਕ ਐਕਸਚੇਂਜ ਦੀ ਵੈਬਸਾਈਟਸ ਯੂ ਆਰ ਐਲ www.bseindia.com, www.nseindia.com ਅਤੇ ਬੈਂਕ ਦੇ ਯੂ ਆਰ ਐੱਲ www.capitalbank.co.in 'ਤੇ ਉਪਲੱਬਧ ਹੈ।
(ਬੀ) ਹੋਰ ਲਾਈਨ ਵਸਤੂਆਂ ਸੇਬੀ (ਲਿਸਟਿੰਗ ਆਬਲੀਗੇਸ਼ਨਜ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼ 2015 ਦੇ ਰੈਗੂਲੇਸ਼ਨ 52(4) ਹੇਠ ਲਿਖੇ ਅਨੁਸਾਰ ਪੇਸ਼ ਕੀਤੀਆਂ ਗਈਆਂ ਹਨ:

| ਲੜੀ ਨੰ. | ਵੇਰਵੇ | ਤਿਮਾਹੀ ਖਤਮ 31 ਦਸੰਬਰ 2023 ਅਣ-ਪੜਤਾਲੇ | ਤਿਮਾਹੀ ਖਤਮ 31 ਦਸੰਬਰ 2022 ਅਣ-ਪੜਤਾਲੇ | ਨੌਮਾਹੀ ਖਤਮ 31 ਦਸੰਬਰ 2023 ਅਣ-ਪੜਤਾਲੇ | ਨੌਮਾਹੀ ਖਤਮ 31 ਦਸੰਬਰ 2022 ਅਣ-ਪੜਤਾਲੇ | ਸਾਲ ਖਤਮ 31 ਦਸੰਬਰ 2023 ਪੜਤਾਲੇ |
|---|---|---|---|---|---|---|
| 1 | ਭਾਰਤ ਸਰਕਾਰ ਦੇ ਸ਼ੇਅਰਾਂ ਦੀ ਪ੍ਰਤੀਸ਼ਤਤਾ | - | - | - | - | - |
| 2 | ਐਸਟ 'ਤੇ ਰਿਟਰਨ (ਗੈਰ-ਵਾਰਸ਼ਿਕ) (1) | 0.33% | 0.36% | 0.97% | 0.91% | 1.22% |
| 3 | ਓਪਰੇਟਿੰਗ ਮਾਰਜਨ (2) | 18.01% | 21.83% | 18.10% | 20.40% | 20.50% |
| 4 | ਸ਼ੁੱਧ ਲਾਭ ਮਾਰਜਨ (3) | 13.01% | 14.99% | 13.07% | 13.05% | 12.90% |
| 5 | ਕੁੱਲ ਐਸਟਸ ਦਾ ਕੁੱਲ ਡੈਬਟ (4) | 5.98% | 6.48% | 5.98% | 6.48% | 9.03% |
| 6 | ਕੁੱਲ ਐਨ ਪੀ ਏ (ਰੁਪਏ ਲੱਖਾਂ 'ਚ) | 17,004 | 15,039 | 17,004 | 15,039 | 15,262 |
| 7 | ਸ਼ੁੱਧ ਐਨ ਪੀ ਏ (ਰੁਪਏ ਲੱਖਾਂ 'ਚ) | 8,647 | 8,006 | 8,647 | 8,006 | 7,405 |
| 8 | ਕੁੱਲ ਐਨ ਪੀ ਏ ਦੀ ਪ੍ਰਤੀਸ਼ਤਤਾ | 2.97% | 2.96% | 2.97% | 2.96% | 2.77% |
| 9 | ਸ਼ੁੱਧ ਐਨ ਪੀ ਏ ਦੀ ਪ੍ਰਤੀਸ਼ਤਤਾ | 1.53% | 1.60% | 1.53% | 1.60% | 1.36% |
| 10 | ਕੈਪੀਟਲ ਐਡੀਕੈਸੀ ਰੇਸ਼ੋ (%) | 20.06% | 19.00% | 20.06% | 19.00% | 18.87% |
| 11 | ਟਾਇਰ-1 ਰੇਸ਼ੋ (%) | 15.00% | 13.54% | 15.00% | 13.54% | 13.69% |

(1) ਐਸਟਸ 'ਤੇ ਰਿਟਰਨ ਦਾ ਮਤਲਬ ਅਨੁਪਾਤਕ ਮਹੀਨਾਵਾਰ ਕੁੱਲ ਐਸਟਮ ਦੇ ਟੈਕਸ ਤੋਂ ਬਾਅਦ ਲਾਭ ਦੀ ਰੇਸ਼ੋ ਹੈ।
(2) ਓਪਰੇਟਿੰਗ ਮਾਰਜਨ ਤੋਂ ਮਤਲਬ ਕੁੱਲ ਆਮਦਨ ਦੀਆਂ ਵਿਵਸਥਾਵਾਂ ਅਤੇ ਕੰਟੀਜੈਂਸੀਜ਼ ਤੋਂ ਪਹਿਲਾਂ ਓਪਰੇਟਿੰਗ ਲਾਭ।
(3) ਸ਼ੁੱਧ ਲਾਭ ਮਾਰਜਨ ਤੋਂ ਮਤਲਬ ਕੁੱਲ ਆਮਦਨ ਦਾ ਸ਼ੁੱਧ ਲਾਭ
(4) ਕੁੱਲ ਐਸਟਸ ਦੇ ਕੁੱਲ ਡੈਬਟ ਦਾ ਮਤਲਬ ਕੁੱਲ ਐਸਟਸ ਦੇ ਉਧਾਰਾਂ ਦੀ ਰੇਸ਼ੋ।
(ਸੀ) ਹੋਰ ਲਾਈਨ ਵਸਤੂਆਂ ਦਾ ਹਵਾਲਾ ਸੇਬੀ ਦੇ ਰੈਗੂਲੇਸ਼ਨ 52(4) (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨ 2015 ਦਾ ਹਵਾਲਾ ਹੈ। ਪ੍ਰਟੀਨੈਂਟ ਡਿਸਕੋਲੋਜ਼ਰਜ਼ ਬੀ ਐੱਸ ਈ ਲਿਮਟਿਡ 'ਚ, ਨੈਸ਼ਨਲ ਸਟਾਕ ਐਕਸਚੇਂਜ ਆਫ਼ ਇੰਡੀਆ ਲਿਮਟਿਡ 'ਚ ਹਨ ਅਤੇ ਇਨ੍ਹਾਂ ਨੂੰ ਸਟਾਫ਼ ਐਕਸਚੇਂਜ ਦੀ ਵੈਬਸਾਈਟ www.bseindia.com, www. nseindia.com ਤੇ ਦੇਖਿਆ ਜਾ ਸਕਦਾ ਹੈ।
(ਡੀ) ਉਪਰੋਕਤ ਨਤੀਜੇ 27 ਫ਼ਰਵਰੀ 2024 ਨੂੰ ਹੋਈ ਡਾਇਰੈਕਟਰਾਂ ਦੇ ਬੋਰਡ ਦੀ ਮੀਟਿੰਗ 'ਚ ਪ੍ਰਵਾਨ ਕੀਤੇ ਗਏ ਹਨ।
(ਈ) ਬੈਂਕ ਨੇ ਉਹੀ ਮਹੱਤਵਪੂਰਨ ਅਕਾਊਂਟਿੰਗ ਪਾਲਸੀਜ਼ ਦੀ ਪਾਲਣਾ ਕੀਤੀ ਹੈ, ਜੋ 31 ਮਾਰਚ 2023 ਨੂੰ ਖਤਮ ਹੋਏ ਸਾਲ ਦੀਆਂ ਵਿੱਤੀ ਸਟੇਟਮੈਂਟਾਂ 'ਚ ਤਿਆਰ ਕੀਤੀਆਂ ਗਈਆਂ ਸਨ।
(ਐਫ) ਕੁੱਲ ਵਿਆਪਕ ਆਮਦਨ ਅਤੇ ਹੋਰ ਵਿਆਪਕ ਆਮਦਨ ਦੇ ਨਾਲ ਸੰਬੰਧਤ ਜਾਣਕਾਰੀ ਮੁਹੱਈਆ ਨਹੀਂ ਕੀਤੀ ਗਈ, ਜਿੱਥੇ ਬੈਂਕ ਨੇ ਇਸ ਨੂੰ ਅਜੇ ਤੱਕ ਉਕਤ ਨਹੀਂ ਸਮਝਿਆ।

ਵਾਸਤੇ ਅਤੇ ਹਿੱਤ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਡਾਇਰੈਕਟਰਾਂ ਦੇ ਬੋਰਡ।
ਸਹੀ/-
ਸਰਵਜੀਤ ਸਿੰਘ ਸਮਰਾ
ਮੈਨੇਜਿੰਗ ਡਾਇਰੈਕਟਰ
(ਡੀ ਆਈ ਐੱਨ : 00477444)

ਮਿਤੀ : 27 ਫਰਵਰੀ, 2024
ਸਥਾਨ : ਜਲੰਧਰ

Great Place To Work. Certified

**ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ**
(ਸੀ ਆਈ ਐੱਨ : ਯੂ65110ਪੀਬੀ1999ਪੀਐੱਲਸੀ022634)
ਰਜਿ. ਐਂਡ ਹੈੱਡ ਆਫਿਸ : "ਮਿਡਾਸ ਕਾਰਪੋਰੇਟ ਪਾਰਕ", ਤੀਜੀ ਮੰਜਲ, 37 ਜੀ ਟੀ ਰੋਡ ਜਲੰਧਰ, ਪੰਜਾਬ, ਇੰਡੀਆ-144001, ਫੋਨ : 0181-505 1111, 505 2222
ਫੈਕਸ: 0181-505 3333 | www.capitalbank.co.in | investorrelations@capitalbank.co.in

Scan for detailed financials